29-NOV-PAGE-1.qxd 11/28/2023 10:20 PM Page 1


ਬੁੱਧਵਾਰ, 29 ਨਵੰਬਰ, 2023

14 ਮੱਘਰ { ਨਾਨਕਸ਼ਾਹੀ 555 / ਬਿਕਰਮੀ 2080

ਜਿਲਦ/VOL. : 72

ਅੰਕ/NO. : 179

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 29 NOVEMBER, 2023

ਜਲੰਧਰ

nawan zamana TV

ਕੀਮਤ/PRICE : 5.00 ਰੁਪਏ    Regd. No : Pb/JL-123/2021-23, (R.N.I.)-00068/57    E-mail : nawanzamana@gmail.com    www.nawanzamana.in    ਸਫ਼ੇ : 12



'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |


# ਰਾਜਪਾਲ ਨੂੰ ਮੈਮੋਰੰਡਮ ਦੇਣ ਤੇ ਮੁੱਖ ਮੰਤਰੀ ਨਾਲ ਮੀਟਿੰਗ ਤੈਅ ਹੋਣ ਤੋਂ ਬਾਅਦ ਧਰਨਾ ਖਤਮ



**ਮੋਹਾਲੀ** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਮੋਹਾਲੀ-ਚੰਡੀਗੜ੍ਹ ਹੱਦ 'ਤੇ ਤਿੰਨ ਦਿਨਾਂ ਤੋਂ ਚੱਲ ਰਿਹਾ ਧਰਨਾ ਮੰਗਲਵਾਰ ਜੈਕਾਰਿਆਂ ਅਤੇ ਨਾਅਰਿਆਂ ਦੀ ਗੂੰਜ ਨਾਲ ਸਮਾਪਤ ਹੋ ਗਿਆ। ਕਿਸਾਨਾਂ ਦੀ ਮੁੱਖ ਮੰਤਰੀ ਭਗਵੰਤ ਮਾਨ ਨਾਲ 19 ਦਸੰਬਰ ਨੂੰ ਮੀਟਿੰਗ ਤੈਅ ਕੀਤੀ ਗਈ ਹੈ।

ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਵੱਲੋਂ ਗੱਲਬਾਤ ਲਈ 11 ਵਜੇ ਮਿਲਣ ਦੇ ਸੱਦੇ ਦੇ ਸੰਬੰਧ 'ਚ ਸਵੇਰੇ 10 ਵਜੇ ਸਾਰੀਆਂ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਸਾਂਝੀ ਮੀਟਿੰਗ ਹੋਈ ਅਤੇ ਮਿੱਥੇ ਸਮੇਂ 'ਤੇ ਕਿਸਾਨ ਆਗੂ ਰਾਜਪਾਲ ਨਾਲ ਗੱਲਬਾਤ ਕਰਨ ਲਈ ਪਹੁੰਚੇ। ਕਿਸਾਨ ਆਗੂਆਂ ਨੇ ਰਾਜਪਾਲ ਅਤੇ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨਾਲ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀਆਂ ਮੰਗਾਂ 'ਤੇ ਵਿਚਾਰ ਚਰਚਾ ਕੀਤੀ।

ਕਿਸਾਨਾਂ ਦੀਆਂ ਮੰਗਾਂ ਹਨ : ਸਾਰੀਆਂ ਫਸਲਾਂ ਦੀ ਐੱਮ ਐੱਸ ਪੀ 'ਤੇ ਖਰੀਦ ਦੀ ਗਾਰੰਟੀ ਕਰੋ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਸੀ-2+50% ਦੇ ਫਾਰਮੂਲੇ ਨਾਲ ਫਸਲਾਂ ਦੇ ਭਾਅ ਤੈਅ ਕਰੋ, ਸਰਕਾਰਾਂ ਦੀਆਂ ਕਿਸਾਨ ਮਾਰੂ ਨੀਤੀਆਂ ਕਾਰਨ ਕਿਸਾਨਾਂ ਸਿਰ ਚੜ੍ਹਿਆ ਸਾਰਾ ਕਰਜ਼ਾ ਰੱਦ ਕਰੋ, ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਓ, ਕੇਂਦਰੀ ਗ੍ਰਹਿ ਰਾਜ ਮੰਤਰੀ ਅਜੈ ਮਿਸ਼ਰਾ ਟੈਨੀ ਨੂੰ ਅਹੁਦੇ ਤੋਂ ਬਰਖਾਸਤ ਕਰ ਕੇ ਸਜ਼ਾ ਦਿਓ, ਦਿੱਲੀ ਅੰਦੋਲਨ ਦੌਰਾਨ ਕਿਸਾਨਾਂ 'ਤੇ ਬਣਾਏ ਸਾਰੇ ਕੇਸ ਰੱਦ ਕਰੋ, ਬਿਜਲੀ ਸੋਧ ਬਿੱਲ ਨੂੰ ਚੋਰ-ਮੋਰੀਆਂ ਰਾਹੀਂ ਲਾਗੂ ਕਰਨਾ ਬੰਦ ਕਰੋ, 60 ਸਾਲ ਤੋਂ ਵੱਧ ਉਮਰ ਦੇ ਸਾਰੇ ਕਿਸਾਨਾਂ ਨੂੰ 10 ਹਜ਼ਾਰ ਰੁਪਏ ਮਹੀਨਾ ਪੈਨਸ਼ਨ ਦਿਓ, ਨਿਊਜ਼ਕਲਿੱਕ ਖਿਲਾਫ ਦਰਜ ਕੀਤੀ ਐੱਫ ਆਈ ਆਰ ਰੱਦ ਕਰੋ, ਕਿਸਾਨ ਘੋਲ ਨੂੰ ਦੇਸ਼-ਵਿਰੋਧੀ ਕਹਿਣਾ ਬੰਦ ਕਰੋ, ਖੇਤੀ ਨੂੰ ਕਾਰਪੋਰੇਟਾਂ ਕੋਲ ਵੇਚਣ ਦੀਆਂ ਸਾਰੀਆਂ ਨੀਤੀਆਂ ਰੱਦ ਕਰੋ, ਪਬਲਿਕ ਸੈਕਟਰ ਬਹਾਲ ਕਰੋ ਅਤੇ ਨਿੱਜੀਕਰਨ ਦੀਆਂ ਨੀਤੀਆਂ ਬੰਦ ਕਰੋ। ਰਾਜਪਾਲ ਤੋਂ ਵਿਸ਼ੇਸ਼ ਕਰਕੇ ਮੰਗ ਕੀਤੀ ਗਈ ਕਿ ਕਿਸਾਨਾਂ 'ਤੇ ਜਿਹੜੇ ਕੇਸ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਬਣਾਏ ਹੋਏ ਹਨ, ਉਹ ਰੱਦ ਕੀਤੇ ਜਾਣ। ਇਸ ਲਈ ਨੋਡਲ ਆਫੀਸਰ ਦੀ ਡਿਊਟੀ ਲਗਾ ਦਿੱਤੀ ਗਈ ਹੈ। ਜਿਹੜੇ ਕਿਸਾਨਾਂ ਦੇ ਪਾਸਪੋਰਟ ਵਗੈਰਾ 'ਤੇ ਕੋਈ ਗਲਤ ਇੰਦਰਾਜ਼ ਕੀਤੇ ਹੋਏ ਹਨ, ਉਨ੍ਹਾਂ ਬਾਰੇ ਵੀ ਕਾਰਵਾਈ ਕੀਤੀ ਜਾਵੇ ਤੇ ਜਨਤਕ ਵੰਡ ਪ੍ਰਣਾਲੀ ਰਾਹੀਂ ਬੇਜ਼ਮੀਨੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਵੀ ਸਸਤਾ ਰਾਸ਼ਨ ਦਿੱਤਾ ਜਾਵੇ।

ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਰਾਹੀਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ 'ਚ ਹੜ੍ਹਾਂ ਨਾਲ ਅਤੇ ਗੜਿਆਂ ਨਾਲ ਤਬਾਹ ਹੋਈਆਂ ਫਸਲਾਂ ਦਾ ਮੁਆਵਜ਼ਾ ਦਿੱਤਾ ਜਾਵੇ, ਕਿਸਾਨਾਂ ਸਿਰ ਚੜ੍ਹਿਆ ਸਾਰਾ ਕਰਜ਼ਾ ਰੱਦ ਕੀਤਾ ਜਾਵੇ, ਝੋਨੇ ਤੋਂ ਖਹਿੜਾ ਛੁਡਵਾਉਣ ਲਈ ਸਬਜ਼ੀਆਂ, ਮੱਕੀ, ਮੂੰਗੀ, ਗੰਨਾ ਅਤੇ ਹੋਰ ਫਸਲਾਂ ਦੀ ਐੱਮ ਐੱਸ ਪੀ 'ਤੇ ਖਰੀਦ ਦੀ ਗਾਰੰਟੀ ਕੀਤੀ ਜਾਵੇ, ਗੰਨੇ ਦਾ ਭਾਅ 450 ਰੁਪਏ ਪ੍ਰਤੀ ਕੁਇੰਟਲ ਕੀਤਾ ਜਾਵੇ, ਗੰਨਾ ਕਿਸਾਨਾਂ ਦਾ ਰਹਿੰਦਾ ਬਕਾਇਆ ਸਮੇਤ ਵਿਆਜ ਜਾਰੀ ਕੀਤਾ ਜਾਵੇ, ਆਬਾਦਕਾਰ ਕਿਸਾਨਾਂ ਤੋਂ ਜ਼ਮੀਨਾਂ ਖੋਹਣੀਆਂ ਬੰਦ ਕਰਕੇ ਮਾਲਕੀ ਦੇ ਹੱਕ ਦਿੱਤੇ ਜਾਣ, ਚਿੱਪ ਵਾਲੇ ਮੀਟਰ ਲਾਉਣੇ ਬੰਦ ਕੀਤੇ ਜਾਣ, ਪਰਾਲੀ ਸਾੜਨ ਕਰਕੇ ਕਿਸਾਨਾਂ ਖਿਲਾਫ ਦਰਜ ਕੀਤੇ ਕੇਸ, ਰੈੱਡ ਐਂਟਰੀਆਂ ਅਤੇ ਹੋਰ ਸਾਰੀਆਂ ਕਾਰਵਾਈਆਂ ਰੱਦ ਕੀਤੀਆਂ ਜਾਣ, ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ ਦੇ ਪਰਵਾਰਾਂ ਨੂੰ ਮੁਆਵਜ਼ਾ ਅਤੇ ਨੌਕਰੀਆਂ ਦਿੱਤੀਆਂ ਜਾਣ, ਬੈਂਕਾਂ ਕਿਸਾਨਾਂ ਤੋਂ ਖਾਲੀ ਚੈੱਕ ਲੈਣੇ ਬੰਦ ਕਰਨ ਅਤੇ ਪਹਿਲਾਂ ਲਏ ਹੋਏ ਵਾਪਸ ਕੀਤੇ ਜਾਣ, ਕਿਸਾਨਾਂ ਦੇ ਕਰਜ਼ ਦੀ ਮੁਫਤ ਸੈਟਲਮੈਂਟ ਕੀਤੀ ਜਾਵੇ, ਕਿਸਾਨਾਂ ਦੇ ਜ਼ਮੀਨਾਂ ਤਕਸੀਮ ਕਰਨ ਦੇ ਮਸਲੇ ਹੱਲ ਕੀਤੇ ਜਾਣ ਅਤੇ ਜਿੱਥੇ ਕੋਈ ਵਿਵਾਦ ਨਹੀਂ ਹੈ, ਪਿੰਡਾਂ 'ਚ ਕੈਂਪ ਲਾ ਕੇ ਮੌਕੇ 'ਤੇ ਇੰਤਕਾਲ ਕੀਤੇ ਜਾਣ, ਸਹਿਕਾਰੀ ਸੁਸਾਇਟੀਆਂ ਵਿੱਚ ਹਿੱਸੇਦਾਰੀ ਖੋਲ੍ਹੀ ਜਾਵੇ ਅਤੇ ਨਵੇਂ ਕਿਸਾਨਾਂ ਨੂੰ ਸਹਿਕਾਰੀ ਸੁਸਾਇਟੀਆਂ ਦੇ ਮੈਂਬਰ ਬਣਾਇਆ ਜਾਵੇ।

ਰਾਜਪਾਲ ਨੂੰ ਬੇਨਤੀ ਕੀਤੀ ਗਈ ਕਿ ਉਹ ਆਪਣੀ ਸਿਫਾਰਸ਼ ਨਾਲ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਮੰਗਾਂ ਭੇਜਣ। ਰਾਜਪਾਲ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਉਹ ਕਿਸਾਨਾਂ ਦੀਆਂ ਮੰਗਾਂ ਜਿੱਥੇ ਕੇਂਦਰ ਸਰਕਾਰ ਨੂੰ ਭੇਜਣਗੇ, ਉੱਥੇ ਪੰਜਾਬ ਸਰਕਾਰ ਨੂੰ ਵੀ ਭੇਜਣਗੇ। ਇਸ ਤੋਂ ਇਲਾਵਾ ਪੰਜਾਬ ਨਾਲ ਸੰਬੰਧਤ ਮੰਗਾਂ ਬਾਰੇ ਮੁੱਖ ਮੰਤਰੀ ਭਗਵੰਤ ਮਾਨ ਨਾਲ 19 ਦਸੰਬਰ ਨੂੰ ਮੀਟਿੰਗ ਤੈਅ ਕੀਤੀ ਗਈ। ਸੰਯੁਕਤ ਕਿਸਾਨ ਮੋਰਚਾ ਆਪਣੀਆਂ ਮੰਗਾਂ ਦਾ ਮੰਗ ਪੱਤਰ ਚਾਰ ਦਸੰਬਰ ਤੋਂ ਪਹਿਲਾਂ-ਪਹਿਲਾਂ ਪੰਜਾਬ ਸਰਕਾਰ ਨੂੰ ਦੇਵੇਗਾ ਅਤੇ 19 ਦਸੰਬਰ ਨੂੰ ਉਨ੍ਹਾਂ 'ਤੇ ਵਿਚਾਰ ਚਰਚਾ ਕੀਤੀ ਜਾਵੇਗੀ। ਉਧਰ, ਹਰਿਆਣਾ ਦੇ ਕਿਸਾਨਾਂ ਨੇ ਰਾਜਪਾਲ ਨੂੰ ਮੰਗ ਪੱਤਰ ਸੌਂਪ ਕੇ ਆਪਣਾ ਤਿੰਨ ਦਿਨਾ ਧਰਨਾ ਖਤਮ ਕਰਨ ਦਾ ਫੈਸਲਾ ਕੀਤਾ। ਉਹ ਆਪਣੀ ਅਗਲੀ ਕਾਰਵਾਈ ਦਾ ਫੈਸਲਾ ਕਰਨ ਲਈ ਹਿਸਾਰ 'ਚ ਕਿਸਾਨ ਯੂਨੀਅਨਾਂ ਦੀ ਮੀਟਿੰਗ ਕਰਨਗੇ। ਪੰਦਰਾਂ ਕਿਸਾਨ ਆਗੂ ਮੀਟਿੰਗ ਲਈ ਹਰਿਆਣਾ ਰਾਜ ਭਵਨ ਪੁੱਜੇ। ਕਿਸਾਨ ਆਗੂ ਸੁਰੇਸ਼ ਕੋਠ ਨੇ ਕਿਹਾ ਕਿ ਜੇ ਮਾਮਲਾ ਹੱਲ ਨਾ ਹੋਇਆ ਤਾਂ ਉਹ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ।

## ਮਜ਼ਦੂਰਾਂ ਨੇ ਜਿੱਤੀ ਜ਼ਿੰਦਗੀ ਦੀ ਜੰਗ



**ਉੱਤਰਕਾਸ਼ੀ** : ਸਿਲਕਿਆਰਾ ਸੁਰੰਗ 'ਚ 16 ਦਿਨਾਂ ਤੋਂ ਫਸੇ 41 ਮਜ਼ਦੂਰਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ ਅਤੇ ਮੈਡੀਕਲ ਫਿਟਨੈੱਸ ਲਈ ਹਸਪਤਾਲ ਲਿਜਾਇਆ ਗਿਆ। ਉਨ੍ਹਾਂ ਨੂੰ ਹਸਪਤਾਲ ਲਿਜਾਣ ਜਾਂ ਐਮਰਜੈਂਸੀ ਵਿਚ ਏਅਰਲਿਫਟ ਕਰਨ ਦੀ ਤਿਆਰੀ ਮੁਕੰਮਲ ਸੀ। ਚਿਨੂਕ ਹੈਲੀਕਾਪਟਰ ਚਿਨਿਆਲੀਸੌਰ ਹਵਾਈ ਪੱਟੀ 'ਤੇ ਮੌਜੂਦ ਸੀ। ਐੱਨ ਡੀ ਐੱਮ ਏ ਦੇ ਮੈਂਬਰ ਲੈਫਟੀਨੈਂਟ ਜਨਰਲ ਸਈਦ ਅਤਾ ਹਸਨੈਨ ਕਹਿਣਾ ਸੀ ਕਿ ਮਜ਼ਦੂਰਾਂ ਨੂੰ ਕੱਢਣ ਦਾ ਅਪ੍ਰੇਸ਼ਨ ਪੂਰਾ ਕਰਨ ਵਿਚ ਰਾਤ ਲੱਗ ਜਾਏਗੀ, ਪਰ ਬਚਾਅਕਰਮੀਆਂ ਨੇ ਰਾਤ 7.50 'ਤੇ ਪਹਿਲੇ ਮਜ਼ਦੂਰ ਨੂੰ ਸੁਰੰਗ 'ਚੋਂ ਬਾਹਰ ਕੱਢ ਲਿਆ ਅਤੇ ਇਸ ਤੋਂ ਬਾਅਦ ਹੌਲੀ-ਹੌਲੀ ਬਾਕੀ ਦੇ ਮਜ਼ਦੂਰਾਂ ਨੂੰ ਬਾਹਰ ਲਿਆਂਦਾ ਗਿਆ।

ਇਸ ਤੋਂ ਪਹਿਲਾਂ ਬਚਾਅਕਰਮੀਆਂ ਨੇ ਸਿਲਕਿਆਰਾ ਸੁਰੰਗ 'ਚ 60 ਮੀਟਰ ਡਰਿਲਿੰਗ ਬਾਅਦ ਦੁਪਹਿਰ ਪੂਰੀ ਕਰ ਲਈ ਸੀ। ਬਚਾਅ ਕਾਰਜ ਦਾ ਜਾਇਜ਼ਾ ਲੈਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਪੁਸ਼ਕਰ ਧਾਮੀ ਨੇ ਦੱਸਿਆ ਸੀ ਕਿ ਅੰਦਰ ਫਸੇ ਸਾਰੇ ਮਜ਼ਦੂਰ ਸੁਰੱਖਿਅਤ ਅਤੇ ਸਿਹਤਮੰਦ ਹਨ। ਸੁਰੰਗ ਦੇ ਰੁਕੇ ਹੋਏ ਹਿੱਸੇ 'ਚ 12 'ਰੈਟ ਹੋਲ ਮਾਈਨਿੰਗ' ਮਾਹਰਾਂ ਨੇ 10 ਮੀਟਰ ਦੇ ਮਲਬੇ ਦੀ ਖੁਦਾਈ ਕਰਕੇ ਰਸਤਾ ਬਣਾਇਆ।

ਜ਼ਿਕਰਯੋਗ ਹੈ ਕਿ 25 ਟਨ ਵਜ਼ਨ ਵਾਲੀ ਭਾਰੀ ਅਤੇ ਤਾਕਤਵਰ ਅਮਰੀਕੀ ਔਗਰ ਮਸ਼ੀਨ ਨਾਲ ਸੁਰੰਗ 'ਚ ਡਰਿਲਿੰਗ ਕੀਤੀ ਜਾ ਰਹੀ ਸੀ ਪਰ ਸ਼ੁੱਕਰਵਾਰ ਨੂੰ ਇਸ ਦੇ ਕਈ ਹਿੱਸੇ ਮਲਬੇ 'ਚ ਫਸਣ ਕਾਰਨ ਕੰਮ ਵਿੱਚ ਵਿਘਨ ਪੈ ਗਿਆ। ਉਹ ਮਸ਼ੀਨ ਮਲਬੇ ਦੇ ਅੰਦਰ 47 ਮੀਟਰ ਤੱਕ ਡਰਿਲਿੰਗ ਕਰ ਚੁੱਕੀ ਸੀ। ਆਖਰ ਮਜ਼ਦੂਰਾਂ ਨੇ ਜ਼ਿੰਦਗੀ ਦੀ ਜੰਗ ਜਿੱਤ ਲਈ।

## ਜਨੂੰਨ ਦੀ ਹੱਦ



**ਚੰਡੀਗੜ੍ਹ** : ਗਿਆਨ ਦੀ ਭੁੱਖ ਤੇ ਪੜ੍ਹਨ ਦੇ ਜਨੂੰਨ ਦੀ ਗਵਾਹੀ ਦਿੰਦੇ 65 ਸਾਲਾ ਪਾਕਿਸਤਾਨੀ ਦਿਲਾਵਰ ਖਾਨ ਨੇ ਸਰਕਾਰੀ ਪ੍ਰਾਇਮਰੀ ਸਕੂਲ ਖੋਂਗਈ ਵਿਖੇ ਪਹਿਲੀ ਜਮਾਤ 'ਚ ਦਾਖਲਾ ਲੈ ਕੇ ਇਤਿਹਾਸ 'ਚ ਆਪਣਾ ਨਾਂਅ ਲਿਖਵਾਇਆ ਹੈ। ਉਸ ਦੇ ਫੈਸਲੇ ਦੀ ਹਰ ਪਾਸਿਓਂ ਪ੍ਰਸੰਸਾ ਹੋ ਰਹੀ ਹੈ। ਖੈਬਰ ਪਖਤੂਨਖਵਾ 'ਚ ਦੀਰ ਅੱਪਰ 'ਚ ਗਰੀਬ ਪਰਵਾਰ 'ਚ ਜਨਮੇ ਦਿਲਾਵਰ ਨੂੰ ਪੜ੍ਹਨ ਦਾ ਮੌਕਾ ਹੀ ਨਹੀਂ ਮਿਲਿਆ ਪਰ ਸਮੇਂ ਦੀ ਗਰਦ ਨਾਲ ਉਸ ਦੇ ਪੜ੍ਹਨ ਦਾ ਸੁਫਨਾ ਧੁੰਦਲਾ ਨਹੀਂ ਹੋਇਆ। ਉਹ ਉਨ੍ਹਾਂ ਲੋਕਾਂ ਲਈ ਮਿਸਾਲ ਹੈ, ਜਿਹੜੇ ਕਈ ਕਾਰਨਾਂ ਕਰਕੇ ਪੜ੍ਹਾਈ ਨਹੀਂ ਕਰਦੇ ਜਾਂ ਛੱਡ ਦਿੰਦੇ ਹਨ।

## ਰਾਜਦੂਤ ਦੀ ਖਿੱਚ-ਧੂਹ ਕਰਨ ਵਾਲਿਆਂ ਖਿਲਾਫ ਕਾਰਵਾਈ ਦੀ ਮੰਗ

**ਵਾਸ਼ਿੰਗਟਨ** : 'ਸਿੱਖਸ ਆਫ ਅਮਰੀਕਾ' ਨਾਂਅ ਦੀ ਸੰਸਥਾ ਨੇ ਨਿਊਯਾਰਕ ਦੇ ਗੁਰਦੁਆਰੇ ਵਿਚ ਭਾਰਤ ਦੇ ਰਾਜਦੂਤ ਤਰਨਜੀਤ ਸਿੰਘ ਸੰਧੂ ਦੀ ਖਿੱਚਧੂਹ ਕੀਤੇ ਜਾਣ ਦੀ ਨਿੰਦਾ ਕਰਦਿਆਂ ਗੁਰਦੁਆਰਾ ਪ੍ਰਬੰਧਕਾਂ ਤੋਂ ਇਸ ਵਿਚ ਸ਼ਾਮਲ ਲੋਕਾਂ ਖਿਲਾਫ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਉਸ ਨੇ ਕਿਹਾ ਕਿ ਗੁਰਦੁਆਰਾ ਧਾਰਮਿਕ ਸਥਾਨ ਹੈ ਅਤੇ ਲੋਕਾਂ ਨੂੰ ਇੱਥੇ ਆਉਣ ਸਮੇਂ ਨਿੱਜੀ ਸਿਆਸੀ ਵਿਚਾਰਾਂ ਨੂੰ ਦੂਰ ਰੱਖਣਾ ਚਾਹੀਦਾ ਹੈ।

## ਰੋਹਿਤ ਬਲ ਵੈਂਟੀਲੇਟਰ 'ਤੇ



**ਨਵੀਂ ਦਿੱਲੀ** : ਮਸ਼ਹੂਰ ਫੈਸ਼ਨ ਡਿਜ਼ਾਈਨਰ ਰੋਹਿਤ ਬਲ ਗੰਭੀਰ ਹਾਲਤ ਵਿਚ ਹੈ ਅਤੇ ਗੁਰੂਗ੍ਰਾਮ ਦੇ ਮੇਦਾਂਤਾ ਹਸਪਤਾਲ 'ਚ ਵੈਂਟੀਲੇਟਰ 'ਤੇ ਹੈ। 2010 'ਚ, ਜਦੋਂ ਬਲ ਆਪਣੇ ਕਰੀਅਰ ਦੇ ਸਿਖਰ 'ਤੇ ਸੀ, ਉਸ ਨੂੰ ਦਿਲ ਦਾ ਦੌਰਾ ਪਿਆ ਸੀ, ਜਿਸ ਲਈ ਉਸ ਦੀ ਐਮਰਜੈਂਸੀ ਐਂਜੀਓਪਲਾਸਟੀ ਹੋਈ ਸੀ। ਇਸ ਸਾਲ ਦੇ ਸ਼ੁਰੂ ਵਿਚ ਉਸ ਦੇ ਦੋਸਤ ਨੇ ਕਿਹਾ ਸੀ ਕਿ ਬਲ ਸਰੀਰ ਵਿੱਚੋਂ ਅਲਕੋਹਲ ਕਢਾਉਣ ਲਈ ਨਵੰਬਰ ਵਿਚ ਹਸਪਤਾਲ 'ਚ ਦਾਖਲ ਹੋਇਆ ਸੀ।

## ਛੇੜਛਾੜ ਦੇ ਦੋਸ਼ 'ਚ ਪ੍ਰਿੰਸੀਪਲ ਬਰਖਾਸਤ

**ਜੀਂਦ** : ਉਚਾਨਾ ਮੰਡੀ ਸਥਿਤ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ 'ਚ ਕਈ ਵਿਦਿਆਰਥਣਾਂ ਨਾਲ ਛੇੜਛਾੜ ਦੇ ਮਾਮਲੇ 'ਚ ਮੁਅੱਤਲ ਪ੍ਰਿੰਸੀਪਲ ਕਰਤਾਰ ਸਿੰਘ ਨੂੰ ਬਰਖਾਸਤ ਕਰ ਦਿੱਤਾ ਗਿਆ। ਹਰਿਆਣਾ ਸਰਕਾਰ ਦੇ ਬੁਲਾਰੇ ਨੇ ਦੱਸਿਆ ਕਿ ਵਿਭਾਗੀ ਜਾਂਚ ਰਿਪੋਰਟ ਮਿਲਣ ਤੋਂ ਬਾਅਦ ਮੁੱਖ ਮੰਤਰੀ ਮਨੋਹਰ ਲਾਲ ਨੇ ਪ੍ਰਿੰਸੀਪਲ ਖਿਲਾਫ ਬਰਖਾਸਤਗੀ ਦੀ ਕਾਰਵਾਈ ਨੂੰ ਮਨਜ਼ੂਰੀ ਦੇ ਦਿੱਤੀ। ਕਈ ਵਿਦਿਆਰਥਣਾਂ ਨੇ ਗ੍ਰਿਫਤਾਰ ਪ੍ਰਿੰਸੀਪਲ ਖਿਲਾਫ ਬਦਸਲੂਕੀ ਦੇ ਬਿਆਨ ਦਿੱਤੇ ਹਨ।

## ਸੁਆਦੀ ਭੋਜਨ ਨਾ ਬਣਾਉਣ 'ਤੇ ਮਾਂ ਦਾ ਕਤਲ

**ਠਾਣੇ** : ਮਹਾਰਾਸ਼ਟਰ ਦੇ ਠਾਣੇ ਜ਼ਿਲ੍ਹੇ ਦੇ ਵਿਅਕਤੀ ਨੇ ਆਪਣੀ 55 ਸਾਲਾ ਮਾਂ ਦਾ ਇਸ ਕਰਕੇ ਕਤਲ ਕਰ ਦਿੱਤਾ ਕਿ ਉਸ ਨੇ ਸੁਆਦੀ ਭੋਜਨ ਨਹੀਂ ਬਣਾਇਆ। ਘਟਨਾ ਐਤਵਾਰ ਸ਼ਾਮ ਮੁਰਬਾਦ ਤਾਲੁਕਾ ਦੇ ਵੇਲੂ ਪਿੰਡ ਦੀ ਹੈ। ਮਾਂ-ਪੁੱਤ ਅਕਸਰ ਘਰੇਲੂ ਗੱਲਾਂ ਨੂੰ ਲੈ ਕੇ ਝਗੜਾ ਕਰਦੇ ਰਹਿੰਦੇ ਸਨ। ਵਾਰਦਾਤ ਤੋਂ ਬਾਅਦ ਮੁਲਜ਼ਮ ਨੇ ਨੀਂਦ ਦੀਆਂ ਗੋਲੀਆਂ ਖਾ ਲਈਆਂ। ਉਹ ਹਸਪਤਾਲ ਦਾਖਲ 'ਚ ਹੈ।

## ਧਾਮੀ ਦੀ ਰਾਜੋਆਣਾ ਨਾਲ ਮੁਲਾਕਾਤ



**ਪਟਿਆਲਾ** : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਮੰਗਲਵਾਰ ਕੇਂਦਰੀ ਜੇਲ੍ਹ ਵਿਖੇ ਫਾਂਸੀ ਦਾ ਸਾਹਮਣਾ ਕਰ ਰਹੇ ਬਲਵੰਤ ਸਿੰਘ ਰਾਜੋਆਣਾ ਨਾਲ ਮੁਲਾਕਾਤ ਕੀਤੀ, ਜਿਸ ਦੌਰਾਨ ਰਾਜੋਆਣਾ ਸ਼੍ਰੋਮਣੀ ਕਮੇਟੀ ਵੱਲੋਂ ਦਾਇਰ ਕੀਤੀ ਰਹਿਮ ਦੀ ਅਪੀਲ ਵਾਪਸ ਕਰਵਾਉਣ ਲਈ ਬਜ਼ਿਦ ਰਿਹਾ। ਉਸ ਨੇ ਸ਼੍ਰੋਮਣੀ ਕਮੇਟੀ ਨੂੰ ਅਲਟੀਮੇਟਮ ਦਿੱਤਾ ਕਿ ਜੇ ਚਾਰ ਦਸੰਬਰ ਤੱਕ ਪਟੀਸ਼ਨ ਵਾਪਸ ਨਾ ਲਈ ਤਾਂ ਉਹ ਪੰਜ ਦਸੰਬਰ ਤੋਂ ਭੁੱਖ ਹੜਤਾਲ ਸ਼ੁਰੂ ਕਰ ਦੇਣਗੇ। ਵੇਲੇ ਦੇ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਦੇ ਕੇਸ 'ਚ ਰਾਜੋਆਣਾ ਨੂੰ 2007 'ਚ ਫਾਂਸੀ ਦੀ ਸਜ਼ਾ ਸੁਣਾਈ ਗਈ ਸੀ। ਉਸ ਨੂੰ ਪਟਿਆਲਾ ਜੇਲ੍ਹ 'ਚ ਫਾਂਸੀ ਦੇਣ ਲਈ 30 ਮਾਰਚ 2012 ਦਾ ਦਿਨ ਮੁਕੱਰਰ ਕੀਤਾ ਗਿਆ ਸੀ। ਰਾਜੋਆਣਾ ਨੇ ਸਜ਼ਾ ਰੁਕਵਾਉਣ ਲਈ ਖੁਦ ਕੋਈ ਵੀ ਕਾਨੂੰਨੀ ਚਾਰਾਜੋਈ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਅਕਾਲ ਤਖਤ ਸਾਹਿਬ ਦੇ ਆਦੇਸ਼ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਰਹਿਮ ਦੀ ਅਪੀਲ ਦਾਇਰ ਕੀਤੀ ਗਈ ਤੇ ਫਾਂਸੀ ਤੋਂ ਦੋ ਦਿਨ ਪਹਿਲਾਂ ਰਾਸ਼ਟਰਪਤੀ ਨੇ ਫਾਂਸੀ ਦੇਣ 'ਤੇ ਰੋਕ ਲਾ ਦਿੱਤੀ। ਰਾਜੋਆਣਾ ਦਾ ਕਹਿਣਾ ਹੈ ਕਿ 12 ਸਾਲਾਂ ਤੋਂ ਉਸ ਦੀ ਪਟੀਸ਼ਨ 'ਤੇ ਕੋਈ ਵੀ ਫੈਸਲਾ ਨਹੀਂ ਹੋਇਆ। ਧਾਮੀ ਦੀ ਰਾਜੋਆਣਾ ਨਾਲ ਮੁਲਾਕਾਤ ਵੇਲੇ ਰਜਿੰਦਰ ਸਿੰਘ ਮਹਿਤਾ, ਭਗਵੰਤ ਸਿੰਘ, ਜਸਮੇਰ ਸਿੰਘ ਲਾਛੜੂ ਵੀ ਮੌਜੂਦ ਸਨ।

## ਮੋਦੀ ਸਰਕਾਰ ਦਾ ਵੱਸ ਚੱਲੇ ਤਾਂ ਰਾਸ਼ਟਰੀ ਗੀਤ 'ਚੋਂ ਪੰਜਾਬ ਦਾ ਨਾਂਅ ਹੀ ਹਟਾ ਦੇਵੇ : ਮਾਨ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਲਈ ਕੇਂਦਰ ਸਰਕਾਰ ਦੀ ਕਰੜੀ ਆਲੋਚਨਾ ਕੀਤੀ ਹੈ।

ਪੰਜਾਬ ਵਿਧਾਨ ਸਭਾ ਵਿੱਚ ਬਹਿਸ ਵਿੱਚ ਸ਼ਾਮਲ ਹੁੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਕਿੰਨੀ ਅਚੰਭੇ ਵਾਲੀ ਗੱਲ ਹੈ ਕਿ ਪੰਜਾਬ ਨੇ ਦੇਸ਼ ਦੇ ਅਨਾਜ ਉਤਪਾਦਨ ਵਿੱਚ ਅਹਿਮ ਯੋਗਦਾਨ ਪਾਉਣ ਤੋਂ ਇਲਾਵਾ ਭਾਰਤੀ ਫੌਜ ਵਿੱਚ ਸਭ ਤੋਂ ਵੱਧ ਨੁਮਾਇੰਦਗੀ ਦਿੱਤੀ ਹੈ ਪਰ ਇਸ ਦੇ ਬਾਵਜੂਦ ਕੇਂਦਰ ਸਰਕਾਰ ਨੇ ਹਮੇਸ਼ਾ ਸੂਬੇ ਨੂੰ ਅਣਗੌਲਿਆ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਸਾਰੀਆਂ ਸ਼ਰਤਾਂ ਪੂਰੀਆਂ ਕਰਨ ਦੇ ਬਾਵਜੂਦ ਆਰ.ਡੀ.ਐਫ. ਦਾ ਬਣਦਾ ਹਿੱਸਾ ਨਹੀਂ ਮਿਲ ਰਿਹਾ। ਮਾਨ ਨੇ ਕਿਹਾ ਕਿ ਭਾਵੇਂ ਜੀ.ਐਸ.ਟੀ. ਸੂਬੇ ਇਕੱਤਰ ਕਰਦੇ ਹਨ ਪਰ ਆਪਣਾ ਬਣਦਾ ਹਿੱਸਾ ਲੈਣ ਲਈ ਕੇਂਦਰ ਸਰਕਾਰ ਅੱਗੇ ਹੱਥ ਅੱਡਣੇ ਪੈਂਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਮੋਦੀ ਸਰਕਾਰ ਪੰਜਾਬ ਵਿਰੋਧੀ ਖ਼ਬਤ ਦੀ ਸ਼ਿਕਾਰ ਹੈ, ਜਿਸ ਕਾਰਨ ਉਹ ਸੂਬੇ ਨੂੰ ਬਰਬਾਦ ਕਰਨ ਉਤੇ ਤੁਲੀ ਹੋਈ ਹੈ। ਉਨ੍ਹਾਂ ਕਿਹਾ ਕਿ ਜੇ ਭਾਜਪਾ ਦੀ ਅਗਵਾਈ ਵਾਲੀ ਐਨ.ਡੀ.ਏ. ਸਰਕਾਰ ਦੀ ਮਰਜ਼ੀ ਚੱਲੇ ਤਾਂ ਉਹ ਕੌਮੀ ਗੀਤ ਵਿੱਚੋਂ ਵੀ ਪੰਜਾਬ ਦਾ ਨਾਂਅ ਕੱਟ ਦੇਵੇਗੀ। ਉਨ੍ਹਾ ਕਿਹਾ ਕਿ ਇਹ ਕਿੰਨੀ ਅਜੀਬ ਗੱਲ ਹੈ ਕਿ ਪੰਜਾਬ ਨਾਲ ਮਤਰੇਈ ਮਾਂ ਵਾਲੇ ਸਲੂਕ ਕਰਨ ਦੇ ਬਾਵਜੂਦ ਭਾਜਪਾ ਦੇ ਸੂਬਾਈ ਪ੍ਰਧਾਨ ਤੇ ਸਾਬਕਾ ਮੁੱਖ ਮੰਤਰੀ ਇਸ ਸਮੁੱਚੇ ਮਸਲੇ ਉਤੇ ਚੁੱਪ ਧਾਰੀ ਬੈਠੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇੰਨਾ ਹੀ ਨਹੀਂ ਕੇਂਦਰ ਸਰਕਾਰ ਨੇ ਸੂਬੇ ਅਤੇ ਇਸ ਦੇ ਕਿਸਾਨਾਂ ਪ੍ਰਤੀ ਵੀ ਵਿਰੋਧੀ ਰਵੱਈਆ ਅਖ਼ਤਿਆਰ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਇਸ ਵਿਰੋਧੀ ਰਵੱਈਏ ਕਾਰਨ ਖੇਤੀਬਾੜੀ ਹੁਣ ਲਾਹੇਵੰਦ ਧੰਦਾ ਨਹੀਂ ਰਿਹਾ ਅਤੇ ਕੇਂਦਰ ਸਰਕਾਰ ਹੁਣ ਅਨਾਜਾਂ ਉਤੇ ਐਮ.ਐਸ.ਪੀ. ਖ਼ਤਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਕੌਮੀ ਰਾਜਧਾਨੀ ਵਿੱਚ ਵਾਤਾਵਰਨ ਪ੍ਰਦੂਸ਼ਣ ਦੀ ਸਮੁੱਚੀ ਜ਼ਿੰਮੇਵਾਰੀ ਪੰਜਾਬ ਦੇ ਕਿਸਾਨਾਂ ਸਿਰ ਸੁੱਟ ਕੇ ਇਸ ਨੂੰ ਪਰਾਲੀ ਫੂਕਣ ਕਾਰਨ ਹੋਇਆ ਪ੍ਰਦੂਸ਼ਣ ਦੱਸ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਵੱਲੋਂ ਪੰਜਾਬ ਨਾਲ ਅਜਿਹਾ ● ਬਾਕੀ ਸਫ਼ਾ 2 'ਤੇ

## 'ਚਮਚਾਗਿਰੀ ਦੀ ਹੱਦ ਪਾਰ'



**ਨਵੀਂ ਦਿੱਲੀ** : ਉਪ-ਰਾਸ਼ਟਰਪਤੀ ਜਗਦੀਪ ਧਨਖੜ ਵੱਲੋਂ ਮਹਾਤਮਾ ਗਾਂਧੀ ਨੂੰ ਮਹਾਪੁਰਸ਼ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਯੁੱਗਪੁਰਸ਼ ਕਹਿਣ 'ਤੇ ਕਾਂਗਰਸ ਸਾਂਸਦ ਮਨੀਕਮ ਟੈਗੋਰ ਨੇ ਕਿਹਾ ਕਿ ਉਪ-ਰਾਸ਼ਟਰਪਤੀ ਨੇ ਚਮਚਾਗਿਰੀ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ। ਉਨ੍ਹਾ ਟਵੀਟ ਕੀਤਾ-ਮੋਦੀ ਦੀ ਮਹਾਤਮਾ ਨਾਲ ਤੁਲਨਾ ਸ਼ਰਮਨਾਕ ਹੈ। ਸ੍ਰੀਮਾਨ, ਅਸੀਂ ਸਭ ਜਾਣਦੇ ਹਾਂ ਕਿ ਚਮਚਾਗਿਰੀ ਦੀ ਹੱਦ ਹੁੰਦੀ ਹੈ; ਤੁਸੀਂ ਉਹ ਹੱਦ ਪਾਰ ਕਰ ਦਿੱਤੀ ਹੈ ਅਤੇ ਚਮਚਾਗਿਰੀ ਨਾਲ ਤੁਹਾਡੇ ਅਹੁਦੇ ਦੀ ਸ਼ਾਨ ਨਹੀਂ ਵਧਣੀ। ਧਨਖੜ ਨੇ ਮੁੰਬਈ ਵਿਚ ਜੈਨ ਮੁਨੀ ਸ੍ਰੀਮਦ ਰਾਜਚੰਦਰ ਦੇ ਜੈਅੰਤੀ ਸਮਾਗਮ ਵਿਚ ਕਿਹਾ ਸੀ-ਜੇ ਮਹਾਤਮਾ ਗਾਂਧੀ ਪਿਛਲੀ ਪੀੜ੍ਹੀ 'ਚ 'ਮਹਾਪੁਰਸ਼' ਸਨ ਤਾਂ ਨਰਿੰਦਰ ਮੋਦੀ ਇਸ ਸਦੀ ਦੇ 'ਯੁੱਗਪੁਰਸ਼' ਹਨ। ਮਹਾਤਮਾ ਗਾਂਧੀ ਨੇ ਸਾਨੂੰ ਬ੍ਰਿਟਿਸ਼ ਸ਼ਾਸਨ ਤੋਂ ਆਜ਼ਾਦੀ ਦਿਵਾਉਣ ਲਈ ਸੱਚ ਅਤੇ ਅਹਿੰਸਾ ਦੀ ਵਰਤੋਂ ਕੀਤੀ। ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਨੂੰ ਪ੍ਰਗਤੀ ਦੇ ਉਸ ਰਾਹ 'ਤੇ ਪਾ ਦਿੱਤਾ, ਜਿਸ 'ਤੇ ਅਸੀਂ ਹਮੇਸ਼ਾ ਦੇਖਣਾ ਚਾਹੁੰਦੇ ਸੀ। ਰਾਸ਼ਟਰਪਿਤਾ ਮਹਾਤਮਾ ਗਾਂਧੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੋ ਮਹਾਨ ਸ਼ਖਸੀਅਤਾਂ ਹਨ ਤੇ ਇਨ੍ਹਾਂ ਵਿਚ ਇਕ ਗੱਲ ਸਾਂਝੀ ਹੈ ਕਿ ਇਨ੍ਹਾਂ ਨੇ ਸ੍ਰੀਮਦ ਰਾਜਚੰਦਰ ਜੀ ਬਾਰੇ ਸੋਚਿਆ ਹੈ।

## ਅਗਨੀਵੀਰ ਦੀ ਸਿਖਲਾਈ ਲੈ ਰਹੀ ਮੁਟਿਆਰ ਵੱਲੋਂ ਖੁਦਕੁਸ਼ੀ

**ਮੁੰਬਈ** : ਭਾਰਤੀ ਜਲ ਸੈਨਾ 'ਚ ਅਗਨੀਵੀਰ ਦੀ ਸਿਖਲਾਈ ਲੈ ਰਹੀ 20 ਸਾਲਾ ਮੁਟਿਆਰ ਨੇ ਸੋਮਵਾਰ ਮੁੰਬਈ 'ਚ ਆਈ ਐੱਨ ਐੱਸ ਹਮਲਾ 'ਚ ਆਪਣੇ ਹੋਸਟਲ ਦੇ ਕਮਰੇ 'ਚ ਕਥਿਤ ਤੌਰ 'ਤੇ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ।

ਕੇਰਲਾ ਦੀ ਮੁਟਿਆਰ ਮਲਾਡ ਦੇ ਪੱਛਮੀ ਉਪਨਗਰ 'ਚ ਮਾਲਵਾਨੀ ਖੇਤਰ 'ਚ ਆਈ ਐੱਨ ਐੱਸ ਹਮਲਾ 'ਚ ਸਿਖਲਾਈ ਲੈ ਰਹੀ ਸੀ। ਮੌਕੇ ਤੋਂ ਕੋਈ ਸੁਸਾਈਡ ਨੋਟ ਬਰਾਮਦ ਨਹੀਂ ਹੋਇਆ। ਉਹ ਆਪਣੀ ਮੁੱਢਲੀ ਸਿਖਲਾਈ ਪੂਰੀ ਕਰਨ ਤੋਂ ਬਾਅਦ 15 ਦਿਨਾਂ ਤੋਂ ਇੱਥੇ ਸਿਖਲਾਈ ਲੈ ਰਹੀ ਸੀ।

## ਗ਼ਦਰ ਲਹਿਰ ਦੀ ਫੇਰੂ ਸ਼ਹਿਰ ਵਾਲੀ ਪਹਿਲੀ ਘਟਨਾ ਸੰਬੰਧੀ ਸ਼ਹੀਦੀ ਸਮਾਗਮ



**ਜਲੰਧਰ (ਕੇਸਰ)**-ਪਿੰਡ ਮਿਸ਼ਰੀ ਵਾਲਾ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਗ਼ਦਰ ਲਹਿਰ ਦੇ ਸਾਥੀਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਪਿੰਡ 'ਚ ਸਥਾਪਤ ਗ਼ਦਰੀ ਯੋਧੇ ਸੁਸਾਇਟੀ ਵੱਲੋਂ ਉੱਘੇ ਵਿਦਵਾਨ ਡਾ. ਗੁਰਬਖ਼ਸ਼ ਸਿੰਘ ਦੇ ਉੱਦਮ ਨਾਲ ਗ਼ਦਰੀ ਯੋਧਿਆਂ ਦੀ ਯਾਦ 'ਚ ਸਮਾਰੋਹ ਕੀਤਾ ਗਿਆ, ਜਿਸ 'ਚ ਡਾ. ਗੁਰਬਖ਼ਸ਼ ਸਿੰਘ, ਸੀਤਲ ਸਿੰਘ ਸੰਘਾ, ਇਤਿਹਾਸਕਾਰ ਚਰੰਜੀ ਲਾਲ ਕੰਗਣੀਵਾਲ, ਤਿਰਲੋਚਨ ਸਿੰਘ ਐਡੀਟਰ ਅੱਖਰ ਗਰੁੱਪ, ਵਿਸ਼ਾਲ ਬਿਆਸ ਐਡੀਟਰ ਅੱਖਰ ਗਰੁੱਪ, ਜੇ.ਪੀ.ਐੱਸ ਸਿੱਧੂ, ਡਾ. ਸੈਲੇਸ਼ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਦਿਆਂ 27 ਨਵੰਬਰ ਨੂੰ ਮਿਸ਼ਰੀ ਵਾਲਾ ਦੀ ਧਰਤੀ 'ਤੇ ਗ਼ਦਰੀ ਯੋਧਿਆਂ ਦੀ ਸ਼ਹੀਦੀ ਅਤੇ ਉਨ੍ਹਾਂ ਦੇ ਸਾਥੀਆਂ ਦੀ ਗ੍ਰਿਫ਼ਤਾਰੀ ਦੇ ਇਤਿਹਾਸ ਸੰਬੰਧੀ ਵਿਸਥਾਰ 'ਚ ਚਾਨਣਾ ਪਾਇਆ। ਇਤਿਹਾਸਕਾਰ ਚਰੰਜੀ ਲਾਲ ਕੰਗਣੀਵਾਲ ਨੇ ਗ਼ਦਰ ਲਹਿਰ ਦੀ ਇਸ ਪਹਿਲੀ ਘਟਨਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗ਼ਦਰੀ ਦੇਸ਼ ਭਗਤਾਂ ਦਾ ਇਥੇ ਥਾਣੇਦਾਰ ਬੁਸ਼ਾਰਤ ਅਲੀ, ਜ਼ੈਲਦਾਰ ਜਵਾਲਾ ਸਿੰਘ ਅਤੇ ਸਾਬਕਾ ਜ਼ੈਲਦਾਰ ਨਾਲ ਹੋਈ ਟੱਕਰ ਸਮੇਂ ਚੰਦਾ ਸਿੰਘ ਵੜੈਚ ਅਤੇ ਭਾਈ ਧਿਆਨਾ ਸਿੰਘ ਉਮਰਪੁਰਾ, ਅਜਨਾਲਾ ਮੌਕੇ 'ਤੇ ਸ਼ਹੀਦ ਹੋ ਗਏ ਸਨ। ਬਾਕੀ ਗ਼ਦਰੀਆਂ ਉਪਰ ਚੱਲੇ ਮੁਕੱਦਮੇ ਵਿੱਚ ਫਾਂਸੀ ਦੀ ਸਜ਼ਾ ਦੇ ਕੇ ਸ਼ਹੀਦ ਕੀਤੇ ਗਏ ਸਨ। ਇਨ੍ਹਾਂ ਵਿੱਚ ਗ਼ਦਰ ਪਾਰਟੀ ਦੇ ਖ਼ਜ਼ਾਨਚੀ ਪੰਡਿਤ ਕਾਂਸ਼ੀ ਰਾਮ ਮੜੌਲੀ ਅਤੇ ਲਾਲ ਸਿੰਘ ਸਾਹਿਬਆਣਾ ਵੀ ਸ਼ਾਮਲ ਸਨ।

ਇਸ ਮੌਕੇ ਹਲਕਾ ਵਿਧਾਇਕ ਰਜਨੀਸ਼ ਦਹੀਯਾ, ਸਾਬਕਾ ਵਿਧਾਇਕ ਜੋਗਿੰਦਰ ਸਿੰਘ ਜਿੰਦੂ, ਮਾਸਟਰ ਗੁਰਨਾਮ ਸਿੰਘ ਨੇ ਵੀ ਹਾਜ਼ਰੀ ਭਰਦਿਆਂ ਸ਼ਹੀਦਾਂ ਨੂੰ ਯਾਦ ਕੀਤਾ ਤੇ ਪਿੰਡ ਵਾਸੀਆਂ ਦੀ ਮੰਗ 'ਤੇ ਗ਼ਦਰੀ ਯੋਧਿਆਂ ਦੀ ਯਾਦ 'ਚ ਸਮਾਰਕ ਬਣਾਉਣ ਦਾ ਭਰੋਸਾ ਦਿੱਤਾ। ਸੁਸਾਇਟੀ ਪ੍ਰਧਾਨ ਸੁਖਮੰਦਰ ਸਿੰਘ ਢਿੱਲੋਂ, ਉਪ ਪ੍ਰਧਾਨ ਭੁਪਿੰਦਰ ਸਿੰਘ, ਸਕੱਤਰ ਦਲੇਰ ਸਿੰਘ ਤੇ ਸਮੂਹ ਕਮੇਟੀ ਮੈਂਬਰਾਂ ਵੱਲੋਂ ਆਏ ਮਹਿਮਾਨਾਂ ਦਾ ਮਿਮੈਂਟੋ ਦੇ ਕੇ ਸਨਮਾਨ ਕੀਤਾ। ਸਮਾਗਮ ਦੀ ਸਮਾਪਤੀ 'ਤੇ ਗੁਰਬਖ਼ਸ਼ ਸਿੰਘ ਵੱਲੋਂ 13 ਗ਼ਦਰੀ ਯੋਧਿਆਂ ਦੀਆਂ ਬੇਮਿਸਾਲ ਕੁਰਬਾਨੀਆਂ ਦੀ ਯਾਦ 'ਚ ਕਰਵਾਏ ਸਮਾਗਮ 'ਤੇ ਪਹੁੰਚੇ ਇਤਿਹਾਸਕਾਰਾਂ, ਮੁੱਖ ਮਹਿਮਾਨਾਂ ਤੇ ਨਗਰ ਵਾਸੀਆਂ ਦਾ ਧੰਨਵਾਦ ਕੀਤਾ।

## ਅੱਜ-ਨਾਮਾ

ਜਿਹੜੇ ਬਿੱਲ ਗਵਰਨਰ ਨੇ ਰੋਕ ਲਏ ਸੀ,
ਕੀਤੇ ਆ ਮੁੜ ਕੇ ਅਸੰਬਲੀ ਪਾਸ ਮੀਆਂ।
ਹੁਕਮ ਕੋਰਟ ਸੁਪਰੀਮ ਦਾ ਸਿਰੇ ਚੜ੍ਹਿਆ,
ਮਨਜ਼ੂਰ ਹੋਣ ਦੀ ਬੱਝੀ ਕੁਝ ਆਸ ਮੀਆਂ।
ਇਹੋ ਪਹਿਲਾਂ ਗਵਰਨਰ ਜੇ ਕਰਨ ਦਿੰਦਾ,
ਵਕਤ ਹੁੰਦਾ ਨਹੀਂ ਵਾਧੂ ਦਾ ਨਾਸ ਮੀਆਂ।
ਹੋਇਆ ਏ ਕੰਮ ਅੜਿੱਕੇ ਜਾਂ ਪੈਣ ਮਗਰੋਂ,
ਰਹੀ ਨਾ ਪਹਿਲਾਂ ਦੇ ਵਾਂਗ ਮਿਠਾਸ ਮੀਆਂ।
ਅੜਿੱਕੇਬਾਜ਼ੀ ਤੋਂ ਨਿਕਲਿਆ ਸਬਕ ਇਹੀ,
ਮਿਲ ਕੇ ਚੱਲਣ ਦੀ ਅਸਲ ਹੈ ਲੋੜ ਮੀਆਂ।
ਜਿਹੋ ਜਿਹੀ ਸ਼ੀਸ਼ੇ ਵਿੱਚ ਪਈ ਤਰੇੜ ਜਾਪੇ,
ਹੋ ਗਿਆ ਔਖਾ ਜਿਹਾ ਜੋੜਨਾ ਜੋੜ ਮੀਆਂ।

-ਤੀਸ ਮਾਰ ਖਾਂ

## ਪੰਜਾਬ ਬਣਿਆ ਕੌਮੀ ਹਾਕੀ ਚੈਂਪੀਅਨ




**ਜਲੰਧਰ (ਸ਼ੈਲੀ ਐਲਬਰਟ)**

ਪੰਜਾਬ ਦੀ ਸੀਨੀਅਰ ਹਾਕੀ ਟੀਮ ਨੇ ਹਾਕੀ ਇੰਡੀਆ ਵਲੋਂ ਚੇਨਈ ਵਿਖੇ ਕਰਵਾਈ 13ਵੀਂ ਹਾਕੀ ਇੰਡੀਆ ਸੀਨੀਅਰ ਰਾਸ਼ਟਰੀ ਹਾਕੀ ਚੈਂਪੀਅਨਸ਼ਿਪ ਦਾ ਖਿਤਾਬ ਜਿੱਤ ਲਿਆ। ਮੰਗਲਵਾਰ ਸ਼ਾਮ ਖੇਡੇ ਗਏ ਫਾਇਨਲ ਵਿੱਚ ਪੰਜਾਬ ਦੀ ਟੀਮ ਨੇ ਹਰਿਆਣਾ ਦੀ ਟੀਮ ਨੂੰ ਪੈਨਲਟੀ ਸ਼ੂਟ ਆਊਟ ਰਾਹੀਂ 10-9 ਦੇ ਫਰਕ ਨਾਲ ਹਰਾ ਕੇ ਸੋਨ ਤਮਗਾ ਜਿੱਤਿਆ ਹੈ। ਨਿਰਧਾਰਤ ਸਮੇਂ ਵਿੱਚ ਦੋਵੇਂ ਟੀਮਾਂ 2-2 ਦੀ ਬਰਾਬਰੀ 'ਤੇ ਸਨ। ਹਾਕੀ ਪੰਜਾਬ ਦੇ ਪ੍ਰਧਾਨ ਨਿਤਨ ਕੋਹਲੀ ਅਤੇ ਜਨਰਲ ਸਕੱਤਰ ਅਮਰੀਕ ਸਿੰਘ ਪੁਆਰ ਨੇ ਪੰਜਾਬ ਟੀਮ ਦੇ ਸਾਰੇ ਖਿਡਾਰੀਆਂ, ਕੋਚਿੰਗ ਸਟਾਫ ਅਤੇ ਚੋਣਕਰਤਾਵਾਂ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਟੀਮ ਨੇ ਕਵਾਰਟਰ ਫਾਇਨਲ ਵਿੱਚ ਮਨੀਪੁਰ ਨੂੰ ਅਤੇ ਸੈਮੀਫਾਇਨਲ ਵਿੱਚ ਕਰਨਾਟਕਾ ਨੂੰ ਮਾਤ ਦਿੱਤੀ ਸੀ। ਹਾਕੀ ਪੰਜਾਬ ਦੇ ਸਲਾਹਕਾਰ ਬੋਰਡ ਦੇ ਚੇਅਰਮੈਨ ਉਲੰਪੀਅਨ ਪਰਗਟ ਸਿੰਘ (ਪਦਮ ਸ੍ਰੀ) ਨੇ ਕਿਹਾ ਕਿ ਟੀਮ ਦੀ ਚੋਣ ਪਾਰਦਰਸ਼ੀ ਹੋਣ ਕਰਕੇ ਅਤੇ ਸੀਨੀਅਰ ਜੂਨੀਅਰ ਖਿਡਾਰੀਆਂ ਦਾ ਸੁਮੇਲ ਹੋਣ ਕਰਕੇ ਇਹ ਮਾਣ ਪੰਜਾਬ ਨੂੰ ਮਿਲਿਆ ਹੈ। ਇਸ ਸੋਨ ਤਮਗਾ ਜੇਤੂ ਟੀਮ ਦੇ ਖਿਡਾਰੀਆਂ ਅਤੇ ਕੋਚਿੰਗ ਸਟਾਫ ਦਾ ਨਿੱਘਾ ਸਵਾਗਤ ਕੀਤਾ ਜਾਵੇਗਾ ਅਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਜਾਵੇਗਾ।

## ਇੰਗਲਿਸ਼ ਸਟੂਡੀਓ ਸੰਸਥਾ ਨੇ ਆਸਟ੍ਰੇਲੀਆ ਦਾ ਸਟੱਡੀ ਵੀਜ਼ਾ ਲਵਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੀ ਕੋਟਕਪੂਰਾ ਸੜਕ ਉੱਪਰਲੇ ਪੈਟਰੋਲ ਪੰਪ ਸਾਹਮਣੇ ਸਥਿਤ ਨਾਮਵਰ ਸੰਸਥਾ ਇੰਗਲਿਸ਼ ਸਟੂਡੀਓ, ਜੋ ਵਿਦਿਆਰਥੀਆਂ ਨੂੰ ਆਇਲਟਸ ਦੀ ਪ੍ਰੀਖਿਆ ਸਬੰਧੀ ਸ਼ਾਨਦਾਰ ਕੋਚਿੰਗ ਦੇ ਰਹੀ ਹੈ ਤੇ ਚੰਗੇ ਬੈਂਡ ਦਿਵਾ ਕੇ ਇੰਮੀਗ੍ਰੇਸ਼ਨ ਦੇ ਖੇਤਰ ਵਿੱਚ ਵੀ ਉੱਚ ਸੇਵਾਵਾਂ ਪ੍ਰਦਾਨ ਕਰਵਾ ਰਹੀ ਹੈ, ਜਿਸ ਕਰਕੇ ਵਿਦਿਆਰਥੀ ਤੇ ਵਿਦੇਸ਼ ਘੁੰਮਣ ਜਾਵ ਦੇ ਚਾਹਵਾਨ ਆਏ ਦਿਨ ਆਪਣੇ ਵਿਦੇਸ਼ ਜਾਣ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੇ ਹਨ। ਇਸੇ ਕੜੀ ਤਹਿਤ ਇਸ ਵਾਰ ਸੰਸਥਾ ਨੇ ਅਰਮਾਨ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਰਣਸੀਂਹ ਕਲਾਂ (ਮੋਗਾ) ਦਾ ਆਸਟ੍ਰੇਲੀਆ ਦੇ ਨਾਮਵਰ ਵਿੱਦਿਅਕ ਅਦਾਰੇ ਆਸਟ੍ਰੇਲੀਅਨ ਸਕੂਲ ਆਫ ਅਕਾਊਂਟਿੰਗ ਦਾ ਸਟੱਡੀ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾਇਆ ਹੈ। ਇਸ ਮੌਕੇ ਸੰਸਥਾ ਦੇ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਦੱਸਿਆ ਕਿ ਇੰਗਲਿਸ਼ ਸਟੂਡੀਓ ਸੰਸਥਾ ਆਸਟ੍ਰੇਲੀਆ ਦੇ ਸਟੱਡੀ ਵੀਜ਼ੇ ਲਈ ਮੋਹਰੀ ਸੰਸਥਾ ਹੈ। ਇਸ ਮੌਕੇ ਉਨ੍ਹਾ ਨੇ ਵਿਦਿਆਰਥੀ ਨੂੰ ਆਸਟ੍ਰੇਲੀਆ ਸਟੱਡੀ ਵੀਜ਼ੇ ਦੀ ਕਾਪੀ ਸੌਂਪਦਿਆਂ ਵਧਾਈ ਦਿੱਤੀ ਤੇ ਉੱਜਵਲ ਭਵਿੱਖ ਲਈ ਕਾਮਨਾ ਕੀਤੀ।

## ਬਲੈਕਬਰਡ ਇੰਸਟੀਟਿਊਟ ਵਿਖੇ ਪ੍ਰਕਾਸ਼ ਦਿਹਾੜਾ ਮਨਾਇਆ



**ਮਾਨਸਾ (ਆਤਮਾ ਸਿੰਘ ਪਮਾਰ)**-ਮੁਰਦਘਾਟ ਰੋਡ ਮਾਨਸਾ ਵਿਖੇ ਚੱਲ ਰਹੇ ਪ੍ਰਸਿੱਧ ਆਈਲਟਸ ਸੈਂਟਰ ਵਿਖੇ ਸੰਚਾਲਕਾਂ ਤੇ ਵਿਦਿਆਰਥੀਆਂ ਵੱਲੋਂ ਸਾਂਝੇ ਤੌਰ 'ਤੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਆਗਮਨ ਪੁਰਬ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਪਵਿੱਤਰ ਬਾਣੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੇ ਭੋਗ ਪਾਏ ਗਏ। ਵੱਖ ਵੱਖ ਬੁਲਾਰਿਆਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਫਲਸਫੇ ਤੇ ਉਨ੍ਹਾਂ ਵੱਲੋਂ ਸਮੁੱਚੀ ਲੋਕਾਈ ਲਈ ਕੀਤੇ ਮਹਾਨ ਕਾਰਜਾਂ ਤੋਂ ਇਲਾਵਾ ਜੀਵਨ 'ਚ ਘਾਲੀਆਂ ਘਾਲਨਾਵਾਂ ਤੇ ਸਮਾਜ ਵਿੱਚ ਫੈਲੀਆਂ ਕਰੀਤੀਆਂ ਦਾ ਚੌਰਾਹੇ ਵਿੱਚ ਪਰਦਾਫਾਸ਼ ਕਰਨ ਵਰਗੀਆਂ ਉਨ੍ਹਾਂ ਦੀਆਂ ਨੂੰ ਲਿਖਤਾਂ ਨੂੰ ਯਾਦ ਕੀਤਾ ਗਿਆ। ਬੁਲਾਰਿਆਂ ਨੇ ਇਕੱਤਰ ਲੋਕਾਂ ਨੂੰ ਅਪੀਲ ਕੀਤੀ ਕਿ ਜੀਵਨ ਵਿੱਚ ਗੁਰੂ ਜੀ ਦੇ ਫਲਸਫੇ ਨੂੰ ਅਪਣਾ ਕੇ ਚੰਗੇ ਸਮਾਜ ਦੀ ਸਿਰਜਣਾ ਕੀਤੀ ਜਾਵੇ। ਸੰਸਥਾ ਦੇ ਸੰਚਾਲਕ ਸ਼ਿਵਮ ਗਰਗ ਨੇ ਦੱਸਿਆ ਕਿ ਇੰਸਟੀਚਿਊਟ ਵਿਖੇ ਗਰੀਬ ਵਿਦਿਆਰਥੀਆਂ ਦੀ ਟਿਊਸ਼ਨ ਫੀਸ ਆਮ ਵਿਦਿਆਰਥੀਆਂ ਨਾਲੋਂ ਘੱਟ ਵੀ ਕੀਤੀ ਜਾਂਦੀ ਹੈ ਤੇ ਇਥੋਂ ਤੱਕ ਕਿ ਵਿਸ਼ੇਸ਼ ਹਾਲਤਾਂ ਵਿੱਚ ਬਿਲਕੁਲ ਮੁਫਤ ਤਿਆਰੀ ਵੀ ਕਰਵਾਈ ਜਾਂਦੀ ਹੈ।

## ਡੀ ਏ ਵੀ ਸਕੂਲ 'ਚ ਐੱਨ ਸੀ ਸੀ ਦਿਵਸ ਮਨਾਇਆ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਡੀ.ਏ.ਵੀ. ਪਬਲਿਕ ਸਕੂਲ ਦੇ ਐੱਨ ਸੀ ਸੀ ਵਿਭਾਗ ਵੱਲੋਂ ਪ੍ਰਿੰਸੀਪਲ ਸੰਧਿਆ ਬਠਲਾ ਦੀ ਪ੍ਰਧਾਨਗੀ ਹੇਠ ਤੇ ਕਰਨਲ ਰਣਵੀਰ ਸਿੰਘ ਕਮਾਂਡਿੰਗ ਅਫਸਰ 6 ਪੰਜਾਬ ਗਰਲਜ਼ ਬਟਾਲੀਅਨ ਮਲੋਟ ਦੇ ਦਿਸ਼ਾ ਨਿਰਦੇਸ਼ਾਂ ਹੇਠ ਐੱਨ ਸੀ ਸੀ ਦਿਵਸ ਮਨਾਇਆ ਗਿਆ। ਇਸ ਮੌਕੇ ਐੱਨ ਸੀ ਸੀ ਏ ਐੱਨ ਓ ਮਨਪ੍ਰੀਤ ਕੌਰ ਨੇ ਕਿਹਾ ਕਿ ਐੱਨ ਸੀ ਸੀ ਭਾਰਤ ਵਿੱਚ ਵਿਸ਼ਵ ਦੀ ਸਭ ਤੋਂ ਵੱਡੀ ਯੁਵਾ ਸੰਸਥਾ ਹੈ, ਜਿਸ ਦੇ 12 ਲੱਖ ਤੋਂ ਵੱਧ ਕੈਡਿਟ ਹਨ। ਐੱਨ ਸੀ ਸੀ ਦਿਵਸ ਹਰ ਸਾਲ ਨਵੰਬਰ ਦੇ ਚੌਥੇ ਐਤਵਾਰ ਨੂੰ ਮਨਾਇਆ ਜਾਂਦਾ ਹੈ, ਕਿਉਂਕਿ ਉਸੇ ਦਿਨ 1947 ਵਿੱਚ ਦਿੱਲੀ 'ਚ ਪਹਿਲੀਆਂ ਇਕਾਈਆਂ ਦੀ ਸਥਾਪਨਾ ਹੋਈ ਸੀ। ਇਸ ਮੌਕੇ ਐੱਨ ਸੀ ਸੀ ਕੈਡਿਟਾਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਐੱਨ ਸੀ ਸੀ ਦਿਵਸ ਮੌਕੇ ਪੋਸਟਰ ਮੇਕਿੰਗ, ਕਵਿਤਾ, ਲੇਖ ਲਿਖਣ ਤੇ ਭਾਸ਼ਣ ਮੁਕਾਬਲੇ ਵੀ ਕਰਵਾਏ ਗਏ। ਪ੍ਰਿੰਸੀਪਲ ਸੰਧਿਆ ਬਠਲਾ ਨੇ ਕੈਡਿਟਾਂ ਤੇ ਏ ਐੱਨ ਓ ਮਨਪ੍ਰੀਤ ਕੌਰ ਤੇ ਸੀ ਟੀ ਓ ਰਮਨਪ੍ਰੀਤ ਕੌਰ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਐੱਨ ਸੀ ਸੀ ਦੇ ਅਜਿਹੇ ਉਪਰਾਲੇ ਨੌਜਵਾਨਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਦੇ ਹਨ ਤੇ ਇਸ ਦੇ ਨਾਲ ਹੀ ਐੱਨ ਸੀ ਸੀ ਵੱਲੋਂ ਨੌਜਵਾਨਾਂ ਨੂੰ ਸੇਧ ਦੇਣ ਦਾ ਕੰਮ ਵੀ ਕੀਤਾ ਜਾਂਦਾ ਹੈ। ਐੱਨ ਸੀ ਸੀ ਨੌਜਵਾਨਾਂ ਵਿੱਚ ਅਨੁਸ਼ਾਸਨ ਦੇ ਨਾਲ-ਨਾਲ ਲੀਡਰਸ਼ਿਪ, ਹਿੰਮਤ ਤੇ ਰਚਨਾਤਮਕਤਾ ਦੇ ਗੁਣ ਪੈਦਾ ਕਰਦੀ ਹੈ, ਜਿਸ ਕਾਰਨ ਅਸੀਂ ਜੀਵਨ ਤੇ ਸਮਾਜ ਵਿੱਚ ਆਉਣ ਵਾਲੀਆਂ ਸਮੱਸਿਆਵਾਂ ਦਾ ਸਾਹਮਣਾ ਕਰ ਕੇ ਉਨ੍ਹਾਂ ਨੂੰ ਦਲੇਰੀ ਨਾਲ ਹੱਲ ਕਰ ਸਕਦੇ ਹਾਂ।

## ਪ੍ਰਕਾਸ਼ ਪੁਰਬ 'ਤੇ ਪਾਠਾਂ ਦੀ ਲੜੀ ਦੇ ਭੋਗ ਪਾਏ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਮਾਛੀਵਾੜਾ ਮੇਨ ਬਜ਼ਾਰ ਵਿਖੇ ਸਥਿਤ ਗੁਰਦੁਆਰਾ ਸਿੰਘ ਸਭਾ ਵਿਖੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਮਾਤਾ ਹਰਦੇਈ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਵੱਲੋਂ ਇਸ ਪ੍ਰਕਾਸ਼ ਪੁਰਬ ਸਬੰਧੀ ਪਿਛਲੇ 40 ਦਿਨਾਂ ਤੋਂ ਸੁਖਮਨੀ ਸਾਹਿਬ ਪਾਠ ਕੀਤੇ ਜਾ ਰਹੇ ਹਨ ਤੇ ਅੱਜ ਇਸ ਪਵਿੱਤਰ ਦਿਹਾੜੇ 'ਤੇ ਭੋਗ ਪਾਏ ਗਏ। ਇਸ ਮੌਕੇ ਸ਼ਰਧਾਲੂ ਔਰਤਾਂ ਵੱਲੋਂ ਕੀਰਤਨ ਵੀ ਕੀਤਾ ਗਿਆ ਤੇ ਗੁਰੂ ਦੇ ਪਾਠੀ ਮਲਕੀਤ ਸਿੰਘ ਤੇ ਜਸਵਿੰਦਰ ਕੌਰ ਨੇ ਸੰਗਤ ਨੂੰ ਗੁਰੂ ਸਾਹਿਬ ਦੇ ਫਲਸਫ਼ੇ ਤੋਂ ਜਾਣੂ ਕਰਵਾਇਆ। ਆਈ ਸੰਗਤ ਲਈ ਅਟੁੱਟ ਲੰਗਰ ਵੀ ਵਰਤਾਇਆ ਗਿਆ।

## ਰਾਣਾ ਹਸਪਤਾਲ ਵਿਖੇ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਰਾਣਾ ਹਸਪਤਾਲ ਦੇ ਐੱਮ ਡੀ ਡਾ: ਹਿਤੇਂਦਰ ਸੂਰੀ ਦੀ ਰਹਿਨੁਮਾਈ ਹੇਠ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਵੇਰੇ ਦੀ ਅਰਦਾਸ ਨਾਲ ਮਨਾਇਆ ਗਿਆ। ਇਹ ਸਮਾਗਮ, ਜਿਸ ਵਿੱਚ ਸਮਰਪਤ ਸਟਾਫ ਮੈਂਬਰ ਮੌਜੂਦ ਸਨ, ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਆਸ਼ੀਰਵਾਦ ਪ੍ਰਾਪਤ ਕਰਨ ਲਈ ਪ੍ਰਤੀਬਿੰਬ ਤੇ ਸ਼ਰਧਾ ਦਾ ਮੌਕਾ ਸੀ। ਡਾ: ਹਿਤੇਂਦਰ ਸੂਰੀ ਨੇ ਕਿਹਾ, "ਗੁਰੂ ਨਾਨਕ ਦੇਵ ਜਯੰਤੀ ਆਤਮ-ਵਿਸ਼ਵਾਸ ਤੇ ਅਧਿਆਤਮਕ ਵਿਕਾਸ ਦਾ ਸਮਾਂ ਹੈ। ਰਾਣਾ ਹਸਪਤਾਲ ਵਿਖੇ ਅਸੀਂ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਅਪਣਾਉਂਦੇ ਹਾਂ ਅਤੇ ਇਹ ਅਰਦਾਸ ਏਕਤਾ ਤੇ ਸ਼ਰਧਾ ਨਾਲ ਦਿਨ ਦੀ ਸ਼ੁਰੂਆਤ ਕਰਨ ਦਾ ਇੱਕ ਸੁੰਦਰ ਤਰੀਕਾ ਸੀ।" ਇਸ ਮੌਕੇ ਡਾ. ਹਿਤੇਂਦਰ ਸੂਰੀ, ਡਾ. ਦੀਪਿਕਾ ਸੂਰੀ, ਕਰਣ ਗੁਪਤਾ, ਕੁਲਵਿੰਦਰ ਸਿੰਘ, ਬਲਜਿੰਦਰ ਸਰਮਾ, ਜਗਜੀਤ ਸਿੰਘ, ਗਗਨ, ਕੁਲਦੀਪ ਕੌਰ, ਹਰਮਿੰਦਰ ਸਿੰਘ, ਸੁਖਦੇਵ, ਤਨੂ, ਨੇਹਾ, ਅਕਵਿੰਦਰ ਮੌਜੂਦ ਸਨ।

## ਮੁਕਤੀਸਰ ਵੈੱਲਫੇਅਰ ਕਲੱਬ ਦੀ ਟੀਮ ਨੇ ਜ਼ਰੂਰਤਮੰਦ ਲੋਕਾਂ ਨੂੰ ਦਿੱਤੇ ਕੰਬਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਮੌਕੇ ਮੁਕਤੀਸਰ ਵੈੱਲਫੇਅਰ ਕਲੱਬ ਦੀ ਟੀਮ ਵੱਲੋਂ ਰਾਤ ਸਮੇਂ ਸੜਕਾਂ 'ਤੇ ਖੁੱਲ੍ਹੇ ਆਸਮਾਨ ਹੇਠਾਂ ਸੁੱਤੇ ਲੋੜਵੰਦ ਵਿਅਕਤੀਆਂ ਤੇ ਸਿਵਲ ਹਸਪਤਾਲ ਵਿੱਚ ਆਪਣਾ ਇਲਾਜ ਕਰਵਾ ਰਹੇ ਲੋਕਾਂ ਨੂੰ ਸਰਦੀ ਤੋਂ ਰਾਹਤ ਪ੍ਰਦਾਨ ਕਰਨ ਲਈ ਗਰਮ ਕੰਬਲ ਵੰਡੇ। ਇਸ ਮੌਕੇ ਜੋਗਿੰਦਰ ਸਿੰਘ, ਡਾ. ਵਿਜੈ ਬਜਾਜ, ਨਵਦੀਪ ਕੁਮਾਰ, ਜਸਵੰਤ ਸਿੰਘ, ਬਿਕਰਮਜੀਤ ਸਿੰਘ, ਸੁਨੀਲ ਕੁਮਾਰ, ਦੀਪਾਨਸ਼ੂ ਕੁਮਾਰ, ਰਾਹੁਲ ਕੁਮਾਰ ਆਦਿ ਹਾਜ਼ਰ ਸਨ। ਇਸ ਦੌਰਾਨ ਜਸਪ੍ਰੀਤ ਸਿੰਘ ਛਾਬੜਾ ਨੇ ਕਿਹਾ ਕਿ ਲੋਕਾਂ ਨੂੰ ਜ਼ਰੂਰਤਮੰਦ ਲੋਕਾਂ ਦੀ ਮਦਦ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਡੀ ਟੀਮ ਵੱਲੋਂ ਰਾਤ ਨੂੰ ਸੜਕਾਂ 'ਤੇ ਖੁੱਲ੍ਹੇ ਆਸਮਾਨ ਹੇਠਾਂ ਸਰਦੀ ਦੀਆਂ ਰਾਤਾਂ ਕੱਟਣ ਲਈ ਮਜਬੂਰ ਲੋਕਾਂ ਦੀ ਚਿੰਤਾ ਕਰਦੇ ਹੋਏ ਸੁਸਾਇਟੀ ਵੱਲੋਂ ਇਹ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਅਗਲੇ ਪ੍ਰੋਗਰਾਮ ਦੌਰਾਨ ਜਲਦੀ ਹੀ ਇਨ੍ਹਾਂ ਲਈ ਗਰਮ ਜ਼ੁਰਾਬਾ, ਟੋਪੀਆਂ, ਬੂਟ ਆਦਿ ਵੀ ਦਿੱਤੇ ਜਾਣਗੇ ਤਾਂ ਜੋ ਆਉਣ ਵਾਲੀ ਸਰਦ ਰੁੱਤ 'ਚ ਇਨ੍ਹਾਂ ਦਾ ਬਚਾਓ ਕੀਤਾ ਜਾ ਸਕੇ।

## ਪੰਜਾਬ ਕੌਨਵੈਂਟ ਸਕੂਲ ਵਿਖੇ ਪ੍ਰਕਾਸ਼ ਦਿਹਾੜਾ ਧੂਮਧਾਮ ਨਾਲ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਦੀ ਨਾਮਵਰ ਸੰਸਥਾ ਪੰਜਾਬ ਕੌਨਵੈਂਟ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਸਕੂਲ ਦੀ ਮੈਨੇਜਮੈਂਟ ਕਮੇਟੀ ਤੇ ਪ੍ਰਿੰਸੀਪਲ ਮੈਡਮ ਦੀ ਯੋਗ ਅਗਵਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮੇਂ ਸਕੂਲ ਦੇ ਕੁਝ ਬੱਚਿਆਂ ਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ ਗਈ ਤੇ ਇਸ ਤੋਂ ਇਲਾਵਾ ਕੁਝ ਬੱਚਿਆਂ ਦੁਆਰਾ ਧਾਰਮਿਕ ਸ਼ਬਦ ਤੇ ਗੀਤ ਪੇਸ਼ ਕੀਤੇ ਗਏ। ਇਸ ਸਮੇਂ ਪ੍ਰਿੰਸੀਪਲ ਮੈਡਮ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਜੀਵਨੀ ਤੇ ਸਿੱਖਿਆਵਾਂ ਨੂੰ ਬੱਚਿਆਂ ਦੇ ਨਾਲ ਸਾਂਝਾ ਕੀਤਾ ਗਿਆ ਅਤੇ ਉਨ੍ਹਾਂ ਨੂੰ ਨੇਕ ਕਮਾਈ ਕਰਨ ਤੇ ਸੱਚ ਦੇ ਰਾਹ 'ਤੇ ਚੱਲਣ ਦੀ ਪ੍ਰੇਰਣਾ ਦਿੱਤੀ ਗਈ। ਇਸ ਸਾਲ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਨੈਤਿਕ ਸਿੱਖਿਆ ਦਾ ਇਮਤਿਹਾਨ ਲਿਆ ਗਿਆ। ਇਸ ਦਿਨ ਪ੍ਰਿੰਸੀਪਲ ਤੇ ਮੈਨੇਜਮੈਂਟ ਕਮੇਟੀ ਵੱਲੋਂ ਬੱਚਿਆਂ ਨੂੰ ਚੰਗੇ ਨਤੀਜੇ ਪ੍ਰਾਪਤ ਕਰਨ ਲਈ ਸਨਮਾਨਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਆਰ ਕੇ ਗੁਪਤਾ, ਵਾਈਸ ਚੇਅਰਮੈਨ ਰਮਨ ਕੁਮਾਰ (ਰਿੰਪੀ ਮਿੱਤਲ), ਮੰਬਰ ਬਲਵਿੰਦਰ ਸਿੰਘ, ਪਰਮਜੀਤ ਸਿੰਘ, ਰਚਨਾ ਮਿੱਤਲ ਆਦਿ ਹਾਜ਼ਰ ਸਨ।

# ਗਾਇਕਾ ਅਸੀਸ ਕੌਰ ਦਾ ਧਾਰਮਿਕ ਗੀਤ 'ਸਿੰਘ ਸ਼ਹੀਦ ਬਾਬਾ ਜੀ ਦਾ ਜੈਕਾਰਾ' ਰਿਲੀਜ਼



**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**

ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਿਕ ਗੁ. ਸਿੰਘ ਸ਼ਹੀਦਾਂ ਸੋਹਾਣਾ ਦੀ ਪ੍ਰਬੰਧਕ ਕਮੇਟੀ ਵਲੋਂ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਨੂੰ ਸਮਰਪਿਤ ਗਾਇਕਾ ਅਸੀਸ ਕੌਰ ਦਾ ਧਾਰਮਿਕ ਗੀਤ 'ਸਿੰਘ ਸ਼ਹੀਦ ਬਾਬਾ ਜੀ ਦਾ ਜੈਕਾਰਾ' ਰਿਲਿਜ਼ ਕੀਤਾ ਗਿਆ।

ਇਸ ਧਾਰਮਿਕ ਗੀਤ ਦਾ ਲੇਖਣ, ਧੂੰਨ ਅਤੇ ਗਾਇਨ ਅਸੀਸ ਕੌਰ ਵੱਲੋਂ ਕੀਤਾ ਗਿਆ ਹੈ। ਗੀਤ ਦਾ ਸੰਗੀਤ ਮਿਸਟਰ ਡਾਪ ਵੱਲੋਂ ਦਿੱਤਾ ਗਿਆ ਹੈ ਅਤੇ ਇਸ ਗੀਤ ਦੇ ਵੀਡੀਓ ਡਾਇਰੈਕਟਰ ਬੌਬੀ ਬਾਜਵਾ ਹਨ। ਅਸੀਸ ਰਿਕਾਰਡਜ਼ ਵਲੋ ਰੀਲੀਜ਼ ਇਸ ਗੀਤ ਦੀ ਸ਼ੂਟਿੰਗ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਹੋਈ ਹੈ। ਇਸ ਗੀਤ ਦੇ ਪ੍ਰੋਡਿਊਸਰ ਅਤੇ ਪ੍ਰੇਰਣਾ ਸਰੋਤ ਉੱਘੇ ਸਮਾਜ ਸੇਵੀ ਸਰਵਜੀਤ ਸਿੰਘ ਹਨ। ਇਸ ਗੀਤ ਵਿੱਚ ਉੱਘੇ ਅਦਾਕਾਰ ਅੰਮ੍ਰਿਤਪਾਲ ਸਿੰਘ ਬਿੱਲਾ ਅਤੇ ਸੁਖਬੀਰ ਕੌਰ ਨੇ ਆਪਣੀ ਅਦਾਕਾਰੀ ਨੂੰ ਬਾਖੂਬੀ ਢੰਗ ਨਾਲ ਨਿਭਾਇਆ ਹੈ। ਇਸ ਗੀਤ ਦੀ ਪ੍ਰੋਡਕਸ਼ਨ ਧੀਰਜ ਰਾਜਪੂਤ ਨੇ ਕੀਤੀ ਹੈ। ਇਸ ਗੀਤ ਦੇ ਕਾਸਟਿਊਮ ਡੀਜ਼ਾਇਨ ਉੱਘੀ ਡਿਜ਼ਾਇਨਰ ਗੁਨੀਤ ਕੌਰ ਵੱਲੋਂ ਕੀਤੇ ਗਏ ਹਨ। ਇਸ ਗੀਤ ਵਿੱਚ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦਾ ਜੈਕਾਰਾ ਲਗਾਉਣ ਨਾਲ ਸਾਰੇ ਕਾਰਜ ਰਾਸ ਆਉਣ ਅਤੇ ਹਰ ਮੈਦਾਨ ਫਤਿਹ ਹੋਣ ਬਾਰੇ ਬਹੁਤ ਹੀ ਸੁੰਦਰ ਢੰਗ ਨਾਲ ਦਰਸਾਇਆ ਗਿਆ ਹੈ। ਇਹ ਗੀਤ ਯੂ-ਟਿਊਬ ਲਿੰਕ ਅਸੀਸ ਰਿਕਾਰਡਜ਼' ਤੇ ਦੇਖਿਆ ਜਾ ਸਕਦਾ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਅਸੀਸ ਕੌਰ ਵੱਲੋਂ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸਤਿਕਾਰ ਵਿੱਚ ਧਾਰਮਿਕ ਗੀਤ 'ਸਿੰਘ ਸ਼ਹੀਦਾਂ ਦਾ ਡੇਰਾ','ਥੋੜਾ ਸੋਹਣਾ ਹੈ ਦਰਬਾ", 'ਪਿਆਰ ਬੇਸ਼ੁਮਾਰ','ਪਾਵਨ ਸਿੰਘ ਸ਼ਹੀਦਾਂ ਦਾ ਅਸਥਾਨ', 'ਹੰਸਾਲੀ ਵਾਲੇ ਸੰਤਾਂ ਦੇ ਬੱਚਨ' ਤੋਂ ਇਲਾਵਾ ਗੁਰੂ ਸਾਹਿਬਾਨ ਅਤੇ ਸਾਹਿਬਜ਼ਾਦਿਆਂ ਦੀ ਉਪਮਾ ਵਿੱਚ ਗਾਏ ਗੀਤਾਂ ਨੂੰ ਸੰਗਤਾਂ ਵਲੋਂ ਬਹੁਤ ਪਿਆਰ ਅਤੇ ਸਤਿਕਾਰ ਦਿੱਤਾ ਗਿਆ ਹੈ। ਵਰਨਣਯੋਗ ਹੈ ਕਿ ਅਸੀਸ ਕੌਰ ਨੂੰ ਸਮਾਜ ਦੀਆਂ ਵੱਡੀਆਂ ਅਤੇ ਸਨਮਾਨਯੋਗ ਸਮਾਜਿਕ ਜਥੇਬੰਦੀਆਂ ਅਤੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀਆਂ ਸਮਾਜਿਕ ਸੇਵਾਵਾਂ ਲਈ ਕਈ ਵਾਰ ਸਨਮਾਨਿਤ ਕੀਤਾ ਗਿਆ ਹੈ। ਇਸ ਮੌਕੇ ਤੇ ਅਸੀਸ ਕੌਰ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਅੱਜ ਉਹ ਜਿਸ ਮੁਕਾਮ 'ਤੇ ਹੈ ਉਹ ਉਸ ਨੂੰ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਇਸ ਸ਼ਹੀਦੀ ਅਸਥਾਨ ਦੀ ਬਦੌਲਤ ਹੀ ਪ੍ਰਾਪਤ ਹੋਇਆ ਹੈ। ਉਨਾਂ ਕਿਹਾ ਕਿ ਭਵਿੱਖ ਵਿੱਚ ਵੀ ਉਹ ਇਸੇ ਤਰ੍ਹਾਂ ਹੀ ਆਪਣੇ ਧਾਰਮਿਕ ਗੀਤਾਂ ਰਾਹੀਂ ਸੰਗਤ ਅਤੇ ਨੌਜਵਾਨ ਪੀੜ੍ਹੀ ਨੂੰ ਸ਼ਾਂਤੀ, ਅਮਨ ਅਤੇ ਰੱਬੀ ਪਿਆਰ ਦਾ ਸੰਦੇਸ਼ ਦਿੰਦੀ ਰਹੇਗੀ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ 'ਚ ਪ੍ਰਕਾਸ਼ ਪੁਰਬ ਸੰਬੰਧੀ ਸਮਾਗਮ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਹਫਤਾ ਭਰ ਚੱਲੇ ਸਮਾਗਮ ਅੱਜ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਸੰਪੰਨ ਹੋਏ। ਸਮਾਗਮ ਦੀ ਸ਼ੁਰੂਆਤ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਵੱਲੋਂ 18 ਨਵੰਬਰ ਨੂੰ ਸਫਾਈ ਮੁਹਿੰਮ ਨਾਲ ਕੀਤੀ ਗਈ। ਗੁਰੂ ਨਾਨਕ ਦੇਵ ਜੀ ਦੇ ਜੀਵਨ, ਸਿੱਖਿਆਵਾਂ ਅਤੇ ਯਾਤਰਾਵਾਂ ਤੇ ਪੋਸਟਰ ਮੇਕਿੰਗ ਅਤੇ ਸਲੋਗਨ ਲਿਖਣ ਮੁਕਾਬਲੇ, 'ਅਜੋਕੇ ਸਮੇਂ ਵਿੱਚ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਦੀ ਸਾਰਥਕਤਾ' ਵਿਸ਼ੇ 'ਤੇ ਭਾਸ਼ਣ ਮੁਕਾਬਲੇ ਅਤੇ ਵਿਅਕਤੀਗਤ ਸ਼ਬਦ ਗਾਇਣ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਦੇ ਜੇਤੂਆਂ ਨੂੰ ਸਰਟੀਫਿਕੇਟ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਯੂਨੀਵਰਸਿਟੀ ਵੱਲੋਂ ਚਿੱਤਰ ਪ੍ਰਦਰਸ਼ਨੀ, ਮੁਫ਼ਤ ਫਿਜ਼ੀਓਥੈਰੇਪੀ ਅਤੇ ਖੂਨਦਾਨ ਕੈਂਪ ਵੀ ਲਗਾਇਆ ਗਿਆ। ਸਮਾਗਮ ਦੀ ਸਮਾਪਤੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦੇ ਭੋਗ ਨਾਲ ਹੋਈ, ਉਪਰੰਤ ਸੰਗੀਤ ਵਿਭਾਗ ਦੇ ਸਟਾਫ ਅਤੇ ਵਿਦਿਆਰਥੀਆਂ ਵਲੋਂ ਕੀਰਤਨ ਦਰਬਾਰ ਸਜਾਇਆ ਗਿਆ। ਇਸ ਸਮਾਗਮ ਦੇ ਮੁੱਖ ਵਕਤਾ ਸੁਖਵਿੰਦਰ ਸਿੰਘ ਰਟੋਲ ਸਨ। ਉਨ੍ਹਾ ਗੁਰੂ ਨਾਨਕ ਸਾਹਿਬ ਦੇ ਇਤਿਹਾਸ ਅਤੇ ਫਲਸਫੇ 'ਤੇ ਵਿਚਾਰ ਵਟਾਂਦਰਾ ਕੀਤਾ। ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਪ੍ਰੋ. (ਡਾ.) ਅਜਾਇਬ ਸਿੰਘ ਬਰਾੜ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫਲਸਫੇ ਬਾਰੇ ਵਿਚਾਰ ਸਾਂਝੇ ਕੀਤੇ।

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਸਿਧਾਂਤਾਂ ਨੂੰ ਆਪਣੇ ਜੀਵਨ 'ਚ ਧਾਰਨ ਕਰਨ ਲਈ ਪ੍ਰੇਰਿਤ ਕੀਤਾ। ਵਾਈਸ ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਵਿਦਿਆਰਥੀਆਂ ਅਤੇ ਫੈਕਲਟੀ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਸਿੱਖਿਆਵਾਂ ਤੋਂ ਸੇਧ ਅਤੇ ਨੈਤਿਕ ਮਜ਼ਬੂਤੀ ਲੈਣ ਲਈ ਪ੍ਰੇਰਿਤ ਕੀਤਾ। ਪ੍ਰੋ. (ਡਾ.) ਐਸ.ਐਸ.ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ। ਇਹ ਸਮਾਗਮ ਯੂਨੀਵਰਸਿਟੀ ਦੇ ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਵਿਭਾਗਾਂ ਦੇ ਮੁਖੀ, ਫੈਕਲਟੀ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## ਲੋਹਗੜ੍ਹ 'ਚ ਸ਼ਰਧਾ ਭਾਵਨਾ ਨਾਲ ਮਨਾਇਆ ਪ੍ਰਕਾਸ਼ ਪੁਰਬ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਗੁਰਦੁਆਰਾ ਹਵੇਲੀ ਸਾਹਿਬ ਲੋਹਗੜ੍ਹ ਵਿਖੇ ਸੰਤ ਗੁਰਚਰਨ ਸਿੰਘ ਦੀ ਅਗਵਾਈ ਹੇਠ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਬਾਬਾ ਨਛੱਤਰ ਸਿੰਘ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ। ਸੰਗਤਾਂ ਨੂੰ ਕਿਰਤ ਕਰੋ, ਨਾਮ ਜਪੋ, ਵੰਡ ਛਕੋ ਦਾ ਸ਼ੰਦੇਸ਼ ਦੇ ਕੇ ਆਪਸੀ ਭਾਈਚਾਰਕ ਸਾਂਝ ਮਜ਼ਬੂਤ ਬਣਾਉਣ ਦੀ ਅਪੀਲ ਕੀਤੀ। ਪ੍ਰਬੰਧਕਾਂ ਵਲੋਂ ਸਾਹ ਦਮੇ ਦੇ 300 ਮਰੀਜ਼ਾਂ ਨੂੰ ਮੁਫਤ ਦੇਸੀ ਦਵਾਈ ਖੀਰ ਖੁਆਈ ਗਈ। ਇਸ ਮੌਕੇ ਆਪ ਆਗੂ ਕੁਲਵੰਤ ਸਿੰਘ ਲੋਹਗੜ੍ਹ, ਮਹੰਤ ਚਮਕੌਰ ਸਿੰਘ, ਸਰਪੰਚ ਦਿਲਬਾਗ ਸਿੰਘ, ਹਰਨੇਕ ਸਿੰਘ ਇੰਗਲੈਂਡ ਵਾਲੇ, ਜਗਰੂਪ ਸਿੰਘ ਫੌਜੀ, ਡਾ. ਸੁਰਜੀਤ ਸਿੰਘ, ਦਲਵੀਰ ਸਿੰਘ, ਅਮਰਜੀਤ ਸਿੰਘ ਹੈਪੀ, ਅਵਤਾਰ ਸਿੰਘ ਤਾਰੀ, ਨਰਿੰਦਰ ਪਾਲ ਸਿੰਘ, ਗਿਆਨੀ ਗੁਰਵਿੰਦਰ ਸਿੰਘ, ਸੁਖਦੇਵ ਸਿੰਘ ਫੌਜੀ, ਜਗਰੂਪ ਸਿੰਘ ਰੂਪਾ ਆਦਿ ਹਾਜ਼ਰ ਸਨ।

## ਝਗੜੇ ਵਾਲੀ ਥਾਂ ਦਾ ਜਾਇਜ਼ਾ ਲੈਣ ਪਹੁੰਚੇ ਡੀ ਐੱਸ ਪੀ



**ਗੁਰੂ ਹਰਸਹਾਏ (ਦੀਪਕ ਵਧਾਵਨ)**-ਨਜ਼ਦੀਕੀ ਪਿੰਡ ਬੰਦੀਵਾਲਾ ਦਾਖਲੀ ਮੋਹਨਕੇ ਉਤਾੜ ਵਿਖੇ ਚੱਲ ਰਹੇ ਦੋ ਧਿਰਾਂ ਦੇ ਵਿਵਾਦ ਨੂੰ ਸੁਲਝਾਉਣ ਲਈ ਡੀ ਐੱਸ ਪੀ ਬਲਕਾਰ ਸਿੰਘ ਸੰਧੂ ਖੁਦ ਮੌਕੇ ਦਾ ਜਾਇਜ਼ਾ ਲੈਣ ਲਈ ਪਿੰਡ ਵਿੱਚ ਪੁੱਜੇ ਤੇ ਉਨ੍ਹਾਂ ਨੇ ਆਂਢ ਗੁਆਂਢ ਤੋਂ ਬਰੀਕੀ ਨਾਲ ਪੁੱਛ-ਗਿੱਛ ਕੀਤੀ ਤੇ ਮੌਕੇ ਨੂੰ ਦੇਖਿਆ। ਇਸ ਮੌਕੇ ਥਾਣਾ ਮੁਖੀ ਇੰਸਪੈਕਟਰ ਜਸਵਿੰਦਰ ਸਿੰਘ ਬਰਾੜ ਵੀ ਉਨ੍ਹਾਂ ਦੇ ਨਾਲ ਸਨ। ਡੀ ਐੱਸ ਪੀ ਬਲਕਾਰ ਸਿੰਘ ਸੰਧੂ ਨੇ ਦੱਸਿਆ ਕਿ ਆਪਣੀ ਦੁਨੀਆ ਭਗਤ ਸਿੰਘ ਰਾਜ ਦਰਬਾਰ ਦੇ ਸੂਬਾ ਕਨਵੀਨਰ ਲਾਲੀ ਜੀਵਾਅਰਾਈਂ ਵੱਲੋਂ ਕਈ ਵਾਰ ਉਕਤ ਜਗ੍ਹਾ ਸੰਬੰਧੀ ਇਨਸਾਫ ਦੀ ਮੰਗ ਕੀਤੀ ਗਈ ਸੀ ਅਤੇ ਗੁਆਂਢੀ ਧਿਰ 'ਤੇ ਲੜਾਈ ਝਗੜਾ ਕਰਨ ਦੇ ਇਲਜ਼ਾਮ ਲਗਾਏ ਜਾ ਰਹੇ ਸਨ। ਲਾਲੀ ਦਾ ਆਪਣੇ ਗੁਆਂਢਿਆਂ ਉੱਪਰ ਦੋਸ਼ ਸੀ ਕਿ ਸਾਡੀ ਮਾਲਕੀ ਵਾਲੀ ਘਰੇਲੂ ਜਗ੍ਹਾ ਉੱਪਰ ਗੁਆਂਢੀਆਂ ਵੱਲੋਂ ਕਈ ਵਾਰ ਭੰਨ-ਤੋੜ ਕੀਤੀ ਗਈ ਹੈ ਤੇ ਸਾਡੇ ਸੱਟਾਂ ਵੀ ਮਾਰੀਆਂ ਗਈਆਂ ਹਨ, ਪਰ ਦੂਜੇ ਪਾਸੇ ਗੁਆਂਢੀ ਧਿਰ ਇਨ੍ਹਾਂ ਇਲਜ਼ਾਮਾਂ ਨੂੰ ਇੱਕ ਡਰਾਮਾ ਦੱਸ ਰਹੀ ਹੈ। ਡੀ ਐੱਸ ਪੀ ਬਲਕਾਰ ਸਿੰਘ ਸੰਧੂ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਲਈ ਅੱਜ ਪਿੰਡ ਖੁਦ ਜਾ ਕੇ ਮੌਕਾ ਦੇਖਿਆ ਹੈ ਤੇ ਪੁੱਛਗਿੱਛ ਵੀ ਕੀਤੀ ਹੈ ਅਤੇ ਦੋਨਾਂ ਧਿਰਾਂ ਨੂੰ ਆਪਣੇ ਕਾਗਜ਼ਾਤ ਲਿਆ ਕੇ ਦਿਖਾਉਣ ਲਈ ਬੁੱਧਵਾਰ ਦਾ ਸਮਾਂ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਉਸ ਤੋਂ ਬਾਅਦ ਹੀ ਸਾਰੀ ਕਹਾਣੀ ਸਮਝ ਆ ਸਕੇਗੀ ਤੇ ਸਹੀ ਜਾਂਚ ਪੜਤਾਲ ਹੋ ਸਕੇਗੀ। ਡੀ ਐੱਸ ਪੀ ਸੰਧੂ ਨੇ ਕਿਹਾ ਕਿ ਸੱਚੀ ਧਿਰ ਨੂੰ ਇਨਸਾਫ ਜ਼ਰੂਰ ਦਿੱਤਾ ਜਾਵੇਗਾ।

## ਮਹਿਲ ਖੁਰਦ 'ਚ ਨਗਰ ਕੀਰਤਨ ਸਜਾਇਆ



**ਮਹਿਲ ਕਲਾਂ (ਅਵਤਾਰ ਸਿੰਘ ਅਣਖੀ)**-ਪਿੰਡ ਮਹਿਲ ਖੁਰਦ ਵਿਖੇ ਪਹਿਲੇ ਪਾਤਿਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ। ਇਸ ਮੌਕੇ ਸਮੂਹ ਸੰਗਤਾਂ ਨੇ ਹਰ ਪੜਾਅ ਉਪਰ ਭਰਵਾਂ ਸਵਾਗਤ ਕਰਦਿਆਂ ਪੰਜ ਪਿਆਰੇ ਸਾਹਿਬਾਨ, ਵੱਖ ਵੱਖ ਸ਼ਖਸੀਅਤਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਅਤੇ ਸੰਗਤਾਂ ਲਈ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ। ਹਜ਼ੂਰੀ ਰਾਗੀ ਜਥੇ ਨੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਕਮੇਟੀ ਦੇ ਆਗੂਆਂ ਨੇ ਪ੍ਰਕਾਸ਼ ਪੁਰਬ ਦੀਆਂ ਸੰਗਤਾਂ ਨੂੰ ਵਧਾਈ ਦਿੰਦਿਆ ਗੁਰੂ ਸਾਹਿਬਾਨ ਦੇ ਉਦੇਸ਼ਾਂ ਅਨੁਸਾਰ ਜੀਵਨ ਜਿਊਣ ਦੀ ਅਪੀਲ ਕਰਦਿਆ ਸਹਿਯੋਗ ਲਈ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਸਿੱਧ ਢਾਡੀ ਜਥੇਦਾਰ ਸਾਧੂ ਸਿੰਘ ਠੁੱਲੀਵਾਲ, ਭਾਈ ਸੁਰਿੰਦਰ ਸਿੰਘ ਸਹੌਰ ਦੀ ਅਗਵਾਈ ਹੇਠ ਬੀਬੀਆਂ ਦੇ ਢਾਡੀ ਜਥੇ ਨੇ ਗੁਰਇਤਿਹਾਸ ਸੁਣਾਇਆ।

## ਸੁਲਤਾਨਪੁਰ ਲੋਧੀ ਦੇ ਗੁਰੂ ਘਰ 'ਚ ਚੱਲੀ ਗੋਲੀ ਦੀ ਘਟਨਾ ਬੇਹੱਦ ਮੰਦਭਾਗੀ : ਹਨੀ ਫੱਤਣਵਾਲਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੁਲਤਾਨਪੁਰ ਲੋਧੀ ਦੇ ਗੁਰਦੁਆਰਾ ਸਾਹਿਬ ਵਿੱਚ ਚੱਲੀ ਗੋਲੀ ਦੀ ਇਹ ਘਟਨਾ ਬੇਹੱਦ ਮੰਦਭਾਗੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਸ ਸਾਰੀ ਘਟਨਾ ਦੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜ਼ਿੰਮੇਵਾਰ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਦੇ ਅੰਦਰ ਗੋਲੀ ਚੱਲ ਨਹੀਂ ਸਕਦੀ ਤੇ ਮੁੱਖ ਮੰਤਰੀ ਇਸ ਮਾਮਲੇ ਵਿੱਚ ਆਪਣੀ ਜ਼ਿੰਮੇਵਾਰੀ ਤੋਂ ਭੱਜ ਰਹੇ ਹਨ। ਉਨ੍ਹਾਂ ਕਿਹਾ ਕਿ ਹਾਜ਼ਰ ਸੰਗਤਾਂ ਉਪਰ 100 ਤੋਂ ਵੱਧ ਗੋਲੀਆਂ ਚਲਾਈਆਂ ਗਈਆਂ ਹਨ ਤੇ ਇਹ ਘਟਨਾ ਬੇਹੱਦ ਮੰਦਭਾਗੀ ਹੈ। ਹਨੀ ਫੱਤਣਵਾਲਾ ਨੇ ਕਿਹਾ ਕਿ ਇਸ ਮਾਮਲੇ ਵਿੱਚ ਪੁਲਸ ਦੀ ਭੂਮਿਕਾ ਠੀਕ ਨਹੀਂ ਸੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਚਾਹੀਦਾ ਸੀ ਕਿ ਦੋਹਾਂ ਉਹ ਦੋਨੋਂ ਧਿਰਾਂ ਨੂੰ ਬਿਠਾ ਕੇ ਮਸਲੇ ਦਾ ਹੱਲ ਕਰ ਸਕਦੀ ਸੀ, ਪ੍ਰੰਤੂ ਪੁਲਸ ਨੇ ਮਰਿਆਦਾ ਨੂੰ ਭੰਗ ਕੀਤਾ ਹੈ। ਹਨੀ ਫੱਤਣਵਾਲਾ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਦੀ ਮਰਿਆਦਾ ਅੱਖੋਂ ਪਰੋਖੇ ਕਰਕੇ ਦਖਲ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਪੱਧਰ 'ਤੇ ਫੇਲ੍ਹ ਹੋ ਰਹੀ ਹੈ ਤੇ ਸਰਕਾਰ ਕਾਨੂੰਨ ਵਿਵਸਥਾ ਨੂੰ ਸੰਭਾਲਣ ਵਿੱਚ ਬਿਲਕੁਲ ਸੰਜੀਦਗੀ ਨਹੀਂ ਦਿਖਾ ਰਹੀ। ਹਨੀ ਫੱਤਣਵਾਲਾ ਨੇ ਕਿਹਾ ਕਿ ਮੁੱਖ ਮੰਤਰੀ ਗ੍ਰਹਿ ਮੰਤਰੀ ਹੁੰਦਿਆਂ ਪੁਲਸ ਪ੍ਰਸ਼ਾਸਨ ਵੱਲੋਂ ਗੁਰਦੁਆਰਾ ਸਾਹਿਬ ਵਿੱਚ ਦਖਲ ਤੇ ਮਰਿਆਦਾ ਦੀ ਉਲੰਘਣਾ ਲਈ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੈ।

## ਕਿਡਜ਼ੀ ਤੇ ਮਾਊਂਟ ਲਿਟਰਾ ਜ਼ੀ ਸਕੂਲ ਵੱਲੋਂ ਗੁਰਪੁਰਬ ਦੀਆਂ ਵਧਾਈਆਂ

**ਬਾਘਾਪੁਰਾਣਾ (ਮਨੀ ਸਿੰਗਲਾ)**-ਕਿਡਜ਼ੀ ਅਤੇ ਮਾਊਂਟ ਲਿਟਰਾ ਜ਼ੀ ਸਕੂਲ ਵੱਲੋਂ ਗੁਰਪੁਰਬ ਬੜੇ ਹੀ ਮਾਣ, ਸਤਿਕਾਰ ਨਾਲ ਮਨਾਇਆ ਗਿਆ। ਸ਼ੁਰੂਆਤ ਅਰਦਾਸ ਨਾਲ ਕੀਤੀ ਗਈ। ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਜਾਣਕਾਰੀ ਦਿੱਤੀ। ਸਾਰੇ ਵਿਦਿਆਰਥੀਆਂ ਨੂੰ ਗੁਰਦੁਆਰਾ ਸਾਹਿਬ ਲਿਜਾ ਕੇ ਮੱਥਾ ਟਿਕਵਾਇਆ ਅਤੇ ਪਹਿਲੀ ਪੌੜੀ ਦਾ ਪਾਠ ਕਰਵਾਇਆ। ਇਸ ਤੋਂ ਬਾਅਦ ਸਭ ਨੂੰ ਪ੍ਰਸ਼ਾਦ ਵੰਡਿਆ ਗਿਆ। ਸਕੂਲ ਦੇ ਪ੍ਰਿੰਸੀਪਲ ਗੁਰਦੇਵ ਸਿੰਘ ਨੇ ਗੁਰਪੁਰਬ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਡਾਇਰੈਕਟਰ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਮਾਰਗ ਅਤੇ ਸਿਧਾਂਤਾਂ 'ਤੇ ਚੱਲਣ ਲਈ ਕਿਹਾ। ਸੈਂਟਰ ਹੈੱਡ ਮੈਡਮ ਪਰਮਿੰਦਰ ਕੌਰ ਅਤੇ ਕੋ ਆਰਡੀਨੇਟਰ ਸ਼ਿਵਾਨੀ ਸ਼ਰਮਾ ਨੇ ਵੀ ਵਿਚਾਰ ਰੱਖੇ। ਹਾਈ ਸਕੂਲ ਕੋ ਆਰਡੀਨੇਟਰ ਮੁਕੇਸ਼ ਅਰੋੜਾ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਇਸ ਪਵਿੱਤਰ ਤਿਉਹਾਰ 'ਤੇ ਵਧਾਈਆਂ ਦਿੱਤੀਆਂ।

## ਨਿਰਮਲ ਸਿੰਘ ਗੁਰਦੁਆਰਾ ਬਾਬਾ ਵਿਸ਼ਵਕਰਮਾ ਕਮੇਟੀ ਦੇ ਪ੍ਰਧਾਨ ਨਿਯੁਕਤ



**ਭਗਤਾ ਭਾਈ ਕਾ (ਰਾਜੀਵ ਗੋਇਲ)**-ਸਥਾਨਿਕ ਸ਼ਹਿਰ ਦੀ ਹੀਰੋ ਇੰਡਸਟਰੀ ਦੇ ਮਾਲਿਕ ਨਿਰਮਲ ਸਿੰਘ ਹੁੰਜਨ ਨੂੰ ਗੁਰਦੁਆਰਾ ਬਾਬਾ ਵਿਸ਼ਵਕਰਮਾ ਕਮੇਟੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਕਮੇਟੀ ਦੇ ਖਜ਼ਾਨਚੀ ਚਰਨਜੀਤ ਸਿੰਘ, ਦਰਸ਼ਨ ਸਿੰਘ ਭਾਈਕਾ ਨੂੰ ਸਲਾਹਕਾਰ, ਦਵਿੰਦਰ ਸਿੰਘ ਮਠਾੜੂ ਨੂੰ ਸੈਕਟਰੀ ਤੇ ਰਛਪਾਲ ਸਿੰਘ ਨਿੱਕਾ ਨੂੰ ਕਮੇਟੀ ਮੈਂਬਰ ਨਾਮਜ਼ਦ ਕੀਤਾ ਗਿਆ ਹੈ ਇਸ ਮੌਕੇ ਗੱਲਬਾਤ ਕਰਦੇ ਹੋਏ ਪ੍ਰਧਾਨ ਨਿਰਮਲ ਸਿੰਘ ਨੇ ਜਿੱਥੇ ਸਮੂਹ ਸੰਗਤ ਦਾ ਧੰਨਵਾਦ ਕੀਤਾ, ਉੱਥੇ ਹੀ ਸੰਗਤ ਵੱਲੋਂ ਦਿੱਤੀ ਗਈ ਜ਼ੁੰਮੇਵਾਰੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ ਦਾ ਵਚਨ ਵੀ ਦਿੱਤਾ।

## ਸੀਨੀਅਰ ਸਿਟੀਜਨ ਵੈੱਲਫੇਅਰ ਸੁਸਾਇਟੀ ਦੀ ਮੀਟਿੰਗ



**ਜਲਾਲਾਬਾਦ (ਜੀਤ ਕੁਮਾਰ)**-ਸੀਨੀਅਰ ਸਿਟੀਜਨ ਵੈੱਲਫੇਅਰ ਸੁਸਾਇਟੀ ਦੀ ਮਹੀਨਾਵਾਰ ਮੀਟਿੰਗ ਕਵਿੰਦਰ ਭਠੇਜਾ ਦੀ ਪ੍ਰਧਾਨਗੀ ਹੇਠ ਸਥਾਨਕ ਆਰਿਆ ਸਮਾਜ ਮੰਦਰ ਵਿਖੇ ਹੋਈ। ਇਸ ਮੀਟਿਗ ਦੀ ਕਾਰਵਾਈ ਜਾਰੀ ਕਰਦੇ ਹੋਏ ਜਨਰਲ ਸਕੱਤਰ ਦੇਵ ਰਾਜ ਸ਼ਰਮਾ ਨੇ ਸਾਰੇ ਸਾਥਿਆਂ ਨੂੰ ਜੀ ਆਇਆਂ ਕਿਹਾ ਅਤੇ ਇਸ ਦੇ ਬਾਅਦ ਕਸ਼ਮੀਰ ਸਿੰਘ ਚਾਵਲਾ, ਰਾਜ ਕੁਮਾਰ ਕੁਮਾਰ, ਰਤਨ ਲਾਲ ਸ਼ਰਮਾ ਤੇ ਜਸ ਰਾਜ ਭਠੇਜਾ ਦਾ ਨਵੰਬਰ ਮਹੀਨੇ ਜਨਮ ਦਿਨ ਕੇਕ ਕੱਟ ਕੇ ਮਨਾਇਆ ਗਿਆ। ਮੀਟਿੰਗ ਵਿੱਚ ਸੀਨੀਅਰ ਸਿਟੀਜਨ ਵੈੱਲਫੇਅਰ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਮਾਨਵਤਾ ਭਲਾਈ ਦੇ ਕੰਮਾਂ ਬਾਰੇ ਵਿਚਾਰ ਚਰਚਾ ਕੀਤੀ ਗਈ ਤੇ ਨਸ਼ਿਆਂ ਖਿਲਾਫ ਵੱਧ ਤੋਂ ਵੱਧ ਸਕੂਲਾਂ ਤੇ ਕਾਲਜਾਂ ਵਿੱਚ ਸੈਮੀਨਾਰ ਲਗਾਉਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਪ੍ਰਧਾਨ ਕਵਿੰਦਰ ਭਠੇਜਾ, ਰਮੇਸ਼ ਕੁਮਾਰ ਵਧਵਾ, ਦੇਵ ਰਾਜ ਸ਼ਰਮਾ, ਜਸ ਰਾਜ ਭਠੇਜਾ, ਰਤਨ ਲਾਲ ਸ਼ਰਮਾ, ਜਸ ਰਾਜ ਕਾਠਪਾਲ, ਕੇਦਾਰ ਨਾਥ ਨਾਗਪਾਲ, ਹਰੀ ਚੰਦ ਪੋਪਲੀ, ਗੁਰਬਚਨ ਸਿੰਘ ਮਦਾਨ, ਕ੍ਰਿਸ਼ਨ ਲਾਲ ਗਗਨੇਜਾ, ਐੱਸ. ਐੱਸ. ਦਾਬੜਾ, ਪ੍ਰੇਮ ਕੁਮਾਰ, ਮਾ. ਹਰਕ੍ਰਿਸ਼ਨ ਮੁਟਨੇਜਾ, ਡਾ. ਤਿਲਕ ਰਾਜ ਕੁਮਾਰ ਆਦਿ ਮੌਜੂਦ ਸਨ।

# ਇਲਜ਼ਾਮ ਦਾ ਸਬੂਤ ਦਿਉ, ਮੈਂ ਜਾਂਚ ਲਈ ਤਿਆਰ ਹਾਂ : ਬੈਂਸ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੰਗਲਵਾਰ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਕਾਂਗਰਸ ਪਾਰਟੀ ਦੇ ਇਕ ਵਿਧਾਇਕ ਵੱਲੋਂ ਉਨ੍ਹਾਂ 'ਤੇ ਵੱਖ ਵੱਖ ਯੂਨੀਅਨਾਂ ਦੇ ਆਗੂਆਂ ਨੂੰ ਨਾ ਮਿਲਣ ਅਤੇ ਮਾਈਨਿੰਗ ਸੰਬੰਧੀ ਲਗਾਏ ਦੋਸ਼ਾਂ ਨੂੰ ਸਿਰੇ ਤੋਂ ਨਕਾਰ ਦਿੱਤਾ। ਉਨ੍ਹਾ ਵਿਰੋਧੀ ਧਿਰ ਦੇ ਵਿਧਾਇਕ ਵੱਲੋਂ ਲਗਾਏ ਦੋਸ਼ਾਂ ਨੂੰ ਮੁੱਢੋਂ ਰੱਦ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਨੇ ਕਾਲਜ ਅਧਿਆਪਕਾਂ ਦੀ ਭਰਤੀ ਲਈ ਜੋ ਮੁਹਿੰਮ ਆਰੰਭੀ ਗਈ ਸੀ ਉਸ ਸੰਬੰਧੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਵਾਈਸ ਚਾਂਸਲਰ ਵੱਲੋਂ ਅਸਹਿਮਤੀ ਨੋਟ ਲਿਖ ਕੇ ਭਰਤੀ ਪ੍ਰਕਿਰਿਆ ਰੋਕਣ ਲਈ ਕਿਹਾ ਸੀ। ਬੈਂਸ ਨੇ ਦੱਸਿਆ ਕਿ ਇਸ ਦੇ ਬਾਵਜੂਦ ਕਾਂਗਰਸ ਸਰਕਾਰ ਨੇ ਇਹ ਭਰਤੀ ਪ੍ਰਕਿਰਿਆ ਨਿਯਮਾਂ ਦੇ ਉਲਟ ਜਾ ਕੇ ਕੀਤੀ ਜਿਸ ਨੂੰ ਹਾਈਕੋਰਟ ਨੇ ਰੱਦ ਕਰ ਦਿੱਤਾ। ਆਪਣੇ ਆਰਡਰ ਵਿਚ ਹਾਈ ਕੋਰਟ ਵੱਲੋਂ ਕਿਹਾ ਗਿਆ ਸੀ ਕਿ ਸਾਨੂੰ ਪਤਾ ਹੈ ਕੋਰਟ ਦੇ ਫੈਸਲੇ ਨਾਲ ਬਹੁਤ ਸਾਰੀਆਂ ਜ਼ਿੰਦਗੀਆਂ ਪ੍ਰਭਾਵਤ ਹੋਣਗੀਆਂ ਪਰ ਇਸ ਭਰਤੀ ਵਿਚ ਬਹੁਤ ਸਾਰੀਆਂ ਲੀਗਲ ਅੜਚਨਾਂ ਹਨ ਜਿਸ ਕਾਰਨ ਅਸੀਂ ਇਹ ਭਰਤੀ ਰੱਦ ਕਰ ਰਹੇ ਹਾਂ। ਇਸ ਲਈ ਇਹ ਭਰਤੀ ਰੱਦ ਹੋਣ ਲਈ ਕਾਂਗਰਸ ਸਰਕਾਰ ਪੂਰੀ ਤਰ੍ਹਾਂ ਜ਼ਿੰਮੇਵਾਰ ਸੀ। ਮਾਈਨਿੰਗ ਸੰਬੰਧੀ ਲਗਾਏ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਬੈਂਸ ਨੇ ਕਿਹਾ ਜੇਕਰ ਕੋਈ ਵਿਅਕਤੀ ਮੇਰੇ ਜਾਂ ਮੇਰੇ ਪਰਵਾਰ ਦੇ ਮਾਈਨਿੰਗ 'ਚ ਸ਼ਾਮਲ ਹੋਣ ਸੰਬੰਧੀ ਸਬੂਤ ਦੇ ਦੇਵੇ ਤਾਂ ਮੈਂ ਹਰ ਤਰ੍ਹਾਂ ਦੀ ਜਾਂਚ ਦਾ ਸਾਹਮਣਾ ਕਰਨਾ ਲਈ ਤਿਆਰ ਹਾਂ। ਉਨ੍ਹਾ ਕਿਹਾ ਕਿ ਚਾਹੇ ਮੇਰਾ ਨਾਰਕੋ ਟੈਸਟ ਕਰਵਾ ਲਿਆ ਜਾਵੇ। ਉਨ੍ਹਾ ਕਿਹਾ ਕਿ ਜਦੋਂ ਮੈਂ ਖਣਿਜ ਪਦਾਰਥਾਂ ਦਾ ਮੰਤਰੀ ਸੀ ਤਾਂ ਸਾਡੇ ਸੂਬੇ ਨੇ ਸਭ ਤੋਂ ਵੱਧ ਰੈਵਿਨਿਊ ਹਾਸਲ ਕੀਤਾ ਸੀ। ਗੈਰ ਕਾਨੂੰਨੀ ਮਾਈਨਿੰਗ ਵਿਚ ਸ਼ਾਮਲ ਰਹੇ ਰਾਕੇਸ਼ ਚੌਧਰੀ ਨੂੰ ਵੀ ਅਸੀਂ ਗ੍ਰਿਫਤਾਰ ਕੀਤਾ। ਉਨ੍ਹਾ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਬਲੈਕਮੇਲ ਕਰਨ ਵਾਲੇ ਇਕ ਵਕੀਲ ਨੂੰ ਨਾਲ ਬਿਠਾ ਕੇ ਪ੍ਰੈਸ ਕਾਨਫਰੰਸ ਕਰਕੇ ਲੋਕਾਂ ਨੂੰ ਮੂਰਖ ਬਣਾਉਣ ਦਾ ਯਤਨ ਕਰ ਰਹੇ ਹਨ। ਬੈਂਸ ਨੇ ਕਿਹਾ ਕਿ ਮੇਰਾ ਹਲਕੇ ਵਿੱਚ ਮਾਈਨਿੰਗ ਕਾਰਨ ਦਿਨੋ ਦਿਨ ਪਾਣੀ ਡੂੰਘਾ ਹੋ ਰਿਹਾ ਹੈ, ਇਸ ਲਈ ਅਸੀਂ ਤਾਂ ਚਾਹੁੰਦੇ ਹਾਂ ਕਿ ਮਾਈਨਿੰਗ ਪੂਰੀ ਤਰ੍ਹਾਂ ਬੰਦ ਕਰ ਦੇਣੀ ਚਾਹੀਦੀ ਹੈ।

## ...ਸ.ਫ਼ਾ 1 ਦੇ ਬਾਕੀ

### ਮੋਦੀ ਸਰਕਾਰ ਦਾ ਵੱਸ ਚੱਲੇ ਤਾਂ ...

ਸਲੂਕ ਕੀਤਾ ਜਾ ਰਿਹਾ ਹੈ, ਜਿਵੇਂ ਪੰਜਾਬ ਇਸ ਦੇਸ਼ ਦਾ ਹੀ ਹਿੱਸਾ ਨਹੀਂ ਹੈ ਅਤੇ ਦੇਸ਼ ਨਿਰਮਾਣ ਵਿੱਚ ਪੰਜਾਬੀਆਂ ਦੇ ਮਹਾਨ ਬਲੀਦਾਨ ਨੂੰ ਵੀ ਨਜ਼ਰ-ਅੰਦਾਜ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਹੱਕਾਂ ਨੂੰ ਬਿਲਕੁੱਲ ਅੱਖੋਂ-ਪਰੋਖੇ ਕੀਤਾ ਜਾ ਰਿਹਾ ਹੈ ਅਤੇ ਵਿਰੋਧੀ ਸਰਕਾਰਾਂ ਵਾਲੇ ਸੂਬਿਆਂ ਖ਼ਾਸ ਤੌਰ ਉਤੇ ਪੰਜਾਬ ਦੀ ਬਾਂਹ ਮਰੋੜਨ ਲਈ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਮਾਨ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਕੇਂਦਰ ਸਰਕਾਰ ਕੋਲੋਂ ਝਾਕ ਰੱਖਣੀ ਬੰਦ ਕਰਨ ਅਤੇ ਪੰਜਾਬ ਦੀ ਅਮੀਰ ਵਿਰਾਸਤ, ਵਿੱਤ ਤੇ ਰਵਾਇਤ ਨੂੰ ਬਚਾਉਣ ਲਈ ਅੱਗੇ ਆਉਣ ਤੇ ਰੰਗਲਾ ਪੰਜਾਬ ਬਣਾਉਣ ਦੇ ਲੰਮੇਰੇ ਰਾਹ ਦੇ ਪਾਂਧੀ ਬਣਨ।

ਮੁੱਖ ਮੰਤਰੀ ਨੇ ਕਿਹਾ ਕਿ ਜਿਹੜਾ ਜੀ.ਐਸ.ਟੀ. ਬਿੱਲ ਅੱਜ ਸਦਨ ਵਿੱਚ ਪੇਸ਼ ਕੀਤਾ ਗਿਆ ਹੈ, ਉਹ ਉਤਪਾਦਕ ਰਾਜ ਨੂੰ ਟੈਕਸ ਲਾਭ ਮਿਲਣੇ ਯਕੀਨੀ ਬਣਾਏਗਾ, ਜਿਸ ਨਾਲ ਸੂਬਾ ਆਪਣੇ ਸਰੋਤਾਂ ਦੀ ਵਰਤੋਂ ਵਸਤ ਨਿਰਮਾਣ ਲਈ ਕਰ ਸਕੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਵੈਟ ਦੇ ਡਿਫਾਲਟਰਾਂ ਲਈ ਯਕਮੁਸ਼ਤ ਨਿਬੇੜਾ ਸਕੀਮ (ਓ.ਟੀ.ਐਸ.) ਦੀ ਵੀ ਸ਼ੁਰੂਆਤ ਕੀਤੀ, ਜਿਸ ਦਾ ਸੂਬੇ ਭਰ ਦੇ 65 ਹਜ਼ਾਰ ਤੋਂ ਵੱਧ ਵਪਾਰੀਆਂ ਨੂੰ ਲਾਭ ਮਿਲਿਆ। ਮਾਨ ਨੇ ਕਿਹਾ ਕਿ ਇਸ ਸਕੀਮ ਨੂੰ ਆਮ ਜਨਤਾ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ ਇਸ ਸਕੀਮ ਤਹਿਤ ਸੂਬਾ ਸਰਕਾਰ ਨੂੰ ਹੁਣ ਤੱਕ 1800 ਅਰਜ਼ੀਆਂ ਮਿਲੀਆਂ।

ਉਨ੍ਹਾ ਕਿਹਾ ਕਿ ਸੂਬਾ ਸਰਕਾਰ ਫ਼ਰਜ਼ੀ ਬਿਲਿੰਗ ਨੂੰ ਰੋਕਣ ਲਈ ਜੀ.ਐਸ.ਟੀ. ਕੁਲੈਕਸ਼ਨ ਵਿੱਚ ਆਰਟੀਫਿਸ਼ਲ ਇੰਟੈਲੀਜੈਂਸ ਲਿਆ ਰਹੀ ਹੈ। ਉਨ੍ਹਾਂ ਕਿਹਾ ਕਿ ਮਾਲ, ਸਿਹਤ, ਖੇਤੀਬਾੜੀ, ਲੋਕ ਨਿਰਮਾਣ ਵਿਭਾਗ ਤੇ ਹੋਰ ਵਿਭਾਗਾਂ ਵਿੱਚ ਆਰਟੀਫਿਸ਼ਲ ਇੰਟੈਲੀਜੈਂਸ ਦੀ ਵਰਤੋਂ ਕੀਤੀ ਜਾ ਰਹੀ ਹੈ। ਇਸ ਤਕਨੀਕ ਦੇ ਲਾਭਾਂ ਦਾ ਹਵਾਲਾ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਦੀ ਵਰਤੋਂ ਨਾਲ ਸੜਕਾਂ ਦੀ ਮੁਰੰਮਤ ਦੇ ਅੰਦਾਜ਼ੇ ਲਾਉਂਦਿਆਂ 163.26 ਕਰੋੜ ਰੁਪਏ ਦੀ ਬੱਚਤ ਹੋਈ ਅਤੇ 540 ਕਿਲੋਮੀਟਰ ਅਜਿਹੀਆਂ ਸੜਕਾਂ ਦਾ ਵੀ ਪਤਾ ਚੱਲਿਆ, ਜਿਹੜੀਆਂ ਹੋਂਦ ਵਿੱਚ ਹੀ ਨਹੀਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਤੋਂ ਟੈਕਸ ਦੇ ਰੂਪ ਵਿੱਚ ਇਕੱਤਰ ਪੈਸੇ ਦੀ ਵਰਤੋਂ ਸੂਬਾ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਉਤੇ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦਾ ਪੈਸਾ, ਉਨ੍ਹਾਂ ਨੂੰ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕਾਂ ਵਿੱਚ ਮੁਫ਼ਤ ਦਵਾਈਆਂ, ਮੁਫ਼ਤ ਸਿੱਖਿਆ ਅਤੇ ਹੋਰ ਸਹੂਲਤਾਂ ਉਤੇ ਖ਼ਰਚਿਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਕੋਲ ਫੰਡਾਂ ਦੀ ਕੋਈ ਘਾਟ ਨਹੀਂ ਹੈ ਅਤੇ ਖ਼ਜ਼ਾਨੇ ਦਾ ਇਕ-ਇਕ ਪੈਸਾ ਆਮ ਲੋਕਾਂ ਦੀ ਭਲਾਈ ਉਤੇ ਖ਼ਰਚਿਆ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਵਿਧਾਨ ਸਭਾ ਸੈਸ਼ਨਾਂ ਬਾਰੇ ਸੁਪਰੀਮ ਕੋਰਟ ਦੇ ਫੈਸਲੇ ਨੇ ਦੇਸ਼ ਦੀ ਸਿਆਸਤ ਵਿੱਚ ਇਕ ਨਵਾਂ ਕੀਰਤੀਮਾਨ ਸਥਾਪਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਫੈਸਲੇ ਨੇ ਅਜਿਹੇ ਮਾਮਲਿਆਂ ਨਾਲ ਨਜਿੱਠਣ ਬਾਰੇ ਸਮੁੱਚੇ ਦੇਸ਼ ਲਈ ਇਕ ਮਿਸਾਲ ਕਾਇਮ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਜਿੱਤ ਜਾਂ ਹਾਰ ਦਾ ਮਸਲਾ ਨਹੀਂ, ਸਗੋਂ ਪੰਜਾਬ ਸਰਕਾਰ ਨੇ ਲੋਕਾਂ ਦੇ ਹਿੱਤ ਅਤੇ ਜਮਹੂਰੀਅਤ ਲਈ ਇਹ ਲੜਾਈ ਲੜੀ। ਉਨ੍ਹਾ ਨੇ ਵਿਧਾਨ ਸਭਾ ਸੈਸ਼ਨਾਂ ਦੀ ਮਨਜ਼ੂਰੀ ਦੇਣ ਅਤੇ ਆਪਣੀਆਂ ਚਿੱਠੀਆਂ ਦਾ ਤੁਰੰਤ ਜਵਾਬ ਦੇਣ ਲਈ ਰਾਜਪਾਲ ਦਾ ਧੰਨਵਾਦ ਕੀਤਾ। ਉਨ੍ਹਾਂ ਉਮੀਦ ਜਤਾਈ ਕਿ ਰਾਜਪਾਲ ਜਲਦੀ ਬਕਾਇਆ ਬਿੱਲਾਂ ਦੇ ਨਾਲ-ਨਾਲ ਨਵੇਂ ਬਿੱਲਾਂ ਨੂੰ ਵੀ ਮਨਜ਼ੂਰੀ ਦੇਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਤੇ ਰਾਜਪਾਲ ਵਿਚਾਲੇ ਕਿਸੇ ਵੀ ਮਸਲੇ ਉਤੇ ਕੋਈ ਮਤਭੇਦ ਨਹੀਂ ਹੈ।

## ਯੁਵਕ ਸੇਵਾਵਾਂ ਵਿਭਾਗ ਨੇ ਪੇਂਡੂ ਯੁਵਕ ਕਲੱਬਾਂ ਵੱਲੋਂ ਗਤੀਵਿਧੀਆਂ ਦੀ ਮੰਗੀ ਰਿਪੋਰਟ

**ਲੁਧਿਆਣਾ (ਜੱਸਦੀਪ ਵਰਤੀਆਂ)**- ਪੰਜਾਬ ਸਰਕਾਰ ਯੁਵਕ ਸੇਵਾਵਾਂ ਵਿਭਾਗ, ਪੰਜਾਬ ਵੱਲੋਂ ਵਿਭਾਗ ਨਾਲ ਐਫੀਲੀਏਟਡ ਯੁਵਕ ਕਲੱਬਾਂ ਨੂੰ ਉਨ੍ਹਾਂ ਵੱਲੋਂ ਪਿਛਲੇ 2 ਸਾਲਾਂ ਤੋਂ ਆਪਣੇ ਪਿੰਡਾਂ ਵਿੱਚ ਪਿੰਡ ਦੀ ਭਲਾਈ, ਯੁਵਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਖੂਨਦਾਨ, ਪਿੰਡ ਵਿੱਚ ਪੌਦੇ ਲਗਾਉਣ, ਮੈਡੀਕਲ ਕੈਂਪ, ਸਮਾਜ ਸੇਵਾ ਸਬੰਧੀ ਕੀਤੀਆਂ ਗਈਆਂ ਗਤੀਵਿਧੀਆਂ ਦੇ ਆਧਾਰ 'ਤੇ ਵਿੱਤੀ ਸਹਾਇਤਾ ਦੇਣ ਲਈ 4 ਦਸੰਬਰ ਤੱਕ ਜ਼ਿਲ੍ਹੇ ਭਰ ਵਿੱਚੋਂ ਗਤੀਵਿਧੀਆਂ ਦੀ ਫਾਈਲਾਂ ਦੀ ਮੰਗ ਕੀਤੀ ਗਈ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਕਮਿਸ਼ਨਰ ਸੁਰਭੀ ਮਲਿਕ ਨੇ ਦੱਸਿਆ ਕਿ ਯੁਵਕ ਕਲੱਬਾਂ ਵੱਲੋਂ ਆਪਣੀਆਂ ਫਾਈਲਾਂ ਵਿੱਚ ਰਿਪੋਰਟ ਦੇ ਨਾਲ ਕਲੱਬਾਂ ਵੱਲੋਂ ਕੀਤੀਆਂ ਗਈਆਂ ਗਤੀਵਿਧੀਆਂ ਦੀਆਂ ਫੋਟੋਆਂ ਅਤੇ ਅਖਬਾਰਾਂ ਦੀਆਂ ਕਾਤਰਾਂ ਨੱਥੀ ਕੀਤੀਆਂ ਜਾਣ ਤਾਂ ਜੋ ਜ਼ਿਲ੍ਹੇ ਭਰ ਵਿੱਚੋਂ ਵਧੀਆ ਕਾਰਗੁਜ਼ਾਰੀ ਕਰਨ ਵਾਲੀਆਂ ਕਲੱਬਾਂ ਦੀ ਚੋਣ ਕਰਕੇ ਉਨ੍ਹਾਂ ਨੂੰ ਖੇਡਾਂ ਦੇ ਸਮਾਨ, ਯੁਵਕ ਗਤੀਵਿਧੀਆਂ ਲਈ ਵਿੱਤੀ ਸਹਾਇਤਾ ਗ੍ਰਾਂਟ ਜਾਰੀ ਕੀਤੀ ਜਾ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਵਿੱਚੋਂ ਯੋਗ (ਕੇਵਲ ਯੁਵਕ ਸੇਵਾਵਾਂ ਵਿਭਾਗ ਨਾਲ ਰਜਿਸਟਰਡ) ਯੁਵਕ ਕਲੱਬਾਂ ਦੀ ਚੋਣ ਜ਼ਿਲ੍ਹਾ ਪੱਧਰ 'ਤੇ ਬਣਾਈ ਗਈ ਕਮੇਟੀ ਵੱਲੋਂ ਕੀਤੀ ਜਾਵੇਗੀ। ਯੁਵਕ ਕਲੱਬਾਂ ਵੱਲੋਂ ਇਹ ਫਾਈਲਾਂ ਦਫਤਰ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ, ਕਮਰਾ ਨੰ: 309 ਅਤੇ 313, ਦੂਸਰੀ ਮੰਜ਼ਿਲ, ਡੀ.ਸੀ. ਆਫਿਸ, ਲੁਧਿਆਣਾ ਵਿਖੇ ਜਮ੍ਹਾਂ ਕਰਵਾਈਆਂ ਜਾ ਸਕਦੀਆਂ ਹਨ। ਵਧੇਰੇ ਜਾਣਕਾਰੀ ਲਈ ਮੋਬਾਇਲ 98554-01443 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

## ਵਿਧਾਇਕ ਬੱਗਾ ਵੱਲੋਂ ਸੜਕ ਨਿਰਮਾਣ ਕਾਰਜਾਂ ਦਾ ਉਦਘਾਟਨ



**ਲੁਧਿਆਣਾ (ਜੱਸਦੀਪ ਵਰਤੀਆਂ)**-ਵਿਧਾਨ ਸਭਾ ਹਲਕਾ ਉੱਤਰੀ ਦੇ ਵਾਰਡ ਨੰਬਰ 95 ਸੜਕਾਂ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਹਲਕਾ ਵਿਧਾਇਕ ਮਦਨ ਲਾਲ ਬੱਗਾ ਨੇ ਇਲਾਕਾ ਨਿਵਾਸੀਆਂ ਦੀ ਹਾਜ਼ਰੀ ਵਿੱਚ ਕੀਤਾ। ਇਸ ਪ੍ਰੋਜੈਕਟ 'ਤੇ ਕਰੀਬ 60 ਲੱਖ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾ ਇਲਾਕਾ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਵਿਕਾਸ ਲਈ 24 ਘੰਟੇ ਉਨ੍ਹਾਂ ਦੀ ਟੀਮ ਨਾਲ ਸੰਪਰਕ ਕਰਕੇ ਲਿਖਤੀ ਜਾਂ ਫ਼ੋਨ ਰਾਹੀਂ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਆਪਣੇ ਚੋਣ ਵਾਅਦੇ ਨੂੰ ਯਾਦ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਸ਼ਿਕਾਇਤਾਂ ਦਾ ਇੰਤਜ਼ਾਰ ਕੀਤੇ ਬਿਨਾਂ ਹੀ ਵਿਧਾਇਕ ਜਨਤਾ ਦੇ ਦੁਆਰ ਪ੍ਰੋਗਰਾਮ ਤਹਿਤ ਬਿਨਾਂ ਕਿਸੇ ਸ਼ਿਕਾਇਤ ਦੇ ਆਪਣੇ ਤੌਰ 'ਤੇ ਨੋਟਿਸ ਲੈ ਕੇ ਹਰ ਸਮੱਸਿਆ ਦਾ ਹੱਲ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਵਿਧਾਇਕ ਬੱਗਾ ਨੇ ਕਿਹਾ ਕਿ ਪਿਛਲੀਆਂ ਚੋਣਾਂ ਵਿੱਚ ਜਨਤਾ ਨੇ ਇੱਕ ਵਾਰ ਝਾੜੂ ਦਾ ਬਟਨ ਦਬਾ ਕੇ ਉਨ੍ਹਾਂ ਨੂੰ ਵਿਧਾਇਕ ਬਣਾਇਆ ਤੇ ਉਹ ਹਰ ਰੋਜ਼ ਵਿਕਾਸ ਦੇ ਤਿੰਨ-ਤਿੰਨ ਬਟਨ ਦਬਾ ਕੇ ਜਨਤਾ ਵਲੋਂ ਦਿੱਤੇ ਪਿਆਰ ਦਾ ਮੁੱਲ ਮੋੜ ਰਹੇ ਹਨ।

## ਖੁੰਬਾਂ ਦੀ ਕਾਸ਼ਤ ਸੰਬੰਧੀ ਟਰੇਨਿੰਗ ਕੈਂਪ 30 ਤੋਂ

**ਐਸ.ਏ.ਐਸ.ਨਗਰ (ਗੁਰਜੀਤ ਬਿੱਲਾ)**-ਜ਼ਿਲ੍ਹਾ ਐਸ ਏ ਐਸ ਨਗਰ ਵਿੱਚ ਖੁੰਬਾਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ, ਆਈ.ਏ.ਐਸ ਦੀ ਪ੍ਰੇਰਨਾ ਅਤੇ ਡਾ. ਗੁਰਮੇਲ ਸਿੰਘ ਮੁੱਖ ਖੇਤੀਬਾੜੀ ਅਫਸਰ, ਐਸ.ਏ.ਐਸ ਨਗਰ ਦੀ ਯੋਗ ਅਗਵਾਈ ਹੇਠ ਆਤਮਾ ਸਕੀਮ ਅਧੀਨ ਕ੍ਰਿਸ਼ੀ ਵਿਗਿਆਨ ਕੇਂਦਰ ਕੁਰਾਲੀ ਅਤੇ ਬਾਗਬਾਨੀ ਵਿਭਾਗ ਜ਼ਿਲ੍ਹਾ ਐਸ.ਏ.ਐਸ ਨਗਰ ਵੱਲੋਂ 5 ਦਿਨਾਂ ਦੀ ਟਰੇਨਿੰਗ 30-11-2023 ਤੋਂ 06-12-2023 ਤੱਕ ਮੁੱਖ ਖੇਤੀਬਾੜੀ ਅਫਸਰ ਦੇ ਦਫਤਰ , ਚੌਥੀ ਮੰਜ਼ਲ , ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76 ਐਸ.ਏ.ਐਸ ਨਗਰ ਵਿਖੇ ਲਗਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਗਦੀਸ਼ ਸਿੰਘ ਕਾਹਮਾ, ਡਿਪਟੀ ਡਾਇਰੈਕਟਰ ਬਾਗਬਾਨੀ , ਐਸ.ਏ.ਐਸ ਨਗਰ ਨੇ ਦੱਸੀਆ ਕਿ ਇਸ ਟਰੇਨਿੰਗ ਕੈਂਪ ਵਿੱਚ ਹਾਜਰ ਹੋਣ ਵਾਲੇ ਕਿਸਾਨਾਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਇੰਸਦਾਨਾਂ ਵੱਲੋਂ ਖੁੰਬਾਂ ਦੀ ਕਾਸ਼ਤ ਸਬੰਧੀ ਵਿਸਥਾਰਪੂਰਵਕ ਟਰੇਨਿੰਗ ਦਿੱਤੀ ਜਾਵੇਗੀ ਅਤੇ ਟਰੇਨਿੰਗ ਵਿੱਚ ਭਾਗ ਲੈਣ ਵਾਲੇ ਕਿਸਾਨਾਂ ਦੀ ਐਕਸਪੋਜ਼ਰ ਵਿਜ਼ਿਟ ਵੀ ਕਰਵਾਈ ਜਾਵੇਗੀ। ਉਨ੍ਹਾਂ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਇਸ ਟਰੇਨਿੰਗ ਵਿੱਚ ਭਾਗ ਲੈਣ ਦੀ ਅਪੀਲ ਕੀਤੀ ਤਾਂ ਜੋ ਖੇਤੀ ਦੇ ਨਾਲ ਹੋਰ ਸਹਾਇਕ ਧੰਦਿਆਂ ਨੂੰ ਉਤਸ਼ਾਹਿਤ ਕੀਤਾ ਜਾ ਸਕੇ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋ ਸਕੇ। ਜਿਹੜੇ ਕਿਸਾਨ ਇਸ ਟਰੇਨਿੰਗ ਕੈਂਪ ਵਿੱਚ ਭਾਗ ਲੈਣਾ ਚਾਹੁੰਦੇ ਹਨ, ਉਹ ਆਪਣੇ ਨਾਲ ਆਪਣਾ ਆਧਾਰ ਕਾਰਡ ਲੈਕੇ ਮਿਤੀ 30-11-2023 ਨੂੰ ਸਵੇਰੇ 10:30 ਵੱਜੇ ਮੁੱਖ ਖੇਤੀਬਾੜੀ ਅਫਸਰ , ਐਸ.ਏ.ਐਸ ਨਗਰ ਦੇ ਦਫਤਰ ਵਿਖੇ ਪੁੱਜਣ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਵਪਾਰਕ ਲੋੜਾਂ ਲਈ ਖੇਤੀ ਤੇ ਡੇਅਰੀ ਉਤਪਾਦਾਂ ਦੀ ਜਾਂਚ ਲਈ ਨਮੂਨੇ ਹੁਣ ਅੰਮ੍ਰਿਤਸਰ ਹੀ ਦਿੱਤੇ ਜਾ ਸਕਣਗੇ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**

ਅੰਮ੍ਰਿਤਸਰ ਦੇ ਕਾਰੋਬਾਰੀ ਅਤੇ ਕਿਸਾਨਾਂ ਦੀਆਂ ਲੋੜਾਂ ਲਈ ਖੇਤੀ ਅਤੇ ਡੇਅਰੀ ਉਤਪਾਦਾਂ ਦੇ ਮਿਆਰ ਦੀ ਜਾਂਚ ਕਰਨ ਲਈ ਹੁਣ ਮੁਹਾਲੀ ਜਾਂ ਦੂਰ ਦੇ ਸ਼ਹਿਰਾਂ ਵਿੱਚ ਜਾਣ ਦੀ ਲੋੜ ਨਹੀਂ ਬਲਕਿ ਇਸ ਲਈ ਨਮੂਨੇ ਅੰਮ੍ਰਿਤਸਰ ਵਿੱਚ ਹੀ ਦਿੱਤੇ ਜਾ ਸਕਣਗੇ। ਅੱਜ ਮੁਹਾਲੀ ਸਥਿਤ ਪੰਜਾਬ ਬਾਇਓਟੈਕਨਾਲੋਜੀ ਇਨਕੂਬੇਟਰ ਨੇ ਖੇਤੀ ਭਵਨ ਅੰਮ੍ਰਿਤਸਰ ਵਿਖੇ ਆਪਣਾ ਨਮੂਨਾ ਸੰਗ੍ਰਹਿ ਖੋਲ੍ਹ ਦਿੱਤਾ ਹੈ। ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਇਸ ਸੈਂਟਰ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਜਸਵਿੰਦਰ ਸਿੰਘ ਰਮਦਾਸ, ਵਿਧਾਇਕ ਡਾ. ਅਜੈ ਗੁਪਤਾ, ਪੰਜਾਬ ਐਗਰੀ ਐਕਸਪੋਰਟ ਕੌਂਸਲ ਦੇ ਜਨਰਲ ਮੈਨੇਜਰ ਰਣਧੀਰ ਸਿੰਘ, ਪੰਜਾਬ ਬਾਇਓਟੈਕਨਾਲੋਜੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਡਾ. ਅਜੀਤ ਦੂਆ, ਖੇਤੀ ਅਧਿਕਾਰੀ ਡਾ. ਜਤਿੰਦਰ ਸਿੰਘ ਗਿੱਲ ਅਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।



ਇਸ ਮੌਕੇ ਸੰਬੋਧਨ ਕਰਦੇ ਡਿਪਟੀ ਕਮਿਸ਼ਨਰ ਸ੍ਰੀ ਥੋਰੀ ਨੇ ਦੱਸਿਆ ਕਿ ਖੇਤੀ ਵਪਾਰ ਦੀਆਂ ਸੀਮਾਵਾਂ ਅਥਾਹ ਹਨ ਅਤੇ ਇਹ ਸੀਮਾਵਾਂ ਤੱਕ ਪਹੁੰਚਣ ਲਈ ਸਾਡੇ ਕਾਰੋਬਾਰੀਆਂ ਨੂੰ ਨਿਰਯਾਤ ਕੀਤੇ ਜਾਣ ਵਾਲੇ ਪਦਾਰਥਾਂ ਦੇ ਜ਼ਰੂਰੀ ਟੈਸਟਾਂ ਦੀ ਲੋੜ ਪੈਂਦੀ ਹੈ ਜਿਸਨੂੰ ਇਹ ਸੈਂਟਰ ਪੂਰਾ ਕਰੇਗਾ। ਉਨ੍ਹਾਂ ਕਿਹਾ ਕਿ ਉਦਾਹਰਨ ਵਜੋਂ ਅੰਮ੍ਰਿਤਸਰ ਵਿੱਚ ਪੈਦਾ ਹੋਣ ਵਾਲੀ ਬਾਸਮਤੀ, ਆਲੂ, ਸ਼ਹਿਦ ਅਤੇ ਹੋਰ ਖੇਤੀ ਪਦਾਰਥ ਜਦੋਂ ਵੀ ਬਾਹਰ ਭੇਜੇ ਜਾਂਦੇ ਹਨ ਤਾਂ ਉਨਾਂ ਦੇਸ਼ਾਂ ਦੀ ਲੋੜ ਅਨੁਸਾਰ ਇਨਾਂ ਪਦਾਰਥਾਂ ਨੂੰ ਕਈ ਟੈਸਟਾਂ ਵਿਚੋਂ ਗੁਜਰਨਾ ਪੈਂਦਾ ਹੈ। ਪਹਿਲਾਂ ਸਾਡੇ ਐਕਸਪੋਰਟਰਾਂ ਨੂੰ ਇਹ ਟੈਸਟ ਕਰਵਾਉਣ ਲਈ ਦਿੱਲੀ ਜਾਂ ਦੂਰ ਦੇ ਸ਼ਹਿਰਾਂ ਵਿੱਚ ਜਾਣਾ ਪੈਂਦਾ ਸੀ ਜਿਸ ਨਾਲ ਸਮਾਂ ਅਤੇ ਖਰਚਾ ਦੋਵੇਂ ਲਗਦੇ ਸਨ, ਪਰ ਹੁਣ ਤੁਸੀਂ ਇਸ ਸੈਂਟਰ ਵਿੱਚ ਆਪਣੇ ਪਦਾਰਥਾਂ ਦਾ ਨਮੂਨਾ ਦੇ ਕੇ ਰਿਪੋਰਟ ਪ੍ਰਾਪਤ ਕਰ ਸਕੋਗੇ। ਉਨ੍ਹਾਂ ਨੇ ਕਈ ਉਦਾਹਰਨਾਂ ਦੇ ਕੇ ਸਮਝਾਇਆ ਕਿ ਕਿਸ ਤਰ੍ਹਾਂ ਬਿਨਾਂ ਟੈਸਟਿੰਗ ਤੋਂ ਭੇਜੇ ਗਏ ਖਾਦ ਪਦਾਰਥ ਵਿਦੇਸ਼ਾਂ ਤੋਂ ਰੱਦ ਹੋਣ ਕਾਰਨ ਕਾਰੋਬਾਰੀਆਂ ਲਈ ਵੱਡੇ ਘਾਟੇ ਦਾ ਸੌਦਾ ਬਣਦੇ ਰਹੇ। ਥੋਰੀ ਨੇ ਕਿਹਾ ਕਿ ਉਕਤ ਵਿਸ਼ਵ ਪੱਧਰੀ ਲੈਬ ਵਲੋਂ ਦਿੱਤੀ ਗਈ ਰਿਪੋਰਟ ਨੂੰ ਚੈਲੈਂਜ ਕਰਨਾ ਲਗਭੱਗ ਅਸੰਭਵ ਵਾਲੀ ਗੱਲ ਹੈ। ਉਨਾਂ ਨੇ ਇਸ ਖਿੱਤੇ ਦੇ ਕਾਰੋਬਾਰੀਆਂ ਨੂੰ ਪੰਜਾਬ ਸਰਕਾਰ ਵਲੋਂ ਦਿੱਤੀ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਇਸ ਮੌਕੇ ਸੰਬੋਧਨ ਕਰਦੇ ਵਿਧਾਇਕ ਡਾ. ਅਜੈ ਗੁਪਤਾ ਨੇ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੇ ਯਤਨਾਂ ਨਾਲ ਸਾਡੇ ਸ਼ਹਿਰ ਨੂੰ ਇਸ ਸੈਂਟਰ ਦੀ ਸਹੂਲਤ ਮਿਲੀ ਹੈ, ਜੋ ਕਿ ਇਸ ਇਲਾਕੇ ਵਿੱਚ ਖੇਤੀ ਵਪਾਰ ਦੇ ਮੌਕਿਆਂ ਨੂੰ ਵਧਾਏਗਾ। ਵਿਧਾਇਕ ਜਸਵਿੰਦਰ ਸਿੰਘ ਰਮਦਾਸ ਨੇ ਦੱਸਿਆ ਕਿ ਕਈ ਸਾਲਾਂ ਦੀ ਉਡੀਕ ਮਗਰੋਂ ਅੱਜ ਇਸ ਲੈਬ ਦਾ ਸੈਂਟਰ ਸਾਨੂੰ ਨਸੀਬ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਸੈਂਟਰ ਦੀ ਸਥਾਪਤੀ ਨਾਲ ਇਹ ਗੱਲ ਪੱਕੀ ਹੋ ਗਈ ਹੈ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਜੋ ਕਹਿੰਦੇ ਹਨ ਉਹ ਪੂਰਾ ਕਰਦੇ ਹਨ। ਉਨ੍ਹਾਂ ਯਾਦ ਕਰਵਾਇਆ ਕਿ ਸਤੰਬਰ ਮਹੀਨੇ ਹੋਈ ਸਰਕਾਰ ਸਨਅਤਕਾਰ ਮਿਲਣੀ ਦੌਰਾਨ ਸ਼ਹਿਰ ਦੇ ਕਾਰੋਬਾਰੀਆਂ ਨੇ ਇਸ ਸੈਂਟਰ ਦੀ ਮੰਗ ਉਠਾਈ ਸੀ ਅਤੇ ਅੱਜ ਦੋ ਮਹੀਨਿਆਂ ਦੇ ਅਰਸੇ ਵਿੱਚ ਹੀ ਇਸਨੂੰ ਪੂਰਾ ਕਰ ਦਿੱਤਾ ਹੈ। ਇਸ ਮੌਕੇ ਪੰਜਾਬ ਬਾਇਓਟੈਕਨਾਲੋਜੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਡਾ. ਅਜੀਤ ਦੂਆ ਨੇ ਲੈਬ ਵਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ 'ਤੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ, ਜਦਕਿ ਖੇਤੀ ਅਧਿਕਾਰੀ ਡਾ. ਜਤਿੰਦਰ ਸਿੰਘ ਗਿੱਲ ਨੇ ਜ਼ਹਿਰ ਮੁਕਤ ਬਾਸਮਤੀ ਪੈਦਾ ਕਰਨ ਦੇ ਆਪਣੇ ਤਜਰਬੇ ਨੂੰ ਸਰੋਤਿਆਂ ਨਾਲ ਸਾਂਝੇ ਕੀਤਾ। ਇਸ ਮੌਕੇ ਜੀ.ਐਮ. ਇੰਡਸਟਰੀ ਸ੍ਰੀ ਇੰਦਰਜੀਤ ਟਾਂਡੀ, ਐਕਸਪੋਰਟਰ ਅਸ਼ੋਕ ਸੇਠੀ ਅਤੇ ਹੋਰ ਕਾਰੋਬਾਰੀ ਹਾਜ਼ਰ ਸਨ।

# ਪੰਜ ਕਿਸਾਨ ਜਥੇਬੰਦੀਆਂ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਪ੍ਰੋਗਰਾਮ ਦੀ ਹਮਾਇਤ

**ਚੰਡੀਗੜ੍ਹ (ਨ ਜ਼ ਸ)**

ਇੱਥੇ ਪੰਜ ਕਿਸਾਨ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ), ਕੁੱਲ ਹਿੰਦ ਕਿਸਾਨ ਫੈਡਰੇਸ਼ਨ, ਕਿਸਾਨ ਸੰਘਰਸ਼ ਕਮੇਟੀ ਪੰਜਾਬ, ਭਾਰਤੀ ਕਿਸਾਨ ਯੂਨੀਅਨ (ਮਾਨਸਾ) ਅਤੇ ਆਜਾਦ ਕਿਸਾਨ ਸੰਘਰਸ਼ ਕਮੇਟੀ ਦੀ ਵਰਚੁਅਲ ਮੀਟਿੰਗ ਅਗਲੇ ਪ੍ਰੋਗਰਾਮਾਂ ਉੱਤੇ ਵਿਚਾਰ ਕਰਨ ਲਈ ਹੋਈ। ਮੀਟਿੰਗ ਵਿੱਚ ਪ੍ਰੇਮ ਸਿੰਘ ਭੰਗੂ, ਕੰਵਲਪ੍ਰੀਤ ਸਿੰਘ ਪੰਨੂ, ਬੋਘ ਸਿੰਘ ਮਾਨਸਾ, ਹਰਜਿੰਦਰ ਸਿੰਘ ਟਾਂਡਾ, ਗੁਲਜਾਰ ਸਿੰਘ ਸਲੇਮਪੁਰ, ਤੇਜਿੰਦਰ ਸਿੰਘ, ਰਜਿੰਦਰ ਸਿੰਘ ਕੋਟਪਨੈਚ, ਬੇਅੰਤ ਸਿੰਘ ਮਹਿਮਾਸਰਜਾ, ਪਵਨ ਕੁਮਾਰ ਸੋਗਲਪੁਰ, ਹਰਵਿੰਦਰ ਸਿੰਘ ਗਿੱਲ ਅਤੇ ਪ੍ਰੋ: ਸਰਤਾਜ ਸਿੰਘ ਸ਼ਾਮਿਲ ਹੋਏ। ਪ੍ਰੇਮ ਸਿੰਘ ਭੰਗੂ ਅਤੇ ਕੰਵਲਪ੍ਰੀਤ ਸਿੰਘ ਪੰਨੂ ਨੇ ਮੀਟਿੰਗ ਉਪਰੰਤ ਦੱਸਿਆ ਕਿ ਜਥੇਬੰਦੀਆਂ ਨੇ ਕੇਂਦਰ ਸਰਕਾਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਦਬਾਅ ਪਾਉਣ ਲਈ 26 ਤੋਂ 28 ਨਵੰਬਰ ਤੱਕ ਦਿੱਤੇ ਜਾ ਰਹੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰੋਗਰਾਮ ਦੀ ਹਮਾਇਤ ਕਰਨ ਦਾ ਫੈਸਲਾ ਕੀਤਾ ਹੈ ਜਿਨਾਂ ਨੂੰ ਲਾਗੂ ਕਰਨ ਲਈ ਕੇਂਦਰ ਸਰਕਾਰ ਨੇ ਤਿੰਨ ਖੇਤੀ ਵਿਰੋਧੀ ਕਾਨੂੰਨਾਂ ਨੂੰ ਰੱਦ ਕਰਨ ਸਮੇਂ ਸਹਿਮਤੀ ਦਿੱਤੀ ਸੀ। ਉਪਰੋਕਤ ਮੰਗਾਂ ਨਾਲ ਕਿਸਾਨਾਂ ਅਤੇ ਮਜਦੂਰਾਂ ਦੀ ਮੁਕੰਮਲ ਕਰਜਾ ਮੁਕਤੀ ਅਤੇ ਉਹਨਾਂ ਦੀ ਸਮਾਜਿਕ ਸੁਰੱਖਿਆ ਦੇ ਮੁੱਦੇ ਵੀ ਸ਼ਾਮਿਲ ਹਨ। ਉਨ੍ਹਾਂ ਸੰਗਠਨਾਂ ਵਿਚ ਏਕਤਾ ਦੀ ਪ੍ਰਕਿਰਿਆ ਦੀ ਸ਼ਲਾਘਾ ਕੀਤੀ ਅਤੇ ਸਮਰਥਨ ਕੀਤਾ ਜਿਸ ਦੀ ਫੌਰੀ ਲੋੜ ਹੈ। ਜਥੇਬੰਦੀਆਂ 26 ਤੋਂ 28 ਨਵੰਬਰ ਦੇ ਪ੍ਰੋਗਰਾਮ ਵਿੱਚ ਸੰਕੇਤਿਕ ਸ਼ਮੂਲੀਅਤ ਕਰਨਗੀਆਂ। ਉਨ੍ਹਾਂ ਅੱਗੇ ਕਿਹਾ ਕਿ ਏਕਤਾ ਦੇ ਅਮਲ ਨੂੰ ਹੋਰ ਤੇਜ ਕਰਨ ਲਈ ਪੰਜ ਜਥੇਬੰਦੀਆਂ ਦੀ ਜਨਰਲ ਬਾਡੀ ਦੀ ਮੀਟਿੰਗ 2 ਦਸੰਬਰ ਨੂੰ ਕਿਸਾਨ ਭਵਨ ਚੰਡੀਗੜ੍ਹ ਵਿਖੇ ਸੱਦੀ ਗਈ ਹੈ, ਜੋ ਜਥੇਬੰਦੀਆਂ ਦੀ ਵਿਆਪਕ ਏਕਤਾ ਲਈ ਰਾਹ ਪੱਧਰਾ ਕਰੇਗੀ ਅਤੇ ਭਵਿੱਖ ਦੇ ਸਾਂਝੇ ਸੰਘਰਸ਼ ਲਈ ਘੱਟੋ-ਘੱਟ ਪ੍ਰੋਗਰਾਮ ਉਲੀਕੇਗੀ। ਜੱਥੇਬੰਦੀਆਂ ਨੇ ਪਰਾਲੀ ਸਾੜਨ ਅਤੇ ਮਾਲ ਰਿਕਾਰਡ ਵਿੱਚ ਲਾਲ ਐਂਟਰੀਆਂ ਕਰਨ ਲਈ ਕਿਸਾਨਾਂ ਖਿਲਾਫ ਐਫਆਈਆਰ ਦਰਜ ਕਰਨ ਦੀ ਸਖਤ ਨਿਖੇਧੀ ਕੀਤੀ ਹੈ। ਇਹ ਸੂਬਾ ਸਰਕਾਰ ਦੀ ਆਪਣੀ ਨਾਕਾਮੀ ਅਤੇ ਪਰਾਲੀ ਸਾੜਨ ਦੇ ਕਿਸੇ ਠੋਸ ਹੱਲ 'ਤੇ ਪਹੁੰਚਣ ਦੀ ਅਸਮਰੱਥਾ ਨੂੰ ਢੱਕਣ ਲਈ ਤਿਆਰ ਕੀਤਾ ਗਿਆ ਹੈ। ਕਿਸਾਨਾਂ 'ਤੇ ਸਿਰਫ ਸੁਪਰੀਮ ਕੋਰਟ ਨੂੰ ਖ਼ੁਸ਼ ਕਰਨ ਲਈ ਪ੍ਰਦੂਸ਼ਣ ਫੈਲਾਉਣ ਲਈ ਬੇਲੋੜਾ ਦੋਸ਼ ਲਗਾਇਆ ਜਾਂਦਾ ਹੈ ਕਿ ਸਰਕਾਰ ਉਹਨਾਂ ਦੇ ਖਿਲਾਫ ਕਾਨੂੰਨੀ ਕਾਰਵਾਈ ਕਰ ਰਹੀ ਹੈ। ਉਨ੍ਹਾਂ ਐਫਆਈਆਰਜ ਨੂੰ ਤੁਰੰਤ ਰੱਦ ਕਰਨ ਅਤੇ ਕਿਸਾਨਾਂ ਦੀਆਂ ਜਮ੍ਹਾਂਬੰਦੀਆਂ ਤੋਂ ਲਾਲ ਐਂਟਰੀਆਂ ਹਟਾਉਣ ਦੀ ਮੰਗ ਕੀਤੀ।

# ਉਚੇਰੀ ਸਿੱਖਿਆ ਤੇ ਕਿੱਤਾ ਮੁਖੀ ਕੋਰਸਾਂ ਸੰਬੰਧੀ ਸਪਾਰਕ ਮੇਲਾ 29-30 ਨੂੰ

**ਜਲੰਧਰ,(ਸੁਰਿੰਦਰ ਕੁਮਾਰ)**

ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਤੇ ਕਿੱਤਾਮੁਖੀ ਕੋਰਸਾਂ ਸਬੰਧੀ ਜਾਣੂੰ ਕਰਵਾਉਣ ਲਈ ਸਪਾਰਕ ਮੇਲਾ 29 ਤੋਂ 30 ਨਵੰਬਰ ਤੱਕ ਗੁਰੂ ਗੋਬਿੰਦ ਸਿੰਘ ਸਟੇਡੀਅਮ, ਜਲੰਧਰ ਵਿਖੇ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵੱਖ-ਵੱਖ ਵਿਭਾਗਾਂ ਅਤੇ ਵਿਦਿਅਕ ਸੰਸਥਾਵਾਂ ਦੇ ਸਹਿਯੋਗ ਨਾਲ ਲਗਾਏ ਜਾਣ ਵਾਲੇ ਸਪਾਰਕ ਮੇਲੇ ਲਈ ਤਿਆਰੀਆਂ ਆਰੰਭ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸਪਾਰਕ ਮੇਲੇ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵੱਖ-ਵੱਖ ਅਧਿਕਾਰੀਆਂ ਦੀ ਪ੍ਰਧਾਨਗੀ ਹੇਠ ਵੱਖ-ਵੱਖ ਕਮੇਟੀਆਂ ਜਿਵੇਂ ਕਿ ਪ੍ਰਬੰਧਕੀ ਕਮੇਟੀ, ਕਰੀਅਰ ਕਾਊਂਸਲਿੰਗ ਕਮੇਟੀ, ਵੈਨਿਊ ਕਮੇਟੀ, ਮੇਲਾ ਕਮੇਟੀ, ਸਭਿਆਚਾਰਕ ਕਮੇਟੀ, ਮੈਡੀਕਲ ਕਮੇਟੀ, ਸਟੇਜ ਕਮੇਟੀ, ਟਰਾਂਸਪੋਰਟ ਕਮੇਟੀ, ਸੁਰੱਖਿਆ ਅਤੇ ਅਵਾਜਾਈ ਕਮੇਟੀ, ਫੂਡ ਕਮੇਟੀ, ਮੈਰਾਥਨ ਕਮੇਟੀ, ਸੈਨੀਟੇਸ਼ਨ ਕਮੇਟੀ ਆਦਿ ਦਾ ਗਠਨ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਸਪਾਰਕ ਮੇਲਾ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਸਮੇਂ ਦੌਰਾਨ ਹੀ ਅਪਣੀ ਰੁਚੀ ਅਨੁਸਾਰ ਉਚੇਰੀ ਸਿੱਖਿਆ ਅਤੇ ਕਿੱਤਾਮੁਖੀ ਕੋਰਸਾਂ ਦੀ ਚੋਣ ਕਰਨ ਵਿੱਚ ਵੱਡੇ ਪੱਧਰ 'ਤੇ ਮਾਰਗ ਦਰਸ਼ਨ ਕਰਨ ਵਿੱਚ ਸਹਾਈ ਸਿੱਧ ਹੋਵੇਗਾ। ਉਨਾਂ ਸਪਾਰਕ ਮੇਲੇ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਅਤੇ ਵੱਧ ਤੋਂ ਵੱਧ ਵਿਦਿਆਰਥੀਆਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਵੱਖ-ਵੱਖ ਕਮੇਟੀਆਂ ਦੇ ਨੁਮਾਇੰਦਿਆਂ ਨੂੰ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਵਿਦਿਅਕ ਸੰਸਥਾਵਾਂ ਨਾਲ ਤਾਲਮੇਲ ਕਰਕੇ ਲੋੜੀਂਦੇ ਪ੍ਰਬੰਧਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਿਆ ਜਾਵੇ।

# ਵਿਸ਼ਵ ਮੱਛੀ ਪਾਲਨ ਦਿਵਸ ਮਨਾਇਆ

**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**

ਅੱਜ ਸੰਸਾਰ ਭਰ ਵਿੱਚ ਮਨਾਏ ਜਾਂਦੇ ਵਿਸ਼ਵ ਮੱਛੀ ਪਾਲਣ ਦਿਵਸ ਦੇ ਸੰਬੰਧ ਵਿੱਚ ਮੱਛੀ ਪਾਲਣ ਵਿਭਾਗ ਅੰਮ੍ਰਿਤਸਰ ਵੱਲੋਂ ਸਿਮਰਨ ਪੈਲੇਸ ਅੰਮ੍ਰਿਤਸਰ ਵਿਖੇ ਇਹ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਦੇ ਇੱਕ ਸੌ ਪੰਜਾਹ ਦੇ ਕਰੀਬ ਮੱਛੀ ਪਾਲਕਾਂ, ਮੱਛੀ ਵਿਕਰੇਤਾਂਵਾ ਅਤੇ ਠੇਕੇਦਾਰਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਸਭ ਤੋਂ ਪਹਿਲਾਂ ਗੁਰਬੀਰ ਸਿੰਘ ਸੀਨੀਅਰ ਮੱਛੀ ਪਾਲਣ ਅਫਸਰ, ਅੰਮ੍ਰਿਤਸਰ ਨੇ ਗੁਰਮੀਤ ਸਿੰਘ ਖੁੱਡੀਆਂ ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਪੰਜਾਬ ਵੱਲੋਂ ਵਿਸ਼ਵ ਮੱਛੀ ਪਾਲਣ ਦਿਵਸ ਤੇ ਭੇਜੇ ਗਏ ਸੰਦੇਸ਼ ਬਾਰੇ ਜਾਣੂ ਕਰਵਾਇਆ ਗਿਆ ਜਿਸ ਵਿੱਚ ਕੈਬਨਿਟ ਮੰਤਰੀ ਨੇ ਇਸ ਦਿਵਸ ਤੇ ਮੱਛੀ ਪਾਲਕਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਪੰਜਾਬ ਸਰਕਾਰ ਮੱਛੀ ਪਾਲਣ ਕਿੱਤੇ ਨੂੰ ਸੂਬੇ ਵਿੱਚ ਹੋਰ ਪ੍ਰਫੁੱਲਤ ਕਰਨ ਵਾਸਤੇ ਹਰ ਸੰਭਵ ਸਹਾਇਤਾ ਦੇਣ ਲਈ ਵਚਨਬੱਧ ਹੈ। ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬਾ ਮੱਛੀ ਪਾਲਣ ਦੇ ਖੇਤਰ ਵਿੱਚ ਲਗਾਤਾਰ ਪ੍ਰਗਤੀ ਕਰ ਰਿਹਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੱਛੀ ਪਾਲਣ ਦੇ ਧੰਦੇ ਨਾਲ ਜੁੜ ਕੇ ਵਿਭਾਗ ਵੱਲੋਂ ਚਲਾਈਆ ਜਾ ਰਹੀਆਂ ਵੱਖ-ਵੱਖ ਸਕੀਮਾਂ ਦਾ ਲਾਭ ਉਠਾਉਣ। ਇਸ ਉਪਰੰਤ ਮੈਡਮ ਸੁਪਰਿਆ ਕੰਬੋਜ ਮੱਛੀ ਪਾਲਣ ਅਫਸਰ ਅੰਮ੍ਰਿਤਸਰ ਅਤੇ ਵਿਸ਼ਾਲ ਸ਼ਰਮਾਂ ਮੱਛੀ ਪਾਲਣ ਅਫਸਰ ਪਠਾਨਕੋਟ ਨੇਂ ਵਿਭਾਗ ਵਿੱਚ ਚੱਲ ਰਹੀਆਂ ਵੱਖ-ਵੱਖ ਸਕੀਮਾਂ ਤੋਂ ਜਾਣੂ ਕਰਵਾਇਆ। ਹਰਦੇਵ ਸਿੰਘ ਸਹਾਇਕ ਡਾਇਰੈਕਟਰ ਮੱਛੀ ਪਾਲਣ ਅੰਮ੍ਰਿਤਸਰ ਨੇ ਵੱਖ-ਵੱਖ ਜਿਲਿਆਂ ਦੇ ਪਿੰਡਾ ਤੋਂ ਆਏ ਹੋਏ ਮੱਛੀ ਪਾਲਕਾਂ, ਮੱਛੀ ਵਿਕਰੇਤਾਂਵਾ ਅਤੇ ਠੇਕੇਦਾਰਾਂ ਦਾ ਧੰਨਵਾਦ ਕਰਦਿਆਂ ਹੋਇਆਂ ਹਰ ਸਾਲ 21 ਨਵੰਬਰ ਨੂੰ ਮਨਾਏ ਜਾਂਦੇ ਵਿਸ਼ਵ ਮੱਛੀ ਪਾਲਣ ਦਿਵਸ ਦੀ ਮਹੱਤਤਾ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਮੱਛੀ ਪਾਲਣ ਨੂੰ ਉਤਸ਼ਾਹਿਤ ਕਰਨ ਵਾਸਤੇ ਪੀ. ਐਮ. ਐਮ. ਐਸ. ਵਾਈ ਸਕੀਮ ਅਧੀਨ ਨਵੇਂ ਮੱਛੀ ਤਲਾਬ ਦੀ ਪੁਟਾਈ/ਪਹਿਲੇ ਸਾਲ ਦੀ ਖਾਦ-ਖੁਰਾਕ, ਨਵੀਂ ਫਿਸ਼ ਫੀਡ ਮਿਲ ਅਤੇ ਮੱਛੀ ਨੂੰ ਗਾਹਕਾਂ ਤੱਕ ਪਹੁਚਾਉਣ ਲਈ ਮੋਟਰਸਾਈਕਲ/ਸਾਈਕਲ/ਆਟੋ/ਆਰ.ਏ.ਐਸ.ਯੂਨਿਟ/ਬਾਇਓਫਲਾਕ ਯੂਨਿਟ ਮੱਛੀ ਵਿਕਰੇਤਾ ਲਈ ਦੁਕਾਨ/ ਕਿਓਸਕ/ਸਜਾਵਟੀ ਮੱਛੀਆਂ ਦੇ ਯੂਨਿਟ ਆਦਿ ਤੇ ਜਨਰਲ ਵਰਗ ਨੂੰ ਯੂਨਿਟ ਕਾਸਟ ਦਾ 40% ਅਤੇ ਐਸ.ਸੀ/ਐਸ.ਟੀ ਨੂੰ 60% ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਮੱਛੀ ਪਾਲਣ ਦਾ ਧੰਦਾ ਸਹਾਇਕ ਧੰਦਿਆਂ ਵਿੱਚੋਂ ਇੱਕ ਬਹੁਤ ਹੀ ਵਧੀਆ ਧੰਦਾ ਹੈ ਜਿਸ ਰਾਹੀਂ ਕਿਸਾਨ ਆਪਣੀ ਆਮਦਨ ਵਿੱਚ ਦੁੱਗਣਾ ਵਾਧਾ ਕਰ ਸਕਦੇ ਹਨ ਅਤੇ ਬੇਰੋਜ਼ਗਾਰ ਨੌਜਵਾਨ ਵੀ ਇਸ ਨੂੰ ਰੋਜ਼ਗਾਰ ਵਜੋਂ ਅਪਨਾ ਸਕਦੇ ਹਨ। ਇਸ ਮੌਕੇ ਮਹਿੰਦਰਪਾਲ ਸਿੰਘ ਸਹਾਇਕ ਡਾਇਰੈਕਟਰ ਮੱਛੀ ਪਾਲਣ ਤਰਨਤਾਰਨ, ਦਲਜੀਤ ਸਿੰਘ ਸਹਾਇਕ ਡਾਇਰੈਕਟਰ ਮੱਛੀ ਪਾਲਣ ਗੁਰਦਾਸਪੁਰ, ਰਜੀਵ ਕੁਮਾਰ ਸਹਾਇਕ ਡਾਇਰੈਕਟਰ ਮੱਛੀ ਪਾਲਣ ਹੁਸ਼ਿਆਰਪੁਰ, ਗੁਰਵਿੰਦਰ ਸਿੰਘ ਸਹਾਇਕ ਡਾਇਰੈਕਟਰ ਮੱਛੀ ਪਾਲਣ ਪਠਾਨਕੋਟ, ਵਿਕਰਮਪ੍ਰੀਤ ਸਿੰਘ ਸਹਾਇਕ ਡਾਇਰੈਕਟਰ ਮੱਛੀ ਪਾਲਣ ਕਪੂਰਥਲਾ, ਗੁਰਬੀਰ ਸਿੰਘ ਸੀਨੀਅਰ ਮੱਛੀ ਪਾਲਣ ਅਫਸਰ, ਅੰਮ੍ਰਿਤਸਰ ਸਰਬਜੀਤ ਸਿੰਘ ਸੀਨੀਅਰ ਮੱਛੀ ਪਾਲਣ ਅਫਸਰ ਰਾਜਾਸਾਂਸੀ, ਅਕਾਸ਼ਦੀਪ ਸਿੰਘ ਮੱਛੀ ਪਾਲਣ ਅਫਸਰ, ਮੰਗਤ ਰਾਮ ਸੀਨੀਅਰ ਸਹਾਇਕ, ਸਚਲੀਨ ਬਾਜਵਾ, ਹੀਰਾ ਸਿੰਘ, ਮੈਡਮ ਹਰਵਿੰਦਰ ਕੌਰ, ਪ੍ਰਕਾਸ਼ ਚੰਦ, ਕੰਵਲਜੀਤ ਸਿੰਘ ਸੇਖੋਂ ਆਦਿ ਵੀ ਹਾਜ਼ਰ ਸਨ।

# ਲੋਕ ਸਭਾ ਦੀਆਂ ਚੋਣਾਂ ਜਿੱਤਣ ਲਈ ਮੋਦੀ ਤੇ ਸ਼ਾਹ ਕੁਝ ਵੀ ਕਰ ਸਕਦੇ ਹਨ, ਲੋਕ ਸੁਚੇਤ ਰਹਿਣ: ਪਾਸਲਾ

**ਗੁਰਦਾਸਪੁਰ (ਜਨਕ ਮਹਾਜਨ)**

ਪੰਜਾਬ ਸਰਕਾਰ ਲੋਕਾਂ ਦੇ ਜੀਵਨ ਨਾਲ ਜੁੜੇ ਮੁੱਦਿਆਂ ਸਿਹਤ, ਸਿੱਖਿਆ, ਮਹਿੰਗਾਈ, ਬੇਰੁਜ਼ਗਾਰੀ ਤੇ ਭਰਿਸ਼ਟਾਚਾਰ ਦਾ ਹੱਲ ਕਰਨ ਅਤੇ ਲਾਅ ਐਂਡ ਆਰਡਰ ਦੀ ਸਥਿਤੀ ਤੇ ਕੰਟਰੋਲ ਕਰਨ ਵਿਚ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ। ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਨੱਥਾ ਸਿੰਘ ਢਡਵਾਲ ਨੇ ਮੀਟਿੰਗ ਦੀ ਜਾਣਕਾਰੀ ਦਿੰਦਿਆਂ ਲਿਖਤੀ ਪ੍ਰੈੱਸ ਬਿਆਨ ਵਿਚ ਦੱਸਿਆ ਕਿ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੀ ਜ਼ਿਲ੍ਹਾ ਕਮੇਟੀ ਮੀਟਿੰਗ ਵਿੱਚ ਉਚੇਚੇ ਤੌਰ 'ਤੇ ਪਹੁੰਚੇ ਪਾਰਟੀ ਦੇ ਮੁੱਖ ਆਗੂ ਕਾਮਰੇਡ ਮੰਗਤ ਰਾਮ ਪਾਸਲਾ ਨੇ ਮੀਟਿੰਗ ਉਪਰੰਤ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਅੱਗੇ ਕਿਹਾ ਕਿ ਮੋਦੀ ਤੇ ਸ਼ਾਹ 2024 ਦੀਆਂ ਲੋਕ ਸਭਾ ਚੋਣਾਂ ਜਿੱਤਣ ਲਈ ਕੁਝ ਵੀ ਕਰ ਸਕਦੇ ਹਨ, ਲੋਕਾਂ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਦੇਸ਼ ਅੰਦਰ ਚੰਗੀ ਤੇ ਆਸ ਦੀ ਕਿਰਨ ਦਿਖਾਈ ਦੇ ਰਹੀ ਕਿ ਲੋਕ ਮੋਦੀ ਸਰਕਾਰ, ਆਰਐੱਸਐੱਸ ਅਤੇ ਭਾਜਪਾ ਦੀਆਂ ਕਾਰਪੋਰੇਟ ਘਰਾਣਿਆਂ ਨੂੰ ਮਾਲਾਮਾਲ ਕਰਨ ਤੇ ਕਰੋੜਾਂ ਲੋਕਾਂ ਨੂੰ ਬੇਰੁਜ਼ਗਾਰੀ ਵੱਲ ਧੱਕਣ ਵਾਲੀਆਂ ਆਰਥਿਕ ਨੀਤੀਆਂ ਤੇ ਫਿਰਕੂ ਚਾਲਾਂ ਤੋਂ ਜਾਣੂੰ ਹੋ ਰਹੇ ਹਨ ਅਤੇ ਮੋਦੀ ਨੂੰ ਸੱਤਾ ਤੋਂ ਲਾਂਭੇ ਕਰਨ ਲਈ ਦੇਸ਼ ਭਰ ਵਿੱਚ ਇਕੱਠੇ ਹੋ ਰਹੇ ਹਨ। ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਦੀ ਹਮਾਇਤ ਕਰਦਿਆਂ ਉਨ੍ਹਾਂ ਅੱਗੇ ਕਿਹਾ ਕਿ ਮੋਦੀ ਤੇ ਕੇਜਰੀਵਾਲ ਦੇ ਭਰਮ ਜਾਲ ਵਿੱਚੋਂ ਕੱਢਣ ਅਤੇ ਕੇਂਦਰ ਤੇ ਪੰਜਾਬ ਸਰਕਾਰ ਦੇ ਲੋਕ ਵਿਰੋਧੀ ਫੈਸਲਿਆਂ ਖਿਲਾਫ ਆਰਐੱਮਪੀਆਈ ਵਲੋਂ ਸ਼ੁਰੂ ਕੀਤੀਆਂ ਰਾਜਨੀਤਕ ਕਾਨਫਰੰਸਾਂ ਕਰਕੇ ਲੋਕ ਪੱਖੀ ਰਾਜਸੀ ਤਬਦੀਲੀ ਲਈ ਕਾਰਪੋਰੇਟ ਭਜਾਓ-ਮੋਦੀ ਹਰਾਓ-ਦੇਸ਼ ਬਚਾਓ ਮੁਹਿੰਮ ਤਹਿਤ ਸੁਚੇਤ ਕਰਨ ਤੇ ਲੋਕ ਲਾਮਬੰਦੀ ਦਾ ਸਿਲਸਿਲਾ ਜਾਰੀ ਰਹੇਗਾ। ਮੀਟਿੰਗ ਵਿੱਚ ਪਾਰਟੀ ਸਮੁੱਚੀ ਲੀਡਰਸ਼ਿਪ ਹਾਜ਼ਰ ਸੀ ਅਤੇ ਮੀਟਿੰਗ ਦੀ ਪ੍ਰਧਾਨਗੀ ਸ਼ਿਵ ਕੁਮਾਰ ਨੇ ਕੀਤੀ।



# ਜ਼ਿਲ੍ਹਾ ਪੱਧਰੀ ਪੈਨਸ਼ਨ ਅਦਾਲਤ ਅੱਜ

**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**—ਕੇਂਦਰ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਰਾਜ ਵਿੱਚ 22 ਨਵੰਬਰ, 2023 ਨੂੰ ਪੈਨਸ਼ਨ ਅਦਾਲਤਾਂ ਲਗਾਉਣ ਦਾ ਫੈਸਲਾ ਕੀਤਾ ਗਿਆ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਘਨਸ਼ਾਮ ਥੋਰੀ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਪੈਨਸ਼ਨ ਅਦਾਲਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਦੇ ਮੀਟਿੰਗ ਹਾਲ ਵਿਖੇ 22 ਨਵੰਬਰ 2023 ਨੂੰ ਸਵੇਰੇ 11:00 ਵਜੇ ਤੋਂ ਸ਼ਾਮ 4:00 ਵਜੇ ਤੱਕ ਲਗਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਪੈਨਸ਼ਨ ਅਦਾਲਤ ਸੁਣਵਾਈ ਲਈ ਕੋਈ ਵੀ ਪੈਨਸ਼ਨਰ ਆਪਣੀ ਸ਼ਿਕਾਇਤ ਦੇ ਸਕਦਾ ਹੈ। ਉਨ੍ਹਾਂ ਅਪੀਲ ਕੀਤੀ ਕਿ ਜੇਕਰ ਕਿਸੇ ਪੈਨਸ਼ਨਰ ਨੂੰ ਕੋਈ ਸ਼ਿਕਾਇਤ ਹੋਵੇ ਤਾਂ ਉਹ ਲਿਖਤੀ ਰੂਪ ਵਿੱਚ ਦਫਤਰ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਵਿਖੇ ਆਪਣੀ ਸ਼ਿਕਾਇਤ ਦਰਜ ਕਰਵਾਉਣ ਤਾਂ ਜੋ 22 ਨਵੰਬਰ 2023 ਨੂੰ ਲੱਗਣ ਵਾਲੀ ਪੈਨਸ਼ਨ ਅਦਾਲਤ ਵਿੱਚ ਉਸ ਸ਼ਿਕਾਇਤ ਸਬੰਧੀ ਸੁਣਵਾਈ ਹੋ ਸਕੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਸਬੰਧਿਤ ਵਿਭਾਗ ਦੇ ਅਤੇ ਜ਼ਿਲ੍ਹਾ ਪੱਧਰ ਦੇ ਬੈਂਕ ਅਧਿਕਾਰੀ ਤੋਂ ਇਲਾਵਾ ਮਹਾਂਲੇਖਾਕਾਰ, ਪੰਜਾਬ ਦੇ ਪ੍ਰਤੀਨਿਧ ਇਸ ਪੈਨਸ਼ਨ ਅਦਾਲਤ ਵਿੱਚ ਸ਼ਾਮਿਲ ਹੋਣ ਲਈ ਪਾਬੰਦ ਹੋਣਗੇ।

# ਬੁੱਢਾ ਦਲ ਦਾ ਸਥਾਪਨਾ ਦਿਵਸ ਅਤੇ ਅਕਾਲੀ ਬਾਬਾ ਫੂਲਾ ਸਿੰਘ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵਲੋਂ ਸਿੰਘ ਸਾਹਿਬ ਅਕਾਲੀ ਬਾਬਾ ਫੂਲਾ ਸਿੰਘ ਦੀ ਦੂਸਰੀ ਸ਼ਹੀਦੀ ਸ਼ਤਾਬਦੀ, ਬੁੱਢਾ ਦਲ ਦੇ ਸਥਾਪਨਾ ਦਿਵਸ ਨੂੰ ਸਮਰਪਿਤ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਜਥੇਦਾਰ ਕੁਲਵੰਤ ਸਿੰਘ, ਬਾਬਾ ਬਲਵਿੰਦਰ ਸਿੰਘ ਕਾਰਸੇਵਾ ਵਾਲਿਆਂ ਦੇ ਸਹਿਯੋਗ ਨਾਲ ਮਹਾਨ ਕੀਰਤਨ ਦਰਬਾਰ ਕਰਵਾਇਆ ਗਿਆ। ਜਿਸ ਵਿੱਚ ਨਿਹੰਗ ਸਿੰਘ ਦਲਾਂ, ਸੇਵਾਪੰਥੀ ਸੰਪਰਦਾਵਾਂ ਨਾਨਕਸਰ ਸੰਪਰਦਾ ਤੇ ਵੱਖ-ਵੱਖ ਸੰਸਥਾਵਾਂ ਦੇ ਮੁਖੀਆਂ ਅਤੇ ਸੰਗਤਾਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਕੀਰਤਨ ਦਰਬਾਰ ਵਿੱਚ ਵੱਡੀ ਪੱਧਰ ਤੇ ਜੁੜੀ ਸੰਗਤ ਨੂੰ ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲ ਨਗਰ ਸਾਹਿਬ ਦੇ ਜਥੇਦਾਰ ਗਿਆਨੀ ਬਾਬਾ ਕੁਲਵੰਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਕਾਲੀ ਫੂਲਾ ਸਿੰਘ ਪੱਕੇ ਗੁਰਸਿੱਖ, ਅੰਮ੍ਰਿਤਧਾਰੀ, ਰਹਿਣੀ-ਬਹਿਣੀ ਦੇ ਪੂਰੇ ਤੇ ਨਿਡਰ ਸੂਰਮੇ ਸਨ। ਆਪ ਨੇ ਅਕਾਲ ਪੁਰਖ ਤੋਂ ਛੁੱਟ ਕਦੇ ਕਿਸੇ ਦੁਨਿਆਵੀ ਵਿਅਕਤੀ ਦਾ ਡਰ ਜਾਂ ਭੈ ਆਪਣੇ ਮਨ ਵਿਚ ਨਹੀਂ ਸੀ ਰੱਖਿਆ ਤੇ ਨਾ ਹੀ ਆਪਣਾ ਮਸਤਕ ਕਿਸੇ ਅੱਗੇ ਝੁਕਾਇਆ ਸੀ। ਕਾਲ-ਰਹਿਤ ਪ੍ਰਭੂ ਦਾ ਸਦਾ ਸਿਪਾਹੀ ਹੋਣ ਦੇ ਨਾਤੇ ਵਡੇ ਤੋਂ ਵਡੇ ਖ਼ਤਰਿਆਂ ਨੂੰ ਵੰਗਾਰ ਸਕਣਾ ਆਪ ਦੀ ਸ਼ਖ਼ਸੀਅਤ ਦਾ ਇਕ ਵਿਸ਼ੇਸ਼ ਗੁਣ ਸੀ। ਉਨ੍ਹਾਂ ਕਿਹਾ ਅਕਾਲੀ ਫੂਲਾ ਸਿੰਘ ਨੂੰ ਆਪਣੀ ਤਾਕਤ, ਹੌਸਲੇ ਤੇ ਕੰਮ ਕਰ ਸਕਣ ਦੀ ਸਮਰੱਥਾ ਤੇ ਇਤਨਾ ਵਿਸ਼ਵਾਸ ਸੀ ਕਿ ਔਖੇ ਤੋਂ ਔਖਾ ਕੰਮ ਵੀ ਬਾਲ-ਖੇਡ ਵਾਂਗ ਸੌਖਾ ਤੇ ਸਾਧਾਰਣ ਬਣ ਕੇ ਰਹਿ ਜਾਂਦਾ ਸੀ ਅਤੇ ਸਫਲਤਾ ਸਦਾ ਉਸ ਦੇ ਕਦਮ ਚੁੰਮਦੀ ਸੀ। ਐਸੇ ਯੋਧੇ ਦੀ ਸ਼ਤਾਬਦੀ ਮਨਾਉਣੀ ਬਹੁਤ ਹੀ ਸ਼ਲਾਘਾ ਯੋਗ ਹੈ। ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੇ ਕਿਹਾ ਅਕਾਲੀ ਬਾਬਾ ਫੂਲਾ ਸਿੰਘ ਖ਼ਾਲਸਾ ਰਾਜ ਦੀਆਂ ਉਨ੍ਹਾਂ ਮਹਾਨ ਸ਼ਖ਼ਸੀਅਤਾਂ ਵਿਚੋਂ ਸਨ ਜਿਨ੍ਹਾਂ ਨੇ ਇਸ ਰਾਜ ਦੀ ਚੜ੍ਹਤ ਤੇ ਰਾਖੀ ਲਈ ਆਪਣਾ ਸਭ ਕੁਝ ਨਿਛਾਵਰ ਕਰ ਦਿੱਤਾ। ਉਨ੍ਹਾਂ ਕਿਹਾ ਜਦੋਂ ਮਿਸਲਾਂ ਦੇ ਸਰਦਾਰ ਇਲਾਕੇ ਜਿੱਤਣ ਤੋਂ ਰਾਜ ਸਥਾਪਿਤ ਕਰਨ ਲਗੇ ਹੋਏ ਸਨ ਤਾਂ ਉਦੋਂ ਅਕਾਲੀ ਫੂਲਾ ਸਿੰਘ ਗੁਰਦੁਆਰਿਆਂ ਦੀ ਸੇਵਾ ਸੰਭਾਲ ਤੇ ਪ੍ਰਬੰਧ ਠੀਕ ਕਰਕੇ ਸਿੱਖੀ ਅਸੂਲਾਂ ਤੇ ਪਹਿਰਾ ਦੇ ਰਹੇ ਸਨ। ਅਕਾਲ ਤਖਤ ਸਾਹਿਬ ਦੇ ਜੱਥੇਦਾਰ ਦੀ ਹੈਸੀਅਤ ਵਿਚ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਨੂੰ ਉਸ ਦੀਆਂ ਸਦਾਚਾਰਕ ਕਮਜ਼ੋਰੀਆਂ ਬਦਲੇ ਭਰੀ ਸੰਗਤ ਵਿਚ ਧਾਰਮਿਕ ਦੰਡ ਦੇ ਸਕਣਾ ਆਪ ਦੇ ਜੀਵਨ ਦਾ ਕਰਤਵ ਸੀ। ਕੀਰਤਨ ਦਰਬਾਰ ਵਿੱਚ ਪੰਥ ਦੇ ਸਿਰਮੌਰ ਰਾਗੀ ਭਾਈ ਗੁਰਪ੍ਰੀਤ ਸਿੰਘ ਖਾਲਸਾ, ਬਾਬਾ ਮਨਮੋਹਨ ਸਿੰਘ ਬਾਰਨਵਾਲੇ, ਬਾਬਾ ਜੋਗਿੰਦਰ ਸਿੰਘ ਮੋਨੀ, ਭਾਈ ਗੁਰਪ੍ਰਤਾਪ ਸਿੰਘ ਹਜ਼ੂਰੀ ਰਾਗੀ ਦੇ ਰਾਗੀ ਜਥਿਆਂ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਗਾਇਨ ਕੀਤਾ। ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਲੋਂ ਸਿੰਘ ਸਾਹਿਬ ਗਿਆਨੀ ਕੁਲਵੰਤ ਸਿੰਘ ਤੇ ਪੰਜ ਪਿਆਰਿਆਂ ਨੇ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੂੰ ਸਨਮਾਨਿਤ ਕੀਤਾ ਗਿਆ। ਦਲ ਪੰਥ ਬੁੱਢਾ ਦਲ ਦੇ ਵਿਦਵਾਨ ਪ੍ਰਚਾਰਕ ਭਾਈ ਸੁਖਜੀਤ ਸਿੰਘ ਕਨ੍ਹੱਈਆ ਨੇ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਅਤੇ ਬੁੱਢਾ ਦਲ ਦੇ ਇਤਿਹਾਸ ਅਤੇ ਗੁਰੂ ਬਖ਼ਸ਼ਿਸ਼ਾਂ ਬਾਰੇ ਵਿਚਾਰ ਸੰਗਤਾਂ ਨਾਲ ਸਾਂਝੇ ਕੀਤੇ। ਸੇਵਾਪੰਥੀ ਸੰਪਰਦਾ ਦੇ ਮੁਖੀ ਸੰਤ ਜੋਗਾ ਸਿੰਘ ਕਰਨਾਲ ਵਾਲਿਆਂ ਨੇ ਕਿਹਾ ਕਿ ਅੱਜ ਅਕਾਲੀ ਬਾਬਾ ਫੂਲਾ ਸਿੰਘ ਵਰਗੇ ਦਲੇਰ, ਨਿਡਰ ਸੂਰਮੇ ਜਥੇਦਾਰ ਦੀ ਲੋੜ ਭਾਸਦੀ ਹੈ ਜੋ ਪੰਥ ਦੀ ਅਗਵਾਈ ਕਰੇ। ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਨੇ ਦਲ ਪੰਥ ਦਾ ਇਤਿਹਾਸ ਸੰਗਤਾਂ ਨਾਲ ਸਾਂਝਾ ਕੀਤਾ ਕੀਰਤਨ ਦਰਬਾਰ ਸਮੇਂ ਦਿਤੇ ਸਹਿਯੋਗ ਲਈ ਸਿੰਘ ਸਾਹਿਬ ਬਾਬਾ ਕੁਲਵੰਤ ਸਿੰਘ, ਬਾਬਾ ਬਲਵਿੰਦਰ ਸਿੰਘ ਦਾ ਧੰਨਵਾਦ ਕੀਤਾ। ਇਸ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਰਾਗੀ ਜਥਿਆਂ ਨੇ ਕੀਰਤਨ ਕੀਤਾ। ਇਸ ਸਮਾਗਮ ਵਿੱਚ ਪੁਜੇ ਸੰਤ ਮਹਾਪੁਰਸ਼ਾਂ, ਨਿਹੰਗ ਸਿੰਘ ਦਲਪੰਥ ਦੇ ਮੁਖੀਆਂ ਅਤੇ ਹੋਰ ਸੰਪਰਦਾਵਾਂ ਦਾ ਕੀਤਾ। ਸਟੇਜ ਦੀ ਸੇਵਾ ਭਾਈ ਪਰਮਵੀਰ ਸਿੰਘ ਅਰਦਾਸੀਏ ਨੇ ਬਾਖੂਬੀ ਨਿਭਾਈ। ਸਮਾਗਮਾਂ ਵਿੱਚ ਵਿਸ਼ੇਸ਼ ਤੌਰ ਤੇ ਭਾਈ ਕਸ਼ਮੀਰ ਸਿੰਘ ਹੈੱਡ ਗ੍ਰੰਥੀ, ਭਾਈ ਗੁਰਮੀਤ ਸਿੰਘ ਮੀਤ ਗ੍ਰੰਥੀ, ਬਾਬਾ ਜੰਗ ਸਿੰਘ ਕਰਨਾਲ, ਬਾਬਾ ਜੋਤਇੰਦਰ ਸਿੰਘ, ਅਮਰੀਕਾ ਤੋਂ ਬਾਬਾ ਜਸਵਿੰਦਰ ਸਿੰਘ ਜੱਸੀ ਇੰਚਾਰਜ਼ ਬੁੱਢਾ ਦਲ, ਲੱਡੂ ਸਿੰਘ ਮਹਾਜਨ, ਥਾਨ ਸਿੰਘ ਸੁਪਰੀਡੈਂਟ, ਸਿੰਘ ਸਾਹਿਬ ਗਿਆਨੀ ਰਾਮ ਸਿੰਘ, ਇੰਦਰਪਾਲ ਸਿੰਘ ਫੌਜੀ, ਰਵਿੰਦਰ ਸਿੰਘ ਮੁੰਗੀ, ਹਰਜੀਤ ਸਿੰਘ ਕੜੇਵਾਲੇ, ਜੈਮਲ ਸਿੰਘ, ਜਸਪਾਲ ਸਿੰਘ ਲਾਂਗਰੀ, ਗਿਆਨੀ ਪਰਮਜੀਤ ਸਿੰਘ, ਭਾਈ ਸੁਖਵਿੰਦਰ ਸਿੰਘ ਕਥਾਵਾਚਕ ਆਦਿ ਹਾਜ਼ਰ ਸਨ।



# ਗਵਰਨਰ ਪੰਜਾਬ ਦਾ ਨਾਂਹ-ਪੱਖੀ ਰਵੱਈਆ ਸਖਤ ਚਿੰਤਾ ਦਾ ਵਿਸ਼ਾ : ਡਾ. ਸੋਹਲ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਤਰਨ ਤਾਰਨ ਦੇ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਨੇ ਗਵਰਨਰ ਪੰਜਾਬ ਵੱਲੋਂ ਪੰਜਾਬ ਸਰਕਾਰ ਦੇ ਲੋਕ ਹਿੱਤ ਵਿੱਚ ਲਏ ਜਾਣ ਵਾਲੇ ਫੈਸਲਿਆਂ ਤੇ ਨਾਂਹ-ਪੱਖੀ ਰਵਈਏ ਤੇ ਸਖਤ ਚਿੰਤਾ ਪ੍ਰਗਟ ਕਰਦਿਆਂ ਇਸ ਨੂੰ ਪੰਜਾਬ ਦੇ ਵਿਕਾਸ ਵਿੱਚ ਰੁਕਾਵਟ ਦੱਸਿਆ ਹੈ। ਵਿਧਾਇਕ ਡਾਕਟਰ ਸੋਹਲ ਨੇ ਕਿਹਾ ਕਿ ਬੀਤੇ ਸਮੇਂ ਵਿੱਚ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਦੇ ਸੈਸ਼ਨ ਬੁਲਾਏ ਜਾਣ ਦੀ ਗਵਰਨਰ ਵੱਲੋਂ ਮਨਜ਼ੂਰੀ ਨਾ ਦੇਣ ਤੇ ਪੰਜਾਬ ਸਰਕਾਰ ਨੂੰ ਭਾਰਤ ਦੀ ਸੁਪਰੀਮ ਕੋਰਟ ਤੱਕ ਪਹੁੰਚ ਕਰਨੀ ਪਈ ਜਿਸ ਉਪਰੰਤ ਮਾਨਯੋਗ ਸੁਪਰੀਮ ਕੋਰਟ ਵੱਲੋਂ ਵਿਧਾਨ ਸਭਾ ਇਜਲਾਸ ਨੂੰ ਉੱਚਿਤ ਦੱਸਿਆ। ਡਾਕਟਰ ਸੋਹਲ ਨੇ ਕਿਹਾ ਕਿ ਗਵਰਨਰ ਵੱਲੋਂ ਲਗਾਏ ਇਤਰਾਜ਼ ਨੂੰ ਗਲਤ ਸਾਬਤ ਕਰਨ ਵਿੱਚ ਜਿੱਥੇ ਚੁਣੀ ਹੋਈ ਸਰਕਾਰ ਦਾ ਸਮਾਂ ਵਿਅਰਥ ਗਿਆ। ਉੱਥੇ ਇਨਸਾਫ ਲੈਣ ਲਈ ਸਰਕਾਰੀ ਖਜਾਨੇ 'ਤੇ ਬੋਝ ਵੀ ਪਿਆ। ਡਾਕਟਰ ਸੋਹਲ ਨੇ ਕਿਹਾ ਕਿ ਪੰਜਾਬ ਦੀ ਚੁਣੀ ਹੋਈ ਸਰਕਾਰ ਲੋਕਾਂ ਨੂੰ ਜਵਾਬਦੇਹ ਹੈ। ਉਸਨੇ ਹੀ ਪੰਜਾਬ ਦੇ ਵਿਕਾਸ ਸਬੰਧੀ ਫੈਸਲੇ ਲੈਣੇ ਹੁੰਦੇ ਹਨ ਜਿਨ੍ਹਾਂ ਨੂੰ ਕੇਂਦਰੀ ਸਰਕਾਰ ਦੇ ਪ੍ਰਤੀਨਿਧ ਗਵਰਨਰ ਵੱਲੋਂ ਰਾਜਨੀਤਿਕ ਵਖਰੇਵੇਂ ਕਾਰਨ ਜਾਣ-ਬੁਝ ਕੇ ਨਾਂਹ ਨੁਕਰ ਕਰਨੀ ਕਿਸੇ ਵੀ ਤਰ੍ਹਾਂ ਉਚਿਤ ਨਹੀਂ ਹੈ। ਉਨ੍ਹਾਂ ਆਸ ਪ੍ਰਗਟ ਕੀਤੀ ਹੈ ਕਿ ਪੰਜਾਬ ਦੇ ਵਿਕਾਸ ਲਈ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਗਾਮੀ ਵਿਧਾਨ ਸਭਾ ਸੈਸਨ ਵਿੱਚ ਲੋਕ ਹਿੱਤ ਵਿੱਚ ਲਏ ਜਾਣ ਵਾਲੇ ਫੈਸਲਿਆਂ ਲਈ ਮਾਨਯੋਗ ਗਵਰਨਰ ਪੰਜਾਬ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ ਤਾਂ ਕਿ ਪੰਜਾਬ ਮੁੜ ਵਿਕਾਸ ਦੇ ਮਾਰਗ ਤੇ ਚੱਲ ਸਕੇ।

# ਪਲਾਸਟਿਕ ਦੇ ਲਿਫਾਫਿਆਂ ਦੀ ਵਿਕਰੀ ਅੱਜ ਵੀ ਜ਼ੋਰਾਂ 'ਤੇ, ਸੰਬੰਧਿਤ ਮਹਿਕਮਾ ਸੁੱਤਾ ਕੁੰਭਕਰਨੀ ਨੀਂਦ !

**ਗੁਰਦਾਸਪੁਰ, (ਜਨਕ ਮਹਾਜਨ)**

ਮਾਨਯੋਗ ਸੁਪਰੀਮ ਕੋਰਟ ਵਲੋਂ ਪਲਾਸਟਿਕ ਲਿਫਾਫਿਆਂ ਉਪਰ ਲਗਾਈ ਗਈ ਪਾਬੰਦੀ ਦੇ ਬਾਵਜੂਦ ਵੀ ਸ਼ਹਿਰ ਅਤੇ ਦਿਹਾਤੀ ਖੇਤਰ ਦੀਆਂ ਦੁਕਾਨਾਂ ਅੰਦਰ ਇਨ੍ਹਾਂ ਪਲਾਸਟਿਕ ਲਿਫਾਫਿਆਂ ਦੀ ਵਿਕਰੀ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀ ਹੈ। ਇਨ੍ਹਾਂ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨੂੰ ਰੋਕਣ ਵਾਸਤੇ ਸੰਬੰਧਿਤ ਵਿਭਾਗ ਵਲੋਂ ਕੁਝ ਦਿਨ ਰੌਲਾ ਰੱਪਾ ਕੇ ਪਾ ਕੇ ਖ਼ਾਨਾਪੂਰਤੀ ਕਰ ਦਿੱਤੀ ਜਾਂਦੀ ਹੈ ਪਰ ਫ਼ਿਰ ਪਰਨਾਲਾ ਉਥੇ ਦਾ ਉਥੇ ਹੀ ਰਹਿ ਜਾਂਦਾ ਹੈ। ਇਸ ਸੰਬੰਧੀ ਗੱਲਬਾਤ ਕਰਦਿਆਂ ਕੁਝ ਵਾਤਾਵਰਣ ਪ੍ਰੇਮੀਆਂ ਨੇ ਆਪਣਾ ਨਾਂਅ ਗੁਪਤ ਰੱਖਣ ਦੀ ਸ਼ਰਤ ਵਿਚ ਦੱਸਿਆ ਕਿ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਨ ਵਿਚ ਪਲਾਸਟਿਕ ਦੇ ਲਿਫਾਫਿਆਂ ਦਾ ਇਕ ਅਹਿਮ ਰੋਲ ਹੈ। ਉਨ੍ਹਾਂ ਕਿਹਾ ਪਲਾਸਟਿਕ ਦਾ ਲਿਫਾਫਾ ਇਕ ਨਾਗਲਣ ਯੋਗ ਵਸਤੂ ਹੈ ਜੋ ਕਾਫ਼ੀ ਸਮਾਂ ਮਿੱਟੀ ਵਿਚ ਦੱਬੇ ਰਹਿਣ ਦੇ ਬਾਵਜੂਦ ਵੀ ਗਲਦਾ ਨਹੀਂ। ਉਨ੍ਹਾਂ ਇਨ੍ਹਾਂ ਲਿਫਾਫਿਆਂ ਕਾਰਨ ਇਕ ਖ਼ਾਸ ਸਮੱਸਿਆ ਸ਼ਹਿਰ ਅੰਦਰ ਉਸ ਸਮੇਂ ਪੈਦਾ ਹੁੰਦੀ ਹੈ ਜਦੋਂ ਪਲਾਸਟਿਕ ਦੇ ਲਿਫਾਫੇ ਅਕਸਰ ਨਾਲੇ ਅਤੇ ਸੀਵਰੇਜਾਂ ਅੰਦਰ ਫਸ ਜਾਂਦੇ ਹਨ ਤਾਂ ਬਰਸਾਤਾਂ ਦੇ ਦਿਨਾਂ ਵਿਚ ਪਾਣੀ ਦਾ ਨਿਕਾਸ ਸਹੀ ਢੰਗ ਨਾਲ ਨਹੀਂ ਹੁੰਦਾ ਅਤੇ ਪਾਣੀ ਓਵਰਫਲੋ ਹੋ ਕੇ ਸੜਕਾਂ ਉਪਰ ਆ ਜਾਂਦਾ ਹੈ। ਉਨ੍ਹਾਂ ਕਿਹਾ ਸ਼ਹਿਰ ਅੰਦਰ ਤੇ ਦਿਹਾਤੀ ਖੇਤਰ ਵਿਚ ਇਨ੍ਹਾਂ ਪਲਾਸਟਿਕ ਦੇ ਲਿਫਾਫਿਆਂ ਦੀ ਵਿਕਰੀ ਆਮ ਹੀ ਦੇਖੀ ਜਾਂਦੀ ਹੈ। ਉਨ੍ਹਾਂ ਕਿਹਾ ਦੁਕਾਨਦਾਰਾਂ ਅਤੇ ਸਬਜ਼ੀ, ਫਲ ਦੀਆਂ ਰੇਹੜੀਆਂ ਵਾਲਿਆਂ ਵਲੋਂ ਇਨ੍ਹਾਂ ਪਲਾਸਟਿਕ ਦੇ ਲਿਫਾਫਿਆਂ ਵਿਚ ਸ਼ਰੇਆਮ ਗਾਹਕਾਂ ਨੂੰ ਸਮਾਨ ਪਾ ਕੇ ਦਿੱਤਾ ਜਾਂਦਾ ਹੈ, ਜਿਨ੍ਹਾਂ ਨੂੰ ਰੋਕਣ ਵਾਲਾ ਕੋਈ ਨਹੀਂ। ਉਨ੍ਹਾਂ ਕਿਹਾ ਪਹਿਲਾਂ ਹੀ ਧਰਤੀ ਉਪਰ ਲਗਾਤਾਰ ਵਧ ਰਹੇ ਪ੍ਰਦੂਸ਼ਣ ਕਾਰਨ ਕਈ ਬਿਮਾਰੀਆਂ ਜਨਮ ਲੈ ਰਹੀਆਂ ਹਨ ਅਤੇ ਜੇਕਰ ਸਰਕਾਰਾਂ ਵਲੋਂ ਸਮਾਂ ਰਹਿੰਦੀਆਂ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਨਾ ਰੋਕਿਆ ਗਿਆ ਤਾਂ ਆਉਣ ਵਾਲੇ ਸਮੇਂ ਵਿਚ ਵਾਤਾਵਰਣ ਪ੍ਰਦੂਸ਼ਣ ਹੋਰ ਵੀ ਵਧਦਾ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਸੰਬੰਧਿਤ ਵਿਭਾਗ ਨੂੰ ਹਦਾਇਤਾਂ ਜਾਰੀ ਕਰਕੇ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਵਾਤਾਵਰਣ ਪ੍ਰਦੂਸ਼ਿਤ ਹੋਣ ਤੋਂ ਬਚ ਸਕੇ।



# ਸਰਕਾਰੀ ਕਾਲਜ ਵਿਖੇ ਵੋਟਰ ਰਜਿਸਟ੍ਰੇਸ਼ਨ ਕੈਂਪ ਲਾਇਆ



**ਮੋਹਾਲੀ, (ਗੁਰਜੀਤ ਬਿੱਲਾ)**

ਭਾਰਤੀ ਚੋਣ ਕਮਿਸ਼ਨ ਵੱਲੋਂ ਯੋਗਤਾ ਮਿਤੀ 1 ਜਨਵਰੀ, 2024 ਨੂੰ ਅਧਾਰ ਮੰਨ ਕੇ ਸ਼ੁਰੂ ਕੀਤੀ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਮੁਹਿੰਮ ਤਹਿਤ ਜ਼ਿਲ੍ਹਾ ਸਵੀਪ ਟੀਮ ਵੱਲੋਂ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫਸਰ ਸ੍ਰੀਮਤੀ ਆਸ਼ਿਕਾ ਜੈਨ ਦੀ ਅਗਵਾਈ ਵਿਚ ਵੱਡੇ ਪੱਧਰ ਤੇ ਪ੍ਰੋਗਰਾਮ ਉਲੀਕੇ ਜਾ ਰਹੇ ਹਨ। ਇਸੇ ਮੁਹਿੰਮ ਤਹਿਤ ਸਰਕਾਰੀ ਕਾਲਜ ਫੇਸ 6, ਮੋਹਾਲੀ ਵਿਖੇ ਵੋਟਰ ਰਜਿਸਟ੍ਰੇਸ਼ਨ ਕੈਂਪ ਦਾ ਉਦਘਾਟਨ ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ. ਗੁਰਬਖਸ਼ੀਸ਼ ਸਿੰਘ ਅਨਟਾਲ ਅਤੇ ਜ਼ਿਲ੍ਹਾ ਚੋਣ ਦਫਤਰ ਦੇ ਤਹਿਸੀਲਦਾਰ ਸੰਜੇ ਕੁਮਾਰ ਵੱਲੋਂ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਨੋਡਲ ਅਫਸਰ ਸਵੀਪ ਨੇ ਦੱਸਿਆ ਕਿ ਇਹਨਾ ਕੈਂਪਾਂ ਦਾ ਮੁੱਖ ਮਕਸਦ ਯੋਗ ਨੌਜਵਾਨ ਵੋਟਰਾਂ ਦਾ 100% ਪੰਜੀਕਰਣ ਯਕੀਨੀ ਬਣਾਉਣਾ ਹੈ। ਉਨ੍ਹਾਂ ਨੇ ਕਾਲਜ ਦੇ ਪ੍ਰਿੰਸੀਪਲ ਹਰਜੀਤ ਕੌਰ ਗੁਜਰਾਲ ਅਤੇ ਸਵੀਪ ਕੋਆਰਡੀਨੇਟਰ ਪ੍ਰੋ. ਗੁਨਜੀਤ ਵੱਲੋਂ ਕੈਂਪ ਲਗਾਉਣ ਅਤੇ ਵਿਦਿਆਰਥੀਆਂ ਨੂੰ ਲੋਕਤੰਤਰੀ ਪਰੰਪਰਾਵਾਂ ਦੀ ਮਜਬੂਤੀ ਵਿੱਚ ਹਿੱਸਾ ਪਾਉਣ ਲਈ ਪ੍ਰੇਰਿਤ ਕਰਨ ਲਈ ਕਾਲਜ ਦਾ ਧੰਨਵਾਦ ਕੀਤਾ। ਇਸ ਮੌਕੇ ਚੋਣ ਤਹਿਸੀਲਦਾਰ ਸੰਜੇ ਕੁਮਾਰ ਨੇ ਦੱਸਿਆ ਕਿ ਜ਼ਿਲ੍ਹਾ ਸਵੀਪ ਟੀਮ ਵੱਲੋਂ ਨੌਜਵਾਨ, ਔਰਤ, ਦਿਵਿਆਂਗਜਨ, ਟਰਾਂਸਜੈਂਡਰ ਵੋਟਰਾਂ ਦੇ ਪੰਜੀਕਰਣ ਲਈ ਵੱਖ ਵੱਖ ਪ੍ਰੋਗਰਾਮ ਉਲੀਕੇ ਜਾ ਰਹੇ ਹਨ। ਇਸ ਮੌਕੇ ਜ਼ਿਲ੍ਹਾ ਨੋਡਲ ਅਫਸਰ ਸਵੀਪ ਵੱਲੋਂ ਮੋਬਾਈਲ ਐਪ ਰਾਹੀਂ ਵੋਟਰ ਪੰਜੀਕਰਣ ਕਰਵਾਉਣ ਲਈ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ ਗਿਆ। ਕਾਲਜ ਦੇ ਐਨ ਸੀ. ਸੀ. ਵਿੰਗ ਦੇ ਇੰਚਾਰਜ ਪ੍ਰੋ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਰਾਸ਼ਟਰੀ ਕੈਡਟ ਕੋਰ ਦੇ ਵਲੰਟੀਅਰਾਂ ਵੱਲੋਂ ਇਸ ਮੁਹਿੰਮ ਦੀ ਸੰਪੂਰਨਤਾ ਲਈ ਹਰ ਇੱਕ ਕਲਾਸ ਦੇ ਵਿਦਿਆਰਥੀਆਂ ਨਾਲ ਨਿੱਜੀ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ। ਇਸ ਦੌਰਾਨ ਸਰਕਾਰੀ ਬਹੁਤਕਨੀਕੀ ਕਾਲਜ ਖੂਨੀਮਾਜਰਾ ਦੇ ਹਰਕੇਸ਼ ਅਤੇ ਮੋਹਾਲੀ ਤੋਂ ਚੋਣ ਦਫਤਰ ਦੇ ਜਗਤਾਰ ਸਿੰਘ ਵੀ ਹਾਜ਼ਰ ਸਨ। ਕੈਂਪ ਦੌਰਾਨ 127 ਵਿਦਿਆਰਥੀਆਂ ਨੇ ਫਾਰਮ-6 ਹਾਸਿਲ ਕੀਤੇ।

# ਸਤੰਬਰ/ਅਕਤੂਬਰ ਦੌਰਾਨ ਜ਼ਿਲ੍ਹਾ ਗੁਰਦਾਸਪੁਰ ਦੇ 75 ਫੀਸਦੀ ਬਿਜਲੀ ਖਪਤਕਾਰਾਂ ਦੇ ਜ਼ੀਰੋ ਬਿੱਲ ਆਏ : ਸੇਖਵਾਂ

**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਮੂਹ ਬਿਜਲੀ ਖਪਤਕਾਰਾਂ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦੇਣ ਦਾ ਵਾਅਦਾ ਨਿਭਾਇਆ ਜਾ ਰਿਹਾ ਹੈ। ਰਾਜ ਸਰਕਾਰ ਦੀ 300 ਯੂਨਿਟ ਮੁਫ਼ਤ ਬਿਜਲੀ ਸਹੂਲਤ ਦਾ ਸਮਾਜ ਦੇ ਹਰ ਵਰਗ ਨੂੰ ਬਿਨਾਂ ਕਿਸੇ ਭੇਦ-ਭਾਵ ਲਾਭ ਪਹੁੰਚ ਰਿਹਾ ਹੈ। ਇਕੱਲੇ ਸਰਹੱਦੀ ਜ਼ਿਲ੍ਹੇ ਗੁਰਦਾਸਪੁਰ ਦੇ 431684 ਘਰੇਲੂ ਖਪਤਕਾਰਾਂ ਵਿੱਚੋਂ 298100 (74.47 ਫੀਸਦੀ) ਖਪਤਕਾਰਾਂ ਦੇ ਸਤੰਬਰ ਅਤੇ ਅਕਤੂਬਰ ਮਹੀਨੇ ਵਿੱਚ ਜ਼ੀਰੋ ਬਿੱਲ ਆਏ ਹਨ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਤੋਂ ਪਹਿਲਾਂ ਸੂਬਾ ਵਾਸੀਆਂ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਸਹੂਲਤ ਦੇਣ ਦੀ ਗਾਰੰਟੀ ਦਿੱਤੀ ਸੀ ਅਤੇ ਸਰਕਾਰ ਬਣਦਿਆਂ ਹੀ ਇਸ ਗਰੰਟੀ ਨੂੰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ 300 ਯੂਨਿਟ ਮੁਫ਼ਤ ਬਿਜਲੀ ਸਹੂਲਤ ਹਰ ਕਿਸੇ ਧਰਮ, ਜਾਤ, ਵਰਗ ਤੋਂ ਉੱਪਰ ਉੱਠ ਕੇ ਸਾਰਿਆਂ ਨੂੰ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕੇਵਲ ਜ਼ਿਲ੍ਹਾ ਗੁਰਦਾਸਪੁਰ ਦੇ 431684 ਖਪਤਕਾਰਾਂ ਵਿਚੋਂ 298100 ਖਪਤਕਾਰਾਂ ਨੂੰ ਸਤੰਬਰ ਅਤੇ ਅਕਤੂਬਰ ਮਹੀਨੇ ਦੇ ਜ਼ੀਰੋ ਬਿੱਲ ਆਏ ਹਨ ਜੋ ਕਿ ਕੁੱਲ ਖਪਤਕਾਰਾਂ ਦਾ 74.47 ਫੀਸਦੀ ਬਣਦਾ ਹੈ। ਚੇਅਰਮੈਨ ਜਗਰੂਪ ਸਿੰਘ ਸਿੰਘ ਸੇਖਵਾਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਵੇਲੇ ਬਿਜਲੀ ਦੇ ਬਿੱਲ ਆਮ ਲੋਕਾਂ ਉੱਪਰ ਵੱਡਾ ਬੋਝ ਸਨ ਅਤੇ ਬਹੁਤ ਸਾਰੇ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਵੱਲੋਂ ਵੱਡੇ-ਵੱਡੇ ਬਿਜਲੀ ਬਿੱਲ ਭਰਨੇ ਉਨ੍ਹਾਂ ਦੇ ਵੱਸ ਵਿੱਚ ਨਹੀਂ ਸੀ। ਉਨ੍ਹਾਂ ਕਿਹਾ ਕਿ ਹੁਣ ਬਿਜਲੀ ਦਾ ਜ਼ੀਰੋ ਬਿੱਲ ਆਉਣ ਕਾਰਨ ਲੋਕ ਓਹੀ ਹਜ਼ਾਰਾਂ ਰੁਪਏ ਆਪਣੇ ਪਰਿਵਾਰ ਦੀ ਬਿਹਤਰੀ, ਬੱਚਿਆਂ ਦੀ ਪੜ੍ਹਾਈ ਆਦਿ ਉੱਪਰ ਖਰਚ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਸਰਕਾਰ ਨੂੰ ਆਮ ਲੋਕਾਂ ਦਾ ਪੂਰੀ ਤਰ੍ਹਾਂ ਖਿਆਲ ਹੈ।



# ਗੌ. ਪ੍ਰਾ. ਸਕੂਲ ਡਮੁੰਡਾ 'ਚ ਟਿਊਬਵੈੱਲ ਚਾਲੂ

**ਮੇਹਟੀਆਣਾ ( ਜਗਤਾਰ ਸਿੰਘ ਭੁੰਗਰਨੀ)**

ਅਮਰ ਕੌਰ ਚਰਨ ਕੌਰ ਵੈੱਲਫੇਅਰ ਸੁਸਾਇਟੀ ( ਰਜਿ ) ਭੁੰਗਰਨੀ ( ਹੁਸ਼ਿਆਰਪੁਰ) ਜਿਸਦੇ ਸਰਪ੍ਰਸਤ ਡਾ.ਹਰਦੇਵ ਸਿੰਘ ਪਰਹਾਰ ,ਜਸਵਿੰਦਰ ਕੌਰ ਪਰਹਾਰ ਹਨ, ਵੱਲੋਂ ਗੌ. ਪ੍ਰਾ ਸਕੂਲ ਡਮੁੰਡਾ ਵਿਖੇ ਪਾਣੀ ਦੀ ਕਿੱਲਤ ਨੂੰ ਦੇਖਦਿਆਂ ਸਮਬਰਸੀਵਲ ਟਿਊਬਵੈਲ ਦੇ ਬੋਰ ਦਾ ਕੰਮ ਸ਼ੁਰੂ ਕਰਵਾਇਆ ਗਿਆ ਸੀ, ਜਿਸਨੂੰ ਸੰਪੂਰਨ ਹੋਣ 'ਤੇ ਸੁਸਾਇਟੀ ਦੇ ਆਗੂਆਂ ਵਲੋਂ ਉਸਦਾ ਸਟਾਰਟਰ ਬਟਨ ਦਬਾ ਕੇ ਚਾਲੂ ਕਰ ਦਿੱਤਾ ਗਿਆ। ਸੁਸਾਇਟੀ ਸਕੂਲ ਦੇ ਹੈੱਡ ਮਾਸਟਰ ਸਬੇਗ ਸਿੰਘ ਨੇ ਦੱਸਿਆ ਕਿ ਸਕੂਲ ਵਿੱਚ ਬੱਚਿਆਂ ਨੂੰ ਸਾਫ ਸੁੱਥਰੇ ਪਾਣੀ ਦੀ ਕਿੱਲਤ ਲੰਮੇ ਸਮੇਂ ਤੋਂ ਚੱਲ ਰਹੀ ਸੀ , ਪਾਣੀ ਦੀ ਕਿੱਲਤ ਨੂੰ ਮੁੱਖ ਰੱਖਦਿਆਂ ਸੁਸਾਇਟੀ ਨੂੰ ਸਕੂਲ ਦੇ ਸਮੁੱਚੇ ਸਟਫ ਵਲੋਂ ਸਕੂਲ ਨੂੰ ਪੀਣ ਵਾਲੇ ਪਾਣੀ ਦਾ ਜੋ ਬੋਰ ਕਰਵਾ ਕੇ ਦੇਣ ਦੀ ਬੇਨਤੀ ਕੀਤੀ ਗਈ ਸੀ। ਜਿਸਦਾ ਉਦਘਾਟਨ ਮਹਾਂਪੁਰਸ਼ ਬਾਬਾ ਹਰਭਜਨ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਕੀਤਾ ਗਿਆ ਸੀ। ਜੋ ਬੀਤੇ ਦਿਨੀ ਸੰਪੂਰਨ ਹੋਇਆ ਅਤੇ ਸੁਸਾਇਟੀ ਆਗੂਆਂ ਵਲੋਂ ਚਾਲੂ ਕੀਤਾ ਗਿਆ। ਸੁਸਾਇਟੀ ਆਗੂਆਂ ਵੱਲੋਂ ਇੱਕ ਲੱਖ ਪੰਜ ਹਜਾਰ ਦਾ ਚੈੱਕ ਵੀ ਦਿੱਤਾ ਗਿਆ । ਇਸ ਮੌਕੇ ਸੁਸਾਇਟੀ ਆਗੂ ਜਸਵੀਰ ਸਿੰਘ ਮਿਨਹਾਸ ,ਜਗਤਾਰ ਸਿੰਘ ਭੁੰਗਰਨੀ, ਜਥੇਦਾਰ ਸੁਰਜੀਤ ਸਿੰਘ ਮਸੂਤਾ,ਬਲਵੀਰ ਸਿੰਘ ਫੁਗਲਾਣਾ, ਬਲਵੀਰ ਸਿੰਘ ਤੰਬੜ, ਸਤਨਾਮ ਸਿੰਘ ਪਰਹਾਰ, ਦਿਲਵੀਰ ਸਿੰਘ ਯੂ.ਕੇ. ਹਰਜੀਤ ਸਿੰਘ ਭੱਟੀ, ਗੁਰਮੇਲ ਸਿੰਘ ਡਮੁੰਡਾ, ਮਾ.ਅਬਿਨਾਸੀ ਸਿੰਘ ਅਤੇ ਸਕੂਲ ਦਾ ਸਮੁੱਚਾ ਸਟਾਫ ਅਤੇ ਨਗਰ ਨਿਵਾਸੀ ਹਾਜਰ ਸਨ।



# ਗੋਲਡਨ ਗਰੁੱਪ ਵਿਖੇ ਅੰਗਹੀਣਾਂ ਲਈ 28ਵਾਂ ਮੁਫਤ ਬਨਾਉਟੀ ਅੰਗ ਲਗਾਉਣ ਲਈ ਕੈਂਪ ਲੱਗਾ

**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਗੋਲਡਨ ਗਰੁੱਪ ਆਫ ਇੰਸਟੀਚਿਊਟ ਅਤੇ ਸੱਤਿਆ ਸਾਈਂ ਸੇਵਾ ਕਮੇਟੀ ਵੱਲੋਂ ਸ਼੍ਰੀ ਸੱਤਿਆ ਸਾਈਂ ਬਾਬਾ ਦੇ 98ਵੇਂ ਜਨਮ ਦਿਹਾੜੇ ਨੂੰ ਸਮਰਪਿਤ 28ਵਾਂ ਜ਼ਿਲ੍ਹਾ ਪੱਧਰੀ ਮੁਫਤ ਅੰਗਹੀਣ ਕੈਂਪ ਸੀਨੀਅਰ ਸੈਕੰਡਰੀ ਸਕੂਲ ਹਨੂੰਮਾਨ ਚੌਕ ਗੁਰਦਾਸਪੁਰ ਵਿਖੇ ਲਗਾਇਆ ਗਿਆ। ਇਸ ਮੌਕੇ ਵਿਚ ਭਗਵਾਨ ਸ਼੍ਰੀ ਸੱਤਿਆ ਸਾਈਂ ਬਾਬਾ ਦਾ 98ਵਾਂ ਜਨਮ ਦਿਹਾੜਾ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ 'ਚ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ ਜਦੋਂ ਕਿ ਉਨਾਂ ਦੇ ਨਾਲ ਹੈਲਥ ਸਿਸਟਮ ਕਾਰਪੋਰੇਸ਼ਨ ਚੇਅਰਮੈਨ ਰਮਨ ਬਹਿਲ ਨੇ ਪ੍ਰੋਗਰਾਮ ਦੀ ਅਗਵਾਈ ਕੀਤੀ। ਡਾ. ਮੋਹਿਤ ਮਹਾਜਨ ਵੱਲੋਂ ਮੁੱਖ ਮਹਿਮਾਨਾਂ ਦਾ ਫੁੱਲਾਂ ਦੇ ਹਾਰ ਪਹਿਨਾ ਕੇ ਸਵਾਗਤ ਕੀਤਾ ਗਿਆ। ਮਹਿਮਾਨਾਂ ਨੇ ਬਨਾਵਟੀ ਅੰਗ ਵਰਕਸ਼ਾਪ 'ਚ ਜਾ ਕੇ ਅੰਗਹੀਣਾਂ ਨੂੰ ਲਗਾਏ ਜਾ ਰਹੇ ਬਨਾਉਟੀ ਅੰਗਾਂ ਦਾ ਨਿਰੀਖਣ ਕੀਤਾ ਅਤੇ ਡਾਕਟਰਾਂ ਦੀ ਟੀਮਾਂ ਨਾਲ ਬਨਾਵਟੀ ਅੰਗਾਂ ਦੀ ਤਿਆਰੀ ਕਰਨ ਅਤੇ ਹੋਰ ਪ੍ਰਬੰਧਾਂ ਬਾਰੇ ਵਿਚਾਰ ਵਟਾਂਦਰਾ ਕੀਤਾ। ਉਨਾਂ ਅੰਗਹੀਣ ਲੋਕਾਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਆ ਰਹੀਆਂ ਪ੍ਰੇਸ਼ਾਨੀਆਂ ਬਾਰੇ ਜਾਣਕਾਰੀ ਹਾਸਿਲ ਕੀਤੀ। ਉਪਰੰਤ ਗੋਲਡਨ ਗਰੁੱਪ ਦੇ ਫਾਉਂਡਰ ਸਵਰਗੀ ਦੀਨਾਨਾਥ ਮਹਾਜਨ ਅਤੇ ਸਵਰਗੀ ਕ੍ਰਿਸ਼ਨ ਕਾਂਤਾ ਮਹਾਜਨ ਦੀ ਤਸਵੀਰ ਤੇ ਮੁੱਖ ਮਹਿਮਾਨਾਂ ਨੇ ਫੁੱਲ ਮਾਲਾਵਾਂ ਅਰਪਿਤ ਕੀਤੀਆਂ। ਮੁੱਖ ਮਹਿਮਾਨ ਨੇ ਨਾਰੀਅਲ ਤੋੜਨ ਦੀ ਰਸਮ ਅਤੇ ਜੋਤ ਜਲਾਉਣ ਦੀ ਰਸਮ ਪੂਰੀ ਕਰਨ ਦੇ ਬਾਅਦ ਪੰਡਾਲ 'ਚ ਸਾਈਂ ਭਗਤਾਂ ਵੱਲੋਂ ਬਾਬਾ ਦੇ 98ਵੇਂ ਜਨਮ ਦਿਹਾੜੇ 'ਤੇ ਭਜਨ ਗਾਇਨ ਕੀਤਾ ਗਿਆ। ਡਾ. ਮੋਹਿਤ ਮਹਾਜਨ ਨੇ ਸਾਰੇ ਮਹਿਮਾਨਾਂ ਨੂੰ ਦੋਸ਼ਾਲਾ ਭੇਟ ਕਰਕੇ ਉਨ੍ਹਾਂ ਨੂੰ ਪ੍ਰੋਗਰਾਮ 'ਚ ਸ਼ਾਮਲ ਹੋਣ ਲਈ ਸਨਮਾਨਿਤ ਕੀਤਾ। ਇਸ ਮੌਕੇ ਗੁਰਦਾਸਪੁਰ ਦੇ ਸ਼੍ਰੀ ਸੱਤਿਆ ਸਾਈਂ ਸੇਵਾ ਕਮੇਟੀ ਦੇ ਪ੍ਰੈਜੀਡੈਂਟ ਰਨਵੀਰ ਸਿੰਘ ਨੇ ਵੀ ਉਨ੍ਹਾਂ ਦੀ ਸੰਸਥਾ ਵੱਲੋਂ ਕੀਤੇ ਜਾ ਰਹੇ ਕਾਰਜ 'ਤੇ ਚਰਚਾ ਕੀਤੀ। ਡਾ ਮੋਹਿਤ ਮਹਾਜਨ ਨੇ ਇਸ ਪ੍ਰੋਗਰਾਮ 'ਚ ਹਾਜ਼ਰ ਮੁੱਖ ਮਹਿਮਾਨਾਂ ਅਤੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਬਾਬਾ ਦੇ ਜੀਵਨ ਅਤੇ ਗੋਲਡਨ ਗਰੁੱਪ ਵੱਲੋਂ ਕੀਤੇ ਜਾ ਰਹੇ ਸਮਾਜਿਕ ਅਤੇ ਧਾਰਮਿਕ ਆਯੋਜਨ ਦੀ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਕਿਹਾ ਕਿ ਹੁਣ ਤੱਕ ਗੋਲਡਨ ਗਰੁੱਪ ਆਫ ਇੰਸਟੀਚਿਊਟ ਵੱਲੋਂ 27 ਜ਼ਿਲ੍ਹਾ ਪੱਧਰੀ ਮੁਕਤ ਅੰਗਹੀਣ ਕੈਂਪ ਲਗਾਏ ਜਾ ਚੁੱਕੇ ਹਨ ਜਿਸ ਵਿੱਚ 2784 ਅੰਗਹੀਣ ਲੋਕਾਂ ਨੂੰ ਬਨਾਵਟੀ ਅੰਗ ਲਗਾ ਕੇ ਸਮਾਜ ਦੀ ਮੁੱਖ ਧਾਰਾ 'ਚ ਸ਼ਾਮਲ ਕੀਤੀ ਗਿਆ ਹੈ। ਡਾ. ਮੋਹਿਤ ਮਹਾਜਨ ਨੇ ਇਹ ਵੀ ਦੱਸਿਆ ਕਿ ਉਨਾਂ ਨੂੰ ਇਸ ਤਰਾਂ ਦੀ ਸੇਵਾ ਕਰਨ ਤੋਂ ਬਾਅਦ ਮਨ ਚ ਪ੍ਰਸੰਨਤਾ ਹੁੰਦੀ ਹੈ ਜਿਸ ਨਾਲ ਗਰੀਬ ਅਤੇ ਬੇਸਹਾਰਾ ਲੋਕਾਂ ਨੂੰ ਲਾਭ ਹੁੰਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਗੋਲਡਨ ਗਰੁੱਪ ਆਫ ਇੰਸਟੀਚਿਊਟ ਵੱਲੋਂ ਕਈ ਸਮਾਜਿਕ ਕਾਰਜ ਜਿਵੇਂ ਵਿਧਵਾ ਔਰਤਾਂ ਨੂੰ ਰਾਸ਼ਣ ਵੰਡਣਾ, ਫਿਜ਼ੀਓਥੈਰੇਪੀ ਸੈਂਟਰ ਦਾ ਚਲਾਨਾ ਅਤੇ ਲੰਗਰ ਦਾ ਪ੍ਰਬੰਧ ਕਰਨਾ ਆਦਿ ਸ਼ਾਮਲ ਹਨ। ਇਸ ਦੇ ਉਪਰੰਤ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਆਪਣੇ ਸੰਬੋਧਨ 'ਚ ਸਾਰੇ ਸ਼ਰਧਾਲੂਆਂ ਨੂੰ ਇਹ ਪ੍ਰੇਰਨਾਂ ਦਿੱਤੀ ਕਿ ਸਾਨੂੰ ਸਭ ਨੂੰ ਗਰੀਬ ਲੋਕਾਂ ਦਾ ਸਹਾਰਾ ਬਨਣਾ ਚਾਹੀਦਾ ਹੈ ਅਤੇ ਸਰਕਾਰ ਵੱਲੋਂ ਮੁਫਤ ਵਿਵਸਥਾ ਗਰੀਬ ਲੋਕਾਂ ਤੱਕ ਪਹੁੰਚਾਉਣੀਆਂ ਚਾਹੀਦੀਆਂ ਹਨ। ਡਾ. ਮੋਹਿਤ ਮਹਾਜਨ ਅਤੇ ਸਮੂਹ ਗੋਲਡਨ ਗਰੁੱਪ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਇਹ ਗਰੁੱਪ ਆਪਣੇ ਚੰਗੇ ਕੰਮਾਂ ਲਈ ਗੁਰਦਾਸ ਚ ਜਾਣਿਆ ਜਾਂਦਾ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਵੀ ਆਪਣੇ ਸੰਬੋਧਨ ਚ ਸਾਰੇ ਲੋਕਾਂ ਨੂੰ ਸੰਦੇਸ਼ ਦਿੱਤਾ ਕਿ ਉਨ੍ਹਾਂ ਨੂੰ ਹਮੇਸ਼ਾ ਭਗਵਾਨ ਦੀ ਭਗਤੀ ਕਰਨੀ ਚਾਹੀਦੀ ਹੈ ਅਤੇ ਦੱਬੇ ਕੁਚਲੇ ਵਿਕਅਤੀਆਂ ਦੀ ਸੇਵਾ ਲਈ ਹਮੇਸ਼ਾ ਅੱਗੇ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ 'ਚ ਗੋਲਡਨ ਗਰੁੱਪ ਵੱਲੋਂ ਕੀਤੇ ਜਾਣ ਵਾਲੇ ਕਾਰਜਾਂ ਚ ਪ੍ਰਸ਼ਾਸਨ ਹਮੇਸ਼ਾ ਉਨਾਂ ਦੀ ਮਦਦ ਕਰੇਗਾ। ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਰਮਨ ਬਹਿਲ ਵੱਲੋਂ ਇੱਕ ਕਿਤਾਬ ਵੀ ਰਿਲੀਜ਼ ਕੀਤੀ ਗਈ। ਇਸ ਕਿਤਾਬ ਦਾ ਨਾਮ ਜੀਵਨ ਸੂਤਰ ਹੈ ਜੋ ਕਿ ਬਾਬਾ ਦੀ ਸਿੱਖਿਆ ਅਤੇ ਭਗਤਾਂ ਦੇ ਜੀਵਨ ਤੇ ਅਧਾਰਿਤ ਹੈ ਜੋ ਕਿ ਲੇਖਕ ਰਾਜਿੰਦਰ ਸਿੰਘ ਵੱਲੋਂ ਲਿਖੀ ਗਈ ਹੈ। ਇਸ ਤੋਂ ਬਾਅਦ ਡਾ. ਮੋਹਿਤ ਮਹਾਜਨ ਨੇ ਟੈਕਨੀਸ਼ੀਅਨ ਅਤੇ ਡਾਕਟਰਾਂ ਦੀ ਟੀਮ ਨੂੰ ਵੀ ਸਨਮਾਨਿਤ ਕੀਤਾ। ਪ੍ਰੋਗਰਾਮ ਦੀ ਸੰਪੂਰਨਤਾ ਆਰਤੀ ਕਰਕੇ ਕੀਤੀ ਗਈ ਜਿਸ ਦੌਰਾਨ ਡਿਪਟੀ ਕਮਿਸ਼ਨਰ ਡਾ, ਹਿਮਾਂਸ਼ੂ ਅਗਰਵਾਲ ਅਤੇ ਰਮਨ ਬਹਿਲ, ਡਾਇਰੈਕਟਰ ਰਾਘਵ ਮਹਾਜਨ ਨੇ ਆਰਤੀ ਦੀ ਰਸਮ ਨਿਭਾਈ ਅਤੇ ਬਾਬਾ ਦਾ ਆਸ਼ੀਰਵਾਦ ਲਿਆ। ਪ੍ਰੋਗਰਾਮ ਦੇ ਅੰਤ ਵਿੱਚ ਮੁੱਖ ਮਹਿਮਾਨ ਡਾ. ਹਿਮਾਂਸ਼ੂ ਅਗਰਵਾਲ ਅਤੇ ਰਮਨ ਬਹਿਲ ਨੂੰ ਗੋਲਡਨ ਗਰੁੱਪ ਵੱਲੋਂ ਸਮ੍ਰਿਤੀ ਚਿੰਨ੍ਹ ਭੇਟ ਕੀਤੇ ਗਏ। ਇਸ ਮੌਕੇ ਡਾਇਰੈਕਟਰ ਰਾਘਵ ਮਹਾਜਨ, ਆਯੂਸ਼ੀ ਮਹਾਜਨ, ਅਨੁ ਮਹਾਜਨ, ਡਾਇਰੈਕਟਰ ਵਿਨਾਇਕ ਮਹਾਜਨ, ਡਾ. ਅਸ਼ੋਕ ਮਹਾਜਨ, ਡਾ. ਮੀਨਾ ਮਹਾਜਨ, ਪੰਕਜ, ਦੀਪਕ ਮਹਾਜਨ, ਹੀਰਾ ਅਰੋੜਾ, ਪ੍ਰੇਮ ਖੋਸਲਾ, ਇੰਦਰਜੀਤ ਸਿੰਘ ਬਾਜਵਾ, ਰਾਕੇਸ਼ ਜੋਤੀ, ਕੇ. ਕੇ. ਸ਼ਰਮਾ ਆਦਿ ਮੌਜੂਦ ਸਨ।



29-Nov-PAGE-4.qxd 11/28/2023 10:30 PM Page 1

ਨਵਾਂ ਜ਼ਮਾਨਾ
ਬੁੱਧਵਾਰ, 29 ਨਵੰਬਰ 2023

# ਰਾਮਦੇਵ ਦੇ ਭਰਮਾਊ ਇਸ਼ਤਿਹਾਰਾਂ 'ਤੇ ਸ਼ਿਕੰਜਾ

ਅਖੌਤੀ ਯੋਗ ਗੁਰੂ ਰਾਮਦੇਵ ਦੀਆਂ ਆਯੁਰਵੈਦਿਕ ਦਵਾਈਆਂ ਤੇ ਵਸਤਾਂ ਬਾਰੇ ਉਹ ਇਸ਼ਤਿਹਾਰਾਂ ਰਾਹੀਂ ਕਈ ਤਰ੍ਹਾਂ ਦੇ ਦਾਅਵੇ ਕਰਦੇ ਆ ਰਹੇ ਹਨ। ਉਹ ਕਈ ਦਵਾਈਆਂ ਬਾਰੇ ਕਹਿੰਦੇ ਰਹਿੰਦੇ ਹਨ ਕਿ ਇਨ੍ਹਾਂ ਰਾਹੀਂ ਕੈਂਸਰ ਵਰਗੀਆਂ ਨਾ ਮੁਰਾਦ ਬਿਮਾਰੀਆਂ ਵੀ ਠੀਕ ਹੋ ਸਕਦੀਆਂ ਹਨ। ਹੁਣ ਕੇਰਲਾ ਦੇ ਡਰੱਗਜ਼ ਕੰਟਰੋਲ ਵਿਭਾਗ ਨੇ ਰਾਮਦੇਵ ਵੱਲੋਂ ਦਿੱਤੇ ਜਾਂਦੇ ਭਰਮ ਪੈਦਾ ਕਰਨ ਵਾਲੇ ਇਸ਼ਤਿਹਾਰਾਂ ਲਈ ਪਤੰਜਲੀ ਦੀ ਆਯੁਰਵੈਦਿਕ ਦਵਾਈਆਂ ਬਣਾਉਣ ਵਾਲੀ ਕੰਪਨੀ ਦਿਵਿਆ ਫਾਰਮੇਸੀ ਵਿਰੁੱਧ ਮੁਕੱਦਮਾ ਦਰਜ ਕਰਨ ਦਾ ਫੈਸਲਾ ਲਿਆ ਹੈ।

ਇਸ ਮਹੀਨੇ ਸੁਪਰੀਮ ਕੋਰਟ ਨੇ ਵੀ ਪਤੰਜਲੀ ਆਯੁਰਵੈਦਿਕ ਦੇ ਇਸ਼ਤਿਹਾਰਾਂ ਬਾਰੇ ਸਖ਼ਤ ਇਤਰਾਜ਼ ਜਤਾਇਆ ਸੀ। ਸੁਪਰੀਮ ਕੋਰਟ ਨੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਵੱਲੋਂ ਪਿਛਲੇ ਸਾਲ ਦਾਇਰ ਕੀਤੀ ਗਈ ਰਿੱਟ ਉੱਤੇ ਸੁਣਵਾਈ ਕਰਦਿਆਂ ਕਿਹਾ ਸੀ ਕਿ ਜੇਕਰ ਅਜਿਹੇ ਭਰਮਾਊ ਇਸ਼ਤਿਹਾਰ ਬੰਦ ਨਾ ਕੀਤੇ ਤਾਂ ਅਦਾਲਤ ਪਤੰਜਲੀ ਦੇ ਹਰ ਅਜਿਹੇ ਇਸ਼ਤਿਹਾਰ 'ਤੇ ਇੱਕ ਕਰੋੜ ਰੁਪਏ ਜੁਰਮਾਨਾ ਲਾ ਦੇਵੇਗੀ। ਕੇਂਦਰ ਤੇ ਭਾਜਪਾ ਦੀਆਂ ਸੂਬਾ ਸਰਕਾਰਾਂ ਤਾਂ ਰਾਮਦੇਵ 'ਤੇ ਪੂਰੀਆਂ ਮਿਹਰਬਾਨ ਹਨ, ਉਨ੍ਹਾਂ ਤੋਂ ਉਸ ਵਿਰੁੱਧ ਕਿਸੇ ਕਾਰਵਾਈ ਦੀ ਉਮੀਦ ਨਹੀਂ ਕੀਤੀ ਜਾ ਸਕਦੀ, ਪਰ ਕੇਰਲਾ ਦੀ ਖੱਬੇ ਪੱਖੀ ਸਰਕਾਰ ਨੇ ਸੁਪਰੀਮ ਕੋਰਟ ਦੀਆਂ ਟਿੱਪਣੀਆਂ ਤੋਂ ਪਹਿਲਾਂ ਹੀ ਕਾਰਵਾਈ ਸ਼ੁਰੂ ਕਰ ਦਿੱਤੀ ਸੀ।

ਕਾਨੂਰ ਦੇ ਅੱਖਾਂ ਦੀਆਂ ਬਿਮਾਰੀਆਂ ਦੇ ਮਾਹਰ ਡਾ. ਕੇ ਵੀ ਬਾਬੂ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਡਰੱਗਜ਼ ਕੰਟਰੋਲ ਵਿਭਾਗ ਨੇ ਕਿਹਾ ਹੈ ਕਿ ਬਾਬੂ ਨੇ 29 ਇਸ਼ਤਿਹਾਰ ਪੇਸ਼ ਕੀਤੇ ਸਨ, ਜੋ ਰਾਜ ਦੇ ਡਰੱਗਜ਼ ਐਂਡ ਮੈਜਿਕ ਰੈਮੇਡੀਜ਼ ਐਕਟ 1954 ਦੀ ਉਲੰਘਣਾ ਹਨ। ਇਨ੍ਹਾਂ ਇਸ਼ਤਿਹਾਰਾਂ ਵਿੱਚ ਪਤੰਜਲੀ ਨੇ ਦਾਅਵਾ ਕੀਤਾ ਸੀ ਕਿ ਉਸ ਵੱਲੋਂ ਤਿਆਰ ਦਵਾਈਆਂ ਬਲੱਡ ਪ੍ਰੈਸ਼ਰ ਤੇ ਸ਼ੂਗਰ ਵਰਗੀਆਂ ਬਿਮਾਰੀਆਂ ਨੂੰ ਠੀਕ ਕਰ ਸਕਦੀਆਂ ਹਨ।

ਕੇ ਵੀ ਬਾਬੂ ਨੇ ਕਿਹਾ ਕਿ ਉਨ੍ਹਾ ਨੇ 2022 ਵਿੱਚ ਕੇਂਦਰੀ ਆਯੁਸ਼ (ਆਯੁਰਵੈਦ, ਯੋਗ ਯੂਨਾਨੀ, ਸਿੱਧ ਤੇ ਹੋਮਿਓਪੈਥੀ) ਮੰਤਰਾਲੇ ਨੂੰ ਅਜਿਹੇ ਇਸ਼ਤਿਹਾਰਾਂ ਬਾਰੇ ਸ਼ਿਕਾਇਤ ਕੀਤੀ ਸੀ। ਆਯੁਸ਼ ਮੰਤਰਾਲੇ ਨੇ ਉਨ੍ਹਾ ਦੀ ਸ਼ਿਕਾਇਤ 'ਤੇ ਉੱਤਰਾਖੰਡ ਦੇ ਅਧਿਕਾਰੀਆਂ ਨੂੰ ਯੋਗ ਕਾਰਵਾਈ ਕਰਨ ਲਈ ਕਿਹਾ ਸੀ, ਪਰ ਕੋਈ ਕਾਰਵਾਈ ਨਹੀਂ ਹੋਈ। ਇਸ ਕਾਰਨ ਹੁਣ ਉਨ੍ਹਾਂ ਕੇਰਲਾ ਡਰੱਗਜ਼ ਕੰਟਰੋਲ ਵਿਭਾਗ ਨੂੰ ਸ਼ਿਕਾਇਤ ਭੇਜੀ ਹੈ। ਇਸ 'ਤੇ ਤੁਰੰਤ ਕਾਰਵਾਈ ਸ਼ੁਰੂ ਹੋ ਗਈ ਹੈ। ਮਾਰਚ 2022 ਵਿੱਚ ਖੁਦ ਆਯੁਸ਼ ਮੰਤਰਾਲੇ ਨੇ ਸੰਸਦ ਵਿੱਚ ਦੱਸਿਆ ਸੀ ਕਿ ਉਸ ਦੇ ਫਾਰਮਾਕੋ ਵਿਜੀਲੈਂਸ ਕੇਂਦਰਾਂ ਨੇ ਉਸ ਨੂੰ 2018 ਤੋਂ 2021 ਦਰਮਿਆਨ 18812 ਅਜਿਹੇ ਇਤਰਾਜ਼ਯੋਗ ਇਸ਼ਤਿਹਾਰਾਂ ਦੀ ਸੂਚਨਾ ਦਿੱਤੀ ਸੀ। ਡਾ. ਬਾਬੂ ਦਾ ਕਹਿਣਾ ਹੈ ਕਿ ਆਯੁਰਵੈਦਿਕ ਦਵਾਈਆਂ ਦੇ ਨਿਰਮਾਤਾਵਾਂ ਵੱਲੋਂ ਅਜਿਹੇ ਭਰਮਾਊ ਇਸ਼ਤਿਹਾਰ ਗੰਭੀਰ ਬਿਮਾਰੀਆਂ ਵਾਲੇ ਰੋਗੀਆਂ ਨੂੰ ਪ੍ਰਭਾਵਿਤ ਕਰਦੇ ਹਨ, ਜੋ ਉਨ੍ਹਾਂ ਲਈ ਨੁਕਸਾਨਦਾਇਕ ਸਾਬਤ ਹੋ ਸਕਦੇ ਹਨ।

# ਫਾਸ਼ੀਵਾਦੀ ਸਰਕਾਰ ਨੂੰ ਸੱਤਾ ਤੋਂ ਲਾਹੁਣ ਲਈ ਸਾਂਝੇ ਸੰਘਰਸ਼ਾਂ ਦੀ ਲੋੜ



ਮੰਗਤ ਰਾਮ ਪਾਸਲਾ

ਸੰਘਰਸ਼ ਜੀਵਨ ਦਾ ਸਾਰ ਤੱਤ ਹੈ। ਸਮੁੱਚੇ ਸਮਾਜਕ ਵਿਕਾਸ ਦੀ ਇਹ ਮੂਲ ਧਾਰਾ ਹੈ। ਮੁਸ਼ਕਿਲ ਤੇ ਸਹਿਲ ਹਾਲਤਾਂ 'ਚ ਵੀ ਪ੍ਰਤੱਖ ਜਾਂ ਅਪ੍ਰਤੱਖ ਰੂਪ 'ਚ ਸੰਘਰਸ਼ ਨਿਰੰਤਰ ਜਾਰੀ ਰਹਿੰਦਾ ਹੈ। ਮਾਨਵੀ ਇਤਿਹਾਸ ਅੰਦਰ ਸਮਕਾਲੀ ਸਥਾਪਤੀ ਵਲੋਂ ਅਨੇਕਾਂ ਵਾਰ ਪੀੜਤ ਲੋਕਾਂ ਦੇ ਹੱਕੀ ਸੰਘਰਸ਼ਾਂ ਨੂੰ ਜ਼ੋਰ, ਜਬਰ ਨਾਲ ਦਬਾਉਣ ਤੇ ਵਿਚਾਰਧਾਰਾ ਦੇ ਖੇਤਰ 'ਚ ਮਾਤ ਦੇਣ ਦੇ ਯਤਨ ਕੀਤੇ ਗਏ ਤੇ ਕਈ ਵਾਰ ਅਜਿਹੇ ਯਤਨ ਸਫਲ ਵੀ ਹੋਏ ਹਨ, ਪ੍ਰੰਤੂ ਸਮਾਜਿਕ ਵਿਕਾਸ ਦਾ ਪਹੀਆ ਅੰਤਮ ਰੂਪ 'ਚ ਸੰਘਰਸ਼ਾਂ ਦੇ ਬਲਬੂਤੇ ਅਗਾਂਹ ਵੱਲ ਨੂੰ ਹੀ ਤੁਰਦਾ ਆ ਰਿਹਾ ਹੈ। ਪੀੜਤ ਲੋਕਾਂ ਨੂੰ ਜਿੱਤਾਂ ਉਸ ਸਮੇਂ ਹੀ ਨਸੀਬ ਹੋਈਆਂ ਹਨ, ਜਦੋਂ ਇਹ ਸੰਘਰਸ਼ ਹੱਕ ਵਜਾਨਬ ਹੋਣ ਦੇ ਨਾਲ-ਨਾਲ ਜਨ ਸਧਾਰਨ ਇਨ੍ਹਾਂ ਦੇ ਕੇਂਦਰ 'ਚ ਰਹਿ ਕੇ ਮੁੱਖ ਭੂਮਿਕਾ ਨਿਭਾਉਣ ਦੇ ਸਮਰੱਥ ਬਣਿਆ ਹੈ। ਸੰਘਰਸ਼ ਦਾ ਨਿਆਂ ਸੰਗਤ ਹੋਣਾ ਅਤੇ ਇਸ ਸੰਘਰਸ਼ ਨੂੰ ਲੋਕਾਂ ਦੀ ਵਸੀਹ ਹਮਾਇਤ ਹਾਸਲ ਹੋਣਾ; ਇਹ ਦੋ ਪੱਖ ਜਦੋਂ ਵੀ ਅਲੋਪ ਜਾਂ ਕਮਜ਼ੋਰ ਹੋਏ ਹਨ, ਸਮੇਂ ਦੇ ਹੁਕਮਰਾਨਾਂ ਨੇ ਲੋਕ ਜੱਦੋਜਹਿਦਾਂ ਨੂੰ ਬੇਰਹਿਮੀ ਨਾਲ ਕੁਚਲ ਸੁੱਟਿਆ ਹੈ। ਇਸ ਲਈ ਇਹ ਜ਼ਿੰਮਾ ਸੰਘਰਸ਼ਸ਼ੀਲ ਲੋਕਾਂ ਤੇ ਉਨ੍ਹਾਂ ਦੀ ਅਗਵਾਈ ਕਰ ਰਹੀ ਲੀਡਰਸ਼ਿਪ ਦਾ ਹੈ ਕਿ ਉਹ ਕਿਸੇ ਵੀ ਇਕ ਵਰਗ, ਖਿੱਤੇ ਜਾਂ ਭਾਈਚਾਰੇ ਦੇ ਹੱਕੀ ਸੰਘਰਸ਼ਾਂ 'ਚ ਨਵੇਂ ਤੋਂ ਨਵੇਂ ਸਹਿਯੋਗੀਆਂ ਦੀ ਸ਼ਮੂਲੀਅਤ ਵਧਾਉਂਦੇ ਰਹਿਣ ਤਾਂ ਕਿ ਦੋਸਤਾਂ ਦੀ ਗਿਣਤੀ 'ਚ ਇਜ਼ਾਫਾ ਅਤੇ ਦੁਸ਼ਮਨਾਂ ਦੀ ਗਿਣਤੀ 'ਚ ਕਮੀ ਹੁੰਦੀ ਰਹੇ। ਅੰਤਮ ਫਤਿਹ ਉਸ ਸਮੇਂ ਹੀ ਹਾਸਲ ਹੁੰਦੀ ਹੈ, ਜਦੋਂ ਮੁੱਠੀ ਭਰ ਲੁਟੇਰੀ ਹਾਕਮ ਜੁੰਡਲੀ ਉਸ ਦੇਸ਼ ਜਾਂ ਖਿੱਤੇ ਦੇ ਆਮ ਲੋਕਾਂ ਨਾਲੋਂ ਵੱਡੀ ਮਾਤਰਾ 'ਚ ਨਿੱਖੜ ਜਾਂਦੀ ਹੈ ਤੇ ਪੀੜਤ ਲੋਕਾਂ ਦੀ ਵਿਸ਼ਾਲ ਏਕਤਾ ਮਜ਼ਬੂਤੀ ਨਾਲ ਅੱਗੇ ਵੱਧਦੀ ਹੈ। ਇਸ ਕੁੰਜੀਵਤ ਫਾਰਮੂਲੇ ਨੂੰ ਅਸਫਲ ਕਰਨ ਲਈ ਹਾਕਮ ਧਿਰਾਂ ਹਮੇਸ਼ਾ ਕੁਟਿਲ ਚਾਲਾਂ ਚੱਲਦੀਆਂ ਰਹਿੰਦੀਆਂ ਹਨ ਤੇ ਲੋਕਾਂ 'ਤੇ ਜਬਰ ਢਾਹੁਣ ਦੇ ਨਾਲ-ਨਾਲ ਸੰਘਰਸ਼ਸ਼ੀਲ ਲੋਕਾਂ ਦੀ ਵਿਚਾਰਧਾਰਾ 'ਚ ਖੋਟ ਰਲਾਉਣ ਤੇ ਉਨ੍ਹਾਂ ਦੀਆਂ ਸਫ਼ਾਂ 'ਚ ਤ੍ਰੇੜਾਂ ਪਾਉਣ ਦੀਆਂ ਕੁਚਾਲਾਂ ਵੀ ਜਾਰੀ ਰੱਖਦੀਆਂ ਹਨ। ਕਿਸੇ ਵੀ ਢੰਗ ਨਾਲ ਇਕ ਸੰਘਰਸ਼ਸ਼ੀਲ ਧਿਰ ਨੂੰ ਦੂਸਰੀ ਪੀੜਤ ਧਿਰ ਵਿਰੁੱਧ ਖੜ੍ਹੀ ਕਰਨਾ ਅਜਿਹੇ ਹਾਕਮ ਜਮਾਤੀ ਛੜਯੰਤਰਾਂ ਦਾ ਇਕ ਅਟੁੱਟ ਭਾਗ ਰਿਹਾ ਹੈ।

ਉਂਝ ਤਾਂ ਦੇਸ਼ ਭਰ ਦੇ ਲੋਕ ਆਪਣੇ ਹੱਕਾਂ ਦੀ ਰਾਖੀ ਵਾਸਤੇ ਅਤੇ ਆਪੋ-ਆਪਣੇ ਦੁੱਖਾਂ ਦੇ ਖ਼ਾਤਮੇ ਲਈ, ਸਰਕਾਰਾਂ ਦੀਆਂ ਲੋਕ ਮਾਰੂ ਨੀਤੀਆਂ ਵਿਰੁੱਧ ਨਿਰੰਤਰ ਸੰਘਰਸ਼ਸ਼ੀਲ ਹਨ, ਪ੍ਰੰਤੂ ਪੰਜਾਬ ਤੇ ਇਸ ਦੇ ਨਾਲ ਲੱਗਦੇ ਖਿੱਤੇ ਦੇ ਲੋਕਾਂ ਦੇ ਨਾਬਰੀ ਵਾਲੇ ਸੁਭਾਅ, ਆਪਣੇ ਹੱਕਾਂ ਦੀ ਪ੍ਰਾਪਤੀ ਲਈ ਉਪਜੀ ਜਾਗਰੂਕਤਾ ਤੇ ਰਾਜ-ਭਾਗ 'ਤੇ ਬੈਠੀਆਂ ਲੁਟੇਰੀਆਂ ਜਮਾਤਾਂ ਦੇ ਕਿਰਦਾਰ ਨੂੰ ਸਮਝਣ ਦੀ ਕਾਬਲੀਅਤ ਨੇ ਇੱਥੋਂ ਦੇ ਲੋਕਾਂ ਨੂੰ ਸਮੁੱਚੇ ਦੇਸ਼ ਸਾਹਮਣੇ ਇਕ 'ਨਿਪੁੰਨ ਆਗੂ' ਵਜੋਂ ਉਭਾਰ ਕੇ ਪੇਸ਼ ਕਰ ਦਿੱਤਾ ਹੈ। ਭਾਵੇਂ ਕਿ ਮਜ਼ਦੂਰਾਂ-ਕਿਸਾਨਾਂ ਤੇ ਦੂਸਰੇ ਮਿਹਨਤਕਸ਼ ਲੋਕਾਂ ਦੇ ਮਨਾਂ ਅੰਦਰ ਮੌਜੂਦਾ ਸਰਮਾਏਦਾਰ-ਜਗੀਰਦਾਰ ਲੁਟੇਰੇ ਪ੍ਰਬੰਧ ਨੂੰ ਬੁਨਿਆਦੀ ਰੂਪ 'ਚ ਢਹਿ-ਢੇਰੀ ਕਰਕੇ ਸਾਂਝੀਵਾਲਤਾ ਤੇ ਬਰਾਬਰੀ ਵਾਲੇ ਸਮਾਜਵਾਦੀ ਪ੍ਰਬੰਧ ਦੀ ਕਾਇਮੀ ਕਰਨ ਲਈ ਲੋੜੀਂਦੀ ਰਾਜਨੀਤਕ, ਵਿਚਾਰਧਾਰਕ ਤੇ ਸਮਾਜਿਕ ਸੂਝ-ਬੂਝ ਪੈਦਾ ਕਰਨ ਦਾ ਵੱਡਾ ਕਾਰਜ ਸਿਰੇ ਚਾੜ੍ਹਨ ਦਾ ਸਫਰ ਅਜੇ ਮੰਜ਼ਲ ਤੋਂ ਕੋਹਾਂ ਦੂਰ ਹੈ, ਜਿਸ ਨੂੰ ਸਿਰੇ ਚਾੜ੍ਹਨ ਦੀ ਮੁਹਾਰਤ ਹਾਸਲ ਕਰਨੀ ਹਰ ਸਹੀ ਸੋਚਣੀ ਵਾਲੇ ਇਨਸਾਨ ਤੇ ਜਥੇਬੰਦੀ ਦਾ ਪਵਿੱਤਰ ਫਰਜ਼ ਹੈ, ਪ੍ਰੰਤੂ ਇਹ ਵੀ ਮਾਣ ਕਰਨ ਯੋਗ ਤੱਥ ਹੈ ਕਿ ਹੁਣ ਤੱਕ ਸਮੁੱਚੇ ਪੰਜਾਬੀਆਂ ਨੇ, ਜੋ ਕੁੱਝ ਘੋਲਾਂ ਦੇ ਮੈਦਾਨ 'ਚ ਹਾਸਲ ਕੀਤਾ ਹੈ, ਉਹ ਵੀ ਸਲਾਹੁਣਯੋਗ ਹੈ।

ਆਜ਼ਾਦੀ ਸੰਗਰਾਮ 'ਚ ਪੰਜਾਬੀਆਂ ਦੀ ਯਾਦਗਾਰੀ ਭੂਮਿਕਾ, ਲਾਸਾਨੀ ਕੁਰਬਾਨੀਆਂ ਤੇ ਤਨ, ਮਨ, ਧਨ ਨੂੰ ਸਮੁੱਚੀ ਲੋਕਾਈ ਲਈ ਨਿਸ਼ਾਵਰ ਕਰਨ ਦੀ ਪ੍ਰੰਪਰਾ ਨੂੰ ਉਸ ਸਮੇਂ ਹੋਰ ਚਾਰ ਚੰਦ ਲੱਗ ਗਏ, ਜਦੋਂ ਅੱਤ ਦੀ ਅਭਿਮਾਨੀ, ਸਾਮਰਾਜ ਪੱਖੀ, ਜਨ ਵਿਰੋਧੀ ਤੇ ਫਿਰਕੂ ਸੋਚ 'ਚ ਗੜੁੱਚ ਮੋਦੀ ਸਰਕਾਰ ਦੇ ਖੇਤੀਬਾੜੀ ਨਾਲ ਸੰਬੰਧਤ ਤਿੰਨ ਕਾਲੇ ਕਾਨੂੰਨ ਰੱਦ ਕਰਵਾਉਣ ਲਈ ਕਿਸਾਨਾਂ ਨੇ ਇਕ ਸਾਲ ਤੋਂ ਵੀ ਵੱਧ ਲੰਮਾ ਸਮਾਂ ਦੇਸ਼ ਦੀ ਰਾਜਧਾਨੀ ਦਿੱਲੀ ਦੀਆਂ ਬਰੂਹਾਂ 'ਤੇ ਬੈਠ ਕੇ ਸ਼ਾਂਤਮਈ ਤੇ ਅਨੁਸ਼ਾਸਨਬੱਧ ਸੰਘਰਸ਼ ਲੜਿਆ ਤੇ ਇਤਿਹਾਸਕ ਜਿੱਤ ਪ੍ਰਾਪਤ ਕੀਤੀ, ਜਿਸ ਦੇ ਸਿੱਟੇ ਵਜੋਂ ਪ੍ਰਧਾਨ ਮੰਤਰੀ ਨੂੰ ਇਹ ਕਾਨੂੰਨ ਵਾਪਸ ਲੈਣ ਦਾ ਐਲਾਨ ਕਰਨਾ ਪਿਆ ਸੀ। ਇਸ ਮਹਾਨ ਘੋਲ 'ਚ ਧਰੁਵ ਸਿਤਾਰੇ ਵਾਂਗ ਚਮਕਦੀ ਵੱਖ-ਵੱਖ ਧਰਮਾਂ ਤੇ ਜਾਤੀਆਂ ਨਾਲ ਸਬੰਧਤ ਲੋਕਾਂ ਦੀ ਏਕਤਾ ਤੇ ਵੱਖੋ-ਵੱਖ ਪ੍ਰਾਂਤਾਂ ਦੇ ਕਿਸਾਨਾਂ-ਮਜ਼ਦੂਰਾਂ ਵਲੋਂ ਗਲਵਕੜੀਆਂ ਪਾ ਕੇ ਮੋਦੀ ਸਰਕਾਰ ਦੇ ਜ਼ਾਬਰ ਹੱਲਿਆਂ, ਤੇ ਘਿਨਾਉਣੀਆਂ ਸਾਜ਼ਿਸ਼ਾਂ ਅਤੇ ਕੁਦਰਤ ਦੇ ਹਰ ਕਹਿਰ ਦਾ ਸੂਝ-ਬੂਝ ਨਾਲ, ਖਿੜੇ ਮੱਥੇ ਮੁਕਾਬਲਾ ਕਰਨ ਵਾਲਾ ਦ੍ਰਿੜ੍ਹ ਇਰਾਦਾ ਵੀ ਜੱਗ-ਜ਼ਾਹਰ ਹੋਇਆ ਸੀ। ਕਿਸਾਨਾਂ-ਮਜ਼ਦੂਰਾਂ ਦੀਆਂ ਸਫ਼ਾਂ ਅੰਦਰ ਸਰਕਾਰੀ ਘੁਸਪੈਠੀਆਂ ਤੇ ਏਜੰਸੀਆਂ ਰਾਹੀਂ ਫੁੱਟ ਪਾ ਕੇ ਕੁਰਾਹੇ ਪਾਉਣ ਤੇ ਉਤੇਜਨਾ ਪੂਰਨ ਤੱਤੇ ਨਾਹਰਿਆਂ ਰਾਹੀਂ ਅੰਦੋਲਨ ਨੂੰ ਹਿੰਸਕ ਬਣਾਉਣ ਦੀਆਂ ਸਾਰੀਆਂ ਸਰਕਾਰੀ ਸਾਜਿਸ਼ਾਂ ਨੂੰ ਵੀ ਅੰਦੋਲਨਕਾਰੀਆਂ ਨੇ ਪੂਰੀ ਤਰ੍ਹਾਂ ਨਾਕਾਮ ਕੀਤਾ ਸੀ। ਜਦੋਂ ਦੋ ਨਾਮ ਨਿਹਾਦ 'ਨਿਹੰਗਾਂ' ਨੇ ਕਿਸਾਨੀ ਸੰਘਰਸ਼ ਨੂੰ ਬਦਨਾਮ ਕਰਨ ਹਿੱਤ ਇਕ ਵਿਅਕਤੀ ਦਾ ਬਹੁਤ ਹੀ ਬੇਰਹਿਮੀ ਨਾਲ ਕਤਲ ਕਰਕੇ ਉਸ ਨੂੰ ਸਰੇਆਮ ਪੁੱਠਾ ਕਰਕੇ ਟੰਗਿਆ (ਜੋ ਕੇਂਦਰੀ ਸਰਕਾਰ ਦੀ ਅੰਦੋਲਨਕਾਰੀਆਂ ਨੂੰ ਬਦਨਾਮ ਕਰਨ ਦੀ ਯੋਜਨਾ ਦੀ ਹੀ ਕੜੀ ਸੀ) ਤਾਂ ਕਿਸਾਨ ਜਥੇਬੰਦੀਆਂ ਦੇ ਸੂਝਵਾਨ ਆਗੂਆਂ ਨੇ ਤੁਰੰਤ ਹੀ ਇਸ ਮੰਦਭਾਗੀ ਘਟਨਾ ਦੀ ਨਿੰਦਿਆ ਕਰਕੇ ਆਪਣੇ ਆਪ ਨੂੰ ਇਨ੍ਹਾਂ ਸਾਜਸ਼ੀ ਤੱਤਾਂ ਤੋਂ ਪੂਰੀ ਤਰ੍ਹਾਂ ਨਿਖੇੜ ਲਿਆ ਸੀ। ਇਸੇ ਤਰ੍ਹਾਂ 26 ਜਨਵਰੀ ਨੂੰ ਦਿੱਲੀ ਦੀਆਂ ਸੜਕਾਂ 'ਤੇ 'ਟਰੈਕਟਰ ਮਾਰਚ' ਵਰਗੇ ਨਿਵੇਕਲੇ ਜਨਤਕ ਐਕਸ਼ਨ ਨੂੰ ਬਦਨਾਮ ਕਰਨ ਲਈ ਇਕ ਛੋਟੇ ਜਿਹੇ 'ਗਰੁੱਪ' ਨੇ ਜਦੋਂ ਪ੍ਰਵਾਨਤ ਰਸਤੇ 'ਤੇ ਮਾਰਚ ਕਰਨ ਦੇ ਸਰਵਸੰਮਤ ਫੈਸਲੇ ਦੇ ਉਲਟ ਪੁਲਸ ਦੀ ਮਿਲੀ ਭੁਗਤ ਨਾਲ ਆਪਣੀ ਮਨਮਰਜ਼ੀ ਅਨੁਸਾਰ ਨਵਾਂ ਰੂਟ ਅਖਤਿਆਰ ਕੀਤਾ, ਤਾਂ ਉਦੋਂ ਵੀ ਕਿਸਾਨ ਜਥੇਬੰਦੀਆਂ ਨੇ ਭੜਕਾਹਟ ਤੋਂ ਬਚਦਿਆਂ ਆਪਣੀ ਯੋਜਨਾ ਅਨੁਸਾਰ ਐਕਸ਼ਨ ਨੂੰ ਸਫਲ ਬਣਾਇਆ ਸੀ। ਇਸ ਤਰ੍ਹਾਂ ਮੋਦੀ ਸਰਕਾਰ ਦੀ ਕਿਸਾਨਾਂ 'ਤੇ ਜਬਰ ਢਾਹੁਣ ਦੀ ਸਾਜ਼ਿਸ਼ ਅਸਫਲ ਕੀਤੀ ਗਈ। ਇਸ ਵਿਸ਼ਾਲ ਕਿਸਾਨ ਅੰਦੋਲਨ ਨੂੰ ਮਿਲੀ ਜਨਤਕ ਹਮਾਇਤ ਤੇ ਇਸ ਦੀ ਜਿੱਤ ਦਾ ਪ੍ਰਭਾਵ ਹੀ ਹੈ, ਜਿਸ ਸਦਕਾ ਪੰਜਾਬ ਤੇ ਇਸ ਖਿੱਤੇ ਦੇ ਲੋਕ ਨਵੀਂ ਊਰਜਾ ਪ੍ਰਾਪਤ ਕਰਕੇ ਪਹਿਲਾਂ ਨਾਲੋਂ ਵੀ ਵੱਡੇ ਸੰਘਰਸ਼ਾਂ 'ਚ ਕੁੱਦਣ ਲਈ ਤਤਪਰ ਰਹਿੰਦੇ ਹਨ। ਦੂਸਰੇ ਪਾਸੇ, ਮੋਦੀ ਸਰਕਾਰ ਕਿਸਾਨ ਅੰਦੋਲਨ ਦੀ ਸਫਲਤਾ ਤੋਂ ਡਾਢੀ ਭੈਅਭੀਤ ਹੈ ਤੇ ਕਿਸੇ ਵੀ ਢੰਗ ਨਾਲ ਲੋਕਾਂ 'ਚ ਪਸਰੀ ਇਸ ਸੰਘਰਸ਼ ਕੇਂਦਰਤ ਚੇਤਨਾ ਨੂੰ ਮੇਟਣਾ ਚਾਹੁੰਦੀ ਹੈ। ਇਸ ਲਈ ਸਮੂਹ ਸੰਘਰਸ਼ਸ਼ੀਲ ਧਿਰਾਂ ਨੇ ਸ਼ਾਸਕਾਂ ਵੱਲੋਂ ਪੈਦਾ ਕੀਤੇ ਜਾ ਰਹੇ ਇਨ੍ਹਾਂ ਨਵੇਂ ਖਤਰਨਾਕ ਪੈਂਤੜਿਆਂ ਬਾਰੇ ਸਾਵਧਾਨ ਰਹਿੰਦਿਆਂ ਹੋਇਆਂ ਕਿਸਾਨਾਂ ਦੀ ਏਕਤਾ ਨੂੰ ਹੋਰ ਮਜ਼ਬੂਤ ਕਰਨਾ ਹੈ। ਨਾਲ ਹੀ ਮਜ਼ਦੂਰਾਂ-ਕਿਸਾਨਾਂ ਦੀ ਫੌਲਾਦੀ ਇਕਜੁੱਟਤਾ ਕਾਇਮ ਕਰਦਿਆਂ ਸਮਾਜ ਦੇ ਦੂਸਰੇ ਪੀੜਤ ਲੋਕਾਂ ਨਾਲ ਘੋਲਾਂ 'ਚ ਸਾਂਝਾਂ ਦੀਆਂ ਨਵੀਂਆਂ ਪੈੜਾਂ ਪਾਉਂਦਿਆਂ ਹੋਇਆਂ ਵਿਚਾਰਧਾਰਕ ਰੂਪ 'ਚ ਕੇਂਦਰੀ ਸੱਤਾ ਤੋਂ ਫਿਰਕੂ ਟੋਲੇ ਦੀ ਬਰਖ਼ਾਸਤਗੀ ਕਰਕੇ ਸਮਾਜਿਕ ਬਦਲਾਅ ਦੀ ਲਹਿਰ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਦੀ ਯੋਜਨਾਬੰਦੀ ਵੀ ਕਰਨੀ ਹੈ। ਸੱਤਾ ਉਪਰ ਕਾਬਜ਼ ਰਹਿਣ ਦੇ ਮਨਸ਼ੇ ਨਾਲ ਹਾਕਮ ਧਿਰ ਵਲੋਂ ਕਿਸਾਨ ਜਥੇਬੰਦੀਆਂ ਤੇ ਦੂਸਰੇ ਸੰਘਰਸ਼ਸ਼ੀਲ ਲੋਕਾਂ ਨੂੰ 'ਰਾਜਨੀਤੀ ਤੋਂ ਦੂਰ ਰਹਿਣ' ਦਾ ਜ਼ਬਰਦਸਤ ਪ੍ਰਚਾਰ ਵਿੱਢਿਆ ਗਿਆ ਹੈ ਤੇ ਕੁਝ ਕਿਸਾਨ ਜਥੇਬੰਦੀਆਂ ਨੇ ਆਪਣੇ ਨਾਲ 'ਗੈਰ ਰਾਜਨੀਤਕ' ਸ਼ਬਦਾਂ ਨੂੰ ਗੰਢ ਵੀ ਲਿਆ ਹੈ। ਬਿਨਾਂ ਸ਼ੱਕ ਕਿਸਾਨ ਜਥੇਬੰਦੀਆਂ ਕੋਈ ਰਾਜਨੀਤਕ ਪਾਰਟੀ ਨਹੀਂ ਹਨ ਤੇ ਨਾ ਹੀ ਇਹ ਕਿਸੇ ਰਾਜਸੀ ਪਾਰਟੀ ਦੀ ਜਗ੍ਹਾ ਲੈ ਸਕਦੀਆਂ ਹਨ। ਪਰ ਕਿਸਾਨਾਂ ਸਮੇਤ ਬਾਕੀ ਲੋਕਾਂ ਦਾ ਹਰ ਮਸਲਾ ਦੇਸ਼ ਦੀ ਰਾਜਨੀਤੀ ਨਾਲ ਬੱਝਿਆ ਹੋਇਆ ਹੈ। ਬੇਰੁਜ਼ਗਾਰੀ, ਗਰੀਬੀ, ਮਹਿੰਗਾਈ, ਕਰਜ਼ਾ, ਕਿਸਾਨੀ ਤੇ ਦੂਸਰੇ ਬੇਜ਼ਮੀਨੇ ਲੋਕਾਂ ਦੀਆਂ ਮੁਸ਼ਕਿਲਾਂ ਭਾਜਪਾ ਸਰਕਾਰ ਦੀ ਇਕ ਖਾਸ ਕਿਸਮ ਦੀ ਰਾਜਨੀਤੀ (ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਵਾਲੀ) ਨਾਲ ਪੀਡੇ ਰੂਪ 'ਚ ਜੁੜੀਆਂ ਹੋਈਆਂ ਹਨ। ਇਸ ਲਈ ਜੇਕਰ ਇਨ੍ਹਾਂ ਮੁਸ਼ਕਲਾਂ ਤੋਂ ਨਿਜ਼ਾਤ ਹਾਸਲ ਕਰਨੀ ਹੈ ਤਾਂ ਸਾਰੇ ਪੀੜਤ ਲੋਕਾਂ ਨੂੰ ਕਾਰਪੋਰੇਟ ਹਿਤਾਂ ਦੇ ਵਿਰੋਧ ਵਾਲੀ 'ਲੋਕ ਪੱਖੀ' ਰਾਜਨੀਤੀ ਅਪਣਾਉਣੀ ਹੋਵੇਗੀ। ਲੁਟੇਰੀਆਂ ਜਮਾਤਾਂ ਹਮੇਸ਼ਾ ਇਹ ਯਤਨ ਕਰਦੀਆਂ ਹਨ ਕਿ ਉਹ ਆਪਣੀ ਰਾਜਨੀਤੀ ਰਾਹੀਂ ਸੱਤਾ 'ਤੇ ਕਾਬਜ਼ ਰਹਿਣ ਤੇ ਪੀੜਤ ਧਿਰਾਂ ਰਾਜਨੀਤੀ ਤੋਂ ਪਰਾਂਹ ਰਹਿੰਦੀਆਂ ਹੋਈਆਂ ਸਿਰਫ ਆਪਣੇ ਨਿਤਾਪ੍ਰਤੀ ਦੇ ਆਰਥਕ ਤੇ ਸਮਾਜਕ ਘੋਲਾਂ ਤੱਕ ਹੀ ਸੀਮਤ ਰਹਿਣ। ਇਨ੍ਹਾਂ ਘੋਲਾਂ ਰਾਹੀਂ ਕੁਝ ਆਰਥਕ ਰਾਹਤ ਦੇਣਾ ਲੋਟੂ ਜਮਾਤਾਂ ਦੀਆਂ ਸਰਕਾਰਾਂ ਲਈ ਘਾਟੇਵੰਦਾ ਸੌਦਾ ਨਹੀਂ ਹੈ। ਕਿਸਾਨ ਜੱਥੇਬੰਦੀਆਂ ਨੂੰ ਆਪਣਾ ਜਨਤਕ ਤੇ ਲੋਕਰਾਜੀ ਸਰੂਪ ਕਾਇਮ ਰੱਖਣ ਲਈ ਇਕ ਰਾਜਨੀਤਕ ਪਾਰਟੀ ਦੇ ਰੂਪ 'ਚ ਕੰਮ ਕਰਨ ਤੋਂ ਗੁਰੇਜ਼ ਕਰਨਾ ਹੋਵੇਗਾ, ਪ੍ਰੰਤੂ ਉਸ ਰਾਜਨੀਤੀ ਦਾ ਅੰਗ ਬਣਨਾ ਹੋਵੇਗਾ, ਜੋ ਸਾਮਰਾਜਵਾਦੀ, ਕਾਰਪੋਰੇਟੀ ਤੇ ਜਗੀਰੂ ਲੁੱਟ-ਖਸੁੱਟ ਦਾ ਖਾਤਮਾ ਕਰਨ ਵੱਲ ਸੇਧਤ ਰਹਿ ਕੇ ਭਾਰਤ ਅੰਦਰ ਮਜ਼ਦੂਰਾਂ-ਕਿਸਾਨਾਂ ਤੇ ਦੂਸਰੇ ਮਿਹਨਤਕਸ਼ ਲੋਕਾਂ ਦੇ ਹਿੱਤਾਂ ਦੀ ਰਾਖੀ ਕਰਨ ਵਾਲਾ ਆਰਥਕ, ਸਮਜਿਕ ਤੇ ਰਾਜਨੀਤਕ ਢਾਂਚਾ ਸਿਰਜਣ ਦੇ ਸਮਰੱਥ ਹੋਵੇ।

ਜਿੱਥੇ ਵੱਖੋ-ਵੱਖ ਵਰਗਾਂ ਵਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਵਿੱਢੇ ਘੋਲਾਂ ਨਾਲ ਇਕਜੁੱਟਤਾ ਪੈਦਾ ਕਰਨ ਦੀ ਜ਼ਰੂਰਤ ਹੈ, ਉਥੇ ਸੰਘਰਸ਼ਾਂ ਦੌਰਾਨ ਜਨਤਕ ਲਹਿਰ ਨੂੰ ਕੁਰਾਹੇ ਪਾਉਣ ਵਾਲੇ ਸ਼ਰਾਰਤੀ ਤੱਤਾਂ ਤੇ ਸਰਕਾਰ ਵਲੋਂ ਸ਼ਿਸ਼ਕਾਰੇ ਉਤੇਜਨਾ ਤੇ ਅਰਾਜਕਤਾ ਪੈਦਾ ਕਰਨ ਵਾਲੇ ਅਨਸਰਾਂ ਦੀ ਨਿਸ਼ਾਨਦੇਹੀ ਕਰਕੇ ਉਨ੍ਹਾਂ ਦੀਆਂ ਕਰਤੂਤਾਂ ਤੋਂ ਸਾਵਧਾਨ ਰਹਿਣ ਦੀ ਵੀ ਜ਼ਰੂਰਤ ਹੈ। ਅਰਾਜਕਤਾ ਕਦੀ ਵੀ ਸਮਾਜਿਕ ਬਦਲਾਅ ਲਈ ਸਹਾਇਕ ਸਿੱਧ ਨਹੀਂ ਹੋ ਸਕਦੀ। ਮੋਦੀ ਸਰਕਾਰ ਇਸ ਸਿੱਟੇ 'ਤੇ ਪੁੱਜੀ ਜਾਪਦੀ ਹੈ ਕਿ ਪੰਜਾਬ ਦੇ ਲੋਕਾਂ ਨੂੰ ਸਿਰਫ ਸਰਕਾਰੀ ਜ਼ੁਲਮ ਦੇ ਆਸਰੇ ਹੀ ਨਹੀਂ ਦਬਾਇਆ ਜਾ ਸਕਦਾ, ਬਲਕਿ ਇਨ੍ਹਾਂ ਦੀਆਂ ਸਫ਼ਾਂ 'ਚੋਂ ਕੁਝ ਜ਼ਰ ਖਰੀਦ ਲੋਕਾਂ ਦੀਆਂ ਸੇਵਾਵਾਂ ਲੈ ਕੇ ਵੀ ਸਮੁੱਚੀ ਲਹਿਰ ਨੂੰ ਲੀਹੋਂ ਉਤਾਰਿਆ ਜਾ ਸਕਦਾ ਹੈ। ਕੋਈ ਵੀ ਲਹਿਰ ਜਨ ਸਮੂਹਾਂ ਨਾਲੋਂ ਨਾਤਾ ਤੋੜ ਕੇ ਬੇਲੋੜੀ ਹਿੰਸਾ ਤੇ ਉਕਸਾਊ ਐਕਸ਼ਨਾਂ ਦੇ ਸਹਾਰੇ ਆਪਣੇ ਤੈਅਸ਼ੁਦਾ ਮੁਕਾਮ 'ਤੇ ਨਹੀਂ ਪੁੱਜ ਸਕਦੀ। ਪੰਜਾਬ 'ਚ ਅੱਤਵਾਦ ਦੇ ਕਾਲੇ ਦੌਰ 'ਚ ਜਿਨ੍ਹਾਂ ਲੋਕਾਂ ਨੇ ਸਧਾਰਣ ਸਿੱਖਾਂ ਨੂੰ ਖਾਲਿਸਤਾਨ ਜਾਂ ਹੋਰ ਕਈ ਮਨਘੜਤ ਮਨੌਤਾਂ ਨਾਲ ਭੁਚਲਾ ਕੇ ਕੁਰਾਹੇ ਪਾਇਆ ਤੇ ਸਰਕਾਰਾਂ ਨੂੰ ਬੇਕਸੂਰ ਲੋਕਾਂ ਉਪਰ ਜ਼ੁਲਮ ਢਾਹੁਣ ਦਾ ਮੌਕਾ ਪ੍ਰਦਾਨ ਕੀਤਾ, ਉਹ ਸਾਰੇ ਤੱਤ ਸਰਕਾਰੀ ਸਾਜ਼ਿਸਾਂ 'ਚ ਭਾਗੀਦਾਰ ਸਨ। ਇਹ 'ਸੱਜਣ' ਸਰਕਾਰ ਦੇ ਇਸ਼ਾਰਿਆਂ 'ਤੇ ਲੋਕਾਈ ਦੇ ਮਨਾਂ 'ਚ ਮੌਜੂਦਾ ਪੂੰਜੀਵਾਦੀ ਢਾਂਚੇ ਪ੍ਰਤੀ ਪੈਦਾ ਹੋਏ ਗੁੱਸੇ ਨੂੰ ਕੁਰਾਹੇ ਪਾ ਕੇ ਸਰਕਾਰ ਦੀ ਚਾਕਰੀ ਕਰ ਰਹੇ ਸਨ। ਅੱਜ ਇਹ ਸਾਰਾ ਕੁਝ ਇਤਿਹਾਸ ਦੇ ਸਫ਼ਿਆਂ 'ਤੇ ਉਕਰਿਆ ਮਿਲ ਜਾਂਦਾ ਹੈ। ਹੁਣ ਜਦੋਂ ਪੰਜਾਬੀ ਭਾਈਚਾਰਾ, ਮੁੜ ਗੁਰੂ ਨਾਨਕ ਦੇਵ ਜੀ ਤੇ ਦੂਸਰੇ ਭਗਤਾਂ, ਸੰਤਾਂ, ਸੂਫ਼ੀਆਂ, ਗ਼ਦਰੀਆਂ ਤੇ ਭਗਤ-ਸਰਾਭਿਆਂ ਦੀਆਂ ਮਹਾਨ ਸਿੱਖਿਆਵਾਂ ਤੇ ਕਾਰਨਾਮਿਆਂ ਨੂੰ ਜਾਨਣ ਤੇ ਅਮਲ ਕਰਨ ਦੇ ਰਾਹੇ ਤੁਰ ਰਿਹਾ ਹੈ ਤੇ ਹਾਕਮਾਂ ਦੇ ਕਿਰਦਾਰ ਨੂੰ ਸਮਝ ਕੇ ਜਨਤਕ ਘੋਲ ਜਥੇਬੰਦ ਕਰ ਰਿਹਾ ਹੈ, ਤਾਂ ਮੋਦੀ ਸਰਕਾਰ ਫਿਰ 'ਫੁੱਟ ਪਾਓ ਤੇ ਰਾਜ ਕਰੋ' ਦੇ ਨਵੇਂ ਦਾਅਪੇਚ ਘੜਨ 'ਚ ਮਸਰੂਫ਼ ਹੋ ਗਈ ਹੈ। ਨਸ਼ਾ ਛੁਡਾਉਣ ਦੇ ਨਾਅਰੇ ਹੇਠ, ਜਿਸ ਢੰਗ ਨਾਲ ਵਿਦੇਸ਼ਾਂ ਤੋਂ ਆਏ ਇਕ ਨਾਮ ਨਿਹਾਦ 'ਸਿੱਖ ਨੇਤਾ' ਨੇ ਉਤੇਜ਼ਤ ਨਾਅਰਿਆਂ ਨਾਲ ਗੁੰਮਰਾਹ ਕਰਕੇ ਨੌਜਵਾਨ ਪੀੜ੍ਹੀ ਦੇ ਇਕ ਭਾਗ ਨੂੰ ਆਪਣੇ ਪਿੱਛੇ ਲਾ ਲਿਆ ਸੀ, ਜੇਕਰ ਤੇਜ਼ ਘਟਨਾਵਾਂ ਦੇ ਵਹਿਣ 'ਚ ਉਸ ਦਾ ਸਰਕਾਰੀ ਚਿਹਰਾ ਬੇਪਰਦ ਨਾ ਹੁੰਦਾ, ਤਾਂ ਖ਼ਬਰੇ ਉਸ ਦੀਆਂ ਸਿੱਖ ਧਰਮ ਦੇ ਪਰਦੇ ਹੇਠਾਂ ਕੀਤੀਆਂ ਜਾਣ ਵਾਲੀਆਂ ਹਿੰਸਕ ਤੇ ਫਿਰਕੂ ਸਰਗਰਮੀਆਂ ਨੇ ਹੋਰ ਕੀ ਕੀ ਚੰਦ ਚੜ੍ਹਾਉਣੇ ਸਨ?

ਜਿੱਥੇ ਤੱਕ ਪੰਜਾਬ ਦੀਆਂ 'ਸੰਯੁਕਤ ਕਿਸਾਨ ਮੋਰਚੇ' ਦੀਆਂ ਭਾਈਵਾਲ ਕਿਸਾਨ ਜਥੇਬੰਦੀਆਂ ਦਾ ਸੰਬੰਧ ਹੈ, ਉਹ ਕਾਫ਼ੀ ਸੂਝਵਾਨ, ਸੰਵੇਦਨਸ਼ੀਲ ਤੇ ਅਨੁਸ਼ਾਸਨਬੱਧ ਰਹਿ ਕੇ ਘੋਲ ਲਾਮਬੰਦ ਕਰਨ 'ਚ ਨਿਪੁੰਨ ਸਿੱਧ ਹੋਈਆਂ ਹਨ। ਜਿਹੜੀਆਂ ਕੁਝ ਤਰੇੜਾਂ ਇਨ੍ਹਾਂ ਜਥੇਬੰਦੀਆਂ 'ਚ ਉਭਰ ਰਹੀਆਂ ਸਨ, ਉਨ੍ਹਾਂ ਨੂੰ ਭਰਨ ਲਈ ਵੀ ਸਮੁੱਚੀ ਲੀਡਰਸ਼ਿਪ ਯਤਨਸ਼ੀਲ ਹੈ। ਇਹ ਤੱਥ ਨੂੰ ਵੀ ਧਿਆਨ 'ਚ ਰੱਖਣਾ ਹੋਵੇਗਾ ਕਿ ਮਜ਼ਦੂਰ-ਕਿਸਾਨ ਏਕੇ ਨੂੰ ਹਕੀਕੀ ਤੇ ਠੋਸ ਰੂਪ ਦੇਣ ਲਈ ਸਿਰਫ ਨਾਅਰੇ ਹੀ ਕਾਫੀ ਨਹੀਂ, ਬਲਕਿ ਖੇਤੀਬਾੜੀ ਨਾਲ ਸੰਬੰਧਤ ਬੇਜ਼ਮੀਨੇ ਲੋਕਾਂ ਤੇ ਖੇਤ ਮਜ਼ਦੂਰਾਂ ਦੀਆਂ ਮੰਗਾਂ ਪ੍ਰਤੀ ਪੂਰਨ ਹਮਦਰਦੀ ਤੇ ਇਕਜੁੱਟਤਾ ਪੈਦਾ ਕਰਨ ਦੀ ਵੱਡੀ ਲੋੜ ਹੈ। ਇਨ੍ਹਾਂ ਤਬਕਿਆਂ ਦੀ ਜਿਹੜੀ ਮੰਗ ਦਾ ਸੰਬੰਧ ਕਿਸਾਨੀ ਨਾਲ ਹੈ, ਉਸ ਨੂੰ ਇਕ ਸਿਰੇ ਤੋਂ ਨਕਾਰਨ ਦੀ ਥਾਂ ਮਿਲ ਬੈਠ ਕੇ ਪੀੜਤ ਲੋਕਾਂ ਦੀ ਧਿਰ ਦੇ ਹੱਕ 'ਚ ਸੁਲਝਾਉਣਾ ਹੋਵੇਗਾ। ਕਿਸਾਨੀ ਦੀਆਂ ਵੱਖ-ਵੱਖ ਪਰਤਾਂ 'ਚ ਇਨ੍ਹਾਂ ਮੰਗਾਂ ਨੂੰ ਪੂਰਿਆਂ ਕਰਨ ਦੀ ਸਮਰੱਥਾ ਦਾ ਅੰਤਰ ਹੋ ਸਕਦਾ ਹੈ, ਜਿਸ ਨੂੰ ਧਿਆਨ 'ਚ ਰੱਖਿਆ ਜਾਣਾ ਚਾਹੀਦਾ ਹੈ, ਪ੍ਰੰਤੂ ਕਿਰਤੀਆਂ ਦੇ ਇਸ ਭਾਗ ਦੀਆਂ ਮੰਗਾਂ ਪ੍ਰਤੀ ਹਮਦਰਦੀ ਕਰਨ ਦੀ ਥਾਂ ਜੇਕਰ ਇਨ੍ਹਾਂ ਨੂੰ ਕਿਸਾਨੀ ਦੀ ਪਹੁੰਚ ਤੋਂ ਬਾਹਰ ਦਾ ਮਸਲਾ ਹੋਣ ਦਾ ਬਹਾਨਾ ਬਣਾ ਕੇ ਇਕ ਸਿਰੇ ਤੋਂ ਨਕਾਰਨ ਦੀ ਘਾਤਕ ਰੁਚੀ ਕਾਇਮ ਰਹਿੰਦੀ ਹੈ ਤਾਂ ਹਕੀਕੀ ਰੂਪ 'ਚ ਮਜ਼ਦੂਰ-ਕਿਸਾਨ ਏਕਤਾ ਕਦੀ ਵੀ ਕਾਇਮ ਨਹੀਂ ਹੋ ਸਕਦੀ। ਛੂਆਛਾਤ ਤੇ ਜਾਤੀਪਾਤੀ ਵਿਤਕਰੇ ਨੂੰ ਗੰਭੀਰਤਾ ਨਾਲ ਲੈ ਕੇ ਕਿਸਾਨ ਜਥੇਬੰਦੀਆਂ ਨੂੰ ਆਪ ਅੱਗੇ ਲੱਗ ਕੇ ਇਸ ਵਿਰੁੱਧ ਡਟਵਾਂ ਪੈਂਤੜਾ ਲੈਣਾ ਹੋਵੇਗਾ। ਕਿਸੇ ਵੀ ਧਿਰ ਦਾ ਅਸਲੀ ਕਿਰਦਾਰ ਸਿਰਫ ਉਸ ਦੀ ਕਹਿਣੀ ਤੋਂ ਨਹੀਂ, ਬਲਕਿ ਉਸ ਦੀ ਰਿਹਾਇਸ਼, ਕੰਮ ਦੀ ਜਗ੍ਹਾ, ਜ਼ਿੰਦਗੀ 'ਚ ਆਮ ਵਿਹਾਰ ਤੇ ਅਮਲਾਂ ਤੋਂ ਵੀ ਸਮਝਿਆ ਜਾ ਸਕਦਾ ਹੈ। ਸੰਘਰਸ਼ਸ਼ੀਲ ਕਿਸਾਨ ਨੇਤਾਵਾਂ ਤੇ ਕਿਸਾਨਾਂ ਨੂੰ ਖ਼ੁਦ ਆਪ ਇਸ ਕੰਮ 'ਚ ਇਕ 'ਆਦਰਸ਼' ਵਜੋਂ ਪੇਸ਼ ਹੋਣ ਦੀ ਜ਼ਰੂਰਤ ਹੈ।

ਘੋਲਾਂ ਦੀ ਤਾਕਤ ਦੇ ਸਨਮੁੱਖ ਕਈ ਜਥੇਬੰਦੀਆਂ ਦੇ ਕੁਝ ਆਗੂ ਆਪਣੇ ਹਿੱਤਾਂ ਦੀ ਪੂਰਤੀ ਲਈ ਜਾਂ ਫੋਕੇ ਚੌਧਰਪੁਣੇ ਖ਼ਾਤਰ ਸਮੁੱਚੇ ਸਮਾਜ ਦੇ ਹਿੱਤਾਂ ਦੀ ਪੂਰਨ ਅਣਦੇਖੀ ਕਰ ਦਿੰਦੇ ਹਨ। ਉਹ ਆਪਣੇ ਅਧਿਕਾਰਾਂ ਲਈ ਲੜਦੇ ਹੋਏ ਇਹ ਭੁੱਲ ਜਾਂਦੇ ਹਨ ਕਿ ਸਮਾਜ ਅੰਦਰ ਦੂਸਰੇ ਬਹੁਗਿਣਤੀ ਲੋਕਾਂ ਦੇ ਅਧਿਕਾਰਾਂ ਦੀ ਕਦਰ ਕਰਨੀ ਵੀ ਉਨ੍ਹਾਂ ਦੀ ਜ਼ਿੰਮੇਵਾਰੀ ਹੈ। ਬਿਨਾਂ ਸੂਚਨਾ ਜਾਂ ਜਾਣਕਾਰੀ ਦੇ ਕਿਸੇ ਵੀ ਤਤਕਾਲੀ ਮੁੱਦੇ 'ਤੇ (ਭਾਵੇਂ ਉਹ ਕਿੰਨਾ ਵੀ ਜਾਇਜ਼ ਕਿਉਂ ਨਾ ਹੋਵੇ) ਅਚਨਚੇਤ ਆਵਾਜਾਈ ਰੋਕਣਾ ਜਾਂ ਆਮ ਲੋਕਾਂ ਦੇ ਜੀਵਨ 'ਚ ਬੇਲੋੜਾ ਖਲਲ ਪਾਉਣਾ ਕਦੀ ਵੀ ਕਿਸਾਨਾਂ ਦੇ ਘੋਲ ਪ੍ਰਤੀ ਜਨ ਸਧਾਰਨ ਦੇ ਮਨਾਂ ਅੰਦਰ ਹਮਦਰਦੀ ਪੈਦਾ ਨਹੀਂ ਕਰ ਸਕਦਾ। ਉਲਟਾ ਅਜਿਹਾ ਐਕਸ਼ਨ ਲੋਕ ਮਨਾਂ ਅੰਦਰ ਗੁੱਸਾ ਪੈਦਾ ਕਰਦਾ ਹੈ। ਕਿਸਾਨੀ ਸੰਘਰਸ਼ ਪ੍ਰਤੀ ਇਹੀ ਬਿਰਤਾਂਤ ਕੇਂਦਰ ਦੀ ਮੋਦੀ ਸਰਕਾਰ ਤੇ ਪੰਜਾਬ ਦੀ ਮਾਨ ਸਰਕਾਰ ਖ਼ੁਦ ਆਪ ਸਿਰਜਣਾ ਚਾਹੁੰਦੀਆਂ ਹਨ। ਜੇਕਰ ਕਿਸੇ ਵੱਡੇ ਜਨਤਕ ਐਕਸ਼ਨ ਬਾਰੇ ਸਮੇਂ ਸਿਰ ਜਨਤਾ ਨੂੰ ਜਾਣਕਾਰੀ ਦੇ ਦਿੱਤੀ ਜਾਂਦੀ ਹੈ, ਫਿਰ ਆਮ ਲੋਕ 'ਜਨਤਕ ਘੋਲ' ਦੀ ਕਿਸੇ ਵੀ ਵੰਨਗੀ ਨੂੰ ਨਕਾਰਨ ਦੀ ਥਾਂ ਸਹਿਯੋਗੀ ਬਣ ਸਕਦੇ ਹਨ, ਪ੍ਰੰਤੂ ਕੁਝ ਕੁ ਸੀਮਤ ਲੋਕਾਂ ਦੀ ਸ਼ਮੂਲੀਅਤ ਨਾਲ ਕੀਤੇ ਮਾਅਰਕੇਬਾਜ਼ੀ ਵਾਲੇ ਐਕਸ਼ਨਾਂ ਪ੍ਰਤੀ ਆਮ ਲੋਕਾਂ ਦੀ ਹਮਦਰਦੀ ਕਿਵੇਂ ਪੈਦਾ ਹੋ ਸਕਦੀ ਹੈ, ਜਿਸ ਘੋਲ ਬਾਰੇ ਉਨ੍ਹਾਂ ਨੂੰ ਗਿਆਨ ਹੀ ਨਹੀਂ ਹੈ? ਭਾਵੇਂ ਕਿੰਨੀਆਂ ਵੀ ਦਲੀਲਾਂ ਦਿੱਤੀਆਂ ਜਾਣ, ਪਰਾਲੀ ਨੂੰ ਅੱਗ ਲਾ ਕੇ ਸਾੜਨਾ ਸਰਕਾਰ ਦਾ ਕੁਝ ਵੀ ਨਹੀਂ ਵਿਗਾੜਦਾ, ਪ੍ਰੰਤੂ ਆਮ ਲੋਕਾਂ; ਖਾਸਕਰ ਬਿਮਾਰਾਂ, ਬੱਚਿਆਂ, ਬਜ਼ੁਰਗਾਂ ਦੀ ਸਿਹਤ ਲਈ ਵੱਡੀਆਂ ਮੁਸ਼ਕਲਾਂ ਪੈਦਾ ਕਰਨ ਤੋਂ ਇਲਾਵਾ ਜਾਨਲੇਵਾ ਹਾਦਸਿਆਂ ਦਾ ਕਾਰਨ ਬਣਦਾ ਹੈ। ਅਜਿਹੀਆਂ ਕਾਰਵਾਈਆਂ ਕਿਸਾਨਾਂ ਤੇ ਸਮਾਜ ਦੇ ਦੂਸਰੇ ਵਰਗਾਂ 'ਚ ਵਿਰੋਧ ਖੜ੍ਹਾ ਕਰ ਰਹੀਆਂ ਹਨ। ਕਿਸੇ ਸਰਕਾਰੀ ਅਫਸਰ ਨੂੰ ਦਬਾਅ ਅਧੀਨ ਜਾਂ ਡਰਾ-ਧਮਕਾ ਕੇ ਪਰਾਲੀ ਨੂੰ ਅੱਗ ਲਾਉਣ ਲਈ ਮਜਬੂਰ ਕਰਨਾ ਸਿਰੇ ਦੀ ਅਰਾਜਕਤਾ, ਅਸੰਵੇਦਨਸ਼ੀਲਤਾ ਤੇ ਸੰਘਰਸ਼ਾਂ ਪ੍ਰਤੀ ਲੋਕਾਂ ਦੇ ਵਿਰੋਧ ਨੂੰ ਤੂਲ ਦੇਣ ਦੇ ਤੁਲ ਹੈ। ਇਕ ਜ਼ਿਲ੍ਹੇ ਦੀ ਇਸ ਘਟਨਾ ਨੇ ਕਿਸਾਨ ਜਥੇਬੰਦੀਆਂ ਤੇ ਕਿਸਾਨਾਂ ਪ੍ਰਤੀ ਆਮ ਲੋਕਾਂ ਦੇ ਮਨਾਂ 'ਚ ਡਾਢੀ ਨਰਾਜ਼ਗੀ ਪੈਦਾ ਕੀਤੀ ਹੈ। ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਦੇਖਦੇ ਹੋਏ ਸਰਕਾਰ ਤੋਂ ਪਰਾਲੀ ਦੇ ਨਿਪਟਾਰੇ ਲਈ ਲੋੜੀਂਦੀ ਮਸ਼ੀਨਰੀ ਤੇ ਆਰਥਿਕ ਸਹਾਇਤਾ ਮੁਹੱਈਆ ਕਰਾਉਣ ਦੀ ਮੰਗ ਕਰਨਾ ਪੂਰੀ ਤਰ੍ਹਾਂ ਜਾਇਜ਼ ਹੈ ਤੇ ਸਰਕਾਰ ਦੀ ਇਸ 'ਵੇਲਾ ਟਪਾਊ' ਪਹੁੰਚ ਵਿਰੁੱਧ ਘੋਲ ਵਿੱਢਣਾ ਵੀ ਜਾਇਜ਼ ਹੈ, ਪ੍ਰੰਤੂ ਸਰਕਾਰ ਵੱਲੋਂ ਇਸ ਮੁੱਦੇ ਵੱਲ ਲੋੜੀਂਦਾ ਧਿਆਨ ਨਾ ਦਿੱਤੇ ਜਾਣ ਦੀ ਕੁਤਾਹੀ ਨੂੰ ਪਰਾਲੀ ਲੂਹ ਕੇ ਸਮੁੱਚੇ ਸਮਾਜ ਲਈ ਗੰਭੀਰ ਮੁਸ਼ਕਲਾਂ ਪੈਦਾ ਕਰਨਾ ਕਦੀ ਵੀ ਤਰਕਸੰਗਤ ਨਹੀਂ ਕਿਹਾ ਜਾ ਸਕਦਾ।

ਯਤਨ ਕੀਤਾ ਜਾਣਾ ਚਾਹੀਦਾ ਹੈ ਕਿ ਕਿਸੇ ਇਕ ਵਰਗ ਦੀ ਮੰਗ ਦੂਸਰੇ ਮਿਹਨਤੀ ਤਬਕਿਆਂ ਦੇ ਹਿਤਾਂ ਦੇ ਬੁਨਿਆਦੀ ਰੂਪ 'ਚ ਵਿਪਰੀਤ ਨਾ ਹੋਵੇ। ਹੱਲ ਹੋਣ ਵਾਲੀਆਂ ਵਿਰੋਧਤਾਈਆਂ ਨੂੰ ਮਿਲ-ਬੈਠ ਕੇ ਹੱਲ ਕੀਤਾ ਜਾਣਾ ਚਾਹੀਦਾ ਹੈ, ਤਾਂ ਕਿ ਮਿਹਨਤਕਸ਼ਾਂ ਦੇ ਵੱਖ-ਵੱਖ ਹਿਸਿਆਂ ਦੇ ਸੰਘਰਸ਼, ਅੰਤਮ ਰੂਪ 'ਚ ਮੌਜੂਦਾ ਆਰਥਿਕ ਤੇ ਰਾਜਨੀਤਕ ਢਾਂਚੇ ਨੂੰ ਬਦਲਣ ਵਾਲੇ ਵੱਡੇ ਘੋਲਾਂ ਨਾਲ ਇਕਮਿਕ ਹੋ ਜਾਣ। ਇਹ ਕਾਰਜ ਕਿਸੇ ਸਰਕਾਰ ਨੇ ਨਹੀਂ, ਬਲਕਿ ਉਨ੍ਹਾਂ ਲੋਕਾਂ ਤੇ ਜਥੇਬੰਦੀਆਂ ਨੇ ਕਰਨਾ ਹੈ, ਜੋ ਸਮਾਜਿਕ ਤਬਦੀਲੀ ਦੀਆਂ ਵਾਹਕ ਹੋਣ ਦਾ ਦਮ ਭਰਦੀਆਂ ਹਨ। ਕੋਈ ਵੀ ਸੰਘਰਸ਼, ਜੋ ਕਿਸੇ ਦੀ ਨਿੱਜੀ ਚੌਧਰ ਕਾਇਮ ਕਰਨ ਜਾਂ ਸਵਾਰਥੀ ਹਿੱਤਾਂ ਨੂੰ ਪੱਠੇ ਪਾਉਣ ਲਈ ਕੀਤਾ ਜਾਂਦਾ ਹੈ, ਕਦੀ ਵੀ ਲੋਕ ਪੱਖੀ ਅਖਵਾਉਣ ਦਾ ਹੱਕਦਾਰ ਨਹੀਂ ਬਣ ਸਕਦਾ। ਇਹ ਨਿੱਕ ਬੁਰਜੂਆ ਰੁਝਾਨ ਹੈ, ਜੋ ਕੁਝ ਦੇਰ ਲਈ ਤਾਂ 'ਬੱਲੇ ਬੱਲੇ' ਜ਼ਰੂਰ ਕਰਵਾ ਦਿੰਦਾ ਹੈ, ਪਰ ਅੰਤਮ ਰੂਪ 'ਚ ਲਹਿਰ ਦੇ ਵਡੇਰੇ ਹਿਤਾਂ ਦਾ ਨੁਕਸਾਨ ਹੀ ਕਰਦਾ ਹੈ। ਕੁੱਝ ਕੁ ਗੈਰ ਜ਼ਿੰਮੇਵਾਰ ਤੇ ਸ਼ਰਾਰਤੀ ਕਿਸਮ ਦੇ ਲੋਕਾਂ ਦੇ ਵਿਰੋਧ ਤੋਂ ਡਰਦਿਆਂ ਜਾਂ ਜਥੇਬੰਦੀਆਂ ਤੋਂ ਉਨ੍ਹਾਂ ਦੀ ਅਲਹਿਦਗੀ ਨੂੰ ਜਥੇਬੰਦਕ ਤਾਕਤ ਦੇ ਕਮਜ਼ੋਰ ਹੋਣ ਦਾ ਬਹਾਨਾ ਲਾ ਕੇ ਅਸੀਂ ਸਮਾਜਕ ਬਦਲਾਅ ਦੇ ਉਸ ਵਡੇਰੇ ਕਾਰਜ ਤੋਂ ਮੂੰਹ ਨਹੀਂ ਮੋੜ ਸਕਦੇ, ਜਿਸ 'ਚ ਮਿਹਨਤਕਸ਼ ਲੋਕਾਂ ਦੀ ਵਿਸ਼ਾਲ ਏਕਤਾ ਅਤਿ ਲੋੜੀਂਦੀ ਹੈ। ਸਾਨੂੰ ਪੂਰਨ ਆਸ ਹੈ ਕਿ ਲੋਕ ਹਿਤਾਂ ਨੂੰ ਪ੍ਰਣਾਈਆਂ ਹੋਈਆਂ ਸਮੂਹ ਜਥੇਬੰਦੀਆਂ ਜਨਤਕ ਸੰਘਰਸ਼ਾਂ ਦੇ ਲੰਮੇ ਪੈਂਡੇ 'ਚ ਅੜਿੱਕਾ ਬਣ ਰਹੇ ਉਪਰੋਕਤ ਕੁਰਾਹਿਆਂ ਵੱਲ ਉਚੇਚਾ ਧਿਆਨ ਦੇਣਗੀਆਂ ਤੇ ਇਨ੍ਹਾਂ 'ਤੇ ਆਬੂਰ ਹਾਸਲ ਕਰਨ ਲਈ ਆਪਣੀ ਪੂਰੀ ਵਾਹ ਲਾਉਣਗੀਆਂ। ਆਉਣ ਵਾਲੇ ਦਿਨਾਂ ਅੰਦਰ, ਜਦੋਂ ਲੋਕ ਦੇਸ਼ ਦੇ ਧਰਮ ਨਿਰਪੱਖ, ਜਮਹੂਰੀ ਤੇ ਸੰਘੀ ਢਾਂਚੇ ਨੂੰ ਤਬਾਹ ਕਰਕੇ ਇਕ ਧਰਮ ਅਧਾਰਤ ਰਾਜ ਸਥਾਪਤ ਕਰਨ ਦੇ ਸੁਪਨੇ ਲੈਣ ਵਾਲੇ ਆਰ ਐੱਸ ਐੱਸ ਦੀ ਸੇਧ ਅਨੁਸਾਰ ਰਾਜ-ਭਾਗ ਚਲਾਉਣ ਵਾਲੀ ਫਿਰਕੂ-ਫਾਸ਼ੀਵਾਦੀ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਲਈ ਸੰਘਰਸ਼ਾਂ ਦੇ ਮੈਦਾਨ 'ਚ ਨਿਤਰਨਗੇ, ਉਸ ਸਮੇਂ ਹਰ ਕਿਸਮ ਦੀਆਂ ਸਰਕਾਰੀ ਸਾਜ਼ਿਸ਼ਾਂ ਨੂੰ ਹੋਰ ਵਧੇਰੇ ਸਾਵਧਾਨੀ ਤੇ ਸ਼ਿੱਦਤ ਨਾਲ ਸਮਝਣ ਤੇ ਪਛਾੜਨ ਦੀ ਲੋੜ ਹੈ।

*# ਸੰਪਰਕ : 98148-82998*

# ਜ਼ਿੰਦਗੀ ਦੀ ਜੰਗ ਲੜ ਰਹੇ ਸ਼ਰਨਾਰਥੀ ਤੇ ਪ੍ਰਵਾਸੀ



ਗੁਰਮੀਤ ਸਿੰਘ ਪਲਾਹੀ

ਦੁਨੀਆ ਭਰ ਵਿੱਚ ਸ਼ਰਨਾਰਥੀਆਂ ਅਤੇ ਪ੍ਰਵਾਸੀਆਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਘਰੋਂ ਬੇਘਰ ਹੋਣ ਕਾਰਨ ਸ਼ਰਨਾਰਥੀਆਂ ਨੂੰ ਅੰਤਾਂ ਦੇ ਦੁੱਖ ਝੱਲਣੇ ਪੈਂਦੇ ਹਨ। ਪ੍ਰਵਾਸੀਆਂ, ਸ਼ਰਨਾਰਥੀਆਂ ਦੀਆਂ ਭਾਰੀ ਗਿਣਤੀ ਵਿੱਚ ਹੋ ਰਹੀਆਂ ਮੌਤਾਂ ਨੇ ਪੂਰੀ ਦੁਨੀਆ ਨੂੰ ਹੈਰਾਨ ਕੀਤਾ ਹੋਇਆ ਹੈ।

ਅੰਤਰ-ਰਾਸ਼ਟਰੀ ਸਰਹੱਦਾਂ ਪਾਰ ਕਰਨ ਵਾਲੇ ਸ਼ਰਨਾਰਥੀ ਅਤੇ ਪ੍ਰਵਾਸੀ ਵੱਡੀ ਚਿੰਤਾ ਦਾ ਵਿਸ਼ਾ ਬਣ ਚੁੱਕੇ ਹਨ। ਵਿਸ਼ਵ ਪੱਧਰੀ ਜੰਗਾਂ, ਅੰਦਰੂਨੀ ਟਕਰਾਅ, ਸੋਕਾ, ਹੜ੍ਹ, ਅਸੁਰੱਖਿਆ-ਗਰੀਬੀ ਜਬਰਨ ਘਰੋਂ ਬੇਘਰ ਕੀਤੇ ਜਾਣਾ ਸ਼ਰਨਾਰਥ ਅਤੇ ਪ੍ਰਵਾਸ ਦੀਆਂ ਜੜ੍ਹਾਂ ਹਨ। ਇਸ ਸਮੇਂ ਦੁਨੀਆ ਦੇ ਵੱਖੋ-ਵੱਖਰੇ ਹਿੱਸਿਆਂ ਵਿੱਚ ਗੰਭੀਰ ਟਕਰਾਅ ਚੱਲ ਰਹੇ ਹਨ। ਵੱਡੀ ਗਿਣਤੀ ਵਿੱਚ ਮਾਸੂਮ, ਬੇਦੋਸ਼ੇ ਮਰ ਰਹੇ ਹਨ। ਖਾਸ ਕਰਕੇ ਔਰਤਾਂ ਅਤੇ ਬੱਚਿਆਂ ਨੂੰ ਇਸ ਦੀ ਕੀਮਤ ਚੁਕਾਉਣੀ ਪੈ ਰਹੀ ਹੈ।

ਇੱਕ ਰਿਪੋਰਟ ਅਨੁਸਾਰ ਸਾਲ 2021 ਦੇ ਆਖਰੀ ਅੰਕੜਿਆਂ ਦੇ ਮੁਕਾਬਲੇ 2022 ਵਿੱਚ ਸ਼ਰਨਾਰਥੀਆਂ ਦੀ ਗਿਣਤੀ 1.9 ਕਰੋੜ ਤੋਂ ਜ਼ਿਆਦਾ ਹੋ ਗਈ। ਦੁਨੀਆ ਭਰ ਵਿੱਚ ਘਰੋਂ ਬੇਘਰ ਹੋਏ ਕੁੱਲ 10.84 ਕਰੋੜ ਲੋਕਾਂ ਵਿੱਚੋਂ 3.53 ਕਰੋੜ ਸ਼ਰਨਾਰਥੀ ਹਨ, ਜੋ ਜੀਵਨ ਸੁਰੱਖਿਆ ਲਈ ਅੰਤਰਰਾਸ਼ਟਰੀ ਸਰਹੱਦਾਂ ਪਾਰ ਕਰ ਗਏ। ਪਿਛਲੇ ਸਾਲ 2022 ਵਿੱਚ ਘਰੋਂ ਬੇਘਰ ਹੋਣ ਦਾ ਮੁੱਖ ਕਾਰਨ ਯੂਕਰੇਨ ਦੀ ਲੜਾਈ ਰਹੀ। ਹੁਣ ਫਲਸਤੀਨ ਅਤੇ ਇਜ਼ਰਾਇਲ ਕਾਰਨ ਹਜ਼ਾਰਾਂ ਲੋਕ ਤਬਾਹ ਹੋ ਰਹੇ ਹਨ, ਘਰ ਛੱਡ ਰਹੇ ਹਨ, ਪੀੜਤ ਹੋ ਰਹੇ ਹਨ ਅਤੇ ਵੱਡਾ ਦਰਦ ਹੰਢਾ ਰਹੇ ਹਨ। ਸਾਲ 2022 ਦੇ ਅਖੀਰ ਤੱਕ 1.6 ਕਰੋੜ ਯੂਕਰੇਨੀਆਂ ਨੂੰ ਆਪਣੇ ਘਰ ਛੱਡ ਕੇ ਹੋਰ ਥਾਵਾਂ 'ਤੇ ਪਨਾਹ ਲੈਣੀ ਪਈ, ਇਹਨਾਂ ਵਿੱਚ 59 ਲੱਖ ਆਪਣੇ ਦੇਸ਼ ਅੰਦਰ ਅਤੇ 57 ਲੱਖ ਗੁਆਂਢੀ ਦੇਸ਼ਾਂ ਵੱਲ ਤੁਰ ਗਏ।

ਡੈਮੋਕਰੇਟਿਕ ਰੀਪਬਲਿਕ ਆਫ ਕਾਂਗੋ, ਇਥੋਪੀਆ ਅਤੇ ਮੀਆਂਮਾਰ ਵਿੱਚੋਂ 10 ਲੱਖ ਤੋਂ ਵੱਧ ਲੋਕ, ਦੇਸ਼ ਦੇ ਆਪਸੀ ਸੰਘਰਸ਼ਾਂ ਕਾਰਨ ਘਰੋਂ ਬੇਘਰ ਹੋਏ। ਸੁਡਾਨ ਦੇ 11 ਕਰੋੜ ਲੋਕਾਂ ਨੂੰ ਘਰ ਛੱਡਣੇ ਪਏ।

ਜੰਗ ਤੋਂ ਬਿਨਾਂ ਕੁਦਰਤੀ ਆਫਤਾਂ ਮਨੁੱਖ ਨੂੰ ਪ੍ਰੇਸ਼ਾਨ ਕਰਦੀਆਂ ਹਨ, ਉਹਨਾਂ ਦੀ ਮੌਤ ਦਾ ਕਾਰਨ ਬਣਦੀਆਂ ਹਨ ਉਹਨਾਂ ਦੇ ਘਰ ਤਬਾਹ ਕਰਦੀਆਂ ਹਨ, ਉਹਨਾਂ ਨੂੰ ਘਰ ਛੱਡਣੇ ਨੂੰ ਮਜਬੂਰ ਕਰਦੀਆਂ ਹਨ ਕੁਦਰਤੀ ਆਫਤਾਂ ਕਾਰਨ ਬੇਘਰ ਹੋਣ ਵਾਲਿਆਂ ਦੀ ਗਿਣਤੀ 3.26 ਕਰੋੜ ਰਹੀ ਅਤੇ ਸਾਲ ਦੇ ਅੰਤ ਤੱਕ ਪੱਕੇ ਤੌਰ 'ਤੇ ਲੱਗਭੱਗ 87 ਲੱਖ ਲੋਕਾਂ ਦੇ ਘਰ ਤਬਾਹ ਹੋ ਗਏ।

ਇਹ ਕੋਈ ਹੈਰਾਨੀ ਵਾਲੀ ਗੱਲ ਨਹੀਂ ਹੈ ਕਿ ਸ਼ਰਨਾਰਥੀਆਂ ਅਤੇ ਪ੍ਰਵਾਸੀਆਂ ਦੀ 90 ਫੀਸਦੀ ਆਬਾਦੀ ਹੇਠਲੇ ਅਤੇ ਵਿਚਕਾਰਲੇ ਵਰਗ ਦੇ ਲੋਕਾਂ ਦੀ ਹੈ। ਇਹਨਾਂ ਲੋਕਾਂ ਦੀ ਬਾਂਹ ਵੀ ਗਰੀਬ ਦੇਸ਼ਾਂ ਨੇ ਹੀ ਫੜੀ। ਲੱਗਭੱਗ 76 ਫੀਸਦੀ ਸ਼ਰਨਾਰਥੀਆਂ ਨੇ ਇਹਨਾਂ ਦੇਸ਼ਾਂ ਵਿੱਚ ਹੀ ਸ਼ਰਨ ਲਈ, ਪਰ ਇਹਨਾਂ ਦੇਸ਼ਾਂ ਵਿੱਚ ਰਹਿ ਕੇ ਉਹਨਾਂ ਨੂੰ ਨਾ ਸਿਹਤ ਸਹੂਲਤਾਂ ਮਿਲੀਆਂ, ਨਾ ਹੀ ਉਹਨਾਂ ਦੀ ਸਿੱਖਿਆ ਦਾ ਕੋਈ ਪ੍ਰਬੰਧ ਹੋਇਆ, ਨਾ ਰੁਜ਼ਗਾਰ ਮਿਲਿਆ ਅਤੇ ਇਹ ਬੁਨਿਆਦੀ ਸਹੂਲਤਾਂ ਤੋਂ ਸੱਖਣੇ ਅਤਿ ਤਰਸਯੋਗ ਹਾਲਾਤਾ ਵਿੱਚ ਰਹਿਣ ਲਈ ਮਜਬੂਰ ਹੋ ਗਏ।

ਅਮੀਰ ਦੇਸ਼ਾਂ ਨੇ ਇਹਨਾਂ ਸ਼ਰਨਾਰਥੀਆਂ ਦੀ ਬਾਂਹ ਨਹੀਂ ਫੜੀ। ਇੱਥੇ ਕਿਸੇ ਨਾ ਕਿਸੇ ਕਾਰਨ ਪ੍ਰਵਾਸ ਹੰਢਾਉਣ ਲਈ ਸਰਹੱਦਾਂ ਪਾਰ ਕਰਨ ਵਾਲੇ ਪ੍ਰਵਾਸੀਆਂ ਨੂੰ ਮੌਤ ਦੇ ਮੂੰਹ ਵਿੱਚ ਜਾਣਾ ਪਿਆ। ਉਹ ਏਜੰਟਾਂ ਦੇ ਹੱਥੀਂ ਚੜ੍ਹੇ ਜਾਂ ਨਿੱਜੀ ਕੋਸ਼ਿਸ਼ਾਂ ਨਾਲ ਸਰਹੱਦਾਂ ਪਾਰ ਕਰਦੇ ਆਪਣੀ ਜਾਨ ਜੋਖਮ ਵਿੱਚ ਪਾਉਂਦੇ ਰਹੇ।

ਇੰਟਰਨੈਸ਼ਨਲ ਆਰਗੇਨਾਈਜ਼ੇਸ਼ਨ ਫਾਰ ਮਾਈਗਰੇਸ਼ਨ (ਆਈ ਓ ਐਮ) ਦੇ ਇੱਕ ਅੰਦਾਜ਼ੇ ਮੁਤਾਬਕ ਸਾਲ 2014 ਤੋਂ ਬਾਅਦ ਅਮਰੀਕਾ ਤੇ ਯੂਰਪ ਸੰਘ ਦੇ ਦੇਸ਼ਾਂ ਵਿੱਚ ਪਹੁੰਚਣ ਦੇ ਚਾਹਵਾਨ 50 ਹਜ਼ਾਰ ਤੋਂ ਵੱਧ ਸ਼ਰਨਾਰਥੀ ਜਾਂ ਪ੍ਰਵਾਸੀ ਜਾਂ ਤਾਂ ਮਾਰੇ ਜਾ ਚੁੱਕੇ ਹਨ ਜਾਂ ਜੰਗਲਾਂ, ਸਮੁੰਦਰਾਂ ਵਿੱਚ ਲਾਪਤਾ ਹੋ ਚੁੱਕੇ ਹਨ। ਅਮਰੀਕਾ ਮੈਕਸੀਕੋ ਸਰਹੱਦ 'ਤੇ ਮਨੁੱਖੀ ਤਸਕਰ ਸਰਹੱਦ ਪਾਰ ਕਰਾਉਂਦੇ ਹਨ ਅਤੇ ਇੰਜ ਕਰਦਿਆਂ-ਕਰਾਉਂਦਿਆਂ 3000 ਤੋਂ ਵੱਧ ਸ਼ਰਨਾਰਥੀ ਜਾਂ ਪ੍ਰਵਾਸੀ ਮੈਕਸੀਕੋ ਸਰਹੱਦਾਂ 'ਤੇ ਜਾਂ ਮੈਕਸੀਕੋ ਦੇ ਜੰਗਲਾਂ ਵਿੱਚ ਮਾਰੇ ਜਾ ਚੁੱਕੇ ਹਨ।

ਭਾਰਤ ਵਿੱਚ ਘਰੋਂ ਬੇਘਰੇ ਹੋਣ ਦਾ ਮੁੱਖ ਕਾਰਨ ਵਿਕਾਸ ਦੀਆਂ ਪ੍ਰਯੋਜਨਾਵਾਂ ਹਨ। ਕੇਂਦਰ ਅਤੇ ਸੂਬਾ ਸਰਕਾਰ ਵੱਡੇ-ਵੱਡੇ ਹਾਈਵੇ, ਦਰਿਆ 'ਤੇ ਬੰਨ੍ਹ, ਬਿਜਲੀ ਪੈਦਾ ਕਰਨ ਲਈ ਡੈਮ ਆਦਿ ਉਸਾਰੀ 'ਤੇ ਜ਼ੋਰ ਦਿੰਦੀਆਂ ਹਨ। ਖਨਣ ਦੀਆਂ ਯੋਜਨਾਵਾਂ ਵੀ ਲੋਕਾਂ ਨੂੰ ਆਪਣੇ ਘਰ ਛੱਡਣ ਤੇ ਮਜਬੂਰ ਕਰਦੀਆਂ ਹਨ।

ਇਹਨਾ ਯੋਜਨਾਵਾਂ ਦੇ ਚੱਲਦਿਆਂ ਦੇਸ਼ ਭਰ ਦੇ ਕੁੱਲ ਪੇਂਡੂ ਖੇਤਰਾਂ ਦੇ 10 ਫੀਸਦੀ ਲੋਕ ਪ੍ਰਭਾਵਿਤ ਹੋ ਰਹੇ ਹਨ। ਉਹਨਾਂ ਦੀਆਂ ਜ਼ਮੀਨਾਂ, ਘਰ ਇਹਨਾਂ ਪ੍ਰਯੋਜਨਾਵਾਂ ਦੀ ਭੇਟ ਚੜ੍ਹ ਰਹੀਆਂ ਹਨ। ਵੱਡੀ ਗਿਣਤੀ ਦੇਸ਼ ਦੇ ਜਨਜਾਤੀ ਕਬੀਲਿਆਂ ਨੂੰ ਆਪਣੇ ਮੂਲ ਥਾਵਾਂ ਤੋਂ ਪਲਾਇਨ ਕਰਨਾ ਪਿਆ ਹੈ। ਇਸ ਨਾਲ ਵਾਤਾਵਰਣ ਦਾ ਬੇਤਹਾਸ਼ਾ ਵਿਨਾਸ਼ ਹੋ ਰਿਹਾ ਹੈ। ਆਦਿਵਾਸੀਆਂ ਦਾ ਜੀਵਨ ਅਤੇ ਉਪਜੀਵਕਾ ਜੰਗਲ ਦੀ ਸੰਸਕ੍ਰਿਤੀ 'ਤੇ ਨਿਰਭਰ ਕਰਦੀ ਹੈ। ਭਾਵੇਂ ਕਿ ਜੰਗਲਾਂ, ਕਬੀਲਿਆਂ ਦੀ ਸੁਰੱਖਿਆ ਦਾ ਕਾਨੂੰਨ 'ਓਪਨ ਨਿਵੇਸ਼ ਭੂਮੀ ਅਧਿਗ੍ਰਹਿਣ ਅਧਿਨਿਯਮ 1894' ਦਾ ਕਾਨੂੰਨ ਬਣਿਆ ਹੈ, ਪਰ ਉਹ ਵੀ ਵਿਕਾਸ ਦੀ ਅੰਧਾਧੁੰਦ ਦੌੜ ਦੀ ਭੇਟ ਚੜ੍ਹ ਚੁੱਕਾ ਹੈ। ਦਲਿਤ, ਪੱਛੜੇ ਅਤੇ ਆਦਿ ਵਾਸੀਆਂ ਦੇ ਆਪਣੇ ਮੂਲ ਰਵਾਇਤੀ ਢਿੱਡ ਭਰਨ ਦੇ ਢੰਗ-ਤਰੀਕੇ ਇਹਨਾਂ ਪ੍ਰਯੋਜਨਾਵਾਂ ਨੇ ਖਤਮ ਕਰ ਦਿੱਤੇ ਹਨ ਅਤੇ ਇਹਨਾਂ ਜਨਜਾਤੀ ਦੇ ਲੋਕਾਂ ਦੀ ਜ਼ਿੰਦਗੀ ਅਸੁਰੱਖਿਅਤ ਹੋ ਗਈ ਹੈ।

ਦੇਸ਼ ਭਾਰਤ ਵਿੱਚ ਕਈ ਥਾਵਾਂ ਉੱਤੇ ਆਪਸੀ ਸੰਘਰਸ਼ ਅਤੇ ਹਿੰਸਾ ਨਾਲ ਭਗਦੜ ਮਚੀ ਹੈ। ਸੂਬਾ ਮਨੀਪੁਰ ਇਸ ਦੀ ਉਦਾਹਰਣ ਹੈ। ਕੁਝ ਲੋਕ ਗਰੀਬੀ ਤੋਂ ਤੰਗ ਆ ਕੇ ਬਿਹਤਰ ਜ਼ਿੰਦਗੀ ਲਈ ਯਤਨਸ਼ੀਲ ਰਹਿੰਦੇ ਹਨ ਅਤੇ ਘਰ ਛੱਡਦੇ ਹਨ।

ਵੱਡੀ ਸਮੱਸਿਆ ਇਹ ਹੈ ਕਿ ਬੇਰੁਜ਼ਗਾਰੀ ਤੋਂ ਪੀੜਤ ਲੋਕ ਕੰਮ-ਕਾਜ ਦੀ ਤਲਾਸ਼ 'ਚ ਦੂਜੇ ਸੂਬਿਆਂ ਵੱਲ ਪਲਾਇਨ ਕਰਦੇ ਹਨ। ਬਿਹਾਰ, ਯੂ.ਪੀ. ਆਦਿ ਰਾਜਾਂ ਦੇ ਪ੍ਰਵਾਸੀ ਪੰਜਾਬ, ਹਰਿਆਣਾ, ਦਿੱਲੀ, ਮਹਾਰਾਸ਼ਟਰ ਆਦਿ ਸੂਬਿਆਂ ਵੱਲ ਕੰਮ ਦੀ ਤਲਾਸ਼ 'ਚ ਜਾਂਦੇ ਹਨ ਅਤੇ ਉਥੋਂ ਦੇ ਬਸ਼ਿੰਦੇ ਬਣ ਰਹੇ ਹਨ। ਇਸ ਨਾਲ ਉਥੋਂ ਦੇ ਸਮਾਜ 'ਤੇ ਸਮਾਜਿਕ, ਆਰਥਿਕ, ਰਾਜਨੀਤਕ ਪ੍ਰਭਾਵ ਪਿਆ ਹੈ। ਪੰਜਾਬ, ਹਰਿਆਣਾ, ਗੁਜਰਾਤ ਆਦਿ ਸੂਬਿਆਂ ਤੋਂ ਵੱਡੀ ਗਿਣਤੀ 'ਚ ਲੋਕ ਪ੍ਰਵਾਸ ਦੇ ਰਾਹ ਪਏ ਹਨ। ਜ਼ਮੀਨਾਂ, ਜਾਇਦਾਦਾਂ ਵੇਚ ਕੇ ਕੈਨੇਡਾ, ਅਮਰੀਕਾ, ਅਸਟਰੇਲੀਆ, ਨਿਊਜ਼ੀਲੈਂਡ, ਬਰਤਾਨੀਆ ਆਦਿ ਦੇਸ਼ਾਂ 'ਚ ਪੱਕੇ ਬਸ਼ਿੰਦੇ ਬਣ ਗਏ ਹਨ ਅਤੇ ਵੱਡੀ ਗਿਣਤੀ ਅਰਬ ਦੇਸ਼ਾਂ ਵੱਲ ਗਏ ਹਨ ਜਾਂ ਜਾ ਰਹੇ ਹਨ।

ਰੀਫਿਊਜੀ ਜਾਂ ਸ਼ਰਨਾਰਥੀ ਸ਼ਬਦ ਲਚਾਰੀ ਦਾ ਦੂਜਾ ਨਾਂਅ ਹੈ। ਸ਼ਰਨਾਰਥੀ ਰੱਖਿਆ ਚਾਹੁਣ ਵਾਲੇ ਸਮੂਹ ਗਿਣੇ ਜਾਂਦੇ ਹਨ, ਜਦੋਂ ਮਜਬੂਰੀਵੱਸ ਘਰ-ਬਾਰ ਤਿਆਗਣ ਲਈ ਮਜਬੂਰ ਹੁੰਦੇ ਹਨ ਜਾਂ ਕਰ ਦਿੱਤੇ ਜਾਂਦੇ ਹਨ। ਭਾਰਤ ਵਿੱਚ ਸ਼ਰਨਾਰਥੀਆਂ ਦਾ ਇਤਿਹਾਸ ਪੁਰਾਣਾ ਹੈ ਅਤੇ ਭਾਰਤ ਵਿੱਚ ਵਸੇ ਕਾਨੂੰਨੀ, ਗੈਰ-ਕਾਨੂੰਨੀ ਸ਼ਰਨਾਰਥੀਆਂ ਦੀ ਜਨਸੰਖਿਆ ਕਈ ਵਿਕਸਤ ਦੇਸ਼ਾਂ ਦੀ ਜਨਸੰਖਿਆ ਤੋਂ ਵੀ ਵੱਧ ਹੈ। ਭਾਰਤ ਦੀ ਵੰਡ ਵੇਲੇ ਪਾਕਿਸਤਾਨੋਂ ਲੱਖਾਂ ਦੀ ਗਿਣਤੀ 'ਚ ਲੋਕਾਂ ਨੂੰ ਆਪਣੇ ਘਰ ਛੱਡਣੇ ਪਏ। ਇਹ ਇਸ ਸਦੀ ਦਾ ਸਭ ਤੋਂ ਵੱਡਾ ਦੁਖਾਂਤ ਸੀ। ਜਿੱਥੇ ਹਿੰਸਾ ਦੌਰਾਨ ਬੇਬੱਸ ਲੋਕ ਮਾਰੇ ਗਏ, ਜ਼ਖ਼ਮੀ ਹੋਏ, ਔਰਤਾਂ ਉਧਾਲੀਆਂ ਗਈਆਂ, ਲੋਕ ਆਪਣੇ ਰੁਜ਼ਗਾਰ, ਜ਼ਮੀਨਾਂ, ਘਰ ਗੁਆ ਬੈਠੇ।

ਇਹੋ ਹਾਲਾਤ ਭਾਰਤ ਤੋਂ ਪਰਵਾਸ ਹੰਢਾਉਣ ਵਾਲੇ ਲੋਕਾਂ ਦੇ ਹਨ। ਜਦੋਂ ਵੱਡੀ ਗਿਣਤੀ ਵਿੱਚ ਲੋਕ ਰੁਜ਼ਗਾਰ ਦੀ ਭਾਲ ਵਿੱਚ ਮਜ਼ਬੂਰ ਜਾਂ ਆਪਣੇ ਚੰਗੇ ਭਵਿੱਖ ਲਈ ਆਪਣੀ ਮਰਜ਼ੀ ਨਾਲ ਜਾ ਰਹੇ ਹਨ, ਪਰ ਵਿਸ਼ੇਸ਼ ਗੱਲ ਤਾਂ ਇਹ ਹੈ ਕਿ ਉਹਨਾਂ ਨੂੰ ਹਾਲਾਤ ਤੋਂ ਮਜਬੂਰ ਹੋ ਕੇ ਆਪਣਾ ਘਰ, ਆਪਣਾ ਦੇਸ਼, ਆਪਣੇ ਬੋਲੀ, ਆਪਣਾ ਸੱਭਿਆਚਾਰ ਤੱਕ ਤਿਆਗਣਾ ਪੈਂਦਾ ਹੈ। ਹਰ ਸਾਲ 25 ਲੱਖ ਭਾਰਤੀ ਆਪਣਾ ਦੇਸ਼ ਛੱਡ ਕੇ ਪ੍ਰਦੇਸ਼ਾਂ ਵਿੱਚ ਵਸ ਰਹੇ ਹਨ। ਇਹ ਗਿਣਤੀ ਦੁਨੀਆ ਵਿੱਚ ਸਭ ਤੋਂ ਵੱਧ ਹੈ।

ਅਸਲ ਵਿੱਚ ਸ਼ਰਨਾਰਥੀ ਅਤੇ ਪ੍ਰਵਾਸੀ ਜ਼ਿੰਦਗੀ ਦੀ ਜੰਗ ਲੜਦੇ ਹਨ। ਇਹ ਜੰਗ ਉਜਾੜੇ ਤੋਂ ਬਾਅਦ ਮੁੜ ਸਥਾਪਤ ਹੋਣ ਦੀ ਹੈ। ਇਸ ਜੰਗ ਵਿੱਚ ਵੱਡੀਆਂ ਔਕੜਾਂ, ਦੁਸ਼ਵਾਰੀਆਂ ਦਾ ਉਹਨਾਂ ਨੂੰ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਥਾਵਾਂ 'ਤੇ ਮਜਬੂਰਨ ਜਾਣਾ ਪੈਂਦਾ ਹੈ, ਜਿੱਥੇ ਉਹਨਾਂ ਦਾ ਆਪਣਾ ਘਰ ਨਹੀਂ, ਆਪਣੀ ਬੋਲੀ ਨਹੀਂ, ਆਪਣਾ ਸੱਭਿਆਚਾਰ ਨਹੀਂ। ਜਿੱਥੇ ਉਹਨਾਂ ਲਈ ਕੁਝ ਵੀ ਪਰੋਸ ਕੇ ਨਹੀਂ ਰੱਖਿਆ ਹੁੰਦਾ, ਸਭ ਕੁਝ ਦੀ ਪ੍ਰਾਪਤੀ ਲਈ ਜੱਦੋ-ਜਹਿਦ ਕਰਨੀ ਪੈਂਦੀ ਹੈ। ਸਧਾਰਨ ਰੋਟੀ ਤੋਂ ਲੈ ਕੇ ਚੰਗੇ ਭਵਿੱਖ ਲਈ ਚੰਗੇ ਰੁਜ਼ਗਾਰ ਦੀ ਪ੍ਰਾਪਤੀ ਤੱਕ, ਇਸ ਸਮੇਂ ਦੌਰਾਨ ਉਸ ਦੇ ਸੁਪਨੇ ਨਿੱਤ ਟੁੱਟਦੇ ਹਨ। ਕਈ ਹਾਲਾਤਾ ਵਿੱਚ ਉਹ ਆਪਣੀ ਜ਼ਿੰਦਗੀ ਤੋਂ ਹੱਥ ਵੀ ਧੋ ਬੈਠਦੇ ਹਨ। ਇਸ ਤੋਂ ਵੱਡਾ ਮਨੁੱਖੀ ਜ਼ਿੰਦਗੀ ਦਾ ਹੋਰ ਕਿਹੜਾ ਦੁਖਾਂਤ ਹੋ ਸਕਦਾ ਹੈ?

ਸ਼ਰਨਾਰਥ ਅਤੇ ਪ੍ਰਵਾਸ ਨੂੰ ਰੋਕਣ ਦੇ ਸਾਰੇ ਉਪਾਅ ਅੰਤਰਰਾਸ਼ਟਰੀ ਪੱਧਰ 'ਤੇ ਫੇਲ੍ਹ ਹੋ ਰਹੇ ਹਨ। ਨਾ ਜੰਗਾਂ ਰੁਕ ਰਹੀਆਂ, ਨਾ ਹਿੰਸਾ ਰੁਕ ਰਹੀ, ਨਾ ਜੰਗਲਾਂ ਦਾ ਉਜਾੜਾ ਰੁਕ ਰਿਹਾ ਅਤੇ ਨਾ ਹੀ ਅੰਨ੍ਹੇਵਾਹ ਹੁੰਦੀਆਂ ਬੇਲੋੜੀਆਂ ਵਿਕਾਸ ਯੋਜਨਾਵਾਂ ਨੂੰ ਨੱਥ ਪਾਈ ਜਾ ਰਹੀ ਹੈ।

ਬੇਰੁਜ਼ਗਾਰੀ ਦਾ ਦੈਂਤ ਸਾਂਭਿਆ ਹੀ ਨਹੀਂ ਜਾ ਰਿਹਾ ਹੈ। ਉਹ ਸਾਰੇ ਕਾਰਕ ਜਿਹੜੇ ਸ਼ਰਨਾਰਥ ਅਤੇ ਪ੍ਰਵਾਸ ਵਿੱਚ ਵਾਧਾ ਕਰ ਰਹੇ ਹਨ, ਉਹਨਾਂ ਨੂੰ ਰੋਕਣ ਲਈ ਨਾ ਯੂ.ਐਨ.ਓ. ਅਤੇ ਨਾ ਹੀ ਕੋਈ ਹੋਰ ਸੰਸਥਾਵਾਂ ਸਫਲ ਹੋ ਰਹੀਆਂ ਹਨ।

ਹਾਂ, ਆਪੋ-ਆਪਣੇ ਦੇਸ਼ਾਂ ਵਿੱਚ ਪ੍ਰਵਾਸ ਤੇ ਸ਼ਰਨਾਰਥੀਆਂ ਦੀ ਸੰਖਿਆ ਨੂੰ ਕਾਬੂ ਵਿੱਚ ਰੱਖਣ ਲਈ ਯਤਨ ਜ਼ਰੂਰ ਇਹ ਦੇਸ਼ ਯਤਨ ਕਰ ਰਹੇ ਹਨ। ਜਰਮਨ ਅਤੇ ਯੂਰਪ ਦੇਸ਼ਾਂ ਦੀਆਂ ਸਰਹੱਦਾਂ 'ਤੇ 2 ਲੱਖ ਤੋਂ ਵੱਧ ਸ਼ਰਨਾਰਥੀ ਪ੍ਰਵਾਸੀ ਬੈਠੇ ਹਨ, ਜੋ ਹਰ ਹੀਲਾ- ਵਸੀਲਾ ਵਰਤ ਕੇ ਸਰਹੱਦਾਂ ਪਾਰ ਕਰਦੇ ਹਨ।

ਸ਼ਰਨਾਰਥੀਆਂ ਅਤੇ ਪ੍ਰਵਾਸੀਆਂ ਦੀਆਂ ਸਮੱਸਿਆਵਾਂ ਦਾ ਹੱਲ ਅੰਤਰਰਾਸ਼ਟਰੀ ਭਾਈਚਾਰੇ ਦੇ ਸਾਂਝੇ ਯਤਨ ਨਾਲ ਸੰਭਵ ਹੈ। ਅੰਤਰਰਾਸ਼ਟਰੀ ਸ਼ਰਨਾਰਥੀ ਕਾਨੂੰਨ, ਮਨੁੱਖੀ ਅਧਿਕਾਰ ਸੁਰੱਖਿਆ ਕਾਨੂੰਨ, ਸ਼ਰਨਾਰਥ ਤੇ ਪ੍ਰਵਾਸ ਦੀਆਂ ਸਮੱਸਿਆਵਾਂ ਦੇ ਹੱਲ ਲਈ ਕਾਰਗਰ ਹੋ ਸਕਦੇ ਹਨ।

*ਮੋਬਾਇਲ : 98158-02070*

# ਪੰਜਾਬ ਰੋਡਵੇਜ਼ ਕਾਮਿਆਂ ਵੱਲੋਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਗੇਟ ਰੈਲੀ

**ਮੋਗਾ (ਅਮਰਜੀਤ ਬੱਬਰੀ)**-ਅੱਜ ਵੀਹਵੇਂ (20) ਦਿਨ ਦਫਤਰੀ ਕਾਮਿਆਂ ਦੀ ਹੜਤਾਲ ਵਿੱਚ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਤੇ ਹੋਰ ਯੂਨੀਅਨਾਂ ਵੱਲੋਂ ਆਪਣੀ ਹਜ਼ਰੀ ਲਗਵਾਈ ਗਈ।ਬੱਸ ਸਟੈਂਡ ਮੋਗਾ ਵਿਖੇ ਸੂਬਾ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਵਿਰੁੱਧ ਬੋਲਦਿਆਂ ਏਟਕ ਦੇ ਆਗੂ ਕਾਮਰੇਡ ਗੁਰਜੰਟ ਸਿੰਘ ਕੋਕਰੀ ਤੇ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਕਾ, ਜਗਰਾਜ ਸਿੰਘ ਬੁੱਟਰ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਸੱਤਾ ਵਿੱਚ ਆਏ ਲਗਭਗ ਦੋ ਸਾਲ ਦਾ ਸਮਾਂ ਹੋ ਗਿਆ ਹੈ, ਪਰ ਆਪਣੇ ਕੀਤੇ ਹੋਏ ਵਾਅਦਿਆਂ ਪ੍ਰਤੀ ਗੰਭੀਰ ਨਹੀਂ ਹੈ।ਪਹਿਲਿਆਂ ਸਰਕਾਰੀ ਵਾਂਗ ਹੀ ਭਗਵੰਤ ਮਾਨ ਸਰਕਾਰ ਵੱਲੋਂ ਮਹਿਕਮੇ ਦੀਆਂ ਅਸਾਮੀਆਂ ਖਤਮ ਕਰ ਰਹੀ ਹੈ।ਵੱਡੇ ਪੱਧਰ 'ਤੇ ਪਬਲਿਕ ਅਦਾਰਿਆਂ ਵਿੱਚੋਂ ਅਸਾਮੀਆਂ ਖਤਮ ਕੀਤੀਆਂ ਜਾ ਰਹੀਆਂ ਹਨ, ਜੇਕਰ ਅਸਾਮੀਆਂ ਹੀ ਨਾ ਰਹੀਆਂ ਤਾਂ ਲੋਕਾਂ ਨੂੰ ਪੱਕਾ ਰੁਜ਼ਗਾਰ ਨਹੀਂ ਮਿਲ ਸਕਦਾ, ਨਤੀਜੇ ਵਜੋਂ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕਰਨ ਵਾਲੇ ਪਬਲਿਕ ਅਦਾਰੇ ਹੌਲੀ-ਹੌਲੀ ਖਤਮ ਹੋ ਜਾਣਗੇ।ਮਨਿਸਟਰੀਅਲ ਕਾਮਿਆਂ ਦੀਆਂ ਮੁੱਖ ਅਹਿਮ ਮੰਗਾਂ ਵਿੱਚ ਮੁਲਾਜ਼ਮਾਂ ਦੀਆਂ ਪ੍ਰੋਮੋਸ਼ਨਾਂ, ਡੀ ਏ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨੀਆਂ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, ਐੱਨ ਪੀ ਐੱਸ ਦੀ ਕਟੌਤੀ ਬੰਦ ਕਰਕੇ ਜੀ ਪੀ ਫੰਡ ਦੀ ਕਟੌਤੀ ਸ਼ੁਰੂ ਕਰਨ ਵਰਗੀਆਂ ਗੰਭੀਰ ਮੰਗਾਂ ਹਨ, ਜਿਨ੍ਹਾਂ ਨੂੰ ਫੌਰੀ ਤੌਰ 'ਤੇ ਸਰਕਾਰ ਵੱਲੋਂ ਪੂਰਾ ਕਰਨਾ ਬਣਦਾ ਹੈ ਤੇ ਸਮੱਚੇ ਵਿਭਾਗਾਂ ਵਿੱਚ ਮੁਲਾਜ਼ਮ ਵੱਡੀ ਪੱਧਰ 'ਤੇ ਕੱਚੇ ਹਨ, ਜੋ ਲੰਮੇ ਸਮੇਂ ਤੋਂ ਪੱਕੇ ਹੋਣ ਲਈ ਸੰਘਰਸ਼ ਕਰ ਰਹੇ ਹਨ।ਆਗੂ ਨੇ ਕਿਹਾ ਕਿ ਮੁਲਾਜ਼ਮ ਜਥੇਬੰਦੀ ਵਾਰ-ਵਾਰ ਸਰਕਾਰ ਤੇ ਵਿਭਾਗਾਂ ਨਾਲ ਮੀਟਿੰਗਾਂ ਕਰਨ ਦੇ ਬਾਵਜੂਦ ਕੋਈ ਨਤੀਜਾ ਸਾਹਮਣੇ ਨਹੀਂ ਆਉਂਦਾ, ਜਿਸ ਕਰਕੇ ਮੁਲਾਜ਼ਮ ਨਿਰਾਸ਼ਤਾ ਵਿੱਚ ਹਨ।

ਉਨ੍ਹਾਂ ਸਰਕਾਰ ਪਾਸੋਂ ਮੰਗ ਕੀਤੀ ਕਿ ਉਕਤ ਮੰਗਾਂ ਨੂੰ ਪੂਰਾ ਕਰਨ ਲਈ ਸਰਕਾਰ ਜਲਦੀ ਸੁਹਿਰਦ ਨਹੀਂ ਹੁੰਦੀ ਤਾਂ ਮੁਲਾਜ਼ਮ ਜਥੇਬੰਦੀਆਂ ਸਰਕਾਰ ਵਿਰੁੱਧ ਸਖਤ ਐਕਸ਼ਨ ਕਰਨ ਲਈ ਮਜਬੂਰ ਹੋਣਗੇ, ਜਿਸ ਦਾ ਖਮਿਆਜ਼ਾ ਪੰਜਾਬ ਸਰਕਾਰ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਭੁਗਤਣਾ ਪਵੇਗਾ।ਇਸ ਮੌਕੇ ਮੋਗਾ ਡਿੱਪੂ ਦੇ ਗੁਰਦੀਪ ਸਿੰਘ, ਜਗਜੀਤ ਸਿੰਘ, ਰਾਜੇਸ਼ ਕੁਮਾਰ, ਐਨੀ ਜੁਨੇਜਾ, ਦੀਪਕ ਘਈ ਹਰਵਿੰਦਰ ਸਿੰਘ, ਸਤਨਾਮ ਸਿੰਘ ਸਿਵੀਆ, ਅਮਨਦੀਪ ਕੌਰ, ਇੰਦਰਪ੍ਰੀਤ ਕੌਰ, ਕਿਰਨਪਾਲ ਕੌਰ, ਗੁਰਮੀਤ ਕੌਰ, ਰਜਨੀ, ਲਵਲੀ ਚਾਵਲਾ, ਅਮਰਦੀਪ ਕੌਰ, ਬੰਟੀ ਤੇ ਹੋਰ ਸਾਥੀ ਸ਼ਾਮਲ ਹੋਏ।ਇੰਟਕ ਦੇ ਜਸਵਿੰਦਰ ਸਿੰਘ, ਖੁਸ਼ਹਾਲ ਰਿਸ਼ੀ, ਜਗਰਾਜ ਸਿੰਘ ਤੇ ਹੋਰ ਸਾਥੀ ਸ਼ਾਮਲ ਹੋਏ।


ਗੇਟ ਰੈਲੀ ਨੂੰ ਸੰਬੋਧਨ ਕਰਦੇ ਹੋਏ ਏਟਕ ਦੇ ਆਗੂ ਕਾਮਰੇਡ ਗੁਰਜੰਟ ਸਿੰਘ ਕੋਕਰੀ

## ਦੀ ਰੈਵੀਨਿਊ ਪਟਵਾਰ ਯੂਨੀਅਨ ਤੇ ਕਾਨੂੰਗੋ ਐਸੋਸੀਏਸ਼ਨ ਵੱਲੋਂ ਅਰਥੀ ਫੂਕੀ ਪ੍ਰਦਰਸ਼ਨ

### *ਐਸਮਾ ਵਰਗੇ ਮੁਲਾਜ਼ਮ ਵਿਰੋਧੀ ਕਾਨੂੰਨ ਥੋਪਣ ਤੇ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਖਿਲਾਫ ਜਤਾਇਆ ਰੋਸ*

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਦੀ ਰੈਵੀਨਿਊ ਪਟਵਾਰ ਯੂਨੀਅਨ ਤੇ ਕਾਨੂੰਗੋ ਐਸੋਸੀਏਸ਼ਨ ਜ਼ਿਲਾ ਫਾਜ਼ਿਲਕਾ ਨੇ ਸਾਂਝੇ ਤੌਰ 'ਤੇ ਪੰਜਾਬ ਬਾਡੀ ਦੇ ਆਦੇਸ਼ ਮੁਤਾਬਕ ਸਰਕਾਰ ਵੱਲੋਂ ਪਟਵਾਰੀਆਂ ਤੇ ਕਾਨੂੰਗੋਆਂ ਉਪਰ ਐਸਮਾਂ ਵਰਗੇ ਮੁਲਾਜ਼ਮ ਵਿਰੋਧੀ ਕਾਨੂੰਨ ਥੋਪਣ ਅਤੇ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਖਿਲਾਫ ਡਿਪਟੀ ਕਮਿਸ਼ਨਰ ਦਫਤਰ ਫਾਜ਼ਿਲਕਾ ਸਾਹਮਣੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ। ਇਸ ਦੌਰਾਨ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ ਗਈ।

ਇਸ ਮੌਕੇ ਆਗੂਆਂ ਨੇ ਕਿਹਾ ਕਿ ਪਟਵਾਰੀ ਤੇ ਕਾਨੂੰਗੋ ਮਿਤੀ:- 1/9/2023 ਤੋਂ ਅਪਣੀਆਂ ਹੱਕੀ ਮੰਗਾਂ ਜਿਵੇਂ ਕਿ ਪਟਵਾਰੀਆਂ ਦੀ ਭਰਤੀ ਕਰਨਾ, ਨਵੇਂ ਭਰਤੀ ਪਟਵਾਰੀਆਂ ਦਾ ਪੰਜਾਬ ਸਰਕਾਰ ਵੱਲੋਂ ਕੀਤੇ ਵਾਅਦੇ ਮੁਤਾਬਕ ਟ੍ਰੇਨਿੰਗ ਸਮਾਂ ਡੇਢ ਸਾਲ ਦੀ ਬਜਾਏ ਇਕ ਸਾਲ ਕਰਨਾ ਤੇ ਟ੍ਰੇਨਿੰਗ ਦੌਰਾਨ ਬੇਸਿਕ ਤਨਖਾਹ ਦੇਣਾ ਆਦਿ ਹੱਕੀ ਮੰਗਾਂ ਅਨੁਸਾਰ ਵਾਧੂ ਸਰਕਲਾਂ ਦਾ ਕੰਮ ਬੰਦ ਕਰਕੇ ਇਕ ਤਨਖਾਹ ਇਕ ਸਰਕਲ ਦੀ ਗੱਲ 'ਤੇ ਖੜੇ ਹਨ, ਪਰ ਪਟਵਾਰੀਆਂ ਦੇ ਸੰਘਰਸ਼ ਨੂੰ ਦਬਾਉਣ ਲਈ ਤੇ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਸੰਵਿਧਾਨਕ ਹੱਕਾਂ ਤੋਂ ਮਹਿਰੂਮ ਰੱਖਣ ਲਈ ਪਟਵਾਰੀਆਂ/ਕਾਨੂੰਗੋ ਉਪਰ ਐਸਮਾ ਵਰਗੇ ਕਾਲੇ ਕਾਨੂੰਨ ਥੋਪੇ ਗਏ। ਹੁਣ ਜਥੇਬੰਦੀ ਪੰਜਾਬ ਸਰਕਾਰ ਤੋਂ ਮੰਗ ਕਰਦੀ ਹੈ ਕਿ ਪਟਵਾਰੀਆਂ ਤੇ ਕਾਨੂੰਗੋਆਂ ਉਪਰ ਲਗਾਏ ਗਏ ਐਸਮਾ ਵਰਗੇ ਕਾਲੇ ਕਾਨੂੰਨ ਵਾਪਸ ਲਏ ਜਾਣ ਤੇ ਉਹਨਾਂ ਦੀਆਂ ਹੱਕੀ ਮੰਗਾਂ ਦੀ ਜਲਦ ਤੋਂ ਜਲਦ ਪੂਰਤੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਪੰਜਾਬ ਬਾਡੀ ਦੀ ਹੋਣ ਵਾਲੀ ਮੀਟਿੰਗ ਵਿੱਚ ਅਗਲੇ ਸੰਘਰਸ਼ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ। ਇਸ ਮੌਕੇ ਕੁਲਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਪਟਵਾਰ ਯੂਨੀਅਨ, ਬਲਦੇਵ ਸਿੰਘ ਸੀਨੀਅਰ ਮੀਤ ਪ੍ਰਧਾਨ ਪੰਜਾਬ, ਚੰਦਰ ਕੁਮਾਰ ਜ਼ਿਲ੍ਹਾ ਪ੍ਰਧਾਨ ਕਾਨੂੰਗੋ ਐਸੋਸੀਏਸ਼, ਅਸੀਸ ਕੁਮਾਰ ਜ਼ਿਲ੍ਹਾ ਜਨਰਲ ਸਕੱਤਰ, ਮਨਪ੍ਰੀਤ ਸਿੰਘ ਤਹਿਸੀਲ ਪ੍ਰਧਾਨ ਅਬੋਹਰ, ਵਰਿੰਦਰ ਕਾਲੜਾ ਤਹਿਸੀਲ ਪ੍ਰਧਾਨ ਜਲਾਲਾਬਾਦ, ਸੁਭਾਸ਼ ਚੰਦਰ ਤਹਿਸੀਲ ਪ੍ਰਧਾਨ ਫਾਜ਼ਿਲਕਾ, ਜਸਕਰਨ ਸਿੰਘ ਜਨਰਲ ਸਕੱਤਰ ਕਾਨੂੰਗੋ ਐਸੋਸੀਏਸ਼ਨ, ਕੇਵਲ ਕ੍ਰਿਸ਼ਨ ਕਾਨੂੰਗੋ, ਚਰਨਜੀਤ ਸਿੰਘ ਕਾਨੂੰਗੋ ਤੇ ਹੋਰ ਨੁਮਾਇੰਦਾਗਨ ਤੇ ਪਟਵਾਰੀ/ਕਾਨੂੰਗੋ ਸਾਥੀ ਹਾਜ਼ਰ ਸਨ।

## ਕਰੋੜ ਰੁਪਏ ਖਰਚ ਹੋਣ ਦੇ ਬਾਵਜੂਦ ਪੀਣਯੋਗ ਪਾਣੀ ਨੂੰ ਤਰਸ ਰਹੇ ਸ਼ਹਿਰ ਵਾਸੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਭਾਰਤ ਸਰਕਾਰ ਨੇ ਅਮ੍ਰਿਤ ਪ੍ਰੋਜੈਕਟ ਅਧੀਨ ਸਾਲ 2015 ਵਿੱਚ ਮੁਕਤਸਰ ਨੂੰ ਅਮ੍ਰਿਤ ਸ਼ਹਿਰ ਘੋਸ਼ਿਤ ਕਰਨ ਤੋਂ ਬਾਅਦ ਮੁਕਤਸਰ ਸ਼ਹਿਰ ਲਈ 24 ਘੰਟੇ ਪੀਣਯੋਗ ਪਾਣੀ ਦੀ ਸਪਲਾਈ ਲਈ 31 ਕਰੋੜ ਰੁਪਏ ਜਾਰੀ ਕੀਤੇ ਗਏ ਸਨ। ਕਾਰਜਕਾਰੀ ਇੰਜ. ਵਾਟਰ ਸਪਲਾਈ ਤੇ ਸੈਨੀਟੇਸ਼ਨ ਮੰਡਲ-2, ਸ੍ਰੀ ਮੁਕਤਸਰ ਸਾਹਿਬ ਵੱਲੋਂ ਟੈਂਡਰ ਲਗਾ ਕੇ ਮੈਸਰਜ਼ ਆਰ. ਕੇ. ਬਿਲਡਰ ਬਠਿੰਡਾ ਨੂੰ 13 ਅਗਸਤ 2020 ਨੂੰ ਕੰਮ ਅਲਾਟ ਕੀਤਾ ਸੀ। ਸਰਹੰਦ ਫੀਡਰ ਤੋਂ ਮੁੱਖ ਜਲ ਘਰ ਮੁਕਤਸਰ ਤੱਕ 9.1 ਕਿਲੋਮੀਟਰ 900 ਐੱਮ. ਐੱਮ. ਡਾਇਆ ਪਾਈਪ ਵਿਛਾਉਣ ਦਾ ਕੰਮ 20 ਫਰਵਰੀ 2022 ਤੋਂ ਪਹਿਲਾਂ ਦਾ ਪੂਰਾ ਹੋ ਚੁੱਕਾ ਹੈ, ਪ੍ਰੰਤੂ ਅਜੇ ਤੱਕ ਸਰਹੰਦ ਫੀਡਰ ਤੇ ਮੋਘਾ (ਆਊਟਲੈੱਟ) ਨਾ ਲੱਗਣ ਕਾਰਨ ਪਾਣੀ ਦੀ ਸਪਲਾਈ ਚਾਲੂ ਨਹੀਂ ਹੋ ਸਕੀ। ਵਿਭਾਗ ਦੀ ਲਾਪ੍ਰਵਾਹੀ ਕਾਰਨ 31 ਕਰੋੜ ਰੁਪਏ ਖਰਚ ਹੋਣ ਦੇ ਬਾਵਜੂਦ ਸ਼ਹਿਰ ਵਾਸੀ ਪੀਣਯੋਗ ਪਾਣੀ ਨੂੰ ਤਰਸ ਰਹੇ ਹਨ। ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਹੈ ਕਿ ਸਿੰਚਾਈ ਵਿਭਾਗ ਵੱਲੋਂ ਮੋਘੇ ਦਾ ਡਿਜ਼ਾਇਨ ਪਾਸ ਹੋ ਕੇ ਵਾਟਰ ਸਪਲਾਈ ਦੇ ਦਫ਼ਤਰ ਰਕਮ ਜਮ੍ਹਾਂ ਕਰਵਾਉਣ ਲਈ ਭੇਜਿਆ ਜਾ ਚੁੱਕਾ ਹੈ। ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨੇ ਮੁਕਤਸਰ ਸ਼ਹਿਰ ਨੂੰ ਤਿੰਨ ਹਿੱਸਿਆਂ ਵਿੱਚ ਵੰਡਿਆ ਹੈ। ਪਹਿਲਾ ਮੇਨ ਵਾਟਰ ਵਰਕਸ ਕੋਟਕਪੂਰਾ ਰੋਡ, ਜਿਸ ਵਿੱਚ ਵਾਰਡ ਨੰਬਰ 2 ਤੋਂ 4 ਤੇ 6 ਤੋਂ 20.5 ਸ਼ਾਮਲ ਹੈ। ਦੂਜਾ ਵਾਟਰ ਸਪਲਾਈ ਸਕੀਮ ਚੱਕ ਬੀੜ ਸਰਕਾਰ ਸਕੀਮ ਨੰਬਰ 2, ਜਿਸ ਵਿਚ ਵਾਰਡ ਨੰਬਰ 5 ਸ਼ਾਮਲ ਹੈ ਅਤੇ ਤੀਜਾ ਪਾਰਟ ਟਿੱਬੀ ਸਾਹਿਬ ਰੋਡ ਵਾਰਡ ਨੰਬਰ 1, ਵਾਡਰ ਨੰਬਰ, 22 ਤੋਂ 31 ਤੱਕ ਸ਼ਾਮਲ ਹੈ। ਜੇਕਰ ਸਰਹੰਦ ਫੀਡਰ ਤੋਂ ਪਾਣੀ ਚਾਲੂ ਹੋ ਜਾਂਦਾ ਹੈ ਤਾਂ ਫਿਰ ਪਾਣੀ ਪਾਰਟ ਨੰਬਰ 1 ਦੇ 20.5 ਵਾਰਡਾਂ ਦੇ ਖਪਤਕਾਰਾਂ ਨੂੰ ਮਿਲੇਗਾ, ਪਰ ਲਾਈਨ ਤੋਂ ਪਾਰ ਪੈਂਦੇ 10.5 ਵਾਰਡ ਤੇ ਚੱਕ ਬੀੜ ਸਰਕਾਰ ਦੇ ਵਾਰਡ ਨੰਬਰ 5 ਦੇ ਖਪਤਕਾਰਾਂ ਨੂੰ ਸਰਹੰਦ ਫੀਡਰ ਤੋਂ ਪਾਣੀ ਨਹੀਂ ਮਿਲ ਸਕੇਗਾ, ਕਿਉਂਕਿ ਪਾਰਟ 2 ਤੇ 3 ਦੇ ਏਰੀਏ ਮੇਨ ਵਾਟਰ ਵਰਕਸ ਨਾਲ ਲਿੰਕ ਨਹੀਂ ਹਨ।

ਵਾਟਰ ਵਰਕਸ ਨੂੰ ਅੱਪਗ੍ਰੇਡ ਕਰਨ ਲਈ 5 ਕਰੋੜ ਰੁਪਏ ਖਰਚ ਕਰਕੇ ਨਵਾਂ ਵਾਟਰ ਟਰੀਟਮੈਂਟ ਪਲਾਂਟ ਬਣਾਇਆ ਗਿਆ ਹੈ। ਇਥੇ ਇਹ ਵੀ ਦੱਸਣਾ ਜ਼ਰੂਰੀ ਹੈ ਕਿ ਜੋ ਪਾਣੀ ਦੀ ਪਾਈਪ ਲਾਈਨ ਜਲਾਲਾਬਾਦ ਰੋਡ ਫਾਟਕ ਨੂੰ ਕਰਾਸ ਕਰਕੇ ਬਾਗਵਾਲੇ ਸਕੂਲ ਦੀ ਟੈਂਕੀ ਤੱਕ ਜਾਂਦੀ ਸੀ, ਪੁਲ ਦੀ ਉਸਾਰੀ ਦੌਰਾਨ ਕੱਟ ਕੇ ਬੰਦ ਕਰ ਦਿੱਤੀ ਗਈ। ਨੈਸ਼ਨਲ ਕੰਜ਼ਿਊਮਰ ਅਵੇਰਨੈੱਸ ਗਰੁੱਪ ਦੇ ਪ੍ਰਧਾਨ ਸ਼ਾਮ ਲਾਲ ਗੋਇਲ, ਜਨਰਲ ਸਕੱਤਰ ਗੋਬਿੰਦ ਸਿੰਘ ਦਾਬੜਾ, ਸੰਗਠਨ ਸਕੱਤਰ ਜਸਵੰਤ ਸਿੰਘ ਬਰਾੜ, ਪ੍ਰੈੱਸ ਸਕੱਤਰ ਕਾਲਾ ਸਿੰਘ ਬੇਦੀ, ਕੈਸ਼ੀਅਰ ਸੁਭਾਸ਼ ਕੁਮਾਰ ਚਗਤੀ, ਭੰਵਰ ਲਾਲ ਨੇ ਮੰਗ ਕੀਤੀ ਹੈ ਕਿ ਜਲਦ ਤੋਂ ਜਲਦ ਮੋਘਾ ਲਗਾ ਕੇ ਪਾਣੀ ਦੀ ਸਪਲਾਈ ਚਾਲੂ ਕੀਤੀ ਜਾਵੇ। ਦੂਜੇ ਪਾਸੇ ਨਹਿਰੀ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਮਹਿਕਮਾ ਜਲ ਸਪਲਾਈ ਨੂੰ ਇੱਕ ਆਰਜ਼ੀ ਤੌਰ 'ਤੇ ਕੁਨੈਕਸ਼ਨ ਦਿੱਤਾ ਗਿਆ ਹੈ, ਤਾਂ ਜੋ ਲੋਕਾਂ ਨੂੰ ਪਾਣੀ ਦੀ ਸਪਲਾਈ ਮਿਲਦੀ ਰਹੀ ਤੇ ਲੋਕਾਂ ਨੂੰ ਪਾਣੀ ਲਈ ਪ੍ਰੇਸ਼ਾਨ ਨਾ ਹੋਣਾ ਪਵੇ।

## ਕਾਤਰਾਂ

### ਰੇਤ ਨਾਲ ਭਰੇ ਟਰੈਕਟਰ ਟਰਾਲੀ ਸਮੇਤ ਇੱਕ ਕਾਬੂ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਥਾਣਾ ਗੁਰੂ ਹਰਸਹਾਏ ਦੀ ਪੁਲਸ ਨੇ ਮਿਲੀ ਸੂਚਨਾ ਦੇ ਆਧਾਰ 'ਤੇ ਨਾਕਾਬੰਦੀ ਕਰਦੇ ਹੋਏ ਇੱਕ ਵਿਅਕਤੀ ਨੂੰ ਰੇਤ ਨਾਲ ਭਰੀ ਟਰੈਕਟਰ-ਟਰਾਲੀ ਸਮੇਤ ਕਾਬੂ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਜਦ ਉਹ ਪੁਲਸ ਪਾਰਟੀ ਨਾਲ ਗਸ਼ਤ ਤੇ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਬਾਹੱਦ ਰਕਬਾ ਗੋਲੂਕਾ ਮੌੜ ਪੁੱਜੇ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਇੱਕ ਵਿਅਕਤੀ ਜਦੋਂ ਕਿ ਰੇਤਾ ਚੋਰੀ ਕਰਕੇ ਵੇਚਣ ਦਾ ਆਦੀ ਹੈ, ਜੋ ਹੁਣ ਵੀ ਅਪਣੇ ਟਰੈਕਟਰ ਸਵਰਾਜ 855 ਸਮੇਤ ਟਰਾਲੀ ਪਰ ਰੇਤਾ ਨਜਾਇਜ਼ ਲੈ ਕੇ ਆ ਰਿਹਾ ਹੈ। ਪੁਲਸ ਪਾਰਟੀ ਨੇ ਨਾਕਾਬੰਦੀ ਕਰਕੇ ਉਕਤ ਮੁਲਜ਼ਮ ਨੂੰ ਰੇਤੇ ਨਾਲ ਭਰੀ ਟਰੈਕਟਰ-ਟਰਾਲੀ ਸਮੇਤ ਕਾਬੂ ਕਰਕੇ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਉਕਤ ਮੁਲਜ਼ਮ ਦੀ ਪਛਾਣ ਬੂਟਾ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਛਾਂਗਾ ਰਾਏ ਹਿਠਾੜ ਵਜੋਂ ਹੋਈ ਹੈ।

### 1.44 ਕਰੋੜ ਦੀ ਠੱਗੀ ਮਾਰਨ ਦੇ ਦੋਸ਼ 'ਚ ਪਤੀ-ਪਤਨੀ ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਪੁਲਸ ਜਲਾਲਾਬਾਦ ਵੱਲੋਂ 1 ਕਰੋੜ 44 ਲੱਖ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ ਪਤੀ-ਪਤਨੀ ਖਿਲਾਫ ਮੁੱਕਦਮਾ ਦਰਜ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਦੇ ਅਨੁਸਾਰ ਮੁਦੱਈ ਮੋਹਿਤ ਸ਼ਕਤੀ ਪੁੱਤਰ ਸੁਰਿੰਦਰ ਸ਼ਕਤੀ ਵਾਸੀ ਬਾਗ ਕਲੋਨੀ ਜਲਾਲਾਬਾਦ ਵੱਲੋਂ ਇਕ ਦਰਖਾਸਤ ਨੰਬਰ 560-ਐਸਪੀਐਲ-ਪੀਸੀ ਮਿਤੀ 15-05-2023 ਨੂੰ ਸੌਰਵ ਸਪਰਾ ਤੇ ਸੀਨਮ ਸਪਰਾ ਵਾਸੀਆਨ 37 ਜੀਰਕਪੁਰ ਐਸ.ਏ.ਐਸ ਨਗਰ ਦੇ ਖਿਲਾਫ ਦਿੱਤੀ ਗਈ ਸੀ ਕਿ ਸੌਰਵ ਤੇ ਸੀਨਮ ਨੇ ਰਿਸ਼ਤੇਦਾਰੀ ਦਾ ਨਾਜਾਇਜ਼ ਫਾਇਦਾ ਉਠਾਉਂਦੇ ਹੋਏ ਪ੍ਰਾਪਰਟੀ ਦੀ ਖਰੀਦ ਕਰਕੇ ਮੁਨਾਫਾ ਦੇਣ ਦੇ ਝਾਂਸੇ ਵਿੱਚ ਲੈ ਕੇ ਨਿਵੇਸ਼ ਕਰਨ ਦਾ ਝੂਠਾ ਲਾਰਾ ਲਗਾਇਆ ਗਿਆ ਅਤੇ ਉਸ ਦੇ ਦੋਸਤਾਂ ਪਾਸੋਂ ਕਰੀਬ 1 ਕਰੋੜ 44 ਲੱਖ ਰੁਪਏ ਦੀ ਠੱਗੀ ਮਾਰੀ ਗਈ ਹੈ, ਜੋ ਕਿ ਜਾਂਚ ਵਿੱਚ ਪਵੀਤਰਾ ਫਰਮ ਦੇ ਜਾਲ੍ਹੀ ਕਾਗਜ਼ ਤੇ ਜਾਲ੍ਹੀ ਮੋਹਰ ਤਿਆਰ ਕਰਕੇ ਕਾਗਜ਼ਾਤ ਤਿਆਰ ਕਰਨਾ ਪਾਇਆ ਗਿਆ। ਜਿਸ 'ਤੇ ਪੜਤਾਲ ਰਿਪੋਰਟ ਸਮੇਤ ਅਪਰੂਵਲ ਐਸ.ਐਸ.ਪੀ. ਫਾਜ਼ਿਲਕਾ ਦੇ ਦਫਤਰ ਤੋਂ ਜਲਾਲਾਬਾਦ ਥਾਣਾ ਸਿਟੀ ਵਿਖੇ ਆਉਣ ਉਪਰੰਤ ਪੁਲਸ ਨੇ ਮੁਦੱਈ ਮੋਹਿਤ ਸ਼ਕਤੀ ਦੇ ਬਿਆਨਾਂ ਦੇ ਅਧਾਰ 'ਤੇ ਸੌਰਵ ਸਪਰਾ ਪੁੱਤਰ ਸੁਰੇਸ਼ ਸਪਰਾ ਤੇ ਸੀਨਮ ਸਪਰਾ ਪਤਨੀ ਸੌਰਵ ਸਪਰਾ ਵਾਸੀਆਨ 37 ਜੀਰਕਪੁਰ ਐਸ.ਏ.ਐਸ.ਨਗਰ ਦੇ ਖਿਲਾਫ ਧਾਰਾ 420,406,465,467,468,471 ਆਈ ਪੀ ਸੀ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

### ਚਿੱਪ ਵਾਲੇ ਮੀਟਰਾਂ ਦਾ ਵਿਰੋਧ

**ਮੋਗਾ (ਅਮਰਜੀਤ ਬੱਬਰੀ)**-ਮਜ਼ਦੂਰ ਆਗੂ ਸੂਬਾ ਸਿੰਘ ਨੱਥੂਵਾਲਾ ਨੇ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦਿੱਤੀ ਕਿ ਮਜ਼ਦੂਰਾਂ ਦੇ ਕੰਮ ਦੀ ਰੁੱਤ ਵਿੱਚ ਰੁਝੇ ਹੋਣ ਕਰਕੇ ਚੋਰੀ ਚੋਰੀ ਬਾਹਰ ਲੱਗੇ 25-30 ਬਿਜਲੀ ਮੀਟਰ ਪਾਵਰਕਾਮ ਨੇ ਬਦਲ ਦਿੱਤੇ ਹਨ।ਇਹ ਕਾਰਵਾਈ ਬਿਜਲੀ ਬੋਰਡ ਵਿੱਚ ਪ੍ਰਾਈਵੇਟ ਨੀਤੀ ਨੂੰ ਅੱਗੇ ਵਧਾਉਣ ਦਾ ਕਦਮ ਹੈ।ਮਜ਼ਦੂਰ ਜਥੇਬੰਦੀਆਂ ਸਰਕਾਰਾਂ ਦੀਆਂ ਨਿੱਜੀਕਰਨ, ਉਦਾਰੀਕਰਨ ਤੇ ਸੰਸਾਰੀਕਰਨ ਦੀਆਂ ਨੀਤੀਆਂ ਵਿਰੁੱਧ ਆਵਾਜ਼ ਉਠਾ ਰਹੀਆਂ ਹਨ।ਇਸੇ ਕਰਕੇ ਮਜ਼ਦੂਰਾਂ ਤੋਂ ਪਰਦੇ ਨਾਲ ਚਿੱਪ ਵਾਲੇ ਮੀਟਰ ਲਾਏ ਗਏ।ਸਿ ਸਬੰਧ 'ਚ ਅੱਜ ਨੱਥੂਵਾਲਾ ਗਰਬੀ ਵਿੱਚ ਮਜ਼ਦੂਰਾਂ ਦੀ ਮੀਟਿੰਗ ਹੋਈ।ਉਨ੍ਹਾਂ ਫੈਸਲਾ ਕੀਤਾ ਕਿ ਚਿੱਪ ਵਾਲੇ ਮੀਟਰ ਪੁੱਟ ਕੇ ਪਾਵਰਕੌਮ ਮਹਿਕਮੇ ਨੂੰ ਜਮ੍ਹਾਂ ਕਰਾਏ ਜਾਣਗੇ ਤੇ ਪੁਰਾਣੇ ਮੀਟਰ ਲਵਾਉਣ ਲਈ ਸੰਘਰਸ਼ ਅਰੰਭਿਆ ਜਾਵੇਗਾ।

## ਕੇਂਦਰੀ ਅਨਾਜ ਮੰਡੀ 'ਚ 20 ਦਿਨਾਂ ਤੋਂ ਝੋਨਾ ਨਾ ਵਿਕਣ 'ਤੇ ਕਿਸਾਨ ਪ੍ਰੇਸ਼ਾਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਕੇਂਦਰੀ ਅਨਾਜ ਮੰਡੀ ਮਹਿਲ ਕਲਾਂ (ਬਰਨਾਲਾ) ਵਿਖੇ ਪਿਛਲੇ 20 ਦਿਨਾਂ ਤੋਂ ਖਰੀਦ ਏਜੰਸੀ ਵਲੋਂ ਖਰੀਦ ਨਾ ਕੀਤੇ ਜਾਣ ਤੋਂ ਦੁਖੀ ਪੀੜਤ ਕਿਸਾਨ ਕੁਲਵੰਤ ਸਿੰਘ ਠੀਕਰੀਵਾਲਾ ਵਲੋਂ ਵੇਚਣ ਲਈ ਲਿਆਂਦੀ ਫਸਲ ਮੁੜ ਚੁਕ ਕੇ ਟਰਾਲੀਆਂ 'ਚ ਭਰ ਕੇ ਲਿਜਾਈ ਗਈ। ਅਨਾਜ ਮੰਡੀ 'ਚ ਖੜ੍ਹੇ ਪੀੜਤ ਕਿਸਾਨ ਨੇ ਕਿਹਾ ਕਿ ਸੂਬਾ ਸਰਕਾਰ ਵਲੋਂ ਝੋਨੇ ਦਾ ਦਾਣਾ ਦਾਣਾ ਖਰੀਦਣ ਦੇ ਦਾਅਵੇ ਉਸ ਵੇਲੇ ਥੋਥੇ ਸਾਬਤ ਹੋ ਗਏ ਜਦੋਂ ਸੁੱਕੇ ਤੇ ਸਾਫ ਝੋਨੇ ਦੀ ਫਸਲ ਵੇਚਣ ਲਈ ਕਿਸਾਨਾਂ ਨੂੰ ਖਰੀਦ ਅਧਿਕਾਰੀਆਂ ਅਗੇ ਮਿੰਨਤਾਂ ਕੱਢਣੀਆਂ ਪੈ ਰਹੀਆਂ ਹਨ। ਉਹ ਬੀਤੇ 20 ਦਿਨਾਂ ਤੋਂ ਫਸਲ ਵੇਚਣ ਲਈ ਮੰਡੀ 'ਚ ਬੈਠੇ ਹਨ, ਪਰ ਪਤਾ ਨਹੀਂ ਕਿਉ ਪਨਗ੍ਰੇਨ ਖਰੀਦ ਏਜੰਸੀ ਵਲੋਂ ਬਾਰਦਾਨਾ ਨਹੀਂ ਭੇਜਿਆ ਜਾ ਰਿਹਾ। ਜਿਸ ਤੋਂ ਦੁਖੀ ਹੋ ਕੇ ਉਨ੍ਹਾਂ ਨੂੰ ਸੁਕਾ ਤੇ ਸਾਫ ਝੋਨਾ ਮੰਡੀ ਵਿਚੋਂ ਚੁੱਕਣਾ ਪਿਆ। ਪੀੜਤ ਕਿਸਾਨ ਨੇ ਭਰੇ ਮਨ ਨਾਲ ਦੱਸਿਆ ਕਿ ਫਸਲ ਲਿਆਉਣ ਅਤੇ ਮੁੜ 20 ਦਿਨਾਂ ਬਾਅਦ ਚੁੱਕ ਕੇ ਲੈ ਜਾਣ ਉਪਰ ਉਨ੍ਹਾਂ ਦੇ ਹਜ਼ਾਰਾਂ ਰੁਪਏ ਬਰਬਾਦ ਹੋ ਗਏ। ਇਸ ਤੋਂ ਇਲਾਵਾ ਇਸ ਮੰਡੀ 'ਚ 20 ਦਿਨਾਂ ਤੋਂ ਪਈ ਫਸਲ ਰਾਤਾਂ ਨੂੰ ਚੋਰੀ ਵੀ ਹੋ ਗਈ। ਵੱਖ-ਵੱਖ ਕਿਸਾਨ ਆਗੂਆਂ ਨੇ ਅਨਾਜ ਮੰਡੀਆਂ 'ਚ ਫਸਲ ਵੇਚਣ ਲਈ ਆਏ ਕਿਸਾਨਾਂ ਦੀ ਹੋ ਰਹੀ ਖੱਜਲ ਖੁਆਰੀ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਮੁੱਖ ਮੰਤਰੀ ਪੰਜਾਬ ਤੋਂ ਇਸ ਗੰਭੀਰ ਮੁਸ਼ਕਲ ਬਾਰੇ ਤੁਰੰਤ ਧਿਆਨ ਦੀ ਮੰਗ ਕੀਤੀ । ਇਸ ਸਬੰਧੀ ਸਬੰਧਤ ਖਰੀਦ ਅਧਿਕਾਰੀ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਸੰਪਰਕ ਨਹੀਂ ਹੋ ਸਕਿਆ।

## ਠੇਕਾ ਮੁਲਾਜ਼ਮਾਂ ਰੋਸ ਰੈਲੀ ਕਰਕੇ ਕਿਸਾਨਾਂ ਦੇ ਹੱਕ 'ਚ ਮਾਰਿਆ ਹਾਅ ਦਾ ਨਾਅਰਾ

### ਕਿਸਾਨਾਂ ਦੀਆਂ ਸਮੂਹ ਮੰਗਾਂ ਪ੍ਰਵਾਨ ਕਰੇ ਕੇਂਦਰ ਤੇ ਸੂਬਾ ਸਰਕਾਰ : ਮੋਰਚਾ ਆਗੂ


ਥਰਮਲ ਮੁਲਾਜ਼ਮ ਕਿਸਾਨਾਂ ਵੱਲੋਂ ਚੰਡੀਗੜ੍ਹ ਵਿਖੇ ਲਾਏ ਤਿੰਨ ਰੋਜ਼ਾ ਮੋਰਚੇ ਦੀ ਹਮਾਇਤ ਵਿੱਚ ਰੋਸ ਰੈਲੀ ਕਰਦੇ ਹੋਏ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਬੈਨਰ ਹੇਠ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੇ ਕਿਸਾਨ ਸੰਘਰਸ਼ ਦੇ ਹੱਕ ਵਿੱਚ ਥਰਮਲ ਗੇਟ ਅੱਗੇ ਰੋਸ ਰੈਲੀ ਕੀਤੀ। ਮੋਰਚੇ ਦੇ ਸੂਬਾਈ ਆਗੂਆਂ ਜਗਰੂਪ ਸਿੰਘ ਲਹਿਰਾ, ਜਗਸੀਰ ਸਿੰਘ ਭੰਗੂ, ਬਲਜਿੰਦਰ ਸਿੰਘ ਮਾਨ ਤੇ ਹਰਦੀਪ ਸਿੰਘ ਤੱਗੜ ਆਦਿ ਬੁਲਾਰਿਆਂ ਨੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨਾਂ ਵੱਲੋਂ ਰਾਜਧਾਨੀ ਵਿੱਚ ਲਾਏ ਤਿੰਨ ਰੋਜ਼ਾ ਮੋਰਚੇ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਦਿਆਂ ਕਿਹਾ ਕਿ ਸਮੁੱਚੇ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਤੇ ਹੋਰ ਸਮੂਹ ਸੰਘਰਸ਼ਸ਼ੀਲ ਕਿਰਤੀ ਤਬਕਿਆਂ ਨੇ ਸਾਲ ਭਰ ਦਿੱਲੀ ਦੇ ਬਾਰਡਰਾਂ 'ਤੇ ਪੱਕਾ ਮੋਰਚਾ ਲਾ ਕੇ ਕੇਂਦਰ ਦੀ ਫਾਸ਼ੀਵਾਦੀ ਮੋਦੀ ਹਕੂਮਤ ਵੱਲੋਂ ਲਿਆਂਦੇ ਤਿੰਨ ਕਾਲੇ ਖੇਤੀ ਕਾਨੂੰਨਾਂ ਨੂੰ ਰੱਦ ਕਰਵਾਇਆ ਸੀ ਅਤੇ ਉਸ ਸਮੇਂ ਮੋਦੀ ਹਕੂਮਤ ਨੇ ਤਿੰਨ ਕਾਲੇ ਕਾਨੂੰਨਾਂ ਨੂੰ ਰੱਦ ਕਰਨ ਦੇ ਨਾਲ-ਨਾਲ ਕਿਸਾਨਾਂ ਦੀਆਂ ਹੋਰ ਸਮੂਹ ਹੱਕੀ ਮੰਗਾਂ ਨੂੰ ਵੀ ਪ੍ਰਵਾਨ ਕਰ ਲਿਆ ਸੀ, ਪਰ ਸੱਤਾ ਦੇ ਨਸ਼ੇ ਵਿੱਚ ਚੂਰ ਮੋਦੀ ਹਕੂਮਤ ਨੇ ਅਜੇ ਤੱਕ ਵੀ ਕਿਸਾਨਾਂ ਦੀਆਂ ਸਮੂਹ ਮੰਗਾਂ ਜਿਵੇਂ ਕਿ ਸਮੂਹ ਫਸਲਾਂ 'ਤੇ ਐੱਮ. ਐੱਸ. ਪੀ. ਤੇ ਸਰਕਾਰੀ ਖਰੀਦ ਦੀ ਗਾਰੰਟੀ ਕਰਨ, ਕਿਸਾਨੀ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ ਦੇ ਪਰਿਵਾਰਾਂ ਨੂੰ ਯੋਗ ਮੁਆਵਜ਼ਾ ਤੇ ਸਰਕਾਰੀ ਨੌਕਰੀ ਦੇਣ, ਕਿਸਾਨਾਂ 'ਤੇ ਪਾਏ ਝੂਠੇ ਪੁਲਸ ਕੇਸਾਂ ਨੂੰ ਰੱਦ ਕਰਨ, ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ, ਸਮੂਹ ਕਿਸਾਨਾਂ-ਮਜ਼ਦੂਰਾਂ ਸਿਰ ਚੜ੍ਹੇ ਹਰ ਤਰ੍ਹਾਂ ਦੇ ਕਰਜ਼ੇ 'ਤੇ ਲੀਕ ਮਾਰਨ, ਨਵੇਂ ਬਿਜਲੀ ਕਾਨੂੰਨਾਂ ਤੇ ਕਿਰਤ ਕੋਡਾਂ ਨੂੰ ਰੱਦ ਕਰਨ ਤੇ ਪਰਾਲੀ ਦੇ ਮਸਲੇ ਨੂੰ ਹੱਲ ਕਰਨ ਸਮੇਤ ਹੋਰ ਮੰਗਾਂ ਨੂੰ ਪੂਰਾ ਨਹੀਂ ਕੀਤਾ, ਜਿਸ ਦੇ ਵਿਰੋਧ ਵਜੋਂ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਨੇ ਚੰਡੀਗੜ੍ਹ ਵਿਖੇ ਤਿੰਨ ਰੋਜ਼ਾ ਮੋਰਚਾ ਲਾਇਆ ਹੋਇਆ ਹੈ। ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਕੇਂਦਰ ਤੇ ਸੂਬੇ ਦੀ ਫਾਸ਼ੀਵਾਦੀ ਹਕੂਮਤ ਵੱਲੋਂ ਕਿਸਾਨਾਂ-ਮਜ਼ਦੂਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨਾ ਮੰਨੇ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ ਤੇ ਸਮੂਹ ਮੰਗਾਂ ਨੂੰ ਜਲਦ ਪ੍ਰਵਾਨ ਕੀਤੇ ਜਾਣ ਦੀ ਮੰਗ ਕਰਦਾ ਹੈ। ਆਗੂਆਂ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਮੰਗਾਂ ਨੂੰ ਜਲਦ ਪ੍ਰਵਾਨ ਨਾ ਕੀਤਾ ਤਾਂ ਠੇਕਾ ਮੁਲਾਜ਼ਮ ਕਿਸਾਨਾਂ/ਮਜ਼ਦੂਰਾਂ ਦੇ ਸੰਘਰਸ਼ਾਂ ਵਿੱਚ ਨਿੱਤਰਨ ਲਈ ਮਜਬੂਰ ਹੋਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਕੇਂਦਰ ਤੇ ਸੂਬਾ ਸਰਕਾਰ ਦੀ ਹੋਵੇਗੀ।

## ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਕਲਮਛੋੜ ਹੜਤਾਲ ਜਾਰੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਸੂਬਾ ਸਰਕਾਰ ਦੇ ਅੜੀਅਲ ਰਵੱਈਏ ਵਿਰੁੱਧ ਤੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਪੰਜਾਬ ਵੱਲੋਂ ਕੀਤੀ ਜਾ ਰਹੀ ਕਲਮ ਛੋੜ ਹੜਤਾਲ 21ਵੇਂ ਦਿਨ ਵੀ ਜਾਰੀ ਰਹੀ। ਜ਼ਿਲ੍ਹਾ ਫਾਜ਼ਿਲਕਾ ਵਿੱਚ ਸਰਕਾਰੀ ਮੁਲਾਜ਼ਮਾਂ ਵੱਲੋਂ ਸਮੁੱਚਾ ਸਰਕਾਰੀ ਕੰਮ ਕਾਜ 8 ਨਵੰਬਰ 2023 ਤੋਂ ਬੰਦ ਕੀਤਾ ਹੋਇਆ ਹੈ। ਇਸ ਮੌਕੇ ਸੂਬਾ ਬਾਡੀ ਦੀ ਹੋਈ ਆਨਲਾਈਨ ਮੀਟਿੰਗ ਦੌਰਾਨ ਵਿਚਾਰ ਚਰਚਾ ਕਰਨ ਉਪਰੰਤ ਕਲਮਛੋੜ ਹੜਤਾਲ ਵਿੱਚ 6 ਦਸੰਬਰ 2023 ਤੱਕ ਵਾਧਾ ਕਰ ਦਿੱਤਾ ਗਿਆ ਹੈ।

ਸੂਬਾ ਬਾਡੀ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਹਿੱਤ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਤੇ ਜਨਰਲ ਸਕੱਤਰ ਸੁਖਦੇਵ ਚੰਦ ਕੰਬੋਜ ਦੀ ਅਗਵਾਈ ਹੇਠ ਫਾਜ਼ਿਲਕਾ ਜ਼ਿਲ੍ਹੇ ਅੰਦਰ ਹੜਤਾਲ ਨੂੰ ਪਹਿਲਾਂ ਵੀ ਪੂਰਨ ਤੌਰ 'ਤੇ ਲਾਗੂ ਕੀਤਾ ਗਿਆ ਹੈ ਤੇ ਅੱਗੇ ਵੀ ਲਾਗੂ ਕੀਤਾ ਜਾਵੇਗਾ। ਇਸ ਮੌਕੇ ਪੀ.ਐੱਸ.ਐੱਮ.ਐੱਸ.ਯੂ. ਫਾਜ਼ਿਲਕਾ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ, ਜਨਰਲ ਸਕੱਤਰ ਸੁਖਦੇਵ ਚੰਦ ਕੰਬੋਜ ਦੀ ਅਗਵਾਈ ਹੇਠ ਯੂਨੀਅਨ ਦੇ ਹੋਰਨਾਂ ਮੁਲਾਜ਼ਮ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਮੁਲਾਜ਼ਮਾਂ ਦੇ ਡੀ. ਏ. ਦੀਆਂ ਬਕਾਇਆ ਕਿਸ਼ਤਾਂ ਜਾਰੀ ਨਹੀਂ ਕੀਤੀਆਂ ਜਾ ਰਹੀਆਂ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਐਲਾਨ ਕਰਨ ਦੇ ਬਾਵਜੂਦ ਅਜੇ ਤੱਕ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਗਈ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਦੇ ਸਨਮੁੱਖ ਕਲਮਛੋੜ ਹੜਤਾਲ ਕੀਤੀ ਜਾ ਰਹੀ ਹੈ। ਇਸ ਸਬੰਧੀ 6 ਦਸੰਬਰ 2023 ਤੱਕ ਕੀਤੇ ਗਏ ਹੜਤਾਲ ਦੇ ਵਾਧੇ ਸਬੰਧੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੂੰ ਯੂਨੀਅਨ ਵੱਲੋਂ ਮੰਗ ਪੱਤਰ ਦੇ ਕੇ ਜਾਣੂੰ ਕਰਵਾ ਦਿੱਤਾ ਗਿਆ ਹੈ। ਮੰਗਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਨਹੀਂ ਕੀਤਾ ਗਿਆ ਤਾਂ ਹੁਣ ਇਹ ਐਕਸ਼ਨ ਵੱਡੇ ਪੱਧਰ 'ਤੇ ਕੀਤੇ ਜਾਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਯੂਨੀਅਨ ਦੇ ਆਗੂਆਂ ਸਮੇਤ ਜ਼ਿਲ੍ਹੇ ਦੇ ਵੱਖ ਵੱਖ ਵਿਭਾਗਾਂ ਦੇ ਦਫਤਰੀ ਕਰਮਚਾਰੀ ਭਾਰੀ ਗਿਣਤੀ ਵਿੱਚ ਹਾਜ਼ਰ ਸਨ।

## 108 ਐਂਬੂਲੈਂਸ ਦੇ ਕਰਮਚਾਰੀ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ 'ਤੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ 108 ਐਂਬੂਲੈਂਸ ਦੇ ਕਰਮਚਾਰੀ ਆਪਣੀਆਂ ਮੰਗਾਂ ਨੂੰ ਲੈ ਕੇ ਅਣਮਿੱਥੇ ਸਮੇਂ ਦੇ ਲਈ ਭੁੱਖ ਹੜਤਾਲ 'ਤੇ ਬੈਠ ਗਏ। ਕਰਮਚਾਰੀਆਂ ਨੇ ਦੱਸਿਆ ਕਿ ਕੰਪਨੀ ਜੈਡ ਐਚ ਐਲ ਕਰਮਚਾਰੀਆਂ ਦਾ ਸ਼ੋਸ਼ਣ ਕਰ ਰਹੀ ਹੈ। ਜਿਸ ਦੇ ਚਲਦੇ ਪੰਜਾਬ ਦੇ ਹੋਰਨਾਂ ਜ਼ਿਲ੍ਹਿਆਂ ਦੇ ਕਰਮਚਾਰੀ 16 ਤਰੀਕ ਤੋਂ ਹੜਤਾਲ 'ਤੇ ਬੈਠ ਗਏ ਸਨ ਤੇ ਅੱਜ ਅਸੀਂ ਉਹਨਾਂ ਦਾ ਸਮਰਥਨ ਕਰ ਰਹੇ ਹਾਂ ਤੇ ਕਲਮ ਛੋੜ 'ਤੇ ਭੁੱਖ ਹੜਤਾਲ ਅਣਮਿੱਥੇ ਸਮੇਂ ਦੇ ਲਈ ਕਰ ਦਿੱਤੀ ਹੈ। ਕਰਮਚਾਰੀਆਂ ਨੇ ਦੱਸਿਆ ਕਿ ਕੰਪਨੀ ਨੂੰ ਸਰਕਾਰ ਵੱਲੋਂ ਇਕ 1 ਲੱਖ 45000 ਹਜ਼ਾਰ ਰੁਪਏ ਗੱਡੀ ਦਾ ਮਿਲਦਾ ਹੈ ਤੇ ਕੰਪਨੀ ਖੜ੍ਹੀਆਂ ਗੱਡੀਆਂ ਦਾ ਹੀ ਪੈਸਾ ਖਾ ਰਹੀ ਹੈ ਤੇ ਸਾਡੀ ਤਨਖਾਹ ਜਦ ਲੱਗੇ ਸਨ ਤਾਂ 9700 ਰੁਪਏ ਸੀ ਤੇ ਅੱਜ 9700 ਹੀ ਹੈ। ਕੰਪਨੀ ਨੇ ਨਾ ਹੀ ਤਨਖਾਹਾਂ 'ਚ ਵਾਧਾ ਕੀਤਾ ਤੇ ਨਾ ਹੀ ਗੱਡੀਆਂ ਦਾ ਕੋਈ ਕੰਮ ਕਰਾ ਰਹੀ ਹੈ ਤੇ ਐਂਬੂਲੈਂਸ ਦੀ ਸਥਿਤੀ ਦਿਨੋ ਦਿਨ ਕੰਡਮ ਹੋ ਰਹੀ ਹੈ। ਕੰਪਨੀ ਨੇ ਐਂਬੂਲੈਂਸ ਦੀ ਸਪੀਡ 60 ਦੀ ਤਹਿ ਕੀਤੀ ਹੈ ਜਦ ਕੀ ਐਂਬੂਲੈਂਸ ਦੀ ਸਪੀਡ ਮਰੀਜ਼ ਦੀ ਸਥਿਤੀ 'ਤੇ ਨਿਰਭਰ ਕਰਦੀ ਹੈ। ਕਰਮਚਾਰੀਆਂ ਨੇ ਕਿਹਾ ਕਿ ਅਸੀਂ ਕੰਪਨੀ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਪਰ ਕੋਈ ਵੀ ਹੱਲ ਨਹੀਂ ਕੀਤਾ ਜਿਸ ਦੇ ਰੋਸ ਵਜੋਂ ਅੱਜ ਭੁੱਖ ਹੜਤਾਲ 'ਤੇ ਬੈਠੇ ਹਾਂ।

## ਪੁਲਸ ਵਿਭਾਗ ਵੱਲੋਂ ਸਾਈਕਲ ਰੈਲੀ ਤੇ ਪੈਦਲ ਮਾਰਚ 3 ਨੂੰ

### *ਸਮੂਹ ਇਲਾਕਾ ਨਿਵਾਸੀਆਂ ਨੂੰ ਸ਼ਮੂਲੀਅਤ ਲਈ ਖੁੱਲ੍ਹਾ ਸੱਦਾ*

**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ, ਸ਼ਮਿੰਦਰਪਾਲ)**-ਸ੍ਰ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਤੇ ਸ੍ਰੀ ਗੌਰਵ ਯਾਦਵ ਡੀ.ਜੀ.ਪੀ. ਪੰਜਾਬ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਤਹਿਤ ਪੁਲਸ ਵਿਭਾਗ ਸ੍ਰੀ ਮੁਕਤਸਰ ਸਾਹਿਬ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਅਤੇ ਆਮ ਪਬਲਿਕ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਦੇ ਚਲਦਿਆਂ ਪੁਲਸ ਵਿਭਾਗ ਸ੍ਰੀ ਮੁਕਤਸਰ ਸਾਹਿਬ ਵੱਲੋਂ 3 ਦਸੰਬਰ 2023 ਨੂੰ ਇੱਕ ਸਾਈਕਲ ਰੈਲੀ ਤੇ ਪੈਦਲ ਮਾਰਚ ਦਾ ਆਯੋਜਨ ਕੀਤਾ ਹੈ।

ਪੈਦਲ ਮਾਰਚ ਰੈੱਡ ਕਰਾਸ ਭਵਨ ਸ੍ਰੀ ਮੁਕਤਸਰ ਸਾਹਿਬ ਤੋਂ ਸ਼ੁਰੂ ਹੋ ਕੇ ਪੁਲਸ ਲਾਇਨ ਸ੍ਰੀ ਮੁਕਤਸਰ ਸਾਹਿਬ ਤੱਕ ਤੇ ਸਾਇਕਲ ਰੈਲੀ ਰੈੱਡ ਕਰਾਸ ਭਵਨ ਸ੍ਰੀ ਮੁਕਤਸਰ ਸਾਹਿਬ ਤੋਂ ਸ਼ੁਰੂ ਹੋ ਕੇ ਵਾਇਆ ਥਾਂਦੇਵਾਲਾ ਤੋਂ ਹੁੰਦੇ ਹੋਏ ਪੁਲਸ ਲਾਇਨ ਸ੍ਰੀ ਮੁਕਤਸਰ ਸਾਹਿਬ ਪਹੁੰਚੇਗੀ। ਜ਼ਿਲ੍ਹਾ ਪੁਲਸ ਮੁਖੀ ਵੱਲੋਂ ਸਮੂਹ ਖੇਡ ਕਲੱਬਾਂ, ਨਸ਼ਾ ਵਿਰੋਧੀ ਕਮੇਟੀਆਂ, ਨੌਜਵਾਨਾਂ, ਐੱਨ ਜੀ ਓ ਕਲੱਬ ਤੇ ਆਮ ਪਬਲਿਕ ਨੂੰ ਇਸ ਨਸ਼ਾ ਵਿਰੋਧੀ ਮੁਹਿੰਮ ਦਾ ਹਿੱਸਾ ਬਣਨ ਲਈ ਸੱਦਾ ਦਿੱਤਾ ਜਾਂਦਾ ਹੈ। ਇਸ ਤੋਂ ਉਪਰੰਤ ਪੁਲਸ ਲਾਇਨ ਵਿਖੇ ਇੱਕ ਨਸ਼ਿਆਂ ਖਿਲਾਫ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ ਹੈ, ਜਿੱਥੇ ਨਸ਼ਿਆਂ ਵਿਰੁੱਧ ਨਾਟਕ ਕਰਵਾਏ ਜਾਣਗੇ। ਇਸ ਤੋਂ ਇਲਾਵਾ ਜੇਕਰ ਤੁਸੀਂ ਸਾਡੇ ਨਾਲ ਕੋਈ ਜਾਣਕਾਰੀ ਸਾਂਝੀ ਕਰਨਾ ਚਹੁੰਦੇ ਹੋ ਤਾਂ ਤੁਸੀਂ ਸਾਡੇ ਹੈਲਪਲਾਇਨ ਨੰਬਰ 8054942100 'ਤੇ ਕਰ ਸਕਦੇ ਹੋ।

## ਬੈਟਰ ਸਕਿੱਲ ਨੇ ਲਵਾਏ 2 ਕੈਨੇਡਾ ਦੇ ਵੀਜ਼ੇ



ਬੈਟਰ ਸਕਿੱਲ ਇਮੀਗ੍ਰੇਸ਼ਨ ਦੇ ਡਾਇਰੈਕਟਰ, ਸੁਖਜੀਤ ਕੌਰ ਤੇ ਸੁਖਮੰਦਰ ਸਿੰਘ ਦਾ ਵੀਜ਼ਾ ਦਿਖਾਉਂਦੇ ਹੋਏ।

**ਕੋਟ ਈਸੇ ਖਾਂ/ਧਰਮਕੋਟ (ਅਰੋੜਾ/ਗੁਰਦੀਪ ਭੁੱਲਰ)**

ਬੈਟਰ ਸਕਿੱਲ ਇਮੀਗ੍ਰੇਸ਼ਨ ਨੇ ਸੁਖਜੀਤ ਕੌਰ ਤੇ ਸੁਖਮੰਦਰ ਸਿੰਘ ਵਾਸੀ ਅਕਾਲੀਆਂ ਵਾਲਾ ਦਾ 8 ਸਾਲ ਤੇ ਗੈਪ ਤੇ 2 ਰਿਫਿਊਜ਼ਲ ਤੋ ਬਾਅਦ ਇੱਕਠਿਆਂ ਦਾ ਕੈਨੇਡਾ ਦਾ ਵੀਜ਼ਾ ਲਗਾਇਆ ਹੈ। ਇਸ ਸਬੰਧੀ ਬੈਟਰ ਸਕਿੱਲ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੁਖਜੀਤ ਕੌਰ ਨੇ 2015 ਵਿੱਚ ਆਪਣੀ 12ਵੀਂ ਪੂਰੀ ਕੀਤੀ ਸੀ, ਜਿਸ ਤੋਂ ਬਾਅਦ ਸੁਖਜੀਤ ਦਾ 8 ਸਾਲ ਦਾ ਗੈਪ ਸੀ ਤੇ ਸੁਖਜੀਤ ਕੌਰ ਦੀ ਦੋ ਸਟੱਡੀ ਵੀਜ਼ੇ ਦੀ ਰਿਫਿਊਜ਼ਲ ਵੀ ਸੀ। ਸੁਖਜੀਤ ਕੌਰ ਪਤੀ ਸੁਖਮੰਦਰ ਸਿੰਘ ਰਿਫਿਊਜ਼ਲ ਅਤੇ ਗੈਪ ਕਰਨ ਬਹੁਤ ਚਿੰਤਤ ਸਨ। ਸੁਖਜੀਤ ਤੇ ਉਨ੍ਹਾ ਦੇ ਪਤੀ ਨੇ ਸਾਨੂੰ ਦੱਸਿਆ ਕਿ ਉਨ੍ਹਾਂ ਨੇ ਬਹੁਤ ਸਾਰੇ ਏਜੰਟਾਂ ਨਾਲ ਗੱਲਬਾਤ ਕੀਤੀ, ਪਰ ਉਨ੍ਹਾਂ ਦੋਵਾਂ ਦਾ ਇੱਕਠਿਆਂ ਦਾ ਵੀਜ਼ਾ ਲੈ ਕੇ ਦੇਣ ਦੀ ਗਰੰਟੀ ਕੋਈ ਵੀ ਨਹੀਂ ਦੇ ਰਿਹਾ ਸੀ। ਉਪਰੰਤ ਉਨ੍ਹਾ ਨੇ ਬੈਟਰ ਸਕਿੱਲ ਇਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਜੀਤ ਸਿੰਘ ਗਿੱਲ ਨਾਲ ਗੱਲਬਾਤ ਕਰਦੇ ਹੋਏ ਚੰਗੀ ਸਲਾਹ ਲਈ, ਜਿਸ ਸਦਕਾ 12 ਦਿਨਾਂ ਵਿੱਚ ਸੁਖਜੀਤ ਕੌਰ ਦਾ ਸਟੱਡੀ ਵੀਜ਼ਾ ਤੇ ਉਸ ਦੇ ਪਤੀ ਸੁਖਮੰਦਰ ਦਾ ਓਪਨ ਵਰਕ ਪਰਮਿਟ ਵੀਜ਼ਾ ਪ੍ਰਾਪਤ ਹੋਇਆ। ਅੱਜ ਦੋਨੋ ਪਤੀ-ਪਤਨੀ ਇੱਕਠੇ ਕੈਨੇਡਾ ਪਹੁੰਚ ਗਏ ਹਨ। ਬੈਟਰ ਸਕਿਲ ਇਮੀਗ੍ਰੇਸ਼ਨ ਵੱਲੋਂ ਸੁਖਜੀਤ ਕੌਰ ਤੇ ਸੁਖਮੰਦਰ ਨੂੰ ਆਉਣ ਵਾਲੇ ਭਵਿੱਖ ਲਈ ਸ਼ੁਭ ਦੁਆਵਾ ਦਿੱਤੀਆਂ।

## ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਨੇ ਕਲਮਛੋੜ ਹੜਤਾਲ 6 ਤੱਕ ਵਧਾਈ

**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਦੇ ਸੂਬਾ ਪ੍ਰਧਾਨ ਅਮਰੀਕ ਸਿੰਘ ਸੰਧੂ ਤੇ ਜਨਰਲ ਸਕੱਤਰ ਪਿੱਪਲ ਸਿੰਘ ਸੰਧੂ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਮਿਤੀ 08/11/2023 ਤੋਂ ਸਮੁੱਚੇ ਦਫਤਰੀ ਸਟਾਫ ਵੱਲੋਂ ਸਮੁੱਚੀਆਂ ਮੰਗਾਂ ਲਈ ਕੀਤੀ ਜਾ ਰਹੀ ਕਲਮ ਛੋੜ/ਕੰਪਿਊਟਰ ਬੰਦ/ਆਨਲਾਈਨ ਵਰਕ ਬੰਦ ਕਰਨ ਦੀ ਹੜਤਾਲ ਵਿੱਚ 6 ਦਸੰਬਰ ਤੱਕ ਵਾਧਾ ਕਰ ਦਿੱਤਾ ਗਿਆ ਹੈ।ਇਸ ਦੌਰਾਨ ਸਮੁੱਚਾ ਦਫਤਰੀ ਸਟਾਫ ਆਪਣੀਆਂ ਮੰਗਾਂ ਲਈ ਕਲਮ ਛੋੜ/ਕੰਪਿਊਟਰ ਬੰਦ/ਆਨਲਾਈਨ ਵਰਕ ਬੰਦ ਕਰਨ ਦੀ ਹੜਤਾਲ 'ਤੇ ਰਹੇਗਾ ਅਤੇ ਸਮੂਹ ਵਿਭਾਗਾਂ ਦੇ ਕਰਮਚਾਰੀ ਖ਼ਜ਼ਾਨਾ ਦਫਤਰਾਂ ਅੱਗੇ ਧਰਨੇ 'ਤੇ ਬੈਠਣਗੇ। ਹੜਤਾਲ ਦੌਰਾਨ ਵਿਧਾਨ ਸਭਾ ਸਵਾਲਾਂ ਦੇ ਜਵਾਬ ਨਹੀਂ ਦਿੱਤੇ ਜਾਣਗੇ ਅਤੇ ਨਾ ਹੀ ਤਨਖਾਹ ਆਦਿ ਦੇ ਬਿੱਲ ਤਿਆਰ ਕੀਤੇ ਜਾਣਗੇ।ਇਸ ਦੇ ਨਾਲ-ਨਾਲ ਕਿਸੇ ਵੀ ਜ਼ਿਲ੍ਹੇ ਵਿੱਚ ਕਿਸੇ ਵੀ ਕੈਬਨਿਟ ਮੰਤਰੀ ਦੇ ਸਰਕਾਰੀ ਦੌਰੇ 'ਤੇ ਆਉਣ 'ਤੇ ਉਨ੍ਹਾਂ ਦਾ ਕਾਲੇ ਝੰਡਿਆਂ ਨਾਲ ਵਿਰੋਧ ਕੀਤਾ ਜਾਵੇਗਾ।ਮਿਤੀ 01/12/2023 ਨੂੰ ਸਮੁੱਚੇ ਪੰਜਾਬ ਡੀ ਸੀ ਦਫਤਰਾਂ ਦੇ ਸਾਹਮਣੇ ਰੋਸ-ਰੈਲੀਆਂ ਕਰਕੇ ਖਾਲੀ ਪੀਪੇ ਖੜਕਾ ਕੇ ਪੈਦਲ ਮਾਰਚ ਕਰਦੇ ਹੋਏ ਚੌਕਾਂ ਵਿੱਚ ਘੜੇ ਭੰਨੇ ਜਾਣਗੇ।ਜੇਕਰ ਸਰਕਾਰ ਵੱਲੋਂ 6 ਦਸੰਬਰ 2023 ਤੱਕ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਤਾਂ ਉਸ ਦਿਨ ਕੋਰ ਕਮੇਟੀ ਦੀ ਆਨਲਾਈਨ ਮੀਟਿੰਗ ਕਰਕੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਸਮੂਹ ਸੂਬਾ ਅਹੁਦੇਦਾਰ, ਸਮੂਹ ਵਿਭਾਗਾਂ ਦੇ ਸੂਬਾ ਪ੍ਰਧਾਨ/ਜਨਰਲ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ/ਜ਼ਿਲ੍ਹਾ ਜਨਰਲ ਸਕੱਤਰ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਨੂੰ ਇਸ ਐਕਸ਼ਨ 'ਤੇ ਪੂਰਾ ਪਹਿਰਾ ਦੇਣ ਦੀ ਅਪੀਲ ਕੀਤੀ ।

## ਸੀਨੀ. ਸੈਕੰ. ਸਕੂਲ 'ਚ ਪ੍ਰਕਾਸ਼ ਪੁਰਬ 'ਤੇ ਵਿਸਥਾਰ ਭਾਸ਼ਣ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਗੁਰੂ ਨਾਨਕ ਪਾਤਸ਼ਾਹ ਜੀ ਦੀ ਬਾਣੀ ਨੂੰ ਅਜੋਕੇ ਦੌਰ 'ਚ ਵਿਹਾਰਕ ਤੌਰ 'ਤੇ ਸਮਝਣ ਅਤੇ ਜ਼ਿੰਦਗੀ 'ਚ ਉਤਾਰਨ ਦੀ ਜ਼ਰੂਰਤ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਉੱਘੇ ਸ਼ਾਇਰ, ਆਲੋਚਕ ਅਤੇ ਚਿੰਤਕ ਡਾ. ਦੇਵਿੰਦਰ ਸੈਫ਼ੀ ਨੇ ਕਿਹਾ ਕਿ ਸਾਡੇ ਮਹਾਂਪੁਰਸ਼ਾਂ ਦੀ ਉਚਾਈ ਨੂੰ ਬਰਕਰਾਰ ਰੱਖਣ ਲਈ ਸਾਨੂੰ ਨਿਰੰਤਰ ਖ਼ੁਦ ਨੂੰ ਉੱਚੇ ਉਠਾਉਣ ਦੀ ਜ਼ਰੂਰਤ ਹੈ। ਗੁਰੂ ਨਾਨਕ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਇਹ ਸਮਾਗਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟਲੀ ਅਬਲੂ (ਸ੍ਰੀ ਮੁਕਤਸਰ ਸਾਹਿਬ) ਵਿਖੇ ਕਰਵਾਇਆ ਗਿਆ। ਗੁਰੂ ਨਾਨਕ ਪਾਤਸ਼ਾਹ ਜੀ ਦੀ ਸਿੱਖਿਆ ਦੇ ਪ੍ਰਕਾਸ਼ 'ਚ ਸਾਡੇ ਫਰਜ਼ ਵਿਸ਼ੇ ਉੱਪਰ ਇਹ ਸਮਾਗਮ ਸਕੂਲ ਦੇ ਅਧਿਆਪਕਾਂ, ਵਿਦਿਆਰਥੀਆਂ, ਪਸ਼ਵਕ ਕਮੇਟੀ ਅਤੇ ਪੰਚਾਇਤ ਵਲੋਂ ਕਰਵਾਇਆ ਗਿਆ। ਸਕੂਲ ਮੁਖੀ ਜਗਦੀਸ਼ ਕੁਮਾਰ ਦੀ ਅਗਵਾਈ ਅਤੇ ਪੰਜਾਬੀ ਅਧਿਆਪਕ ਗੁਰਦੀਪ ਸਿੰਘ ਅਤੇ ਮਲਕੀਤ ਸਿੰਘ ਦੀ ਦੇਖ-ਰੇਖ 'ਚ ਕਰਵਾਏ ਗਏ ਉਕਤ ਸਮਾਗਮ 'ਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਗੁਰੂ ਨਾਨਕ ਪਾਤਸ਼ਾਹ ਦੀਆਂ ਸਿੱਖਿਆਵਾਂ ਬਾਰੇ ਆਪੋ-ਆਪਣੀਆਂ ਪੇਸ਼ਕਾਰੀਆਂ ਕੀਤੀਆਂ। ਡਾ. ਦੇਵਿੰਦਰ ਸੈਫ਼ੀ ਨੇ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ। ਡਾ. ਦੇਵਿੰਦਰ ਸੈਫ਼ੀ ਨੇ ਆਖਿਆ ਕਿ ਗੁਰੂ ਨਾਨਕ ਪਾਤਸ਼ਾਹ ਜੀ ਦੀ ਬਾਣੀ ਨੂੰ ਅਜੋਕੇ ਦੌਰ 'ਚ ਵਿਹਾਰਕ ਤੌਰ 'ਤੇ ਸਮਝਣ ਅਤੇ ਜ਼ਿੰਦਗੀ 'ਚ ਉਤਾਰਨ ਦੀ ਜ਼ਰੂਰਤ ਹੈ। ਉਨ੍ਹਾ ਵਿਦਿਆਰਥੀਆਂ ਨੂੰ ਵਾਤਾਵਰਣ ਨੂੰ ਸੰਭਾਲਣ ਲਈ ਰੁੱਖ ਲਾਉਣ ਲਈ ਪ੍ਰੇਰਿਤ ਕੀਤਾ। ਉਚੇਚੇ ਤੌਰ 'ਤੇ ਪਹੁੰਚੇ ਹਰਮਨਜੋਤ ਸਿੰਘ ਨੇ ਗੁਰੂ ਮਹਿਮਾ ਅਤੇ ਵਾਤਾਵਰਨ ਨੂੰ ਸਮਰਪਤ ਖ਼ੂਬਸੂਰਤ ਗੀਤ ਪੇਸ਼ ਕੀਤੇ। ਵਿਦਿਆਰਥੀਆਂ ਵਲੋਂ ਗੀਤ, ਕਵਿਤਾਵਾਂ ਅਤੇ ਕੋਰੀਓਗ੍ਰਾਫੀ ਪੇਸ਼ ਕੀਤੀ ਗਈ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ, ਪੰਚ ਅਤੇ ਵਿਦਿਆਰਥੀਆਂ ਦੇ ਮਾਪੇ ਵੀ ਹਾਜ਼ਰ ਸਨ। ਮੰਚ ਸੰਚਾਲਕ ਦੀ ਭੂਮਿਕਾ ਰਣਬੀਰ ਸਿੰਘ ਨੇ ਨਿਭਾਈ। ਸਮਾਗਮ ਦੌਰਾਨ ਸੁਰਿੰਦਰਜੀਤ ਸਿੰਘ, ਜਗਦੀਪ ਸਿੰਘ, ਜਸਕਰਨ ਸਿੰਘ, ਪ੍ਰਦੀਪ ਸਿੰਘ, ਯਾਕੂਬ ਜਸਪ੍ਰੀਤ ਸਿੰਘ, ਵੀਨਸ ਕੁਮਾਰ, ਬੂਟਾ ਸਿੰਘ, ਸੁਖਵੀਰ ਕੌਰ, ਵੀਰਪਾਲ ਕੌਰ ਕਰਮਜੀਤ ਕੌਰ, ਮਨਦੀਪ ਕੌਰ, ਆਰਤੀ ਰਾਣੀ, ਕਾਜਲ ਰਾਣੀ, ਸੀਮਾ ਰਾਣੀ, ਸਤਪਾਲ ਸਮੇਤ ਸਮੂਹ ਸਟਾਫ਼ ਨੇ ਪੂਰਨ ਸਹਿਯੋਗ ਦਿੱਤਾ।

## ਸਰਕਾਰੀ ਕੈਟਲ ਪੌਂਡ ਰੱਤਾ ਟਿੱਬਾ ਤੇ ਮਹਾਂਵੀਰ ਗਊਸ਼ਾਲਾ ਵਿਖੇ ਗਊ ਭਲਾਈ ਕੈਂਪ



ਮਲੋਟ ਦੀ ਮਹਾਂਵੀਰ ਗਊਸ਼ਾਲਾ ਵਿਖੇ ਲਗਾਏ ਗਏ ਗਊ ਭਲਾਈ ਕੈਂਪ ਦੇ ਦ੍ਰਿਸ਼।

**ਮਲੋਟ (ਗੁਰਮੀਤ ਸਿੰਘ ਮੱਕੜ)**

ਸ੍ਰ. ਗੁਰਮੀਤ ਸਿੰਘ ਖੁੱਡੀਆਂ ਖੇਤੀਬਾੜੀ, ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਮੰਤਰੀ ਪੰਜਾਬ ਦੀ ਯੋਗ ਅਗਵਾਈ ਵਿੱਚ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਗਟ ਦਿਵਸ 'ਤੇ ਗਊ ਭਲਾਈ ਕੈਂਪ ਮਹਾਂਵੀਰ ਗਊਸ਼ਾਲਾ ਮਲੋਟ ਤੇ ਸਰਕਾਰੀ ਕੈਟਲ ਪੌਂਡ ਪਿੰਡ ਰੱਤਾ ਟਿੱਬਾ ਵਿਖੇ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਵਿੱਚ ਹਾਜ਼ਰੀਨ ਨੂੰ ਸੰਬੋਧਤ ਕਰਦੇ ਹੋਏ ਪਸ਼ੂ ਪਾਲਣ ਮੰਤਰੀ ਨੇ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ ਤੇ ਗੁਰੂ ਨਾਨਕ ਦੇਵ ਜੀ ਦੇ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦੇ ਸਿਧਾਂਤ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਆਪਣੇ ਸੰਬੋਧਨ ਵਿੱਚ ਸ੍ਰ. ਗੁਰਮੀਤ ਸਿੰਘ ਖੁੱਡੀਆਂ ਨੇ ਪਸ਼ੂ ਪਾਲਣ ਵਿਭਾਗ ਦੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਆਪਣੀ ਡਿਊਟੀ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਨਿਭਾਉਣ ਲਈ ਆਖਿਆ। ਉਨ੍ਹਾਂ ਕਿਹਾ ਕਿ ਛੋਟੇ ਪਸ਼ੂ ਪਾਲਕਾਂ ਨੂੰ ਵਿਭਾਗੀ ਸਕੀਮਾਂ ਸਬੰਧੀ ਜਾਗਰੂਕ ਕੀਤਾ ਜਾਵੇ ਤਾਂ ਕਿ ਉਨ੍ਹਾਂ ਨੂੰ ਸਰਕਾਰ ਦੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ। ਇਸ ਮੌਕੇ ਸ੍ਰ. ਅਮਿਤ ਸਿੰਘ ਖੁੱਡੀਆਂ ਨੇ ਕਿਹਾ ਕਿ ਪਸ਼ੂਆਂ ਦੀ ਭਲਾਈ ਲਈ ਵੱਧ ਤੋਂ ਵੱਧ ਵੈਕਸੀਨੇਸ਼ਨ ਕੈਂਪ ਲਗਾਏ ਜਾਣ ਤਾਂ ਜੋ ਬੇਜ਼ੁਬਾਨੇ ਪਸ਼ੂਆਂ ਦਾ ਇਲਾਜ ਮੌਕੇ 'ਤੇ ਕੀਤਾ ਜਾ ਸਕੇ।

ਇਸ ਕੈਂਪ ਵਿੱਚ ਡਿਪਟੀ ਡਾਇਰੈਕਟਰ, ਪਸ਼ੂ ਪਾਲਣ, ਸ੍ਰੀ ਮੁਕਤਸਰ ਸਾਹਿਬ ਡਾ. ਗੁਰਦਿੱਤ ਸਿੰਘ ਔਲਖ ਨੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਜ਼ਿਲ੍ਹੇ ਦੀ ਹਰ ਇੱਕ ਗਊਸ਼ਾਲਾ ਵਿੱਚ ਪਸ਼ੂਆਂ ਦੇ ਇਲਾਜ ਤੇ ਸਮੇਂ ਸਿਰ ਵੈਕਸੀਨੇਸ਼ਨ ਨੂੰ ਯਕੀਨੀ ਬਣਾਉਣ ਲਈ ਇੱਕ ਵੈਟਨਰੀ ਟੀਮ ਦੀ ਤੈਨਾਤੀ ਕੀਤੀ ਹੋਈ ਹੈ। ਉਨ੍ਹਾਂ ਕੈਬਨਿਟ ਮੰਤਰੀ ਨੂੰ ਵਿਸ਼ਵਾਸ ਦਿਵਾਇਆ ਕਿ ਵਿਭਾਗ ਵੱਲੋਂ ਪੂਰੀ ਤਨਦੇਹੀ ਨਾਲ ਕੰਮ ਕਰਦੇ ਹੋਏ ਪਸ਼ੂ ਪਾਲਕਾਂ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਤੇ ਵਿਭਾਗੀ ਸਕੀਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਸਮੇਂ-ਸਮੇਂ 'ਤੇ ਪਿੰਡਾਂ ਵਿੱਚ ਪਸ਼ੂ ਭਲਾਈ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਵੱਲੋਂ ਲੋਕਾਂ ਨੂੰ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਤੇ ਚੱਲ ਰਹੀ ਐਫ.ਐਮ.ਡੀ. ਵੈਕਸੀਨੇਸ਼ਨ ਮੁਹਿੰਮ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕੀਤੀ ਗਈ। ਡਾ. ਵਨੀਤ ਕੁਮਾਰ ਜੋਸ਼ੀ ਨੇ ਕੈਬਨਿਟ ਮੰਤਰੀ ਖੁੱਡੀਆਂ ਨੂੰ ਕੈਂਪ ਵਿੱਚ ਪਹੁੰਚਣ 'ਤੇ ਜੀ ਆਇਆਂ ਆਖਿਆ ਗਿਆ ਤੇ ਦੱਸਿਆ ਕਿ ਗਊਸੇਵਾ ਕਮਿਸ਼ਨ ਪੰਜਾਬ ਵੱਲੋਂ ਹਰੇਕ ਕੈਂਪ ਲਈ 25000 ਰੁਪਏ ਦੀਆਂ ਦਵਾਈਆਂ ਦਿੱਤੀਆਂ ਗਈਆਂ। ਇਸ ਕੈਂਪ ਵਿੱਚ ਮਹਾਂਵੀਰ ਗਊਸ਼ਾਲਾ ਦੇ ਮੁੱਖ ਸੇਵਾਦਾਰ ਸ਼੍ਰੀ ਸੰਦੀਪ ਕੁਮਾਰ ਨੇ ਕੈਬਨਿਟ ਮੰਤਰੀ ਨੂੰ ਸਨਮਾਨਤ ਕੀਤਾ ਗਿਆ ਅਤੇ ਪਸ਼ੂ ਪਾਲਣ ਵਿਭਾਗ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਗਿਆ। ਇਸ ਕੈਂਪ ਵਿੱਚ ਡਾ. ਪ੍ਰਸ਼ੋਤਮ ਕੁਮਾਰ ਮਾਝੀ, ਡਾ. ਰਮਨਦੀਪ ਸਿੰਘ, ਸੀਨੀਅਰ ਵੈਟਨਰੀ ਇੰਸਪੈਕਟਰ, ਡਾ. ਪ੍ਰਿੰਸ, ਸੀਨੀਅਰ ਵੈਟਨਰੀ ਇੰਸਪੈਕਟਰ ਮਨਵਿੰਦਰ ਸਿੰਘ, ਵੈਟਨਰੀ ਇੰਸਪੈਕਟਰ ਗੁਰਮੀਤ ਸਿੰਘ ਮਹਿਤਾ, ਮਨਵਿੰਦਰ ਸਿੰਘ, ਵੈਟਨਰੀ ਇੰਸਪੈਕਟਰ ਗੁਰਮੀਤ ਸਿੰਘ ਮਹਿਤਾ ਤੇ ਮਨਪ੍ਰੀਤ ਸਿੰਘ ਨੇ ਬਿਮਾਰ ਗਊਆਂ ਦਾ ਇਲਾਜ ਕੀਤਾ।

## ਪ੍ਰਕਾਸ਼ ਦਿਹਾੜੇ ਮੌਕੇ ਲੌਂਗੋਵਾਲ 'ਚ ਸਜਾਇਆ ਨਗਰ ਕੀਰਤਨ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸਥਾਨਕ ਗੁਰਦੁਆਰਾ ਯਾਦਗਾਰ ਸ਼ਹੀਦਾਂ ਪੱਤੀ ਦੁਲਟ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਦੀ ਖ਼ੁਸ਼ੀ ਵਿੱਚ ਵਿਸ਼ਾਲ ਨਗਰ ਕੀਰਤਨ ਦੀ ਆਰੰਭਤਾ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਬਾਬਾ ਹਰਜਿੰਦਰ ਸਿੰਘ ਨੇ ਅਰਦਾਸ ਕੀਤੀ ਉਪਰੰਤ ਹੁਕਮਨਾਮਾ ਲਿਆ। ਨਗਰ ਕੀਰਤਨ ਜੈਕਾਰਿਆਂ ਦੀ ਗੂੰਜ ਵਿੱਚ ਰਵਾਨਾ ਹੋਇਆ। ਭਾਈ ਕੁਲਵੰਤ ਸਿੰਘ ਕਾਂਤੀ ਅਤੇ ਮੋਹਨ ਸਿੰਘ ਦੇ ਜਥੇ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਵੱਖ ਵੱਖ ਪੱਤੀਆਂ ਦੇ 'ਚ ਸੰਗਤਾਂ ਲਈ ਚਾਹ ਪਕੌੜਿਆਂ ਦੇ ਲੰਗਰ ਲਗਾਏ ਗਏ। ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਹਲਕਾ ਇੰਚਾਰਜ ਰਾਜਿੰਦਰ ਦੀਪਾ, ਪਰਮਿੰਦਰ ਕੌਰ ਬਰਾੜ ਪ੍ਰਧਾਨ ਨਗਰ ਕੌਂਸਲ, ਕਮੇਟੀ ਪ੍ਰਧਾਨ ਗੁਰਜੰਟ ਸਿੰਘ ਦੁੱਲਟ, ਜਸਵੀਰ ਸਿੰਘ ਲੌਂਗੋਵਾਲ ਇੰਚਾਰਜ ਤਖਤ ਸ੍ਰੀ ਦਮਦਮਾ ਸਾਹਿਬ, ਜਥੇਦਾਰ ਮਹਿੰਦਰ ਸਿੰਘ, ਕੌਂਸਲਰ ਗੁਰਮੀਤ ਸਿੰਘ ਲੱਲੀ, ਵਿਨੋਦ ਸ਼ਰਮਾ ਪੱਤਰਕਾਰ ਅਜੀਤ, ਸਾਬਕਾ ਕੌਂਸਲਰ ਅਵਤਾਰ ਸਿੰਘ ਦੁੱਲਟ, ਗੁਰਜੀਤ ਸਿੰਘ ਦੱਲਟ, ਸੂਬੇਦਾਰ ਮੇਲਾ ਸਿੰਘ, ਹਰਦੀਪ ਸਿੰਘ ਖਹਿਰਾ, ਕੁਲਦੀਪ ਸਿੰਘ ਦੂਲੋ, ਚੇਅਰਮੈਨ ਜਗਤਾਰ ਸਿੰਘ, ਜਗਜੀਤ ਸਿੰਘ ਕਾਲਾ, ਬਲਵਿੰਦਰ ਸਿੰਘ ਕਾਲਾ, ਸ਼ੁਕਰਪਲ ਸਿੰਘ, ਬਲਵਿੰਦਰ ਸਿੰਘ ਢਿੱਲੋਂ, ਮਾਸਟਰ ਗੁਰਵਿੰਦਰ ਸਿੰਘ, ਸੁਖਵਿੰਦਰ ਸਿੰਘ ਸਿੱਧੂ, ਸੁਰਜੀਤ ਸਿੰਘ ਮਸੇਕਾ, ਭਗਵੰਤ ਸਿੰਘ ਡਾਇਰੈਕਟਰ, ਪ੍ਰਿੰਸੀਪਲ ਜੋਰਾ ਸਿੰਘ ਵਾਲੀਆ, ਮਾਸਟਰ ਹਰਨੈਬ ਸਿੰਘ, ਸਿੰਘ, ਜੁਗਰਾਜ ਸਿੰਘ, ਕੌਰ ਸਿੰਘ ਆਦਿ ਸੰਗਤਾਂ ਨੇ ਹਾਜ਼ਰੀ ਭਰੀ।

## ਨਗਰ ਕੀਰਤਨ ਦਾ ਭਰਵਾਂ ਸਵਾਗਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਜਾਏ ਗਏ ਨਗਰ ਕੀਰਤਨ ਦਾ ਜਿੱਥੇ ਸ਼ਹਿਰ ਵਾਸੀਆਂ ਵੱਲੋਂ ਥਾਂ-ਥਾਂ 'ਤੇ ਭਰਵਾਂ ਸਵਾਗਤ ਕੀਤਾ ਗਿਆ, ਉੱਥੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਉਜਾਗਰ ਸਿੰਘ ਬੈਨੀਪਾਲ ਦੀ ਅਗਵਾਈ ਵਿੱਚ ਪਤਵੰਤੇ ਸੱਜਣਾਂ ਵੱਲੋਂ ਵੀ ਸ਼ਾਨਦਾਰ ਤੇ ਭਰਵਾਂ ਸਵਾਗਤ ਕੀਤਾ ਗਿਆ। ਜਾਣਕਾਰੀ ਮੁਤਾਬਿਕ ਨਗਰ ਕੀਰਤਨ ਜਦੋਂ ਭਾਈ ਗਨੀ ਖਾਂ ਨਬੀ ਖਾਂ ਚੌਕ ਨੇੜੇ ਪੁੱਜਾ ਤਾਂ ਉੱਥੇ ਸਾਬਕਾ ਪ੍ਰਧਾਨ ਉਜਾਗਰ ਸਿੰਘ ਬੈਨੀਪਾਲ ਤੇ ਹੋਰ ਪਤਵੰਤਿਆਂ ਵੱਲੋਂ ਨਗਰ ਕੀਰਤਨ ਦੀ ਅਗਵਾਈ ਕਰ ਰਹੇ ਪੰਜ ਪਿਆਰਿਆਂ ਤੇ ਨਿਸ਼ਾਨਚੀਆਂ ਨੂੰ ਲੋਈਆਂ ਭੇਟ ਕੀਤੀਆਂ ਗਈਆਂ। ਇਸ ਤੋਂ ਇਲਾਵਾ ਜਿੱਥੇ ਸਾਰੀ ਸੰਗਤ ਦੀ ਗਰਮ ਦੁੱਧ ਨਾਲ ਸੇਵਾ ਕੀਤੀ ਗਈ, ਉੱਥੇ ਲੱਡੂ ਵੀ ਵੰਡੇ ਗਏ। ਇਸ ਮੌਕੇ ਜਥੇਦਾਰ ਮਨਮੋਹਣ ਸਿੰਘ ਖੇੜਾ, ਸਾਬਕਾ ਕੌਂਸਲਰ ਗੁਰਮੇਲ ਸਿੰਘ ਬੈਨੀਪਾਲ, ਹਰਬੰਸ ਸਿੰਘ ਬੈਨੀਪਾਲ, ਸੁਖਪਾਲ ਸਿੰਘ ਬੈਨੀਪਾਲ, ਪਿਆਰਾ ਲਾਲ, ਸਾਬਕਾ ਮੈਨੇਜਰ ਗੁਰਮੀਤ ਸਿੰਘ ਕਾਹਲੋਂ, ਚਿੱਤਰਕਾਰ ਜਗਦੀਸ਼ ਸਿੰਘ ਬਰਾੜ, ਹੈੱਡਮਾਸਟਰ ਤਰਸੇਮ ਚੰਦ, ਬਲਜਿੰਦਰ ਸਿੰਘ ਤੂਰ, ਡਾ. ਅਮਰਜੀਤ ਸਿੰਘ, ਵੀਰਪਾਲ ਸਿੰਘ ਗਿੱਲ, ਮੋਹਣ ਸਿੰਘ ਲੱਖੋਵਾਲ, ਮਨਜੀਤ ਸਿੰਘ ਢਿੱਲੋਂ ਆਦਿ ਮੌਜੂਦ ਸਨ।

## ਮਨਦੀਪ ਕਰਕਰਾ ਨੇ ਗਰੀਨ ਮਿਸ਼ਨ ਸੁਸਾਇਟੀ ਦੇ ਸਹਿਯੋਗ ਨਾਲ ਪੌਦੇ ਵੰਡੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਨਦੀਪ ਕਰਕਰਾ ਸਾਬਕਾ ਪ੍ਰਧਾਨ ਨਗਰ ਕੌਂਸਲ ਨੇ ਗਰੀਨ ਮਿਸ਼ਨ ਵੈੱਲਫੇਅਰ ਸੁਸਾਇਟੀ ਰਾਮਪੁਰਾ ਫੂਲ ਦੇ ਸਹਿਯੋਗ ਨਾਲ ਗੁਰਦੁਆਰਾ ਸਤਿਸੰਗ ਸਾਹਿਬ ਵਿਖੇ ਸਰਬ ਸਾਂਝੀ ਵਾਲਤਾ ਦੇ ਪ੍ਰਤੀਕ ਇਲਾਹੀ ਬਾਣੀ ਦੇ ਨਿਰਮਾਤਾ ਧੰਨ ਧੰਨ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ 554ਵੇਂ ਅਵਤਾਰ ਪੁਰਬ ਨੂੰ ਸਮਰਪਤ 554 ਫਲਦਾਰ ਤੇ ਫੁੱਲਦਾਰ ਪੌਦੇ ਵੰਡੇ। ਇਸ ਸਮੇਂ ਗਰੀਨ ਮਿਸ਼ਨ ਵੈੱਲਫੇਅਰ ਸੁਸਾਇਟੀ ਦੇ ਵਲੰਟੀਅਰ ਮਾਸਟਰ ਸੰਦੀਪ ਕੁਮਾਰ, ਮਾਸਟਰ ਗਗਨਦੀਪ ਸਿੰਘ, ਮਾਸਟਰ ਸਮਸ਼ੇਰ ਸਿੰਘ, ਹੌਲਦਾਰ ਨਾਜ਼ਰ ਸਿੰਘ ਨਾਫਰੀਆ, ਧਰਮਪਾਲ ਢੱਡਾ, ਨਾਮਧਾਰੀ ਨਿਰਪਾਲ ਸਿੰਘ, ਬਲਦੇਵ ਜਿੰਦਲ, ਫ਼ਕੀਰ ਚੰਦ ਪਰੋਚਾ (ਐੱਲ ਆਈ ਸੀ), ਰਾਮ ਨਾਥ ਜਿੰਦਲ ਨੇ ਹਾਜ਼ਰ ਰਹਿ ਕੇ ਮਹਾਨ ਕਾਰਜ ਨੇਪਰੇ ਚਾੜ੍ਹਿਆ ਤੇ ਗੁਰੂ ਜੀ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕੀਤੀਆਂ। ਗਰੀਨ ਮਿਸ਼ਨ ਵੈੱਲਫੇਅਰ ਸੁਸਾਇਟੀ ਦੇ ਸਾਰੇ ਵਲੰਟੀਅਰਜ਼ ਨੇ ਪ੍ਰਣ ਲਿਆ ਹੈ ਤੇ ਸੰਦੇਸ਼ ਦਿੱਤਾ ਹੈ ਕਿ ਵਹਿਮਾਂ-ਭਰਮਾਂ ਤੋਂ ਉੱਪਰ ਉੱਠ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਮਾਰਗ 'ਤੇ ਚੱਲਣਾ ਹੈ। ਗ਼ਰੀਬ ਤੇ ਲੋੜਵੰਦ ਵਿਅਕਤੀਆਂ ਦੀ ਮਦਦ ਕਰਨੀ ਹੈ। ਗਰੀਨ ਮਿਸ਼ਨ ਵੈੱਲਫੇਅਰ ਸੁਸਾਇਟੀ ਸਾਲ 2016 ਤੋਂ ਰੁੱਖਾਂ ਤੇ ਸਕੂਲੀ ਬੱਚਿਆਂ ਸਬੰਧੀ ਨਿਰਵਿਘਨ ਸੇਵਾਵਾਂ ਨਿਭਾਅ ਰਹੀ ਹੈ। ਗਰੀਨ ਮਿਸ਼ਨ ਵੈੱਲਫੇਅਰ ਸੁਸਾਇਟੀ ਸ਼ਹਿਰ ਦੇ ਅੰਦਰ ਤੇ ਸ਼ਹਿਰ ਤੋਂ ਬਾਹਰ ਤਕਰੀਬਨ ਅੱਠ ਹਜ਼ਾਰ ਤੋਂ ਵਧੇਰੇ ਰੁੱਖ ਲਗਾ ਚੁੱਕੀ ਹੈ। ਗਰੀਨ ਮਿਸ਼ਨ ਦੇ ਆਗੂਆ ਨੇ ਕਿਹਾ ਕਿ ਤੁਹਾਡੇ ਵੱਲੋਂ ਦਿੱਤਾ ਸਹਿਯੋਗ ਸਿਰਫ਼ ਲੋੜਵੰਦਾਂ ਲਈ ਜਾਂ ਰੁੱਖਾਂ ਵਾਸਤੇ ਹੀ ਵਰਤਿਆ ਜਾਵੇਗਾ।

## ਗੁਰਦੁਆਰਾ ਬਾਬਾ ਮੋਤੀ ਰਾਮ ਮਹਿਰਾ ਵਿਖੇ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬਾਬਾ ਮੋਤੀ ਰਾਮ ਮਹਿਰਾ ਗੁਰਦੁਆਰਾ ਸਾਹਿਬ ਵਿਖੇ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਜਿੱਥੇ ਭਾਈ ਹਰਵਿੰਦਰ ਸਿੰਘ ਤੇ ਭਾਈ ਹਰਦੀਪ ਸਿੰਘ ਹੈੱਡ ਗ੍ਰੰਥੀ ਦੇ ਰਾਗੀ ਜਥੇ ਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਾਬਕਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬੀਬੀ ਸੁਰਿੰਦਰ ਕੌਰ ਦਾ ਸਨਮਾਨ ਕਰਦਿਆਂ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਨਿਰਮਲ ਸਿੰਘ ਐੱਸ ਐੱਸ ਨੇ ਕਿਹਾ ਕਿ ਸਾਡੇ ਬਜ਼ੁਰਗ ਸਾਡਾ ਮਾਣ ਹਨ ਤੇ ਇਨ੍ਹਾਂ ਦਾ ਸਨਮਾਨ ਕਰਨਾ ਸਾਡਾ ਫਰਜ਼ ਬਣਦਾ ਹੈ। ਚੇਅਰਮੈਨ ਨੇ ਸਮੂਹ ਨਾਨਕ ਲੇਵਾ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਸਾਨੂੰ ਉਨ੍ਹਾਂ ਦੀਆਂ ਸਿੱਖਿਆਵਾਂ ਤੇ ਬਾਣੀ 'ਤੇ ਪਹਿਰਾ ਦੇਣਾ ਚਾਹੀਦਾ ਹੈ। ਚੇਅਰਮੈਨ ਨੇ ਟਰੱਸਟ ਦੇ ਮੈਂਬਰਾਂ ਨੂੰ ਵੀ ਸਨਮਾਨਤ ਕੀਤਾ। ਇਸ ਮੌਕੇ ਸੁਖਦੇਵ ਰਾਜ, ਜਸਪਾਲ ਸਿੰਘ ਕਲੌਂਦੀ, ਡਾਕਟਰ ਗੁਰਮੀਤ ਸਿੰਘ, ਬਲਦੇਵ ਸਿੰਘ ਦੁਸਾਂਝ, ਰਾਜਕੁਮਾਰ ਪਾਤੜਾਂ, ਬਲਦੇਵ ਸਿੰਘ ਲੁਹਾਰਾ, ਬਨਾਰਸੀ ਦਾਸ, ਮਹਿੰਦਰ ਸਿੰਘ ਮੋਰਿੰਡਾ, ਬੀਬੀ ਬਲਜਿੰਦਰ ਕੌਰ, ਮੈਨੇਜਰ ਨਵਜੋਤ ਸਿੰਘ, ਜੰਗੀਰ ਸਿੰਘ, ਨਰੈਣ ਸਿੰਘ, ਗੁਰਮੀਤ ਸਿੰਘ, ਬੀਰਦਵਿੰਦਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਗੁਰੂ ਦਾ ਲੰਗਰ ਅਤੁੱਟ ਵਰਤਿਆ।

## ਸਿੰਘ ਸੇਵਾ ਟੀਮ ਵੱਲੋਂ ਅੱਖਾਂ ਦਾ ਮੁਫਤ ਚੈੱਕਅਪ ਤੇ ਆਪ੍ਰੇਸ਼ਨ ਕੈਂਪ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਿੰਘ ਸੇਵਾ ਟੀਮ ਸਮਾਣਾ ਵੱਲੋਂ ਜਸਵਿੰਦਰ ਸਿੰਘ ਤੇ ਰਮਿੰਦਰ ਰਾਣਾ ਦੀ ਅਗਵਾਈ ਹੇਠ ਸਥਾਨਕ ਮਾਤਾ ਨੈਣਾਂ ਆਰੀਆ ਧਰਮਸ਼ਾਲਾ ਵਿਖੇ ਅੱਖਾਂ ਦਾ ਮੁਫਤ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਸ੍ਰ. ਚੇਤਨ ਸਿੰਘ ਜੌੜਾਮਾਜਰਾ ਦੇ ਭਰਾ ਹਰਜਿੰਦਰ ਸਿੰਘ ਮਿੰਟੂ ਜੌੜਾਮਾਜਰਾ ਅਤੇ ਵਿਸ਼ੇਸ਼ ਮਹਿਮਾਨ ਵਜੋਂ ਨੀਟਾ ਚੀਮਾ ਨੇ ਸ਼ਿਰਕਤ ਕੀਤੀ ਅਤੇ ਸਿੰਘ ਸੇਵਾ ਟੀਮ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਇਸ ਕੈਂਪ ਦੌਰਾਨ ਡਾ. ਅਤੁਲ ਕੱਕੜ ਵੱਲੋਂ 126 ਦੇ ਕਰੀਬ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ, ਜਿਨ੍ਹਾਂ ਵਿੱਚੋਂ 106 ਮਰੀਜ਼ਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਇੱਕ ਲੜੀ ਤਹਿਤ ਕੀਤੇ ਜਾਣਗੇ। ਇਸ ਮੌਕੇ ਸੰਸਥਾ ਵੱਲੋਂ ਜਿੱਥੇ ਆਏ ਹੋਏ ਮਹਿਮਾਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ, ਉੱਥੇ ਇਸ ਕੈਂਪ ਨੂੰ ਵੱਡਾ ਸਹਿਯੋਗ ਦੇਣ ਲਈ ਪਵਨਜੀਤ ਸਿੰਘ ਵਾਸੀ ਜਰਮਨ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਯਸ਼ਪਾਲ ਸਿੰਗਲਾ, ਰਮਨ ਮਹਿੰਦਰਾ ਪ੍ਰਧਾਨ ਸ਼ਿਵ ਸ਼ੰਕਰ ਯੂਥ ਸੇਵਾ ਦਲ, ਕਮਲ ਸ਼ਰਮਾ, ਹੇਮੰਤ ਸੰਧੂ, ਪ੍ਰਭਾਤ ਵਰਮਾ, ਪ੍ਰਵੀਨ ਕੁਮਾਰ ਗਰਗ, ਹੈੱਡ ਮਾਸਟਰ ਭੁਪਿੰਦਰ ਸਿੰਘ, ਸੁਸ਼ੀਲ ਕੁਮਾਰ, ਗੁਰਵਿੰਦਰਪਾਲ ਸੋਨੀ, ਅਮਨਦੀਪ ਸਿੰਘ ਬੋਪਾਰਾਏ, ਨਿਤਿਨ ਕੁਮਾਰ, ਹੈਮੰਤ ਸਿੰਘ, ਗੁਰਵਿੰਦਰ ਖਟੜਾ, ਨੱਥਾ ਸਿੰਘ, ਭਰਪੂਰ ਚੰਦ, ਰਾਮ ਜੀ, ਅਰੁਣ ਸਡਾਨਾ, ਡਾਕਟਰ ਮਨੀ, ਜਸਕਰਨ ਸਿੰਘ, ਗੁਰਵਿੰਦਰ ਸਿੰਘ, ਅਸ਼ੋਕ ਕੁਮਾਰ, ਕਾਲਾ, ਜਤਿੰਦਰ ਵਰਮਾ ਆਦਿ ਮੌਜੂਦ ਰਹੇ।

## ਗੁਰਦੁਆਰਾ ਵਿਸ਼ਵਕਰਮਾ ਵਿਖੇ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਗੁਰਦੁਆਰਾ ਵਿਸ਼ਵਕਰਮਾ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਪਰਾਲੇ ਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਜੈਕਾਰਿਆਂ ਦੀ ਗੂੰਜ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਗ੍ਰੰਥੀ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਭੋਗ ਉਪਰੰਤ ਹਜ਼ੂਰੀ ਰਾਗੀ ਭਾਈ ਅਮਰੀਕ ਸਿੰਘ ਦੇ ਜਥੇ ਵੱਲੋਂ ਇਲਾਹੀ ਬਾਣੀ ਦਾ ਕੀਰਤਨ ਕੀਤਾ ਗਿਆ। ਗੁਰੂ ਸਾਹਿਬ ਦੁਆਰਾ ਦੱਸੇ ਮਾਰਗ 'ਤੇ ਚੱਲਣ ਦਾ ਉਪਦੇਸ਼ ਦਿੱਤਾ ਗਿਆ ਤੇ ਗੁਰੂ ਸਾਹਿਬ ਦੀ ਜੀਵਨੀ ਬਾਰੇ ਸੰਖੇਪ ਰੂਪ ਵਿੱਚ ਚਾਨਣਾ ਪਾਇਆ ਗਿਆ। ਇਸ ਮੌਕੇ ਗੁਰੂ ਘਰ ਦੇ ਸੇਵਾਦਾਰਾਂ ਤੇ ਪ੍ਰਬੰਧਕਾਂ ਨੂੰ ਸਿਰਪਾਓ ਤੇ ਪੱਗਾਂ ਭੇਟ ਕਿਤੀਆਂ ਗਈਆਂ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਸਮੁੱਚੀ ਸੰਗਤ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਵਿਖੇ 31 ਅਖੰਡ ਪਾਠਾਂ ਦੇ ਭੋਗ ਪਾਏ ਗਏ, ਜਿਸ ਕਰਕੇ ਸਮੁੱਚਾ ਇਲਾਕਾ ਅੱਜ ਵਧਾਈ ਦਾ ਪਾਤਰ ਹੈ। ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵੀ ਗੁਰੂ ਘਰ 'ਚ ਆਈਆਂ ਸੰਗਤਾਂ ਨੂੰ ਵਰਤਾਇਆ ਗਿਆ। ਇਸ ਮੌਕੇ ਹੁਕਮ ਸਿੰਘ ਪ੍ਰਧਾਨ, ਬਲਵਿੰਦਰ ਸਿੰਘ ਕਲਸੀ ਸੂਬਾ ਪ੍ਰਧਾਨ ਰਾਮਗੜ੍ਹੀਆ ਅਕਾਲ ਜਥੇਬੰਦੀ, ਸੁਖਵਿੰਦਰ ਸਿੰਘ ਵਾਹੜਾ, ਗੁਰਚਰਨ ਸਿੰਘ ਕਾਰਾਂਵਾਲਾ, ਚੰਨਾ ਨਾਗੀ, ਬਿੱਟੂ ਨਾਗੀ, ਬੱਲੂ ਨਾਗੀ, ਸ਼ਿੰਦੂ ਮਾਲਵਾ, ਸੁਖਦੇਵ ਸਿੰਘ ਮਾਲਵਾ, ਹਰਭਜਨ ਸਿੰਘ ਕਲਸੀ, ਕਾਲਾ ਧੋਸੀ, ਗੁਰਾਂਦਿੱਤਾ ਸਿੰਘ, ਲਾਡੀ ਧੋਸੀ ਆਦਿ ਨੇ ਖੂਬ ਸੇਵਾ ਨਿਭਾਈ।

# ਮਿਊਂਸਪਲ ਮੁਲਾਜ਼ਮਾਂ ਅੰਦਰ ਸਰਕਾਰ ਤੇ ਵਿਭਾਗ ਪ੍ਰਤੀ ਰੋਸ

**ਸਥਾਨਕ ਸਰਕਾਰ ਵਿਭਾਗ ਖਿਲਾਫ਼ ਸੰਘਰਸ਼ ਦੀ ਚਿਤਾਵਨੀ**



**ਜਗਰਾਉਂ (ਸੰਜੀਵ ਅਰੋੜਾ)**-ਰੀਜਨ ਲੁਧਿਆਣਾ ਨਾਲ ਸਬੰਧਿਤ ਮੌਜੂਦਾ, ਰਿਟਾਇਰ, ਆਊਟਸੋਰਸ ਕਲੈਰੀਕਲ ਤੇ ਫਾਇਰ ਕਰਮਚਾਰੀਆਂ ਦੀ ਇਕੱਤਰਤਾ ਖੰਨਾ ਵਿਖੇ ਹੋਈ, ਜਿਸ ਵਿੱਚ ਪੰਜਾਬ ਮਿਊਂਸਪਲ ਵਰਕਰਜ਼ ਐਕਸ਼ਨ ਕਮੇਟੀ ਦੇ ਕਨਵੀਨਰ ਜਨਕ ਰਾਜ ਮਾਨਸਾ, ਪੰਜਾਬ ਮਿਊਂਸਪਲ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਅਮਨਦੀਪ ਸਿੰਘ ਜ਼ੀਰਾ ਤੇ ਪੰਜਾਬ ਰਿਟਾਇਰ ਮਿਊਂਸਪਲ ਵਰਕਰਜ਼ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਬਾਂਡਾ ਸਰਹੰਦ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਭ ਤੋਂ ਪਹਿਲਾਂ ਮੀਟਿੰਗ ਦੀ ਸ਼ੁਰੂਆਤ ਵਿੱਚ ਐਕਸ਼ਨ ਕਮੇਟੀ ਮੈਂਬਰ ਟੇਕ ਚੰਦ ਮਲੋਟ ਨੇ ਮੁਲਾਜ਼ਮਾਂ ਦੀਆਂ ਮੰਗਾਂ ਨਾਲ ਸਬੰਧਤ ਮੰਗ ਪੱਤਰ ਪੜ੍ਹ ਕੇ ਸੁਣਾਏ ਤੇ ਮੀਟਿੰਗ ਵਿੱਚ ਸ਼ਾਮਲ ਸਾਰੇ ਮੁਲਾਜ਼ਮਾਂ ਨੂੰ ਜੀ ਆਇਆਂ ਨੂੰ ਕਿਹਾ। ਇਸ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਐਕਸ਼ਨ ਕਮੇਟੀ ਦੇ ਕਨਵੀਨਰ ਜਨਕ ਰਾਜ ਮਾਨਸਾ ਨੇ ਜਿੱਥੇ ਪੰਜਾਬ ਦੇ ਮੁਲਾਜ਼ਮਾਂ ਦੀਆਂ ਡੀ. ਏ. ਵਰਗੀਆਂ ਮੰਗਾਂ ਪ੍ਰਤੀ ਸਰਕਾਰ ਦੀ ਨੁਕਤਾਚੀਨੀ ਕੀਤੀ, ਉੱਥੇ ਮਿਊਂਸਪਲ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਸਥਾਨਕ ਸਰਕਾਰ ਵਿਭਾਗ ਦੇ ਅੜੀਅਲ ਰਵੱਈਏ ਦੀ ਵੀ ਸਖ਼ਤ ਨਿਖੇਧੀ ਕੀਤੀ। ਸੂਬਾ ਕਨਵੀਨਰ ਨੇ ਪੰਜਾਬ ਸਰਕਾਰ ਤੇ ਵਿਭਾਗ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਰਹਿੰਦੀਆਂ ਡੀ. ਏ. ਦੀਆਂ ਕਿਸ਼ਤਾਂ ਤੁਰੰਤ ਜਾਰੀ ਨਾ ਕੀਤੀਆਂ ਗਈਆਂ, 1.01.2016 ਤੋਂ ਬਣਦਾ ਏਰੀਅਰ ਨਾ ਜਾਰੀ ਕੀਤਾ ਗਿਆ ਤੇ ਮਿਊਂਸਪਲ ਮੁਲਾਜ਼ਮਾਂ ਦੀਆਂ ਮੰਗਾਂ ਦਾ ਫੋਰੀ ਤੌਰ 'ਤੇ ਗੱਲਬਾਤ ਰਾਹੀਂ ਕੋਈ ਹੱਲ ਨਾ ਕੀਤਾ ਗਿਆ ਤਾਂ ਐਕਸ਼ਨ ਕਮੇਟੀ ਦੀ ਅਗਵਾਈ ਵਿੱਚ ਪੰਜਾਬ ਦੇ ਮਿਊਂਸਪਲ ਮੁਲਾਜ਼ਮ ਜਲਦੀ ਹੀ ਸੰਘਰਸ਼ ਦਾ ਰਾਹ ਅਪਣਾਉਣ ਲਈ ਮਜਬੂਰ ਹੋਣਗੇ, ਜਿਸ ਤਹਿਤ ਸਥਾਨਕ ਸਰਕਾਰ ਵਿਭਾਗ ਦੇ ਮੁੱਖ ਦਫ਼ਤਰ ਅੱਗੇ ਧਰਨਾ ਰੈਲੀ ਵੀ ਕੀਤੀ ਜਾ ਸਕਦੀ ਹੈ। ਪੰਜਾਬ ਮਿਊਂਸਪਲ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਅਮਨਦੀਪ ਸਿੰਘ ਜ਼ੀਰਾ ਨੇ ਜਿੱਥੇ ਸਥਾਨਕ ਸਰਕਾਰ ਵਿਭਾਗ ਨੂੰ ਮੰਗਾਂ ਮੰਨਣ ਦੀ ਅਪੀਲ ਕੀਤੀ ਹੈ, ਉੱਥੇ ਆਊਟਸੋਰਸ ਮੁਲਾਜ਼ਮਾਂ ਨੂੰ ਯਕੀਨ ਦਿਵਾਇਆ ਕਿ ਜਦ ਤੱਕ ਉਨ੍ਹਾਂ ਨੂੰ ਕੰਟਰੈਕਟ 'ਤੇ ਨਹੀਂ ਕੀਤਾ ਜਾਂਦਾ, ਉਸ ਸਮੇਂ ਤੱਕ ਯੂਨੀਅਨ ਹਰ ਲੜਾਈ ਲੜਦੀ ਰਹੇਗੀ ਅਤੇ ਕਿਸੇ ਵੀ ਆਊਟਸੋਰਸ ਮੁਲਾਜ਼ਮ ਨੂੰ ਡਿਊਟੀ ਤੋਂ ਹਟਾਉਣ ਖਿਲਾਫ ਜ਼ੋਰਦਾਰ ਸੰਘਰਸ਼ ਕਰਦੀ ਰਹੇਗੀ। ਅਮਨਦੀਪ ਸਿੰਘ ਜ਼ੀਰਾ ਨੇ ਸਰਕਾਰ ਤੋਂ ਇਹ ਵੀ ਮੰਗ ਕੀਤੀ ਕਿ ਇਲੈਕਟ੍ਰੀਕਲ ਤੇ ਮਕੈਨੀਕਲ ਇੰਜੀਨੀਅਰ ਦੀ ਡਿਗਰੀ ਜਾਂ ਡਿਪਲੋਮਾਂ ਪਾਸ ਮੁਲਾਜ਼ਮਾਂ ਨੂੰ ਜੇ. ਈ. ਦੀ ਅਸਾਮੀ ਤੇ ਤਰੱਕੀ ਦਿੱਤੀ ਜਾਵੇ। ਪੰਜਾਬ ਰਿਟਾਇਰ ਮਿਊਂਸਪਲ ਵਰਕਰਜ਼ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਬਾਂਡਾ ਸਰਹੰਦ ਨੇ ਦੱਸਿਆ ਕਿ ਸਰਕਾਰ ਤੇ ਵਿਭਾਗ ਰਿਟਾਇਰ ਮਿਊਂਸਪਲ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਅੜੀਅਲ ਰਵੱਈਆ ਅਪਣਾ ਰਿਹਾ ਹੈ। ਇੱਥੋਂ ਤੱਕ ਕਿ ਰਿਟਾਇਰ ਮਿਊਂਸਪਲ ਮੁਲਾਜ਼ਮਾਂ ਨੂੰ ਨਵੇਂ ਸਕੇਲਾਂ ਅਨੁਸਾਰ 20 ਲੱਖ ਦੀ ਹੱਦ ਤੱਕ ਗਰੈਚੂਟੀ ਦੇਣ ਸਬੰਧੀ ਕੋਈ ਇਕਸਾਰ ਫੈਸਲਾ ਨਹੀਂ ਕਰ ਰਿਹਾ ਤੇ ਮੁਲਾਜ਼ਮਾਂ ਨੂੰ ਭੰਬਲਭੂਸੇ ਵਿੱਚ ਪਾ ਰੱਖਿਆ ਹੈ।

ਸ੍ਰੀ ਬਾਂਡਾ ਨੇ ਸਥਾਨਕ ਸਰਕਾਰ ਵਿਭਾਗ ਤੋਂ ਇਹ ਵੀ ਮੰਗ ਕੀਤੀ ਕਿ ਰਿਟਾਇਰ ਕਰਮਚਾਰੀਆਂ ਨੂੰ ਪੈਨਸ਼ਨ ਖਾਸ ਕਰਕੇ ਜ਼ਿਲ੍ਹਾ ਰੋਪੜ ਦੇ ਮੁਲਾਜ਼ਮਾਂ ਨੂੰ ਪੈਨਸ਼ਨ 7 ਤਾਰੀਕ ਤੱਕ ਦੇਣੀ ਯਕੀਨੀ ਬਣਾਈ ਜਾਵੇ, ਪੀ.ਪੀ.ਓ. ਹਰ ਮੁਲਾਜ਼ਮ ਨੂੰ ਜਾਰੀ ਕੀਤੇ ਜਾਣ, ਓਲਡ ਏਜ ਅਲਾਉਂਸ ਤੇ ਐੱਲ.ਟੀ.ਸੀ. ਰਿਕਾਰਡ ਅਨੁਸਾਰ ਦਿੱਤੇ ਜਾਣ ਨਾ ਕਿ ਇਸ ਸਬੰਧੀ ਮੁਲਾਜ਼ਮਾਂ ਤੋਂ ਲਿਖ ਕੇ ਲੈਣ ਦੀ ਸ਼ਰਤ ਲਾਈ ਜਾਵੇ। ਇਸ ਮੌਕੇ ਪੰਜਾਬ ਮਿਊਂਸਪਲ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਦਵਿੰਦਰ ਸਿੰਘ ਜਗਰਾਉਂ, ਅਸ਼ੋਕ ਕੁਮਾਰ ਕੁਰਾਲੀ, ਸੁਖਵੀਰ ਸਿੰਘ ਅਨੰਦਪੁਰ ਸਾਹਿਬ, ਸੰਜੀਵ ਕੁਮਾਰ ਖੰਨਾ, ਸੁਖਜਿੰਦਰ ਸਿੰਘ ਭੋਲਾ ਰਾਏਕੋਟ, ਪੰਜਾਬ ਰਿਟਾਇਰਡ ਮਿਊਂਸਪਲ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਵਿਜੈ ਕੁਮਾਰ ਜਗਰਾਉਂ, ਸੁਖਦੇਵ ਸਿੰਘ ਜਗਰਾਉਂ, ਚਰਨਜੀਤ ਸਿੰਘ ਮਾਛੀਵਾੜਾ, ਚੰਦਨ ਕੁਮਾਰ ਨੇਗੀ ਖੰਨਾ, ਹਰਜੀਤ ਸਿੰਘ ਨੰਗਲ ਡੈਮ, ਸੁਭਾਸ਼ ਕੁਮਾਰ ਨੰਗਲ ਡੈਮ, ਬਲਵੰਤ ਸਿੰਘ ਐੱਮ.ਈ. ਖੰਨਾ, ਆਊਟਸੋਰਸ ਫਾਇਰ ਬ੍ਰਿਗੇਡ ਇੰਪਲਾਈਜ਼ ਯੂਨੀਅਨ ਦੇ ਸੂਬਾ ਪ੍ਰਧਾਨ ਸਾਹਿਬ ਸਿੰਘ ਖੰਨਾ ਨੇ ਵੀ ਸੰਬੋਧਨ ਕੀਤਾ।

## ਪਾਵਰਕਾਮ ਮੁਲਾਜ਼ਮਾਂ ਵੱਲੋਂ ਗੇਟ ਰੈਲੀ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਜੁਆਇੰਟ ਫੋਰਮ ਪੰਜਾਬ ਦੇ ਸੱਦੇ 'ਤੇ ਪਾਵਰਕਾਮ ਸ੍ਰੀ ਮੁਕਤਸਰ ਦੇ ਮੁਲਾਜ਼ਮਾਂ ਵੱਲੋਂ ਪੰਜਾਬ ਸਟੇਟ ਮਨਿਸਟੀਰੀਅਲ/ਸਕੱਤਰੇਤ ਮੁਲਾਜ਼ਮਾਂ/ਪੰਜਾਬ ਤੇ ਯੂ ਟੀ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਮੋਰਚਾ ਦੀਆਂ ਜਥੇਬੰਦੀਆਂ ਵੱਲੋਂ ਆਪਣੀਆਂ ਜਾਇਜ਼ ਤੇ ਹੱਕੀ ਮੰਗਾਂ ਲਈ ਲੜੇ ਜਾ ਰਹੇ ਸੰਘਰਸ਼ ਦੀ ਹਮਾਇਤ ਵਿੱਚ ਗੇਟ ਰੈਲੀ ਕੀਤੀ ਗਈ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਮੈਨੇਜਮੈਂਟ ਪਿਛਲੇ ਲੰਬੇ ਸਮੇਂ ਤੋਂ ਸਾਡੇ ਹੱਕਾਂ 'ਤੇ ਡਾਕਾ ਮਾਰ ਰਹੀ ਹੈ, ਜਿਵੇਂ ਕਿ ਡੀ ਏ ਦੀਆਂ ਕਿਸ਼ਤਾਂ ਦਾ ਬਕਾਇਆ, ਤਨਖਾਹ ਤਰੁੱਟੀਆਂ ਦੂਰ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਵਾਉਣਾ, ਮੋਬਾਇਲ ਭੱਤਾ ਆਦਿ। ਬੁਲਰਿਆਂ ਨੇ ਸਾਥੀਆਂ ਨੂੰ ਚੇਤੰਨ ਕਰਦਿਆਂ ਕਿਹਾ ਕਿ ਸਾਨੂੰ ਮੈਨੇਜਮੈਂਟ ਤੇ ਸਰਕਾਰ ਖਿਲਾਫ ਇੱਕ ਜੁੱਟ ਹੋ ਕੇ ਲੜਨ ਦੀ ਲੋੜ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਜੁਆਇੰਟ ਫੋਰਮ ਵੱਲੋਂ ਜੋ ਵੀ ਸੰਘਰਸ਼ ਦਿੱਤਾ ਜਾਵੇਗਾ, ਉਸ ਨੂੰ ਪੁਰਜ਼ੋਰ ਨਾਲ ਲਾਗੂ ਕੀਤਾ ਜਾਵੇਗਾ। ਇਸ ਸਮੇਂ ਜੁਆਇੰਟ ਫੋਰਮ ਦੇ ਸਟੇਟ ਆਗੂ ਬਰਜਿੰਦਰ ਸ਼ਰਮਾ, ਸਾਥੀ ਪ੍ਰੇਮ ਕੁਮਾਰ, ਗੁਰਸੇਵਕ ਸਿੰਘ, ਦੇਸ ਰਾਜ, ਮਨਜੀਤ ਸਿੰਘ, ਸ਼ਮਿੰਦਰ ਸਿੰਘ, ਰਾਣਾ ਸਿੰਘ ਤੇ ਹੋਰ ਸਾਥੀ ਮੌਜੂਦ ਸਨ।

## ਦਿਹਾਤੀ ਮਜ਼ਦੂਰ ਸਭਾ ਨੇ ਜੱਸੇਆਣਾ 'ਚ ਨਰੇਗਾ ਮਜ਼ਦੂਰਾਂ ਦੀ ਮੀਟਿੰਗ ਕੀਤੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੁਕਤਸਰ ਸਾਹਿਬ ਇਥੋਂ ਚੌਦਾਂ ਕਿਲੋਮੀਟਰ ਦੀ ਦੂਰ ਪਿੰਡ ਜੱਸੇਆਣਾ ਦੀ ਦਿਹਾਤੀ ਮਜ਼ਦੂਰ ਸਭਾ ਦੀ ਪਿੰਡ ਇਕਾਈ ਨੇ ਨਰੇਗਾ ਮਜ਼ਦੂਰਾਂ ਦੀ ਪ੍ਰਭਾਵਸ਼ਾਲੀ ਮੀਟਿੰਗ ਇਕਾਈ ਪ੍ਰਧਾਨ ਗੁਰਮੀਤ ਸਿੰਘ ਮੌਜੂਦਾ ਸਰਪੰਚ ਦੀ ਅਗਵਾਈ ਹੇਠ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਗੁਰਮੀਤ ਸਿੰਘ ਉਰਫ ਬਾਦਲ ਮੌਜੂਦਾ ਸਰਪੰਚ ਗੁਰਮੀਤ ਸਿੰਘ ਨੇ ਦੋਸ਼ ਲਾਇਆ ਕਿ ਪੰਜਾਬ ਤੇ ਕੇਂਦਰ ਸਰਕਾਰ ਲਗਾਤਾਰ ਮਜ਼ਦੂਰਾਂ ਵਿਰੁੱਧ ਕੰਮ ਕਰ ਰਹੀਆਂ ਹਨ। ਕੇਂਦਰ ਦੀ ਮੋਦੀ ਸਰਕਾਰ ਲਗਾਤਾਰ ਨਰੇਗਾ ਕਾਨੂੰਨ ਨੂੰ ਕਮਜ਼ੋਰ ਕਰ ਰਹੀ ਤੇ ਨਰੇਗਾ ਦੇ ਬਜਟ ਵਿੱਚ ਕਟੌਤੀ ਕਰ ਕੇ 73000 ਕਰੋੜ ਤੋਂ ਘਟਾ ਬਜਟ ਸਿਰਫ 60 ਹਜ਼ਾਰ ਕਰੋੜ ਤੱਕ ਹੀ ਸੀਮਿਤ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਨਰੇਗਾ ਮਜ਼ਦੂਰਾਂ ਦੀ ਦਿਹਾੜੀ ਵਿੱਚ ਵਾਧਾ ਵੀ ਨਹੀਂ ਕੀਤਾ, ਜਦੋਂਕਿ ਨਰੇਗਾ ਮਜ਼ਦੂਰਾਂ ਦੀ ਦਿਹਾੜੀ ਸੱਤ ਸੌ ਰੁਪਏ ਹੋਣੀ ਚਾਹੀਦੀ ਹੈ। ਉਨ੍ਹਾਂ ਭਗਵੰਤ ਮਾਨ ਸਰਕਾਰ 'ਤੇ ਦੋਸ਼ ਲਾਇਆ ਕਿ ਇਹ ਸਰਕਾਰ ਇਨਕਲਾਬ ਤੇ ਬਦਲਾਅ ਦੇ ਨਾਮ 'ਤੇ ਵੋਟਾਂ ਲੈ ਕੇ ਹੁਣ ਵਾਅਦੇ ਤੇ ਗਰੰਟੀਆਂ ਤੋਂ ਪੂਰੀ ਤਰ੍ਹਾਂ ਮੁੱਕਰ ਚੁੱਕੀ ਹੈ ਤੇ ਔਰਤ ਦੇ ਖਾਤਿਆਂ ਵਿੱਚ ਇੱਕ ਹਜ਼ਾਰ ਰੁਪਏ ਦੀ ਰਾਸ਼ੀ ਪਾਉਣ, ਪੈਨਸ਼ਨਾਂ ਵਿੱਚ ਵਾਧਾ ਕਰਨ, ਮਜ਼ਦੂਰਾਂ ਨੂੰ ਪੰਜ ਪੰਜ ਮਰਲਿਆਂ ਦੇ ਰਹਾਇਸ਼ ਲਈ ਪਲਾਟ ਅਲਾਟ ਕਰਨ, ਮਾਈਕਰੋ ਫਾਇਨਾਂਸ ਕੰਪਨੀਆਂ ਸਮੇਤ ਮਜ਼ਦੂਰਾਂ ਸਿਰ ਚੜ੍ਹੇ ਸਰਕਾਰੀ ਤੇ ਗੈਰ-ਸਰਕਾਰੀ ਕਰਜ਼ੇ ਮਾਫ ਕਰਨ, ਰਾਸ਼ਨ ਡਿੱਪੂਆਂ ਉੱਪਰ ਨਿੱਤ ਵਰਤੋਂ ਦੀਆਂ ਸਾਰੀਆਂ ਖਾਣ ਪੀਣ ਵਾਲੀਆਂ ਵਸਤੂਆਂ ਨੂੰ ਅੱਧੇ ਰੇਟ ਦੇਣ ਤੋਂ ਹੁਣ ਪਾਸਾ ਵੱਟ ਗਈ ਹੈ ਅਤੇ ਮੰਨੀਆਂ ਮੰਗਾਂ 'ਤੇ ਵੀ ਅਮਲ ਨਹੀਂ ਕੀਤਾ ਜਾ ਰਿਹਾ।

ਉਨ੍ਹਾਂ ਕਿਹਾ ਕਿ ਮਜ਼ਦੂਰ ਮੰਗਾਂ ਦੀ ਪ੍ਰਾਪਤੀ ਲਈ ਪੰਜਾਬ ਭਰ ਮੰਤਰੀਆਂ ਨੂੰ ਮੰਗ ਪੱਤਰ ਦੇਣ ਤੇ 9,10,11 ਦਸੰਬਰ ਨੂੰ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਘਰ ਸਾਹਮਣੇ ਤਿੰਨ ਰੋਜ਼ਾ ਦਿਨ-ਰਾਤ ਦੇ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਔਰਤਾਂ ਨੇ ਸ਼ਮੂਲੀਅਤ ਕੀਤੀ।

## ਜਮਹੂਰੀ ਅਧਿਕਾਰ ਸਭਾ ਦੇ ਸੂਬਾ ਸਕੱਤਰ 'ਤੇ ਹਮਲੇ ਦੀ ਤਾਕ 'ਚ ਪਿੱਛਾ ਕਰਨ ਵਾਲਿਆਂ ਖਿਲਾਫ ਕਾਰਵਾਈ ਦੀ ਮੰਗ

**ਕੁਝ ਸਮਾਂ ਪਹਿਲਾਂ ਉਨ੍ਹਾਂ ਦੇ ਭਰਾ ਨੂੰ ਗੋਲੀਆਂ ਮਾਰ ਕੇ ਕੀਤਾ ਸੀ ਜ਼ਖ਼ਮੀ**

**ਬਠਿੰਡਾ (ਨ ਜ਼ ਸ)**

ਬੀਤੇ 3 ਨਵੰਬਰ ਨੂੰ ਜਾਨਲੇਵਾ ਹਮਲਾ ਕਰਨ ਦੇ ਮਨਸ਼ੇ ਨਾਲ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਸੂਬਾ ਜਥੇਬੰਦਕ ਸਕੱਤਰ ਨਰਭਿੰਦਰ ਦਾ ਕੁਝ ਸਮਾਜ ਵਿਰੋਧੀ ਅਨਸਰਾਂ ਵੱਲੋਂ ਪਿੱਛਾ ਕਰਕੇ ਹਮਲਾ ਕਰਨ ਦੀ ਕੋਸ਼ਿਸ਼ ਦੀ ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ ਅਤੇ ਦੋਸ਼ੀਆਂ ਖਿਲਾਫ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਪ੍ਰੈੱਸ ਬਿਆਨ ਜਾਰੀ ਕਰਦਿਆਂ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਜਨਰਲ ਸਕੱਤਰ ਪ੍ਰਿਤਪਾਲ ਸਿੰਘ, ਸੂਬਾ ਪ੍ਰਧਾਨ ਪ੍ਰੋ. ਜਗਮੋਹਨ ਸਿੰਘ, ਜ਼ਿਲ੍ਹਾ ਇਕਾਈ ਬਠਿੰਡਾ ਦੇ ਪ੍ਰਧਾਨ ਪ੍ਰਿੰਸੀਪਲ ਬੱਗਾ ਸਿੰਘ, ਸਕੱਤਰ ਸੁਦੀਪ ਸਿੰਘ ਤੇ ਪ੍ਰੈੱਸ ਸਕੱਤਰ ਡਾ. ਅਜੀਤਪਾਲ ਸਿੰਘ ਨੇ ਕਿਹਾ ਕਿ ਇਨ੍ਹਾਂ ਅਨਸਰਾਂ ਵੱਲੋਂ ਕੀਤੀ ਇਸ ਕਾਰਵਾਈ ਦੀ ਕੜੀ ਨਰਭਿੰਦਰ ਦੇ ਭਰਾ ਸਲਵਿੰਦਰ ਵਾਸੀ ਪੱਧਰੀ ਕਲਾਂ (ਤਰਨ ਤਾਰਨ) ਉਪਰ ਹੋਏ ਕਾਤਲਾਨਾ ਹਮਲੇ ਨਾਲ ਜੁੜਦੀ ਹੈ, ਜਿਸ ਵਿੱਚ ਸਲਵਿੰਦਰ ਨੂੰ ਇਨ੍ਹਾਂ ਹੀ ਅਨਸਰਾਂ ਨੇ ਗੋਲੀਆਂ ਮਾਰ ਕੇ ਗੰਭੀਰ ਜ਼ਖਮੀ ਕਰ ਦਿੱਤਾ ਸੀ। ਗੋਲੀਆਂ ਛਾਤੀ ਤੇ ਰੀੜ੍ਹ ਦੀ ਹੱਡੀ ਵਿੱਚ ਲੱਗੀਆਂ ਸਨ। ਰੀੜ੍ਹ ਦੀ ਹੱਡੀ ਵਾਲੀ ਗੋਲੀ ਨਾਲ ਉਸ ਦੀ ਖੱਬੀ ਲੱਤ ਸੁੰਨ ਚੱਲ ਰਹੀ ਹੈ। ਨਰਭਿੰਦਰ ਨੇ ਐੱਫ ਆਈ ਆਰ ਦਰਜ ਕਰਵਾਉਣ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ। ਬੀਤੇ 13 ਸਤੰਬਰ 2023 ਦੀ ਗੋਲੀਬਾਰੀ ਦੀ ਘਟਨਾ ਦੇ ਦੋਸ਼ੀਆਂ ਨੂੰ ਪੁਲਸ ਨੇ ਅੱਜ ਤੱਕ ਵੀ ਗ੍ਰਿਫਤਾਰ ਨਹੀਂ ਕੀਤਾ। ਨਰਭਿੰਦਰ ਪਿੰਡ ਦੇ ਲੋਕਾਂ ਨੂੰ ਨਾਲ ਲੈ ਕੇ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਵਾਉਣ ਲਈ ਸਰਗਰਮੀ ਕਰ ਰਿਹਾ ਹੈ। ਵਰਨਣਯੋਗ ਹੈ ਕਿ ਸਲਵਿੰਦਰ ਨੇ ਸੂਚਨਾ ਅਧਿਕਾਰ ਕਾਨੂੰਨ ਤਹਿਤ ਜਾਣਕਾਰੀ ਲੈ ਕੇ ਪਿੰਡ ਦੀ ਪੰਚਾਇਤ ਵੱਲੋਂ ਲੱਖਾਂ ਦੀ ਗ੍ਰਾਂਟ ਦੇ ਘਪਲੇ ਦੀ ਜਾਂਚ ਹਾਈਕੋਰਟ ਦੇ ਨਿਰਦੇਸ਼ਾਂ ਤਹਿਤ ਡਾਇਰੈਕਟਰ ਪੰਚਾਇਤ ਤੋਂ ਪੜਤਾਲ ਕਰਾਉਣ ਵਿੱਚ ਯੋਗਦਾਨ ਪਾਇਆ ਹੈ, ਪਰ ਡਾਇਰੈਕਟਰ ਪੰਚਾਇਤੀ ਵਿਭਾਗ ਤੇ ਪੁਲਸ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ ਹੈ। ਹਮਲਾ ਕਰਨ ਵਾਲੇ ਅਨਸਰਾਂ ਖਿਲਾਫ ਕਾਰਵਾਈ ਕਰਵਾਉਣ ਲਈ ਸਭਾ ਨੇ ਸੂਬਾ ਪੱਧਰੀ ਵਫਦ ਉਨ੍ਹਾਂ ਦੇ ਪਿੰਡ ਭੇਜਿਆ, ਜਿਸ ਨੇ ਸਾਰੀ ਘਟਨਾ ਦੇ ਵੇਰਵੇ ਇਕੱਤਰ ਕਰਕੇ ਦੱਸਿਆ ਕਿ ਇਸ ਮਾਮਲੇ ਵਿੱਚ ਅਧਿਕਾਰੀਆਂ ਦੀ ਕੁਤਾਹੀ ਤੇ ਸ਼ਹਿ ਕਾਰਨ, ਅਜਿਹੇ ਅਨਸਰਾਂ ਵੱਲੋਂ ਸਲਵਿੰਦਰ ਦੇ ਹਮਾਇਤੀਆਂ ਨੂੰ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਸਭਾ ਆਗੂਆਂ ਦੀ ਜਾਨ ਦੇ ਖਤਰੇ ਦਾ ਨੋਟਿਸ ਲੈਂਦਿਆਂ ਸੂਬਾ ਕਮੇਟੀ ਦੀ ਅਗਵਾਈ ਵਿੱਚ ਆਉਣ ਵਾਲੇ ਦਿਨਾਂ ਵਿੱਚ ਜਨਤਕ ਜਥੇਬੰਦੀਆਂ ਦਾ ਇੱਕ ਵਫਦ ਉੱਚ ਅਧਿਕਾਰੀਆਂ ਨੂੰ ਮਿਲ ਕੇ ਅਜਿਹੇ ਅਨਸਰਾਂ ਵਿਰੁੱਧ ਕਾਰਵਾਈ ਦੀ ਮੰਗ ਕਰੇਗਾ। ਕੋਈ ਕਾਰਵਾਈ ਨਾ ਹੋਈ ਤਾਂ ਅਗਲਾ ਸੰਘਰਸ਼ ਉਲੀਕਿਆ ਜਾਵੇਗਾ।

## ਜੇ ਐੱਨ ਇੰਟਰਨੈਸ਼ਨਲ ਸਕੂਲ ਵਿਖੇ ਪ੍ਰਕਾਸ਼ ਪੁਰਬ ਮਨਾਇਆ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**

ਜੇ. ਐੱਨ. ਇੰਟਰਨੈਸ਼ਨਲ ਸਕੂਲ ਸੈਦੇਕੇ ਮੋਹਨ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦਿਆਂ ਗੁਰਮਰਿਆਦਾ ਅਨੁਸਾਰ ਸਰਬਤ ਦੇ ਭਲੇ ਲਈ ਸ਼੍ਰੀ ਸੁਖਮਣੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ। ਇਹ ਪਾਠ ਸਿੱਖ ਪੰਥ ਦੇ ਮੋਢੀ ਸ਼੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਕਿਰਤ ਕਰੋ, ਨਾਮ ਜਪੋ, ਵੰਡ ਛਕੋ ਦਾ ਸੁਨੇਹਾ ਦੇ ਫ਼ਲਸਫ਼ੇ ਨੂੰ ਸਮਰਪਤ ਰਿਹਾ। ਵਿਦਿਆਰਥੀਆਂ ਵੱਲੋਂ ਕਵਿਤਾਵਾਂ, ਧਾਰਮਿਕ ਗੀਤਾਂ ਤੇ ਜਾਣਕਾਰੀ ਭਰਪੂਰ ਸਪੀਚਾਂ ਰਾਹੀਂ ਗੁਰੂ ਜੀ ਦੇ ਜੀਵਨ ਉੱਪਰ ਚਾਨਣਾ ਪਾਇਆ ਗਿਆ। ਵਿਦਿਆਰਥੀਆਂ, ਅਧਿਆਪਕਾ ਨੇ ਗੁਰੂ ਜੀ ਦੀ ਚਲਾਈ ਰੀਤ ਲੰਗਰ ਤੇ ਪੰਗਤ ਅਨੁਸਾਰ ਲੰਗਰ ਦਾ ਪ੍ਰਬੰਧ ਵੀ ਕੀਤਾ। ਇਸ ਸਮੇਂ ਸਕੂਲ ਦੇ ਚੇਅਰਮੈਨ ਜਨਕ ਰਾਜ ਮੁੰਜਾਲ, ਮੈਨੇਜਿੰਗ ਡਾਇਰੈਕਟਰ ਅਰਜੁਨ ਮੁੰਜਾਲ, ਮੈਨੇਜਮੈਂਟ ਮੈਂਬਰ ਸ਼੍ਰੀਮਤੀ ਏਕਤਾ ਮੁੰਜਾਲ, ਮੈਨੇਜਮੈਂਟ ਮੈਂਬਰ ਅੰਜਲੀ ਚਾਨਣਾ ਤੇ ਸਕੂਲ ਦੇ ਪ੍ਰਿੰਸੀਪਲ ਰਵਿੰਦਰ ਕੁਮਾਰ ਨਤਮਸਤਕ ਹੋਏ। ਸਕੂਲ ਪ੍ਰਿੰਸੀਪਲ ਰਵਿੰਦਰ ਕੁਮਾਰ ਨੇ ਸਕੂਲ ਮੈਨੇਜਮੈਂਟ, ਅਧਿਆਪਕਾਂ, ਵਿਦਿਆਰਥੀਆਂ ਤੇ ਸਮੂਹ ਸਕੂਲ ਸਟਾਫ਼ ਨੂੰ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਮੁਬਾਰਕਾਂ ਦਿੱਤੀਆਂ।

## ਸ੍ਰੀ ਰਾਮ ਕਾਲਜ ਡੱਲ੍ਹਾ ਦੇ ਵਿਦਿਆਰਥੀਆਂ ਵੱਲੋਂ ਵਿੱਦਿਅਕ ਟੂਰ



**ਹਠੂਰ/ਜਾਰਾਓਂ (ਨਛੱਤਰ ਸੰਧੂ)**-ਸ੍ਰੀ ਰਾਮ ਕਾਲਜ ਡੱਲ੍ਹਾ ਦੇ ਵਿਦਿਆਰਥੀ ਬੀਤੇ ਦਿਨ ਪ੍ਰਿੰਸੀਪਲ ਪ੍ਰੋ: ਸਤਵਿੰਦਰ ਕੌਰ ਤੇ ਮੈਨੇਜਮੈਂਟ ਕਮੇਟੀ ਦੀ ਰਹਿਨੁਮਾਈ ਹੇਠ ਇੱਕ ਦਿਨ ਲਈ ਵਿੱਦਿਅਕ ਟੂਰ ਲਈ ਛੱਤਬੀੜ ਚਿੜੀਆ ਘਰ ਅਤੇ ਜਪਾਨੀ ਗਾਰਡਨ ਗਏ। ਜਿੱਥੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਪਸ਼ੂ ਪੰਛੀਆਂ ਦੀਆਂ ਨਸਲਾਂ ਦੀ ਜਾਣਕਾਰੀ ਲੈਂਦਿਆਂ ਕੁਦਰਤ ਦੀ ਗੋਦ ਦਾ ਨਜ਼ਾਰਾ ਲਿਆ ਗਿਆ। ਇਸ ਟੂਰ ਦੌਰਾਨ ਵਿਦਿਆਰਥੀਆਂ ਵਿੱਚ ਬੜਾ ਉਤਸ਼ਾਹ ਪਾਇਆ ਗਿਆ। ਟੂਰ ਦੌਰਾਨ ਪ੍ਰੋ: ਰਮਨਦੀਪ ਕੌਰ, ਰਾਜਵਿੰਦਰ ਸਿੰਘ, ਡਾ: ਪਰਮਿੰਦਰ ਕੌਰ, ਹਰਜੀਤ ਕੌਰ, ਨਵਨੀਤ ਕੌਰ, ਮਨਪ੍ਰੀਤ ਚਾਵਲਾ, ਗੁਰਤੀਰਥ ਕੌਰ, ਗੁਰਜੀਤ ਸਿੰਘ, ਪ੍ਰਭਜੀਤ ਸਿੰਘ ਵੱਲੋਂ ਯੋਗ ਅਗਵਾਈ ਕੀਤੀ ਗਈ।

## ਟਰੱਸਟਵਰਥੀ ਦੇ ਵਿਦਿਆਰਥੀ ਨੇ ਆਈਲਟਸ 'ਚੋਂ 7.0 ਬੈਂਡ ਲਏ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਦੇ ਮੇਨ ਮੋਗਾ ਰੋਡ ਦੇ ਸ਼ਿਵ ਮੰਦਰ ਦੀ ਸਾਹਮਣੇ ਵਾਲੀ ਗਲੀ ਵਿੱਚ ਸਥਿਤ ਇਲਾਕੇ ਦੀ ਨਾਮਵਰ ਸੰਸਥਾ ਟਰਸਟਵਰਥੀ ਐਜੂਕੇਸ਼ਨ ਦੀ ਡਾਇਰੈਕਟਰ ਸੰਗੀਤਾ ਰਾਣੀ (ਗਗਨ) ਨੇ ਦੱਸਿਆ ਕਿ ਗੁਰਵੀਰ ਕੌਰ ਪੁੱਤਰੀ ਜਸਵੀਰ ਸਿੰਘ ਪਿੰਡ ਨੱਥੂਵਾਲਾ ਗਰਬੀ ਨੇ ਆਈਲਟਸ ਵਿੱਚੋਂ ਓਵਰਆਲ 7.0 ਬੈਂਡ ਪ੍ਰਾਪਤ ਕਰਕੇ ਆਪਣਾ ਤੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸੰਗੀਤਾ ਰਾਣੀ ਨੇ ਗੁਰਵੀਰ ਕੌਰ ਤੇ ਉਨ੍ਹਾਂ ਦੇ ਪਰਿਵਾਰ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਇੱਥੇ ਕੰਪਿਊਟਰ ਬੇਸਿਕ ਗਰਾਮਰ ਤੇ ਸਪੋਕਨ ਇੰਗਲਿਸ਼ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਥੇ ਪੀਟੀਈ ਦੀ ਤਿਆਰੀ ਆਧੁਨਿਕ ਤੇ ਮਾਹਰ ਅਧਿਆਪਕਾਂ ਦੁਆਰਾ ਕਰਵਾਈ ਜਾਂਦੀ ਹੈ। ਇਥੇ ਵਿਦਿਆਰਥੀ ਨੂੰ ਕਲਾਸ ਉਸ ਦੇ ਲੈਵਲ ਅਨੁਸਾਰ ਦਿੱਤੀ ਜਾਂਦੀ ਹੈ। ਹਰੇਕ ਕਮਜ਼ੋਰ ਵਿਦਿਆਰਥੀ ਨੂੰ ਸਪੈਸ਼ਲ ਕਲਾਸਾਂ ਵੀ ਦਿੱਤੀਆਂ ਜਾਂਦੀਆਂ ਹਨ ਤਾਂ ਜੋ ਉਹ ਵਧੀਆ ਬੈਂਡ ਸਕੋਰ ਹਾਸਲ ਕਰਕੇ ਆਪਣਾ ਵਿਦੇਸ਼ ਜਾਣ ਦਾ ਸੁਪਨਾ ਸਾਕਾਰ ਕਰ ਸਕਣ। ਡਾਇਰੈਕਟਰ ਸੰਗੀਤਾ ਰਾਣੀ ਨੇ ਦੱਸਿਆ ਕਿ ਸੰਸਥਾ ਵੱਲੋਂ ਆਧੁਨਿਕ ਮਟੀਰੀਅਲ ਨਾਲ ਵਿਦਿਆਰਥੀ ਨੂੰ ਕੰਮ ਕਰਾਇਆ ਜਾਂਦਾ ਹੈ ਤੇ ਸਾਡੀ ਸੰਸਥਾ ਸਰਕਾਰ ਵੱਲੋਂ ਮਾਨਤਾ ਪ੍ਰਾਪਤ ਹੈ।

## ਵਿਦਿਆਰਥਣ ਦਾ 11000 ਰੁਪਏ ਤੇ ਟਰਾਫੀ ਨਾਲ ਸਨਮਾਨ ਕਰਨ 'ਤੇ ਸਕੂਲ ਵੱਲੋਂ ਧੰਨਵਾਦ

**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਛੀਵਾੜਾ ਸਾਹਿਬ ਦੀ ਗਿਆਰ੍ਹਵੀਂ ਜਮਾਤ ਦੀ ਵਿਦਿਆਰਥਣ ਅਮਨਦੀਪ ਕੌਰ ਵੱਲੋਂ ਪੰਜਾਬ ਪੱਧਰ ਦੀਆਂ ਖੇਡਾਂ ਵਿੱਚੋਂ ਪੋਲ ਵਾਲਟ ਖੇਡ ਵਿੱਚੋਂ ਤੀਸਰਾ ਸਥਾਨ ਹਾਸਲ ਕਰਕੇ ਕਾਂਸੀ ਦਾ ਮੈਡਲ ਪ੍ਰਾਪਤ ਕਰਨ 'ਤੇ ਸੰਤ ਬਾਬਾ ਸੰਤੋਖ ਸਿੰਘ ਦੀ ਯਾਦ ਵਿੱਚ ਵਿਸ਼ਾਲ ਕੁਸ਼ਤੀ ਦੰਗਲ ਅਤੇ ਖੇਡ ਮੇਲੇ ਤੇ ਡੇਰਾ ਬਾਬਾ ਪੀਰ ਫਲਾਹੀ ਸਾਹਿਬ ਸ਼ੇਰਗੜ੍ਹ (ਬੇਟ) ਪਿੰਡ ਸ਼ੇਰਪੁਰ ਬਸਤੀ ਸ਼ੇਰਗੜ੍ਹ ਬੇਟ, ਲੁਧਿਆਣਾ ਵੱਲੋਂ ਵਿਸ਼ੇਸ਼ ਟਰਾਫੀ ਅਤੇ ਪਿੰਡ ਵਾਸੀਆਂ ਵੱਲੋਂ 11000 ਰੁਪਏ ਦੀ ਨਕਦ ਰਾਸ਼ੀ ਦੇ ਕੇ ਵਿਦਿਆਰਥਣ ਦੀ ਹੌਸਲਾ ਅਫਜ਼ਾਈ ਲਈ ਸਨਮਾਨਤ ਕੀਤਾ ਗਿਆ। ਵਿਦਿਆਰਥਣ ਅਮਨਦੀਪ ਕੌਰ ਦੇ ਇਸ ਵਿਸ਼ੇਸ਼ ਸਨਮਾਨ ਲਈ ਸਕੂਲ ਇੰਚਾਰਜ ਹਰਦੀਪ ਕੌਰ, ਸਕੂਲ ਮੈਨੇਜਮੈਂਟ ਕਮੇਟੀ ਅਤੇ ਸਮੂਹ ਸਕੂਲ ਅਧਿਆਪਕ ਸਾਹਿਬਾਨ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਛੀਵਾੜਾ ਸਾਹਿਬ ਲੁਧਿਆਣਾ ਵੱਲੋਂ ਬੱਚੀ ਦੇ ਇਸ ਸਨਮਾਨ ਲਈ ਡੇਰਾ ਬਾਬਾ ਪੀਰ ਫਲਾਹੀ ਦੇ ਪ੍ਰਬੰਧਕਾਂ ਅਤੇ ਗ੍ਰਾਮ ਪੰਚਾਇਤ ਸੇਰਪੁਰ ਬਸਤੀ ਅਤੇ ਸਮੂਹ ਇਲਾਕਾ ਨਿਵਾਸੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।




## ਗੁਰਦੁਆਰਾ ਹੰਸਾਲੀ ਸਾਹਿਬ ਵਿਖੇ 29 ਲੜਕੀਆਂ ਦੇ ਕੀਤੇ ਵਿਆਹ

**ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਦਿੱਤਾ ਆਸ਼ੀਰਵਾਦ**



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਾਡੇ ਗੁਰੂਆਂ ਨੇ ਹਮੇਸ਼ਾ ਮਾਨਵਤਾ ਦੇ ਭਲੇ ਲਈ ਸਾਂਝੀਵਾਲਤਾ, ਆਪਸੀ ਭਾਈਚਾਰਕ ਸਾਂਝ ਤੇ ਸਮਾਜਿਕ ਬੁਰਾਈਆਂ ਖਿਲਾਫ ਅਵਾਜ਼ ਉਠਾਈ, ਇਸ ਲਈ ਸਾਨੂੰ ਹਮੇਸ਼ਾ ਗੁਰੂਆਂ ਦੇ ਦਰਸਾਏ ਰਸਤੇ 'ਤੇ ਚੱਲਣਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਸ੍ਰ. ਚੇਤਨ ਸਿੰਘ ਜੌੜਾਮਾਜਰਾ ਨੇ ਗੁਰਦੁਆਰਾ ਹੰਸਾਲੀ ਸਾਹਿਬ ਵਿਖੇ ਗਰੀਬ ਲੜਕੀਆਂ ਦੇ ਵਿਆਹ ਸਮਾਗਮ ਵਿੱਚ ਨਵੇਂ ਵਿਆਹੇ ਜੋੜਿਆਂ ਨੂੰ ਆਸ਼ੀਰਵਾਦ ਦੇਣ ਉਪਰੰਤ ਕੀਤਾ। ਇਸ ਮੌਕੇ ਸ੍ਰ. ਜੌੜਾਮਾਜਰਾ ਨੇ ਸਾਰਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਮੁਬਾਰਕਾਂ ਵੀ ਦਿੱਤੀਆਂ ਤੇ ਕਿਹਾ ਕਿ ਸਮਾਜ ਵਿੱਚ ਗਰੀਬ ਤੇ ਜ਼ਰੂਰਤਮੰਦ ਲੋਕਾਂ ਦੀ ਸੇਵਾ ਕਰਨਾ ਸਾਡਾ ਸਭ ਤੋਂ ਪਹਿਲਾਂ ਫਰਜ਼ ਹੈ। ਇਹ ਗੱਲ ਸਾਡੇ ਗੁਰੂਆਂ ਪੀਰਾਂ ਵੱਲੋਂ ਵਿਰਾਸਤ ਵਿੱਚ ਮਿਲੀ ਹੈ। ਅੱਜ ਦੇ ਤੇਜ਼ ਤਰਾਰ ਯੁੱਗ ਵਿੱਚ ਲੋੜਵੰਦ ਤੇ ਗਰੀਬਾਂ ਦੀ ਸਹਾਇਤਾ ਕਰਨਾ ਸਭ ਤੋਂ ਉੱਤਮ ਕਾਰਜ ਹੈ। ਉਨ੍ਹਾ ਦੱਸਿਆ ਕੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਤੇ ਬ੍ਰਹਮਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦੇ ਅਸ਼ੀਰਵਾਦ ਨਾਲ ਹੰਸਾਲੀ ਸਾਹਿਬ ਵਿਖੇ ਬਾਬਾ ਪਰਮਜੀਤ ਸਿੰਘ ਦੀ ਅਗਵਾਈ ਵਿੱਚ 29 ਗਰੀਬ ਲੜਕੀਆਂ ਦੇ ਵਿਆਹ ਕੀਤੇ ਗਏ। ਇਸ ਮੌਕੇ ਬਾਬਾ ਪਰਮਜੀਤ ਸਿੰਘ ਜੀ ਹੰਸਾਲੀ ਵਾਲੇ, ਸੰਤ ਬਾਬਾ ਅਮਰੀਕ ਸਿੰਘ ਬੋਹੜਪੁਰ ਝੰਜੇੜੀਆ, ਸੰਤ ਬਾਬਾ ਬੇਅੰਤ ਸਿੰਘ ਜੀ ਬਧੋਛੀ ਵਾਲੇ, ਸੰਤ ਬਾਬਾ ਸਤਨਾਮ ਸਿੰਘ ਜੀ ਗਾਲਿਬ ਕਲਾਂ ਵਾਲੇ, ਸੰਤ ਬਾਬਾ ਨਾਨਕਸਰ ਵਾਲੇ ਤੇ ਸੰਤ ਬਾਬਾ ਲਖਵੀਰ ਸਿੰਘ ਜੀ ਲਖਮੀਪੁਰ ਵਾਲਿਆਂ ਨੇ ਵੀ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਬਾਬਾ ਅਜੀਤ ਸਿੰਘ ਨੇ ਗੁਰੂ ਨਾਨਕ ਪਾਤਸ਼ਾਹ ਵੱਲੋਂ ਦਿਖਾਏ ਰਾਹ 'ਤੇ ਚਲਦਿਆਂ ਮਨੁੱਖਤਾ ਦੀ ਸੇਵਾ ਕੀਤੀ ਤੇ ਲੋਕਾਂ ਨੂੰ ਹੱਕ ਸੱਚ ਦੇ ਰਸਤੇ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

## ਨੈਸ਼ਨਲ ਅਪਰੈਂਟਿਸਸ਼ਿਪ ਮੇਲਾ ਲਗਾਇਆ

**ਬਸੀ ਪਠਾਣਾਂ (ਪ੍ਰਮੋਦ ਭਾਰਦਵਾਜ)**-ਮੰਗਲਵਾਰ ਨੂੰ ਭਾਰਤ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਮਾਣਯੋਗ ਡਾਇਰੈਕਟਰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਹੁਕਮਾਂ ਅਨੁਸਾਰ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ, ਬਸੀ ਪਠਾਣਾ ਪ੍ਰਿੰਸੀਪਲ ਹਰਪ੍ਰੀਤ ਸਿੰਘ ਗਿੱਲ ਰਹਿਨੁਮਾਈ ਹੇਠ ਪ੍ਰਧਾਨ ਮੰਤਰੀ ਨੈਸ਼ਨਲ ਅਪਰੈਂਟਿਸਸ਼ਿਪ ਮੇਲਾ ਲਗਾਇਆ ਗਿਆ ਹੈ। ਜਿਸ ਵਿੱਚ ਸੰਸਥਾ ਦੀਆਂ ਚੱਲ ਰਹੀਆਂ ਵੱਖ-ਵੱਖ ਟਰੇਡਾਂ ਦੇ ਸਿਖਿਆਰਥੀਆਂ ਅਤੇ ਤਕਨੀਕੀ ਹੁਨਰ ਰੱਖਣ ਵਾਲੇ ਉਮੀਦਵਾਰਾਂ ਨੇ ਹਿੱਸਾ ਲਿਆ ਅਤੇ ਅਪਰੈਂਟਿਸਸ਼ਿਪ ਪੋਰਟਲ ਉੱਪਰ ਰਜਿਸਟਰ ਕਰਵਾਇਆ।

ਇਸ ਮੌਕੇ ਸ਼ਰਨਪ੍ਰੀਤ ਸਿੰਘ, ਟਰਨਰ ਇੰਸ: (ਪਲੇਸਮੈਂਟ ਇੰਚਾਰਜ) ਨੇ ਬੱਚਿਆਂ ਨੂੰ ਅਪਰੈਂਟਿਸਸ਼ਿਪ ਬਾਰੇ ਦੱਸਿਆ। ਇਸ ਤੋਂ ਇਲਾਵਾ ਭਾਰਤ ਸਰਕਾਰ ਦੇ ਨੁਮਾਇੰਦੇ ਬੀਨਾ ਰਾਜ ਅਤੇ ਹਰਸ਼ਰਨਦੀਪ ਸਿੰਘ (ਅਪਰੈਂਟਿਸਸ਼ਿਪ ਇੰਚਾਰਜ) ਅਤੇ ਸੰਸਥਾ ਦਾ ਸਟਾਫ ਮੌਜੂਦ ਸਨ।

## ਸ਼ਿਆਮ ਪਰਵਾਰ ਸੰਘ ਵੱਲੋਂ ਤੀਸਰਾ ਸ੍ਰੀ ਸ਼ਿਆਮ ਵੰਦਨਾ ਮਹਾਂਉਤਸਵ ਦਾ ਆਯੋਜਨ

**ਮੁੱਖ ਮੰਤਰੀ ਦੀ ਸੁਪਤਨੀ ਡਾਕਟਰ ਗੁਰਪ੍ਰੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ**



**ਨਾਭਾ (ਵਰਿੰਦਰ ਵਰਮਾ)**

ਸ਼ਿਆਮ ਪਰਿਵਾਰ ਸੰਘ ਵੱਲੋਂ ਤੀਸਰੇ ਸ੍ਰੀ ਸ਼ਿਆਮ ਵੰਦਨਾ ਮਹਾਉਤਸਵ ਦਾ ਨਾਭਾ ਦੇ ਰਿਪੁਦਮਨ ਕਾਲਜ ਸਟੇਡੀਅਮ ਵਿਖੇ ਆਯੋਜਨ ਕੀਤਾ ਗਿਆ। ਇਸ ਮੌਕੇ ਭਜਨ ਗਾਇਕ ਕਨ੍ਹਈਆ ਮਿੱਤਲ ਤੇ ਗਾਇਕਾ ਦੀਦੀ ਪੂਰਨਿਮਾ ਸਾਧਵੀ ਦੇ ਭਜਨਾਂ ਨੇ ਨਾਭਾ ਨਗਰੀ ਨੂੰ ਬਾਬਾ ਖਾਟੂ ਧਾਮ ਬਣਾ ਦਿੱਤਾ। ਉਨ੍ਹਾਂ ਦੇ ਭਜਨਾਂ ਨੇ ਸ਼ਾਮ ਬਾਬਾ ਦੇ ਸ਼ਰਧਾਲੂਆਂ ਨੂੰ ਨੱਚਣ ਲਈ ਮਜਬੂਰ ਕੀਤਾ। ਪ੍ਰੋਗਰਾਮ ਵਿੱਚ ਭਗਤਾਂ ਲਈ ਵੱਖ ਵੱਖ ਥਾਵਾਂ 'ਤੇ ਲੰਗਰ ਦਾ ਪ੍ਰਬੰਧ ਕੀਤਾ ਗਿਆ ਸੀ। ਸ਼ਹਿਰ ਨਾਭਾ ਤੇ ਪੰਡਾਲ ਨੂੰ ਵਿਸ਼ਾਲ ਸੁੰਦਰ ਭਵਨ ਅਤੇ ਬਹੁਤ ਹੀ ਸੁੰਦਰ ਲਾਈਟਾਂ ਨਾਲ ਸਜਾਇਆ ਗਿਆ, ਜੋ ਖਿੱਚ ਦਾ ਕੇਂਦਰ ਬਣੇ। ਇਸ ਸਮਾਗਮ ਦੇ ਮੁੱਖ ਮਹਿਮਾਨ ਪੰਜਾਬ ਦੇ ਮੁੱਖ ਮੰਤਰੀ ਦੀ ਸੁਪਤਨੀ ਡਾਕਟਰ ਗੁਰਪ੍ਰੀਤ ਕੌਰ ਮਾਨ ਸਨ ਤੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨਾਲ ਪੰਜਾਬ ਸਰਕਾਰ ਦੇ ਮੰਤਰੀ ਡਾਕਟਰ ਬਲਬੀਰ ਸਿੰਘ, ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਵਿਧਾਇਕ ਅਜੀਤ ਪਾਲ ਕੋਹਲੀ, ਵਿਧਾਇਕ ਭਰਾਜ ਕੌਰ, ਵਿਧਾਇਕ ਹਰਮੀਤ ਸਿੰਘ ਪਠਾਣ ਮਾਜਰਾ, ਵਿਧਾਇਕ ਗੁਰਲਾਲ ਸਿੰਘ ਘਨੌਰ, ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਜੱਸੀ ਸੋਹੀਆ ਵਾਲਾ, ਸਾਬਕਾ ਨਗਰ ਕੌਂਸਲ ਪ੍ਰਧਾਨ ਰਜਨੀਸ਼ ਮਿੱਤਲ ਸੈਂਟੀ, ਚਰਨ ਸਿੰਘ ਐੱਮ ਡੀ ਮਲਕੀਤ ਗਰੁੱਪ, ਜ਼ਿਲ੍ਹਾ ਪਟਿਆਲਾ ਵਪਾਰ ਮੰਡਲ ਪ੍ਰਧਾਨ ਅਜੇ ਜਿੰਦਲ, ਆਮ ਆਦਮੀ ਪਾਰਟੀ ਬਲਾਕ ਪ੍ਰਧਾਨ ਅਸ਼ੋਕ ਅਰੋੜਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ। ਉਨ੍ਹਾਂ ਸਾਂਝੇ ਤੌਰ 'ਤੇ ਸੰਸਥਾ ਵੱਲੋਂ ਕਰਵਾਏ ਗਏ ਧਾਰਮਿਕ ਸਮਾਗਮ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਧਾਰਮਿਕ ਸਮਾਗਮ ਜ਼ਰੂਰ ਕਰਵਾਉਣੇ ਚਾਹੀਦੇ ਹਨ।

ਇਸ ਮੌਕੇ ਸੰਸਥਾ ਦੇ ਮੁੱਖ ਸੇਵਾਦਾਰ ਸੁਮਿਤ ਗੋਇਲ ਸੈਂਟੀ, ਵਿਕਾਸ ਮਿੱਤਲ, ਅਸ਼ਵਨੀ ਸਚਦੇਵਾ ਤੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਤੇ ਆਈਆਂ ਹੋਈਆਂ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਡੀ ਐੱਸ ਪੀ ਦਵਿੰਦਰ ਅੱਤਰੀ, ਐੱਸ ਐੱਚ ਓ ਗੁਰਪ੍ਰੀਤ ਸਿੰਘ ਸਮਰਾਓਂ, ਸਮਾਜ ਸੇਵੀ ਦੀਪਕ ਨਾਗਪਾਲ, ਨਗਰ ਕੌਂਸਲ ਪ੍ਰਧਾਨ ਸੁਜਾਤਾ ਚਾਵਲਾ, ਓਮ ਪ੍ਰਕਾਸ ਗਰਗ, ਪ੍ਰਧਾਨ ਹਰਸ਼ ਬਲੱਡ ਡੋਨਰ ਸੁਸਾਇਟੀ ਭੁਵੇਸ਼ ਬਾਂਸਲ, ਕੌਂਸਲਰ ਗੌਤਮ ਬਾਤਿਸ਼, ਕੌਂਸਲਰ ਹਰਪ੍ਰੀਤ ਸਿੰਘ ਪ੍ਰੀਤ, ਬ੍ਰਹਮ ਕੁਮਾਰੀਆਂ ਤੋਂ ਦੀਦੀ ਜੀ, ਧੰਨਜੇ ਵਾਲੀਆ, ਵਿਨੇ ਗੁਪਤਾ, ਰਵਨੀਸ਼ ਗੋਇਲ ਤੋਂ ਇਲਾਵਾ ਵੱਡੀ ਗਿਣਤੀ 'ਚ ਸ਼ਰਧਾਲੂਆਂ ਤੇ ਸ਼ਖ਼ਸੀਅਤਾਂ ਨੇ ਹਾਜ਼ਰੀ ਲਗਵਾਈ।

## ਕੋਟਲੀ ਅਬਲੂ ਦੇ ਸਕੂਲ 'ਚ ਪ੍ਰਕਾਸ਼ ਪੁਰਬ ਨੂੰ ਸਮਰਪਤ ਭਾਸ਼ਣ ਕਰਾਇਆ

**ਗੁਰੂ ਨਾਨਕ ਦੇਵ ਜੀ ਦੀ ਸਿੱਖਿਆ ਤੋਂ ਅਜੋਕੇ ਦੌਰ ਲਈ ਰੌਸ਼ਨੀ ਲੈਣ ਦੀ ਲੋੜ : ਡਾ. ਦੇਵਿੰਦਰ ਸੈਫ਼ੀ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-"ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਨੂੰ ਅਜੋਕੇ ਦੌਰ ਵਿੱਚ ਵਿਹਾਰਕ ਤੌਰ 'ਤੇ ਸਮਝਣ ਤੇ ਜ਼ਿੰਦਗੀ ਵਿੱਚ ਉਤਾਰਨ ਦੀ ਜ਼ਰੂਰਤ ਹੈ।" ਇਹ ਵਿਚਾਰ ਪੇਸ਼ ਕਰਦਿਆਂ ਡਾ. ਦੇਵਿੰਦਰ ਸੈਫ਼ੀ ਨੇ ਕਿਹਾ ਕਿ ਸਾਡੇ ਮਹਾਂਪੁਰਸ਼ਾਂ ਦੀ ਉੱਚਾਈ ਨੂੰ ਬਰਕਰਾਰ ਰੱਖਣ ਲਈ ਸਾਨੂੰ ਨਿਰੰਤਰ ਖੁਦ ਨੂੰ ਉੱਚੇ ਉਠਾਉਣ ਦੀ ਜ਼ਰੂਰਤ ਹੈ। ਹਰ ਵੇਲੇ ਉਨ੍ਹਾਂ ਦੀ ਬਾਣੀ ਨੂੰ ਆਪਣੇ ਜੀਵਨ ਵਿੱਚ ਵਿਹਾਰਕ ਤੌਰ 'ਤੇ ਉਤਾਰਨ ਦੀ ਜ਼ਰੂਰਤ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਇਹ ਸਮਾਗਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟਲੀ ਅਬਲੂ (ਸ੍ਰੀ ਮੁਕਤਸਰ ਸਾਹਿਬ) ਵਿਖੇ ਕਰਵਾਇਆ ਗਿਆ। ਗੁਰੂ ਨਾਨਕ ਦੇਵ ਜੀ ਦੀ ਸਿੱਖਿਆ ਦੇ ਪ੍ਰਕਾਸ਼ ਵਿੱਚ ਸਾਡੇ ਫਰਜ਼ ਵਿਸ਼ੇ ਉੱਪਰ ਇਹ ਸਮਾਗਮ ਸਕੂਲ ਦੇ ਅਧਿਆਪਕਾਂ, ਵਿਦਿਆਰਥੀਆਂ, ਪਸਵਕ ਕਮੇਟੀ ਤੇ ਪੰਚਾਇਤ ਵੱਲੋਂ ਕਰਵਾਇਆ ਗਿਆ। ਸਕੂਲ ਮੁਖੀ ਜਗਦੀਸ਼ ਕੁਮਾਰ ਦੀ ਅਗਵਾਈ ਤੇ ਪੰਜਾਬੀ ਅਧਿਆਪਕ ਸ੍ਰ. ਗੁਰਦੀਪ ਸਿੰਘ ਤੇ ਸ੍ਰ. ਮਲਕੀਤ ਸਿੰਘ ਦੀ ਦੇਖ-ਰੇਖ ਵਿੱਚ ਕਰਵਾਏ ਗਏ ਇਸ ਸਮਾਗਮ ਵਿੱਚ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਗੁਰੂ ਨਾਨਕ ਸਾਹਿਬ ਦੀਆਂ ਸਿੱਖਿਆਵਾਂ ਬਾਰੇ ਆਪੋ ਆਪਣੀਆਂ ਪੇਸ਼ਕਾਰੀਆਂ ਕੀਤੀਆਂ।

ਮੁੱਖ ਮਹਿਮਾਨ ਉੱਘੇ ਸ਼ਾਇਰ, ਆਲੋਚਕ ਤੇ ਚਿੰਤਕ ਡਾ. ਦੇਵਿੰਦਰ ਸੈਫ਼ੀ ਨੇ ਸ਼ਿਰਕਤ ਕੀਤੀ। "ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਨੂੰ ਅਜੋਕੇ ਦੌਰ ਵਿੱਚ ਵਿਹਾਰਕ ਤੌਰ 'ਤੇ ਸਮਝਣ ਤੇ ਜ਼ਿੰਦਗੀ ਵਿੱਚ ਉਤਾਰਨ ਦੀ ਜ਼ਰੂਰਤ ਹੈ।" ਇਹ ਵਿਚਾਰ ਪੇਸ਼ ਕਰਦਿਆਂ ਡਾ. ਦੇਵਿੰਦਰ ਸੈਫ਼ੀ ਨੇ ਕਿਹਾ ਕਿ ਸਾਡੇ ਮਹਾਂਪੁਰਸ਼ਾਂ ਦੀ ਉੱਚਾਈ ਨੂੰ ਬਰਕਰਾਰ ਰੱਖਣ ਲਈ ਸਾਨੂੰ ਨਿਰੰਤਰ ਖੁਦ ਨੂੰ ਉੱਚੇ ਉਠਾਉਣ ਦੀ ਜ਼ਰੂਰਤ ਹੈ। ਹਰ ਵੇਲੇ ਉਨ੍ਹਾਂ ਦੀ ਬਾਣੀ ਨੂੰ ਆਪਣੇ ਜੀਵਨ ਵਿੱਚ ਵਿਹਾਰਕ ਤੌਰ 'ਤੇ ਉਤਾਰਨ ਦੀ ਜ਼ਰੂਰਤ ਹੈ। ਉਨ੍ਹਾਂ ਵਿਦਿਆਰਥੀਆਂ ਦੇ ਪੱਧਰ ਅਨੁਸਾਰ ਰੋਚਕ ਤਰੀਕੇ ਨਾਲ ਚਾਨਣਾ ਪਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਨ ਨੂੰ ਸੰਭਾਲਣ ਲਈ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ। ਉਚੇਚੇ ਤੌਰ 'ਤੇ ਪਹੁੰਚੇ ਹਰਮਨਜੋਤ ਸਿੰਘ ਨੇ ਗੁਰੂ ਮਹਿਮਾ ਤੇ ਵਾਤਾਵਰਨ ਨੂੰ ਸਮਰਪਤ ਖੂਬਸੂਰਤ ਗੀਤ ਪੇਸ਼ ਕੀਤੇ। ਵਿਦਿਆਰਥੀਆਂ ਵੱਲੋਂ ਗੀਤ, ਕਵਿਤਾਵਾਂ ਤੇ ਕੋਰਿਓਗ੍ਰਾਫੀ ਪੇਸ਼ ਕੀਤੀ ਗਈ। ਇਸ ਮੌਕੇ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ, ਪੰਚ ਤੇ ਮਾਪੇ ਵੀ ਹਾਜ਼ਰ ਸਨ। ਮੰਚ ਸੰਚਾਲਕ ਦੀ ਭੂਮਿਕਾ ਰਣਬੀਰ ਸਿੰਘ ਨੇ ਬਾਖ਼ੂਬੀ ਨਿਭਾਈ।

29-Nov-PAGE-8.qxd 11/28/2023 10:40 PM Page 1



# ਸਦੀਆਂ ਬਾਅਦ ਪੈਦਾ ਹੁੰਦਾ ਹੈ ਸਵ: ਬਲਵੰਤ ਸਿੰਘ ਖੇੜਾ ਵਰਗਾ ਲੋਕ ਹਿਤੈਸ਼ੀ ਆਗੂ

**ਮਾਹਿਲਪੁਰ (ਸਫਰੀ)**

ਬੀਤੇ ਦਿਨੀਂ ਹੁਸ਼ਿਆਰਪੁਰ ਦੇ ਮੰਨੇ ਪ੍ਰਮੰਨੇ ਸਮਾਜਵਾਦੀ ਆਗੂ ਬਲਵੰਤ ਸਿੰਘ ਖੇੜਾ ਦੇ ਸਦੀਵੀ ਵਿਛੋੜੇ ਨਾਲ ਸੂਬੇ ਤੇ ਦੇਸ਼ ਪੱਧਰ ਦੀ ਸਿਆਸਤ ਵਿੱਚ ਬਹੁਤ ਵੱਡਾ ਖਲਾਅ ਪੈਦਾ ਹੋ ਗਿਆ ਜੋ ਰਾਜਨੀਤੀ ਦੇ ਵਪਾਰੀਕਰਨ ਵਾਲੇ ਅਜੋਕੇ ਯੁੱਗ ਕਦੇ ਵੀ ਕਿਸੇ ਹਾਲ ਪੂਰਾ ਨਹੀਂ ਹੋ ਸਕੇਗਾ। ਜਦੋਂ ਕਿ ਅਜਿਹੇ ਸੰਕਟ ਭਰੇ ਸਮੇਂ 'ਚੋਂ ਦੇਸ਼ ਨੂੰ ਸੁਰੱਖਿਅਤ ਕੱਢਣ ਲਈ ਉਨ੍ਹਾਂ ਦੀ ਦੇਸ਼ ਤੇ ਸੂਬੇ ਨੂੰ ਬਹੁਤ ਜ਼ਿਆਦਾ ਜਰੂਰਤ ਸੀ। ਮਹਾਨ ਰਾਸ਼ਟਰੀ ਨੇਤਾ ਜੈ ਪ੍ਰਕਾਸ਼ ਨਰਾਇਣ ਤੇ ਰਾਮ ਮਨੋਹਰ ਲੋਹੀਆ ਦੀ ਸ਼ਖ਼ਸੀਅਤ ਤੇ ਸੁਚੱਜੇ ਵਿਚਾਰਾਂ ਤੋਂ ਪ੍ਰਭਾਵਿਤ ਹੋ ਕੇ ਉਨਾਂ ਸਿਆਸਤ ਦੇ ਖੇਤਰ ਵਿੱਚ ਪੈਰ ਧਰਿਆ ਤੇ ਆਖਰੀ ਸਵਾਸਾਂ ਤੱਕ ਦੇਸ਼ ਤੇ ਸੂਬੇ ਦੀ ਭਲਾਈ ਲਈ ਸਰਗਰਮ ਭੂਮਿਕਾ ਨਿਭਾਉਂਦੇ ਰਹੇ। ਉਨਾਂ ਨੂੰ ਲਾਲਾ ਲਾਜਪਤ ਰਾਏ ਵਲੋਂ ਬਣਾਈ ਸੁਸਾਇਟੀ ਦਾ ਮੈਂਬਰ ਹੋਣ ਦਾ ਵੀ ਮਾਣ ਪ੍ਰਾਪਤ ਸੀ ਤੇ ਉਨ੍ਹਾਂ ਖੁਦ ਜ਼ਿਲ੍ਹੇ ਤੋਂ ਲੈ ਕੇ ਸੂਬੇ ਤੇ ਦੇਸ਼ ਪੱਧਰ ਤੇ ਅਨੇਕਾਂ ਸਮਾਜ ਸੇਵੀ ਸੰਸਥਾਵਾਂ ਨੂੰ ਸੰਗਠਿਤ ਕਰਨ ਤੇ ਸੰਚਾਲਿਤ ਕਰਨ ਲਈ ਵਡਮੁੱਲਾ ਯੋਗਦਾਨ ਪਾਇਆ। ਉਨ੍ਹਾਂ ਮਾਲਟਾ ਕਾਂਡ ਵਰਗੇ ਅੰਤਰਰਾਸ਼ਟਰੀ ਪੱਧਰ ਦੇ ਗੰਭੀਰ ਤੇ ਗਮਗੀਨ ਮੁੱਦੇ 'ਤੇ ਦਿਨ ਰਾਤ ਸਖਤ ਮਿਹਨਤ ਕਰਕੇ ਪੀੜ੍ਹਤ ਪਰਵਾਰਾਂ ਨੂੰ ਇਨਸਾਫ ਦਿਵਾਉਣ ਇਟਲੀ ਦੀ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ। ਉਨ੍ਹਾਂ ਜਿਸ ਕੰਮ ਨੂੰ ਵੀ ਹੱਥ ਪਾਇਆ ਉਸ ਨੂੰ ਸਫਲਤਾਪੂਰਵਕ ਸੰਪੂਰਨ ਕੀਤਾ ਕਦੇ ਅਧੂਰਾ ਨਹੀਂ ਛੱਡਿਆ। ਉਹ ਅੰਤਲੇ ਸਵਾਸਾਂ ਤੱਕ ਆਪਣੇ ਅਸੂਲਾਂ 'ਤੇ ਕਾਇਮ ਰਹੇ। ਕੁੱਝ ਦਿਨ ਪਹਿਲਾਂ ਹੀ ਉਨ੍ਹਾਂ ਨੇ ਆਪਣੀ ਹੱਥ ਲਿਖਤ ਕਿਤਾਬ "ਸਮਿਆਂ ਦੇ ਸਨਮੁੱਖ" ਲੋਕਾਂ ਨੂੰ ਅਰਪਿਤ ਕੀਤੀ ਸੀ। ਉਨ੍ਹਾਂ ਨੇ ਲੋਕਾਂ ਨਾਲ ਧੋਖਾ ਕਰਨ ਵਾਲੇ ਮੌਕਾਪ੍ਰਸਤ ਤੇ ਮਕਾਰ ਸਿਆਸੀ ਆਗੂਆਂ ਦਾ ਅਸਲ ਚਿਹਰਾ ਨੰਗਾ ਕਰਨ ਲਈ ਸੱਤਾਧਾਰੀਆਂ ਨੂੰ ਕਚਹਿਰੀਆਂ ਵਿੱਚ ਘੜੀਸਿਆ ਤੇ ਜਿੱਤ ਪ੍ਰਾਪਤ ਕੀਤੀ। ਜ਼ਿੰਦਗੀ ਦੇ ਅੰਤਲੇ ਦਿਨਾਂ ਵਿੱਚ ਵੀ ਉਹ ਫਿਰਕਾਪ੍ਰਸਤ ਤਾਕਤਾਂ ਨੂੰ ਸਬਕ ਸਿਖਾਉਣ ਤੇ ਦੇਸ਼ ਨੂੰ ਬਚਾਉਣ ਲਈ ਸੁਪਰੀਮ ਕੋਰਟ ਤੱਕ ਪਹੁੰਚ ਕਰ ਰਹੇ ਸਨ। ਕਦੇ ਇਹ ਸੋਚਿਆ ਵੀ ਨਹੀਂ ਜਾ ਸਕਦਾ ਸੀ ਹਰ ਵਕਤ ਲੋਕਾਂ ਦੇ ਦੁੱਖਾਂ ਦਰਦਾਂ ਬੁਝਾਂ ਦਾ ਭਾਰ ਵੰਡਾਉਣ ਵਾਲਾ ਫਰਿਸ਼ਤਾ ਏਨੀ ਛੇਤੀ ਸਾਥ ਛੱਡ ਜਾਵੇਗਾ। ਉਨ੍ਹਾਂ ਦੀ ਮੌਤ ਨਾਲ ਦੇਸ਼ ਭਰ ਦੇ ਇਮਾਨਦਾਰ ਤੇ ਸੂਝਵਾਨ ਲੋਕ ਪੱਖੀ ਆਗੂਆਂ ਵਿੱਚ ਸੋਗ ਦੀ ਲਹਿਰ ਹੈ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ 4 ਦਸੰਬਰ ਦਿਨ ਸੋਮਵਾਰ ਨੂੰ ਗੁਰਦੁਆਰਾ ਮਿੱਠਾ ਟਿਵਾਣਾ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਹੋ ਰਹੇ ਹਨ। ਉਨ੍ਹਾਂ ਦੇ ਸਦੀਵੀ ਵਿਛੋੜੇ ਤੇ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਸੰਤ ਦਰਸ਼ਨ ਸਿੰਘ ,ਗੀਤਕਾਰ ਗੁਰਮਿੰਦਰ ਕੈਂਡੋਵਾਲ,ਪਰਵਿੰਦਰ ਸਿੰਘ ਕਿੱਤਣਾਂ, ਬਲਵਿੰਦਰ ਕੁਮਾਰ ਸਰਪੰਚ, ਐਡਵੋਕੇਟ ਰਣਜੀਤ ਸਿੰਘ ਕਲਸੀ,ਅਮਨਦੀਪ ਸਿੰਘ ਸਰਪੰਚ,ਲੇਖਕ ਪ੍ਰੀਤ ਨੀਤਪੁਰੀ,ਸੁਖਦੇਵ ਸਿੰਘ ਸੰਘਾ,ਅਵਤਾਰ ਲੰਗੇਰੀ, ਮਲਕੀਤ ਸਿੰਘ,ਜਗਤਾਰ ਬਾਹੋਵਾਲ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਤੇ ਪਰਵਾਰ ਨਾਲ ਦਿਲੋਂ ਹਮਦਰਦੀ ਪ੍ਰਗਟ ਕੀਤੀ।



# ਪੇਂਡੂ ਹਾਕੀ ਲੀਗ 'ਚ ਸਰੀਂਹ ਦੀ ਟੀਮ ਜੇਤੂ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਰੂਰਲ ਹਾਕੀ ਡਿਵੈੱਲਪਮੈਂਟ ਸੁਸਾਇਟੀ ਵਲੋਂ 9ਵੀਂ ਕੈਪੀਟਲ ਸਮਾਲ ਫਾਇਨਾਂਸ ਪੇਂਡੂ ਹਾਕੀ ਲੀਗ ਦੇ ਸਬੰਧ 'ਚ ਟੂਰਨਾਮੈਂਟ ਦਾ ਫਾਈਨਲ ਮੈਚ ਪਿੰਡ ਸਮਰਾਏ ਜੰਡਿਆਲਾ ਦੀ ਹਾਕੀ ਗਰਾਊਂਡ ਵਿੱਚ ਕਰਵਾਇਆ ਗਿਆ।

ਇਸ ਟੂਰਨਾਮੈਂਟ ਦਾ ਰਸਮੀ ਉਦਘਾਟਨ ਐਮ ਐਲ ਏ ਪਰਗਟ ਸਿੰਘ ਸਾਬਕਾ ਕੈਬਨਟ ਮੰਤਰੀ ਮੁੱਖ ਮਹਿਮਾਨ, ਮੋਹਤਬਰ ਤੇ ਸੁਸਾਇਟੀ ਦੇ ਆਹੁਦੇਦਾਰਾਂ ਨੇ ਸਾਂਝੇ ਤੌਰ 'ਤੇ ਰਿਬਨ ਕੱਟ ਕੇ ਤੇ ਖੇਡਾਂ ਦਾ ਝੰਡਾ ਲਹਿਰਾ ਕੇ ਕੀਤਾ ਮੁੱਖ ਮਹਿਮਾਨ ਨੇ ਖਿਡਾਰੀਆਂ ਨਾਲ ਜਾਣ ਪਹਿਚਾਣ ਕੀਤੀ, ਉਪਰੰਤ ਮੈਚ ਸ਼ੁਰੂ ਕਰਵਾਏ ਗਏ। ਓਲਡ ਅਤੇ ਗੋਲਡ ਦਾ ਮੈਚ ਵੇਖਣ ਯੋਗ ਸੀ। ਸੁਸਾਇਟੀ ਵਲੋਂ ਮੁੱਖ ਮਹਿਮਾਨ ਨੇ ਮੈਨ ਆਫ ਦੀ ਮੈਚ ਨੂੰ ਕੈਪੀਟਲ ਸਮਾਲ ਫਾਇਨਾਂਸ ਬੈਂਕ ਵਲੋਂ ਨਿੱਕਰ ਤੇ ਜਰਸੀ ਦਿੱਤੀ। ਇਸ ਹਾਕੀ ਲੀਗ ਦੇ ਵਿਚ ਅੰਡਰ 17 ਅਤੇ ਅੰਡਰੇ 14 ਪਿੰਡ ਸਰੀਂਹ ਦੀ ਟੀਮ ਜੇਤੂ ਰਹੀ ਤੇ ਪਿੰਡ ਲਸਾੜਾ ਦੀ ਟੀਮ ਦੂਜੇ ਨੰਬਰ 'ਤੇ ਰਹੀ। ਲੜਕੀਆਂ ਦਾ ਮੈਚ ਕਰਵਾਇਆ ਗਿਆ। ਇਸ ਮੌਕੇ ਕੈਪੀਟਲ ਸਮਾਲ ਫਾਈਨੈਂਸ ਬੈਂਕ ਵੱਲੋਂ ਪਿੰਡ ਸਮਰਾਏ ਜੰਡਿਆਲਾ ਵਿਖੇ ਇੱਕ ਹਾਕੀ ਅਕੈਡਮੀ ਬਣਾਉਣ ਦਾ ਐਲਾਨ ਕੀਤਾ ਗਿਆ।

# ਪਿਪਸੋਨੀਅਨਜ਼ ਨੇ ਫੈਪ ਐਵਾਰਡਾਂ 'ਚ ਆਪਣੀ ਕਾਬਲੀਅਤ ਨੂੰ ਕੀਤਾ ਸਾਬਤ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਸ੍ਰੀ ਚਮਕੌਰ ਸਾਹਿਬ ਨੂੰ ਡਾਕਟਰ ਜਗਜੀਤ ਸਿੰਘ ਧੂਰੀ ਦੀ ਅਗਵਾਈ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਆਯੋਜਿਤ ਫੈਪ ਨੈਸ਼ਨਲ ਅਵਾਰਡ 2023 ਵਿੱਚ ਆਪਣੀਆਂ ਖੇਡ ਪ੍ਰਾਪਤੀਆਂ ਲਈ ਚਾਰ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਮੈਡਮ ਸ਼ਿੰਦਰਪਾਲ ਕੌਰ ਅਟਵਾਲ ਨੇ ਦੱਸਿਆ ਕਿ ਫੈਪ ਅਵਾਰਡ ਜੋ ਕਿ ਡਾਕਟਰ ਜਗਜੀਤ ਸਿੰਘ ਧੂਰੀ ਦੀ ਯੋਗ ਅਗਵਾਈ ਹੇਠ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਗਿਆ ਵਿੱਚ ਸ੍ਰੀਮਤੀ ਕਿਰਨ ਬੇਦੀ ਆਈ ਪੀ ਐੱਸ , ਸ੍ਰੀਮਤੀ ਸੋਨਲ ਗੋਇਲ ਆਈ ਏ ਐੱਸ ਅਤੇ ਮੈਡਮ ਨੇਹਾ ਤਨਵਰ ਸਾਬਕਾ ਭਾਰਤੀ ਮਹਿਲਾ ਅੰਤਰਰਾਸ਼ਟਰੀ ਕ੍ਰਿਕਟਰ ਖਿਡਾਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੱਸਿਆ ਕਿ ਇਸ ਅਵਾਰਡ ਦੌਰਾਨ ਵੱਖ- ਵੱਖ ਖੇਤਰਾਂ ਵਿੱਚ ਆਪਣੀਆਂ ਸਰਵ ਸ੍ਰੇਸ਼ਟ ਪ੍ਰਾਪਤੀਆਂ ਲਈ ਸਕੂਲਾਂ ,ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਅਵਾਰਡ ਦੌਰਾਨ ਪਿਪਸੋਨੀਅਨਜ ਨੂੰ ਖੇਡ ਸ੍ਰੈਣੀ ਵਿੱਚ ਚਾਰ ਸ਼ਾਨਦਾਰ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ, ਜਿਸ ਵਿੱਚ ਪਿਪਸ ਨੂੰ ਸਕੂਲ ਸਪੋਰਟ ਅਚੀਵਮੈਂਟ ਅਵਾਰਡ, ਸ੍ਰੀਮਤੀ ਅਨੁਰਾਧਾ ਧੀਮਾਨ ਨੂੰ ਖੇਡ ਪ੍ਰਾਪਤੀ ਲਈ ਸਰਵੋਤਮ ਪ੍ਰਿੰਸੀਪਲ ਅਵਾਰਡ, ਨਿਰਮਲਜੀਤ ਸਿੰਘ ਨੂੰ ਸਰਵੋਤਮ ਕੋਚ ਅਵਾਰਡ ਅਤੇ ਗੁਰਵੀਰ ਸਿੰਘ ਨੂੰ ਬੈਸਟ ਸਟੂਡੈਂਟ ਸਪੋਰਟਸ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਉਪਰੋਕਤ ਸ਼ਾਨਦਾਰ ਪ੍ਰਾਪਤੀਆਂ ਲਈ ਸਕੂਲ ਦੇ ਪ੍ਰਧਾਨ ਗੁਰਦੇਵ ਸਿੰਘ ਅਟਵਾਲ , ਮੈਨੇਜਿੰਗ ਡਾਇਰੈਕਟਰ ਮੈਡਮ ਸ਼ਿੰਦਰਪਾਲ ਕੌਰ ਅਟਵਾਲ, ਪ੍ਰਬੰਧਕ ਸੁਰਜੀਤ ਸਿੰਘ , ਪ੍ਰਿੰਸੀਪਲ ਮੈਡਮ ਅਨੁਰਾਧਾ ਧੀਮਾਨ, ਮੈਨੇਜਰ ਮੈਡਮ ਪ੍ਰੀਤਪਾਲ ਕੌਰ ਅਟਵਾਲ ਅਤੇ ਵਾਈਸ ਪ੍ਰਿੰਸੀਪਲ ਮੈਡਮ ਮਨਦੀਪ ਕੌਰ ਮਾਹਲ ਨੇ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

# ਦਿਆਲਪੁਰ 'ਚ ਨਗਰ ਕੀਰਤਨ ਸਜਾਇਆ



**ਕਰਤਾਰਪੁਰ (ਹਰਮੇਸ਼ ਦੱਤ )** ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸੰਬੰਧ ਵਿੱਚ ਪਿੰਡ ਦਿਆਲਪੁਰ ਵਿਖੇ ਗੁਰਦੁਆਰਾ ਸ੍ਰੀ ਪੱਡਿਆ ਵਾਲਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਨਗਰ ਕੀਰਤਨ ਆਰੰਭ ਹੋਇਆ, ਜਿਸ ਵਿੱਚ ਕੀਰਤਨੀ ਜੱਥਿਆਂ ਅਤੇ ਛੋਟੇ ਬੱਚਿਆਂ ਨੇ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਬੈਂਡ ਵਾਜਿਆਂ ਨਾਲ ਪੂਰੇ ਪਿੰਡ ਦੀ ਪਰਿਕਰਮਾ ਕਰਦਾ ਹੋਇਆ ਵਾਪਿਸ ਗੁਰੂਦੁਆਰਾ ਸਾਹਿਬ ਪੱਡਿਆਂ ਵਾਲਾ ਵਿਖੇ ਪਹੁੰਚਿਆ। ਸਮੂਹ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਫੁੱਲਾਂ ਦੀ ਵਰਖਾ ਦੇ ਨਾਲ ਸਵਾਗਤ ਕੀਤਾ ਤੇ ਗੁਰੂਦੁਆਰਾ ਸਾਹਿਬ ਵਿੱਚ ਸੰਗਤਾਂ ਨੂੰ ਅਤੁੱਟ ਲੰਗਰ ਛਕਾਇਆ।

# ਸਰਬ ਨੌਜਵਾਨ ਸਭਾ ਵੱਲੋਂ ਪ੍ਰਾਜੈਕਟਾਂ 'ਤੇ ਸਹਿਮਤੀ

**ਫਗਵਾੜਾ (ਜਸਵਿੰਦਰ ਢੱਡਾ )**- ਸਰਬ ਨੌਜਵਨ ਸਭਾ ਰਜਿ ਫਗਵਾੜਾ ਦੀ ਮੀਟਿੰਗ ਪ੍ਰਧਾਨ ਸੁਖਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਭਾ ਵੱਲੋਂ ਆਉਣ ਵਾਲੇ ਪ੍ਰਾਜੈਕਟਾਂ 'ਚ ਕ੍ਰਿਕਟ ਟੂਰਨਾਮੈਂਟ ਕਰਾਉਣ, 29 ਨਵੰਬਰ ਨੂੰ ਨਹਿਰੂ ਯੁਵਾ ਕੇਂਦਰ ਕਪੂਰਥਲਾ ਵੱਲੋਂ ਪਾਣੀ ਬਚਾਓ ਅਤੇ ਨਸ਼ਾ ਵਿਰੋਧੀ ਪ੍ਰੋਗਰਾਮ ਕਰਵਾਉਣ ਅਤੇ 6 ਦਸੰਬਰ ਨੂੰ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦਾ ਪ੍ਰੀ ਨਿਰਮਾਣ ਦਿਵਸ ਮਨਾਉਣ ਬਾਰੇ ਹਾਜਰ ਮੈਂਬਰਾਂ ਨੇ ਸਹਿਮਤੀ ਪ੍ਰਗਟਾਈ। ਮੀਟਿੰਗ ਵਿੱਚ ਪ੍ਰਧਾਨ ਸੁਖਵਿੰਦਰ ਸਿੰਘ, ਜਨਰਲ ਸਕੱਤਰ ਡਾਕਟਰ ਵਿਜੇ ਕੁਮਾਰ, ਜਗਜੀਤ ਸੇਠ, ਅਸ਼ੋਕ ਸ਼ਰਮਾ, ਅਨੂਪ ਦੁੱਗਲ, ਰਾਜ ਕੁਮਾਰ ਬਸਰਾ, ਮੈਡਮ ਪੂਜਾ ਸੈਣੀ, ਮੈਡਮ ਤੰਨੂ, ਮੈਡਮ ਰਮਨ ਦੀਪ ਕੌਰ, ਸਾਹਿਬਜੀਤ ਸਿੰਘ ਸਾਬੀ, ਮਨਦੀਪ ਸਿੰਘ ਬਾਸੀ, ਰਾਜ ਕੁਮਾਰ ਰਾਜਾ ਆਦਿ ਹਾਜਰ ਹੋਏ। ਮੀਟਿੰਗ ਵਿੱਚ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਸਵਰਨ ਸਵੀਟ ਵੱਲੋਂ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਦੀਆਂ ਸਿੱਖਿਆਰਥਣਾਂ ਤੇ ਮੈਂਬਰਾਂ ਨੂੰ ਲੱਡੂ ਅਤੇ ਵੇਰਕਾ ਦੀਆਂ ਕੁਲਫੀਆਂ ਵੀ ਵੰਡੀਆਂ ਗਈਆਂ।

# ਯੂਨਾਇਟਡ ਸਿੱਖ ਮਿਸ਼ਨ ਅਮਰੀਕਾ ਵੱਲੋਂ ਅੱਖਾਂ ਦਾ ਮੁਫਤ ਆਪਰੇਸ਼ਨ ਕੈਂਪ

**ਸ਼ਾਹਕੋਟ (ਗਿਆਨ ਸੈਦਪੁਰੀ)**

ਮੰਗਲਵਾਰ ਨੂੰ ਗੁਰਦਵਾਰਾ ਸੈਦਰਾਨਾ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਬਿੱਲੀ ਬੜੈਚ ਵਿਖੇ ਐਨ. ਆਰ. ਆਈ. ਪਰਵਾਰਾਂ ਅਤੇ ਅਮਰੀਕਾ ਦੀ ਸਮਾਜ ਸੇਵੀ ਸੰਸਥਾ ਯੁਨਾਇਟਡ ਸਿੱਖ ਮਿਸ਼ਨ ਦੇ ਸਹਿਯੋਗ ਨਾਲ ਬਾਬਾ ਗੁਰਮੇਜ ਸਿੰਘ ਦੀ ਦੇਖ ਰੇਖ ਵਿੱਚ ਅੱਖਾਂ ਦਾ ਮੁਫਤ ਆਪਰੇਸ਼ਨ ਕੈਂਪ ਲਗਾਇਆ ਗਿਆ। ਇਸ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਵੱਲੋਂ ਸੀਨੀਅਰ ਕਾਂਗਰਸੀ ਆਗੂ ਅਜਮੇਰ ਸਿੰਘ ਖਾਲਸਾ ਨੇ ਕੈਂਪ ਦਾ ਉਦਘਾਟਨ ਕੀਤਾ। ਖਾਲਸਾ ਨੇ ਉਦਘਾਟਨ ਕਰਨ ਉਪਰੰਤ ਸੰਬੋਧਨ ਕਰਦਿਆਂ ਕਿਹਾ ਕਿ ਐਨ. ਆਰ. ਆਈ. ਪਰਵਾਰਾਂ ਵੱਲੋ ਪੰਜਾਬ ਦੀ ਤਰੱਕੀ ਲਈ ਹਰ ਵੇਲੇ ਸੰਭਵ ਮਦਦ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜਿੱਥੇ ਬਿੱਲੀ ਬੜੈਚ ਦੇ ਐਨ. ਆਰ. ਆਈ. ਪਰਵਾਰਾਂ ਵੱਲੋਂ ਅੱਖਾਂ ਦਾ ਕੈਂਪ ਲਗਾਇਆ ਗਿਆ ਉੱਥੇ ਹੋਰ ਵੀ ਬਹੁਤ ਸਾਰੇ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ। ਕੈਂਪ ਦੌਰਾਨ ਹਰਬੰਸ ਸਿੰਘ ਵੜੈਚ ਯੂ.ਐਸ.ਏ., ਮਲਕੀਤ ਸਿੰਘ ਵੜੈਚ ਯੂ. ਐਸ. ਏ., ਮੇਜਰ ਸਿੰਘ ਵੜੈਚ ਯੂ.ਐਸ.ਏ, ਲਹਿੰਬਰ ਸਿੰਘ ਵੜੈਚ, ਦਰਸ਼ਨ ਸਿੰਘ ਵੜੈਚ ਯੂ. ਐਸ.ਏ ਅਤੇ ਬਲਵਿੰਦਰ ਸਿੰਘ ਵੜੈਚ ਯੂ.ਐਸ.ਏ. ਦਾ ਵਿਸ਼ੇਸ਼ ਸਹਿਯੋਗ ਰਿਹਾ। ਕੈਂਪ ਦੌਰਾਨ ਅੱਖਾਂ ਦੀ ਚੈੱਕਅੱਪ ਅਤੇ ਆਪਰੇਸ਼ਨ ਅਰੋੜਾ ਅੱਖਾਂ ਦਾ ਹਸਪਤਾਲ ਜਲੰਧਰ ਦੇ ਮਾਹਿਰ ਡਾ. ਅਮਨਦੀਪ ਸਿੰਘ ਅਰੋੜਾ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਕੀਤੇ ਜਾਣਗੇ। ਇਸ ਮੌਕੇ ਹੋਰਨਾਂ ਤੋ ਇਲਾਵਾ ਭਗਵਾਨ ਵਾਲਮੀਕਿ ਅਧਿਕਾਰ ਸੁਰੱਖਿਆ ਸੈਨਾ ਪੰਜਾਬ ਦੇ ਚੇਅਰਮੈਨ ਜੋਗਿੰਦਰ ਸਿੰਘ ਬਿੱਲੀ ਬੜੈਚ, ਅਮਨਪ੍ਰੀਤ ਸਿੰਘ, ਜੋਗਿੰਦਰ ਕੌਰ ਸਰਪੰਚ ਬਿੱਲੀ ਬੜੈਚ, ਅਮਰਜੀਤ ਸਿੰਘ, ਸਰਬਜੀਤ ਸਿੰਘ, ਸੁਖਦੀਪ ਸਿੰਘ ਕੰਗ ਪੀ.ਏ ਲਾਡੀ ਸ਼ੇਰੋਵਾਲੀਆ, ਜੋਗਿੰਦਰ ਸਿੰਘ, ਬਲਦੇਵ ਸਿੰਘ, ਬੰਟੀ ਬੱਠਲਾ, ਦੀਪੂ ਸੈਦਪੁਰੀ ਆਦਿ ਮੌਜੂਦ ਸਨ।


ਅੱਖਾਂ ਦੇ ਕੈਂਪ ਦਾ ਉਦਘਾਟਨ ਕਰਦੇ ਹੋਏ ਅਜਮੇਰ ਸਿੰਘ ਖਾਲਸਾ, ਬਾਬਾ ਗੁਰਮੇਜ ਸਿੰਘ ਤੇ ਹੋਰ।

# ਵਿਸ਼ਵਕਰਮਾ ਸਭਾ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਮੋਰਿੰਡਾ (ਜੈਜੀ ਸਰਦਾਰ)** ਸ੍ਰੀ ਵਿਸ਼ਵਕਰਮਾ ਸਭਾ ਮੋਰਿੰਡਾ ਵੱਲੋਂ ਵਿਸ਼ਵਕਰਮਾ ਭਵਨ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਨਾਲ ਮਨਾਇਆ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿਚ ਸ਼ਹਿਰ ਵਾਸੀ ਸ਼ਾਮਲ ਹੋਏ। ਸਮੂਹ ਸੰਗਤ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਨਾਮ ਦਾ ਜਾਪ ਕੀਤਾ ਗਿਆ। ਅਮਰੀਕ ਸਿੰਘ ਤੇ ਹੋਰਨਾਂ ਬੁਲਾਰਿਆਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਮਾਰਗ ਕਿਰਤ ਕਰੋ, ਨਾਮ ਜਪੋ, ਵੰਡ ਛਕੋ ਅਤੇ ਸੱਚਾਈ ਦੇ ਮਾਰਗ 'ਤੇ ਚੱਲਣ ਲਈ ਸੰਗਤਾਂ ਨੂੰ ਬੇਨਤੀ ਕੀਤੀ । ਸਮੋਸੇ, ਕੇਲੇ ਅਤੇ ਚਾਹ ਦਾ ਲੰਗਰ ਅਤੁੱਟ ਵਰਤਿਆ। ਸਭਾ ਦੇ ਪ੍ਰਧਾਨ ਹਰਮੀਤ ਸਿੰਘ ਸਲ੍ਹ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਨਗਰ ਕੌਂਸਲ ਮੋਰਿੰਡਾ ਦੇ ਉਪ ਪ੍ਰਧਾਨ ਅੰਮ੍ਰਿਤਪਾਲ ਸਿੰਘ ਖੱਟੜਾ, ਸੰਗਤ ਸਿੰਘ ਭਾਮੀਆ, ਵਿਨੇ ਕੁਮਾਰ, ਡਾਕਟਰ ਸਤੀਸ਼ ਕੁਮਾਰ ਮਹਿਤਾ, ਅਨਿਲ ਗੁਪਤਾ, ਮਾਸਟਰ ਸੁਖਵਿੰਦਰ ਸਿੰਘ, ਹਰਬੰਸ ਸਿੰਘ ਸਮਾਣਾ, ਸੁਖਵਿੰਦਰ ਸਿੰਘ, ਬਿਕਰਮ ਬਹਾਦਰ ਰੂਪਰਾਏ, ਸਤਨਾਮ ਸਿੰਘ ਪਾਪੂਲਰ, ਕੁਲਬੀਰ ਸਿੰਘ ਸੋਨੂ, ਅਮਰ ਸਿੰਘ ਲੋਟੇ , ਪਾਲ ਸਿੰਘ, ਸਾਬਕਾ ਵਾਈਸ ਪ੍ਰਧਾਨ ਨਗਰ ਕੌਂਸਲ ਰਜਿੰਦਰ ਸਿੰਘ, ਜਗਜੀਤ ਸਿੰਘ ਰੀਹਲ, ਚਰਨਜੀਤ ਸਿੰਘ ਰੀਹਲ, ਕਿਰਪਾਲ ਸਿੰਘ ਰੀਹਲ, ਸਰਬਜੀਤ ਸਿੰਘ ਧਨੌਰੀ, ਗੁਰਵਿੰਦਰ ਸਿੰਘ, ਬਲਤੇਜ ਸਿੰਘ ਅਰਨੌਲੀ, ਤੇਜਿੰਦਰ ਸਿੰਘ ਕਲਸੀ, ਸ਼ਿਆਮ ਸਿੰਘ, ਮਾਸਟਰ ਸੁਖਵਿੰਦਰ ਸਿੰਘ, ਬਲਦੇਵ ਸਿੰਘ ਸੱਲ੍ਹ, ਪਰਮਜੀਤ ਸਿੰਘ, ਗੁਰਨਾਮ ਸਿੰਘ ਰੀਹਲ, ਗੁਰਮੀਤ ਸਿੰਘ ਏ ਐਸ, ਗੁਰਚਰਨ ਸਿੰਘ, ਸਤਵਿੰਦਰ ਸਿੰਘ, ਹਰਪਾਲ ਕੌਰ, ਅਮਨਜੋਤ ਕੌਰ, ਚਰਨ ਸਿੰਘ ਰੂਪਰਾਏ, ਹਰਜਿੰਦਰ ਸਿੰਘ ਅਤੇ ਹੋਰ ਸ਼ਹਿਰ ਨਿਵਾਸੀ ਸ਼ਾਮਿਲ ਸਨ।

# ਯਾਦਗਾਰੀ ਹੋ ਨਿੱਬੜਿਆ ਸਮਾਰਟ ਸਕੂਲ ਬੀਰਮਪੁਰ ਦਾ ਸਾਲਾਨਾ ਇਨਾਮ ਵੰਡ ਸਮਾਰੋਹ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਇਲਾਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬੀਰਮਪੁਰ ਵਿੱਚ ਸਾਲਾਨਾ ਇਨਾਮ ਵੰਡ ਸਮਾਰੋਹ ਸਕੂਲ ਮੁਖੀ ਸੁਖਵਿੰਦਰ ਕੁਮਾਰ ਦੀ ਅਗਵਾਈ ਹੇਠ ਕਰਵਾਇਆ ਗਿਆ । ਇਸ ਸਮਾਗਮ ਵਿੱਚ ਮੁੱਖ ਮਹਿਮਾਨ ਹਲਕਾ ਵਿਧਾਇਕ ਆਮ ਆਦਮੀ ਪਾਰਟੀ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਅਤੇ ਉੱਘੇ ਉਦਯੋਗਪਤੀ ਸਮਾਜ ਸੇਵੀ ਹਰਦੇਵ ਸਿੰਘ ਕਾਹਮਾ ਵਿਸ਼ੇਸ ਤੌਰ 'ਤੇ ਪਹੁੰਚੇ। ਇਸ ਮੌਕੇ ਐਨ ਆਰ ਆਈ ਇਕਬਾਲ ਸਿੰਘ ਖਾਨਖਾਨਾ, ਆਈ ਏ ਐਸ ਯੋਗਰਾਜ ਸਿੰਘ, ਐਨ ਆਰ ਆਈ ਰਾਜਵਿੰਦਰ ਸਿੰਘ ਲਾਡੀ ਬਾਜਵਾ, ਕੈਪਟਨ ਸਗਲੀ ਰਾਮ, ਕੈਪਟਨ ਗਿਆਨ ਸਿੰਘ ਕੌਲ, ਅਵਤਾਰ ਰਾਣਾ, ਪੰਡਿਤ ਗਗਨਦੀਪ, ਡਾਕਟਰ ਕੁਲਵਰਨ, ਡਾਕਟਰ ਕਸ਼ਮੀਰ ਲਾਲ, ਅਵਤਾਰ ਰਾਣਾ, ਅਜੇ ਰਾਣਾ, ਸ਼ਕਤੀ ਕੁਮਾਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਸਕੂਲ ਮੁਖੀ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਹਰਦੇਵ ਸਿੰਘ ਕਾਹਮਾ, ਐਨ ਆਰ ਆਈ ਵੀਰਾਂ ਅਤੇ ਪਿੰਡ ਵਾਸੀਆਂ ਦਾ ਸਹਿਯੋਗ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬੀਰਮਪੁਰ ਨੂੰ ਨਿਰੰਤਰ ਮਿਲ ਰਿਹਾ ਹੈ। ਸਕੂਲ ਦੇ ਵਿਦਿਆਰਥੀ ਪੜ੍ਹਾਈ, ਖੇਡਾਂ ਅਤੇ ਵੱਖ ਵੱਖ ਗਤੀਵਿਧੀਆਂ ਵਿੱਚ ਮੱਲਾਂ ਮਾਰ ਰਹੇ ਹਨ। ਉਨ੍ਹਾਂ ਦੱਸਿਆ ਸਕੂਲ ਦੇ ਵਿਦਿਆਰਥੀ ਕੁਇਜ਼ ਮੁਕਾਬਲੇ, ਸਾਇੰਸ, ਮੈਥ, ਅੰਗਰੇਜ਼ੀ ਅਤੇ ਹੋਰ ਵਿਸ਼ਿਆਂ ਦੀਆਂ ਗਤੀਵਿਧੀਆਂ ਵਿੱਚ ਬਲਾਕ ਪੱਧਰ ਅਤੇ ਜ਼ਿਲ੍ਹਾ ਪੱਧਰ 'ਤੇ ਸਕੂਲ ਦਾ, ਪਿੰਡ ਬੀਰਮਪੁਰ ਦਾ ਨਾਂ ਸੁਨਹਿਰੀ ਅੱਖਰਾਂ ਵਿੱਚ ਲਿਖ ਰਹੇ ਹਨ।

ਵਿਦਿਆਰਥੀਆਂ ਦੇ ਨਾਲ ਨਾਲ ਸਕੂਲ ਅਧਿਆਪਕ ਵੀ ਬਲਾਕ ਪੱਧਰੀ, ਜ਼ਿਲ੍ਹਾ ਪੱਧਰ 'ਤੇ ਪਹਿਲੀਆਂ ਪੁਜੀਸ਼ਨਾਂ ਹਾਸਲ ਕਰ ਰਹੇ ਹਨ ਅਤੇ ਵਿਦਿਆਰਥੀਆਂ ਨੂੰ ਪੂਰੀ ਮਿਹਨਤ ਨਾਲ ਪੜ੍ਹਾਈ ਕਰਵਾ ਰਹੇ ਹਨ। ਪਿੰਡ ਵਾਸੀਆਂ, ਸਮਾਗਮ ਦੌਰਾਨ ਐਨ ਆਰ ਆਈਜ਼, ਸਟਾਫ ਮੈਂਬਰਾਂ ਨੇ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਅਤੇ ਹਰਦੇਵ ਸਿੰਘ ਕਾਹਮਾ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ। ਜੈ ਕ੍ਰਿਸ਼ਨ ਸਿੰਘ ਰੌੜੀ ਨੇ ਸਕੂਲ ਨੂੰ ਦਸ ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਵਾਅਦਾ ਕੀਤਾ। ਸਮਾਗਮ ਦੌਰਾਨ ਸਟੇਜ ਸੈਕਟਰੀ ਦੀ ਭੂਮਿਕਾ ਮਾਸਟਰ ਜਸਪਾਲ ਸਿੰਘ ਸ਼ੌਂਕੀ ਅਤੇ ਕੁਮਾਰੀ ਨੀਤੂ ਰਣਦੇਵ ਨੇ ਬਾਖ਼ੂਬੀ ਨਿਭਾਈ। ਜਸਵੀਰ ਬੇਗਮਪੁਰੀ ਨੇ ਸਾਹਿਤ ਸੰਬੰਧੀ ਅਤੇ ਤਰਕਸ਼ੀਲ ਸੁਸਾਇਟੀ ਵਲੋਂ ਵਿਦਿਆਰਥੀਆਂ ਚੇਤਨਾ ਪੈਦਾ ਕਰਨ ਸਬੰਧੀ ਕਿਤਾਬਾਂ ਦਾ ਮੇਲਾ ਲਗਾਇਆ ਗਿਆ। ਵੱਖ ਵੱਖ ਖੇਤਰਾਂ ਵਿੱਚ ਕੰਮ ਕਰ ਰਹੀਆਂ ਸ਼ਖ਼ਸੀਅਤਾਂ ਵਿੱਚ ਸੁਰੇਸ਼ ਕੁਮਾਰ, ਸਤਪਾਲ ਸਲੋਹ, ਜਸਵੀਰ ਸਿੰਘ ਬੇਗਮਪੁਰੀ, ਸੁੱਚਾ ਪੀ ਟੀ ਆਈ, ਸੁੱਚਾ ਸਿੰਘ ਡੀ ਪੀ ਈ ਰਾਮਪੁਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਸਮਾਗਮ ਵਿੱਚ ਵਿਦਿਆਰਥੀਆਂ ਦੁਆਰਾ ਕੋਰਿਓਗ੍ਰਾਫੀ, ਕਵਿਤਾ ਉਚਾਰਣ, ਸ਼ਬਦ, ਗੀਤ, ਭੰਗੜਾ, ਨਾਟਕ, ਸਕਿੱਟ, ਗਿੱਧਾ ਪੇਸ਼ ਕੀਤੇ ਗਏ। ਸੁਖਵਿੰਦਰ ਸਿੰਘ ਸਮੇਤ ਸਮੂਹ ਸਟਾਫ ਵਲੋਂ ਸਮੁੱਚੇ ਆਏ ਮਹਿਮਾਨਾਂ, ਪਿੰਡ ਵਾਸੀ, ਐਨ ਆਰ ਆਈਜ਼, ਪਿੰਡ ਦੀ ਪੰਚਾਇਤ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ।



# ਮੈਡੀਕਲ ਕਾਲਜ 'ਚ ਸਰੀਰ ਕਿਰਿਆ ਵਿਗਿਆਨ 'ਤੇ ਕਾਨਫਰੰਸ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**-ਡਾ. ਬੀ ਆਰ ਅੰਬੇਦਕਰ ਸਟੇਟ ਇੰਸਟੀਚਿਊਟ ਆਫ ਮੈਡੀਕਲ ਸਾਇੰਸਜ਼ ਦੇ ਸਰੀਰ ਕਿਰਿਆ ਵਿਗਿਆਨ ਵਿਭਾਗ ਵੱਲੋਂ ਡਾਇਰੈਕਟਰ ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਦੀ ਅਗਵਾਈ ਹੇਠ 'ਐਕਸਰਸਾਈਜ਼ ਫਿਜ਼ੀਓਲੋਜੀ ਇਨ ਹੈਲਥ ਐਂਡ ਸਿਕਨੈਸ' ਵਿਸ਼ੇ 'ਤੇ ਇਕ ਦਿਨਾ ਕਾਨਫਰੰਸ ਕਰਵਾਈ ਗਈ। ਕਾਨਫਰੰਸ ਚ ਮੁੱਖ ਮਹਿਮਾਨ ਵਜੋਂ ਪੁੱਜੇ ਡਾ. ਅਵਨੀਸ਼ ਕੁਮਾਰ, ਡਾਇਰੈਕਟਰ ਮੈਡੀਕਲ ਸਿੱਖਿਆ ਅਤੇ ਖੋਜ, ਪੰਜਾਬ, ਨੇ ਆਪਣੇ ਸੰਬੋਧਨ ਵਿੱਚ ਸਰੀਰਕ ਗਤੀਵਿਧੀ ਅਤੇ ਕਸਰਤ ਦੇ ਇੱਕ ਵਿਅਕਤੀ ਦੀ ਸਮੁੱਚੀ ਸਿਹਤ ਅਤੇ ਤੰਦਰੁਸਤੀ 'ਤੇ ਪੈਂਦੇ ਪ੍ਰਭਾਵ ਬਾਰੇ ਚਾਨਣਾ ਪਾਇਆ। ਡਾ. ਸੁਚੇਤ ਤ੍ਰਿਗੋਤਰਾ, ਪ੍ਰੋਫੈਸਰ ਅਤੇ ਮੁਖੀ, ਸਰੀਰ ਕਿਰਿਆ ਵਿਗਿਆਨ ਵਿਭਾਗ ਨੇ ਕਿਹਾ ਕਿ ਇਸ ਕਾਨਫਰੰਸ ਦਾ ਮੁੱਖ ਉਦੇਸ਼ ਸਿਹਤ ਅਤੇ ਤੰਦਰੁਸਤੀ ਲਈ ਨਿਯਮਤ ਸਰੀਰਕ ਗਤੀਵਿਧੀਆਂ ਅਤੇ ਕਸਰਤ ਨੂੰ ਉਤਸ਼ਾਹਿਤ ਕਰਨਾ ਸੀ। ਕਾਨਫਰੰਸ ਵਿੱਚ ਪੰਜਾਬ, ਗੁਜਰਾਤ, ਰਾਜਸਥਾਨ, ਜੰਮੂ ਅਤੇ ਹਿਮਾਚਲ ਪ੍ਰਦੇਸ ਦੀਆਂ ਵੱਖ-ਵੱਖ ਸੰਸਥਾਵਾਂ ਤੋਂ 115 ਤੋਂ ਵੱਧ ਡੈਲੀਗੇਟਾਂ ਨੇ ਸ਼ਿਰਕਤ ਕੀਤੀ ਅਤੇ ਮਾਹਿਰਾਂ ਅਤੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਵੱਲੋਂ 12 ਵਿਗਿਆਨਕ ਪੇਪਰ ਪੇਸ਼ ਕੀਤੇ ਗਏ।

# ਸੰਵਿਧਾਨ ਦਿਵਸ ਨੂੰ ਸਮਰਪਤ ਪੋਸਟਰ ਤੇ ਸਲੋਗਨ ਮੁਕਾਬਲੇ



**ਖਰੜ/ ਐਸ ਏ ਐਸ ਨਗਰ, (ਗੁਰਜੀਤ ਬਿੱਲਾ)**- ਸਰਕਾਰੀ ਬਹੁਤਕਨੀਕੀ ਕਾਲਜ ਖੂਨੀਮਾਜਰਾ ਵੱਲੋਂ ਪ੍ਰਿੰਸੀਪਲ ਰਾਜੀਵ ਪੁਰੀ ਦੀ ਅਗਵਾਈ ਵਿਚ ਸੰਵਿਧਾਨ ਦਿਵਸ ਨੂੰ ਸਮਰਪਤ ਸੈਮੀਨਾਰ, ਪੋਸਟਰ ਅਤੇ ਸਲੋਗਨ ਮੁਕਾਬਲੇ ਕਰਵਾਏ ਗਏ। ਇਨ੍ਹਾਂ ਪ੍ਰੋਗਰਾਮਾਂ ਦਾ ਪ੍ਰਬੰਧ ਕਾਲਜ ਦੇ ਵੋਟਰ ਸਾਖਰਤਾ ਕਲੱਬ ਅਤੇ ਰਾਸ਼ਟਰੀ ਸੇਵਾ ਯੋਜਨਾ ਵਿੰਗ ਵੱਲੋਂ ਕੀਤਾ ਗਿਆ। ਪ੍ਰਿੰਸੀਪਲ ਰਾਜੀਵ ਪੁਰੀ ਨੇ ਭਾਰਤੀ ਸੰਵਿਧਾਨ ਦੀ ਵਿਸ਼ਾਲਤਾ, ਧਰਮ ਨਿਰਪੱਖਤਾ ਅਤੇ ਨਾਗਰਿਕਾਂ ਦੇ ਮੌਲਿਕ ਅਧਿਕਾਰਾਂ ਅਤੇ ਕਰਤੱਵਾਂ ਉਪਰ ਚਾਨਣਾ ਪਾਇਆ। ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ. ਗੁਰਬਖਸ਼ੀਸ਼ ਸਿੰਘ ਅਨਟਾਲ ਨੇ ਭਾਰਤੀ ਸੰਵਿਧਾਨ ਦੇ ਸਰੋਤਾਂ, ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਦੇ ਮੁੱਖ ਸ਼ਬਦਾਂ ਦੀ ਵਿਆਖਿਆ ਕਰਦੇ ਹੋਏ ਸੰਵਿਧਾਨ ਦੇ ਨਿਰਮਾਣ ਵਿਚ ਅਹਿਮ ਭੂਮਿਕਾ ਨਿਭਾਉਣ ਵਾਲੀਆਂ ਸ਼ਖ਼ਸੀਅਤਾਂ ਤੋਂ ਜਾਣੂ ਕਰਵਾਇਆ। ਰਾਸ਼ਟਰੀ ਸੇਵਾ ਯੋਜਨਾ ਦੇ ਪ੍ਰੋਗਰਾਮ ਅਫਸਰ ਡਾ. ਰਵਿੰਦਰ ਕੁਮਾਰ ਨੇ ਦੱਸਿਆ ਕਿ ਅੰਤਰ ਵਿਭਾਗ ਪੋਸਟਰ ਅਤੇ ਸਲੋਗਨ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਅਵੰਤਿਕਾ ਸਿਵਲ ਇੰਜੀਨੀਅਰਿੰਗ ਵਿਭਾਗ ਨੇ ਪਹਿਲਾ ਕਰਮਵੀਰ ਸਿੰਘ ਇਲੈਕਟ੍ਰੀਕਲ ਵਿਭਾਗ ਨੇ ਦੂਸਰਾ ਅਤੇ ਸੁਮਨ ਕੁਮਾਰੀ ਨੇ ਤੀਜਾ ਸਥਾਨ ਹਾਸਲ ਕੀਤਾ। ਸਲੋਗਨ ਮੁਕਾਬਲੇ ਵਿਚ ਰਵਨੀਤ ਕੌਰ ਮੈਡੀਕਲ ਲੈਬ ਟੈਕਨਾਲੋਜੀ ਨੇ ਪਹਿਲਾ, ਗੁਰਪ੍ਰੀਤ ਸਿਵਲ ਅਤੇ ਵੰਸ਼ਿਕਾ ਕੰਪਿਊਟਰ ਵਿਭਾਗ ਨੇ ਦੂਸਰਾ ਅਤੇ ਪਰਨੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਮੈਡਮ ਪ੍ਰਵੀਨ ਕੌਰ, ਗੁਰਮੇਲ ਸਿੰਘ ਮੁਖੀ ਇਲੈਕਟ੍ਰਾਨਿਕਸ ਅਤੇ ਪ੍ਰਭਜੀਤ ਸਿੰਘ ਅਫਸਰ ਇੰਚਾਰਜ ਨੇ ਵਿਸ਼ੇਸ਼ ਰੂਪ ਵਿੱਚ ਹਾਜ਼ਰੀ ਲਵਾਈ।

# 'ਦ ਨੋਬੇਲ ਸਕੂਲ' 'ਚ ਪ੍ਰਕਾਸ਼ ਪੁਰਬ ਮਨਾਇਆ



**ਕਰਤਾਰਪੁਰ (ਹਰਮੇਸ਼ ਦੱਤ )** "ਦ ਨੋਬੇਲ ਸਕੂਲ" ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਸ਼ ਬੜੀ ਹੀ ਧੂਮਧਾਮ ਨਾਲ ਮਨਾਇਆ ਗਿਆ। ਇਸ ਸ਼ੁੱਭ ਦਿਹਾੜੇ ਸੰਬੰਧੀ ਸਕੂਲ ਵਿਚ ਇਕ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਸਕੂਲ ਦੇ ਵਿਦਿਆਰਥੀਆਂ ਨੇ ਸ਼ਬਦ ਗਾਇਨ ਅਤੇ ਕਵਿਤਾ ਉਚਾਰਨ ਕੀਤੀਆਂ ਅਤੇ ਗੁਰਪੁਰਬ ਦੇ ਮਹੱਤਵ ਉੱਪਰ ਰੋਸ਼ਨੀ ਪਾਉਂਦੇ ਹੋਏ ਸਾਰੇ ਵਿਦਿਆਰਥੀਆਂ ਨੂੰ ਭਾਈਚਾਰੇ ਦਾ ਸੰਦੇਸ਼ ਦਿੱਤਾ। ਸਕੂਲ ਦੇ ਚੇਅਰਮੈਨ ਪ੍ਰੋ. ਸੀ. ਐਲ.ਕੋਛੜ, ਸਕੂਲ ਦੇ ਮੈਨੇਜਿੰਗ ਡਾਇਰੈਕਟਰ ਕੁਮਾਰ ਸ਼ਿਵ ਕੋਛੜ, ਸਕੂਲ ਦੇ ਪ੍ਰਿੰਸੀਪਲ ਸੰਗੀਤ ਕੁਮਾਰ, ਸਮੂਹ ਅਧਿਆਪਕ ਅਤੇ ਵਿਦਿਆਰਥੀ ਮੌਜੂਦ ਸਨ। ਚੇਅਰਮੈਨ ਨੇ ਸਾਰੇ ਵਿਦਿਆਰਥੀਆਂ ਨੂੰ ਗੁਰੂਆਂ ਦੇ ਸਿਧਾਂਤਾਂ ਅਤੇ ਸਿੱਖਿਆਵਾਂ ਉੱਤੇ ਚੱਲਣ ਦਾ ਸੰਦੇਸ਼ ਦਿੱਤਾ ਅਤੇ ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ ਦੀਆਂ ਭਾਵਨਾਵਾਂ ਨੂੰ ਜੀਵਨ ਵਿੱਚ ਅਪਨਾਉਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਸਕੂਲ ਦੇ ਪ੍ਰਿੰਸੀਪਲ ਨੇ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਉੱਪਰ ਚਾਨਣਾ ਪਾਉਂਦੇ ਹੋਏ ਕਿਹਾ ਕਿ ਮਹਾਂਪੁਰਸ਼ਾਂ ਅਤੇ ਮਹਾਨਾਇਕਾਂ ਦੀਆਂ ਕੁਰਬਾਨੀਆਂ ਤੋਂ ਹੀ ਦੇਸ਼ ਦੀ ਹੋਂਦ ਹੈ। ਪ੍ਰੋਗਰਾਮ ਦੇ ਸਮਾਪਤ ਹੋਣ 'ਤੇ ਬੱਚਿਆਂ ਨੂੰ ਕੜਾਹ ਪ੍ਰਸ਼ਾਦ ਦੀ ਦੇਗ ਵੀ ਵਰਤਾਈ ਗਈ।

# ਸਰਕਾਰ ਖੁਦ ਕਰਵਾ ਰਹੀ ਨਜਾਇਜ਼ ਮਾਇਨਿੰਗ : ਸੁਰੇਸ਼ ਭਾਟੀਆ

**ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ)**- ਬੀਤੀ ਸਰਕਾਰ ਦੇ ਸਮੇਂ 'ਤੇ ਮਾਇਨਿੰਗ ਮਾਮਲੇ 'ਚ ਧਰਨੇ ਲਗਾ ਕੇ ਤੇ ਰੌਲਾ ਪਾ ਕੇ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਖੁਦ ਹੀ ਨਜ਼ਾਇਜ਼ ਮਾਇਨਿੰਗ ਕਰਵਾ ਰਹੀ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਬੀ.ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸੁਰੇਸ਼ ਭਾਟੀਆ ਨੇ ਪੰਜਾਬ ਦੀ ਆਪ ਸਰਕਾਰ ਨੂੰ ਗੈਰ ਕਾਨੂੰਨੀ ਮਾਇਨਿੰਗ ਦੇ ਮਾਮਲੇ ਚ ਘੇਰਦਿਆਂ ਤਿੱਖੇ ਵਾਰ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਅਕਾਲੀ ਦਲ ਦੇ ਵੱਡੇ ਆਗੂ ਵਲੋਂ ਜੋ ਖੁਲਾਸੇ ਕੀਤੇ ਸਨ ਉਹ ਇਸ ਸਰਕਾਰ ਲਈ ਸ਼ਰਮ ਦੀ ਗੱਲ ਹੈ। ਕਿਉਂਕਿ ਈ.ਡੀ. ਵਲੋਂ ਜ਼ਬਤ ਕੀਤੀ ਜ਼ਮੀਨ 'ਤੇ ਮਾਇਨਿੰਗ ਹੋਣਾ ਆਪ ਸਰਕਾਰ ਦੀ ਹੀ ਮਿਲੀਭੁਗਤ ਦਾ ਨਤੀਜਾ ਹੈ । ਜਿਸ ਲਈ ਇਨ੍ਹਾਂ ਦੇ ਇਕ ਮੰਤਰੀ ਅਤੇ ਉਸ ਦੇ ਰਿਸ਼ੇਤਦਾਰਾਂ 'ਤੇ ਲੱਗ ਰਹੇ ਆਰੋਪ ਇਨ੍ਹਾਂ ਦੇ ਕਾਲੇ ਕਾਰਨਾਮਿਆਂ ਦਾ ਕੱਚਾ ਚਿੱਠਾ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਵਲੋਂ ਜੋ ਗੈਰ ਕਾਨੂੰਨੀ ਮਾਇਨਿੰਗ ਕਰਵਾ ਕੇ ਖੇਤਰ ਦੇ ਪਹਾੜਾਂ, ਦਰਿਆਵਾ ਅਤੇ ਵਾਤਾਵਰਣ ਦਾ ਘਾਣ ਕੀਤਾ ਜਾ ਰਿਹਾ ਹੈ, ਇਸ ਮਾਮਲੇ ਚ ਭਾਰਤੀ ਜਨਤਾ ਪਾਰਟੀ ਦੀ ਸਮੁੱਚੀ ਟੀਮ ਚੁੱਪ ਨਹੀਂ ਬੈਠੇਗੀ। ਅਗਾਮੀ ਸਮੇਂ 'ਚ ਸਾਡੇ ਵਰਕਰ ਪਿੰਡ ਪਿੰਡ ਤੇ ਘਰ ਘਰ ਜਾ ਕੇ ਇਨ੍ਹਾਂ ਦੇ ਕਾਲੇ ਕਾਰਨਾਮਿਆਂ ਦਾ ਰਿਪੋਰਟ ਕਾਰਡ ਲੋਕਾਂ ਸਹਮਣੇ ਪੇਸ਼ ਕਰਨਗੇ ਤੇ ਇਨ੍ਹਾਂ ਦਾ ਪੰਜਾਬ ਚੋਂ ਸੁਪੜਾ ਸਾਫ ਕੀਤਾ ਜਾਵੇਗਾ।

# ਬਜਵਾੜਾ ਕਲਾਂ 'ਚ ਪ੍ਰਕਾਸ਼ ਪੁਰਬ ਮੌਕੇ ਗੁਰਮਤਿ ਸਮਾਗਮ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬਜਵਾੜਾ ਕਲਾਂ ਵਿਖੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਛਾਉਣੀ ਨਿਹੰਗ ਸਿੰਘਾਂ ਹੁਸ਼ਿਆਰਪੁਰ ਤੋਂ ਊਨਾ ਜੀ ਟੀ ਰੋਡ 'ਤੇ ਸਮੂਹ ਸਾਧ ਸੰਗਤ ਅਤੇ ਇਲਾਕੇ ਦੇ ਸਹਿਯੋਗ ਨਾਲ ਜਥੇਬੰਦੀ ਵੱਲੋਂ ਜਗਤ ਗੁਰੂ, ਨਿਰੰਕਾਰੀ ਜੋਤ, ਪਾਤਸ਼ਾਹੀ ਪਹਿਲੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 554 ਵੇਂ ਪ੍ਰਕਾਸ਼ ਪੁਰਬ ਮੌਕੇ ਮਹਾਨ ਗੁਰਮਤਿ ਸਮਾਗਮ 27 ਨਵੰਬਰ ਨੂੰ ਜਥੇਬੰਦੀ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਮੁਖੀ ਸਾਹਿਬਜ਼ਾਦਾ ਫਤਿਹ ਸਿੰਘ ਜੀ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਬਾਬਾ ਰਾਜਵੀਰ ਸਿੰਘ ਹੁਸ਼ਿਆਰਪੁਰ ਨੇ ਦੱਸਿਆ ਕਿ ਸਮਾਗਮ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ ਅਤੇ ਸੇਵਾਦਾਰਾ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ। ਪ੍ਰਬੰਧਕਾਂ ਦੱਸਿਆ ਕਿ 27 ਨਵੰਬਰ ਨੂੰ ਸ੍ਰੀ ਅਖੰਡ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਭਾਈ ਜਸਵਿੰਦਰ ਸਿੰਘ ਹੈਡ ਗ੍ਰੰਥੀ ਬਜਵਾੜਾ ਕਲਾਂ, ਭਾਈ ਜਤਿੰਦਰ ਸਿੰਘ ਪਿੱਪਲੀ ਸਾਹਿਬ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ, ਬੀਬੀ ਸਿਮਰਨਜੀਤ ਕੌਰ, ਭਾਈ ਬਲਜੋਤ ਸਿੰਘ ਕਵੀਸ਼ਰ ਜਥਾ ਚੱਬੇਵਾਲ, ਭਾਈ ਸਿਮਰਨਜੀਤ ਸਿੰਘ ਬਜਵਾੜਾ ਕਲਾਂ, ਭਾਈ ਸਿਮਰਨਜੀਤ ਸਿੰਘ ਕਵੀਸ਼ਰੀ ਜਥਾ ਚੱਬੇਵਾਲ ਆਦਿ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਪ੍ਰਕਾਸ਼ ਪੁਰਬ ਮੌਕੇ ਬਲਾਕ ਵਿਖੇ ਅੱਖਾਂ ਦਾ ਜਾਂਚ ਕੈਂਪ ਲਗਵਾਇਆ

**ਕੁਰਾਲੀ (ਮੋਹਨ ਅਗਰਵਾਲ )**-ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਦੇ ਸ਼ੁੱਭ ਦਿਹਾੜੇ 'ਤੇ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਨਗਰ ਕੌਂਸਲ ਕੁਰਾਲੀ ਦੇ ਪ੍ਰਧਾਨ ਰਣਜੀਤ ਸਿੰਘ ਜੀਤੀ ਪਡਿਆਲਾ ਵੱਲੋਂ ਆਪਣੇ ਸਮੂਹ ਸਾਥੀ ਵਰਕਰਾਂ ਅਤੇ ਅਹੁਦੇਦਾਰਾਂ ਨਾਲ ਮਿਲਕੇ ਰੋਟਰੀ ਕਲੱਬ ਕੁਰਾਲੀ ਦੇ ਵਿਸ਼ੇਸ਼ ਸਹਿਯੋਗ ਨਾਲ ਗੁਰਦੁਆਰਾ ਗੜ੍ਹੀ ਭੋਰਖਾ ਸਾਹਿਬ, ਬਲਾਕ ਮਾਜਰੀ (ਮੋਹਾਲੀ) ਵਿਖੇ ਫਰੀ ਅੱਖਾਂ ਦਾ ਚੈਕਅੱਪ ਕੈਂਪ ਲਗਾਇਆ ਗਿਆ । ਇਸ ਦੌਰਾਨ ਅੱਖਾਂ ਦੇ ਮਾਹਿਰ ਡਾ. ਸਿਧਾਰਥ ਦੁੱਗਲ ਵੱਲੋਂ ਕੈਂਪ ਵਿੱਚ ਆਏ ਕੁੱਲ 120 ਮਰੀਜਾਂ ਦਾ ਚੈਕਅੱਪ ਕੀਤਾ ਗਿਆ । ਇਸ ਕੈਂਪ ਦਾ ਉਦਘਾਟਨ ਭਾਈ ਹਰਜੀਤ ਸਿੰਘ ਹਰਮਨ ਪ੍ਰਧਾਨ ਤੇ ਮੁੱਖ ਸੇਵਾਦਾਰ ਗੁਰਦੁਆਰਾ ਗੜ੍ਹੀ ਭੋਰਖਾ ਸਾਹਿਬ, ਸੁਖਦੇਵ ਸਿੰਘ ਸੁੱਖਾ ਕੰਸਾਲਾ ਅਤੇ ਨਗਰ ਕੌਂਸਲ ਕੁਰਾਲੀ ਦੇ ਸਾਬਕਾ ਪ੍ਰਧਾਨ ਅਤੇ ਕੌਂਸਲਰ ਜਸਵਿੰਦਰ ਸਿੰਘ ਗੋਲਡੀ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਰਣਜੀਤ ਸਿੰਘ ਜੀਤੀ ਪਡਿਆਲਾ ਅਤੇ ਰੋਟਰੀ ਕਲੱਬ ਦੇ ਪ੍ਰਧਾਨ ਲਖਵੀਰ ਸਿੰਘ ਲੱਕੀ ਕਲਸੀ ਨੇ ਦੱਸਿਆ ਕਿ ਇਹ ਅੱਖਾਂ ਦੀ ਮੁਫ਼ਤ ਜਾਂਚ ਤੇ ਆਪ੍ਰੇਸ਼ਨ ਦਾ ਕੈਂਪ ਰੋਟਰੀ ਕਲੱਬ ਕੁਰਾਲੀ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਇਆ ਗਿਆ ਹੈ । ਇਸ ਕੈਂਪ 'ਚ ਲਗਪਗ 120 ਮਰੀਜ਼ਾਂ ਦੀ ਜਾਂਚ ਕੀਤੀ ਗਈ ਤੇ ਕੈਂਪ ਵਿੱਚ ਆਏ ਮਰੀਜਾਂ ਦੀ ਜਾਂਚ ਤੋਂ ਬਾਅਦ ਜਿਨ੍ਹਾਂ ਮਰੀਜਾਂ ਨੂੰ ਡਾ. ਸਿਧਾਰਥ ਦੁੱਗਲ ਵੱਲੋਂ ਆਪ੍ਰੇਸ਼ਨ ਕਰਵਾਉਣ ਦੀ ਸਲਾਹ ਦਿੱਤੀ ਗਈ ਹੈ ਪ੍ਰਬੰਧਕਾਂ ਵੱਲੋਂ ਉਨ੍ਹਾਂ ਮਰੀਜਾਂ ਦੇ ਡਾਕਟਰ ਦੀ ਸਲਾਹ ਨਾਲ ਜਲਦ ਹੀ ਬਿਲਕੁਲ ਮੁਫਤ ਆਪ੍ਰੇਸ਼ਨ ਕਰਵਾਏ ਜਾਣਗੇ ਅਤੇ ਮਰੀਜਾਂ ਨੂੰ ਉਨ੍ਹਾਂ ਦੇ ਘਰ ਤੋਂ ਲੈ ਕੇ ਆਉਣ ਤੇ ਜਾਣ ਲਈ ਪ੍ਰਬੰਧਕਾਂ ਵੱਲੋਂ ਪੀ ਆਰ ਬੀ ਐਨ ਡੀ ਐਚ ਕੀਤੇ ਜਾਣਗੇ । ਸਾਰੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਅਤੇ ਨਜ਼ਰ ਦੀਆਂ ਐਨਕਾਂ ਵੀ ਦਿੱਤੀਆਂ ਗਈਆਂ । ਗੁਰੂ ਘਰ ਦੇ ਸੈਕਟਰੀ ਰਵਿੰਦਰ ਸਿੰਘ ਵਜੀਦਪੁਰ ਨੇ ਜੀਤੀ ਦੇ ਗਰੁੱਪ ਦਾ ਇਸ ਕਾਰਜ ਬਦਲੇ ਧੰਨਵਾਦ ਕੀਤਾ। ਇਸ ਮੌਕੇ ਰਮਾਂਕਾਤ ਕਾਲੀਆ, ਗੁਰਮੀਤ ਸਿੰਘ ਸਾਂਟੂ, ਰਾਣਾ ਕੁਸ਼ਲਪਾਲ, ਸਰਪੰਚ ਮਦਨ ਸਿੰਘ ਮਾਣਕਪੁਰ, ਨਿਰਮਲ ਸਿੰਘ ਬੂਥਗੜ੍ਹ, ਸਰਪੰਚ ਸੁੱਖਾ ਸ਼ੇਖ਼ਪੁਰਾ, ਸਰਪੰਚ ਮਨਮੋਹਨ ਸਿੰਘ ਬੜੌਦੀ, ਨਰਦੇਵ ਸਿੰਘ ਭੂਪ ਨਗਰ, ਫਕੀਰ ਮੁਹੰਮਦ, ਦਰਸ਼ਨ ਸਿੰਘ ਖੇੜਾ, ਛੱਜੂ ਰਾਣਾ, ਅਮਨ ਮੁੰਧੋਂ ਤੇ ਸੰਜੀਵ ਗੋਗਨਾ ਆਦਿ ਹਾਜਰ ਸਨ ।

# ਖੇਡਾਂ ਨਾਲ ਸਰੀਰ ਨੂੰ ਮਿਲਦੀ ਹੈ ਤਾਕਤ : ਸੈਣੀ



**ਟਾਂਡਾ ਉੜਮੁੜ,(ਉਂਕਾਰ ਸਿੰਘ; ਜਸਵਿੰਦਰ ਸੰਧੂ)**-ਪਿੰਡ ਕੁਰਾਲਾ ਕਲਾਂ ਵਿਖੇ ਕ੍ਰਿਕਟ ਟੂਰਨਾਮੈਂਟ ਤੀਜੀ ਪਿੰਡ ਪੱਧਰ ਐਂਟਰੀ ਲੀਗ ਡਾਕਟਰ ਬੀ ਆਰ ਅੰਬੇਡਕਰ ਕਲੱਬ ਵੱਲੋਂ ਅਤੇ ਵੀਰਾਂ ਦੇ ਸਹਿਯੋਗ ਨਾਲ਼ ਕਰਵਾਇਆ ਗਿਆ। ਟੂਰਨਾਮੈਂਟ ਦੇ ਅਖੀਰਲੇ ਦਿਨ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਮੁੱਖ ਮਹਿਮਾਨ ਵਜੋਂ ਪਹੁੰਚੇ ਅਸ਼ੋਕ ਸੈਣੀ ਸਾਬਕਾ ਬਲਾਕ ਸੰਮਤੀ ਮੈਂਬਰ ਨੇ ਕੀਤਾ।

ਪਿੰਡ ਜਾਜਾ ਦੀ ਟੀਮ ਫਾਈਨਲ ਅਤੇ ਪਿੰਡ ਮੂਨਕਾ ਟੀਮ ਦੂਜੇ ਨੰਬਰ 'ਤੇ ਆਉਣ 'ਤੇ ਸੈਣੀ ਨੇ ਨੌਜਵਾਨ ਪੀੜੀ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਨਸ਼ਿਆਂ ਤੋ ਦੂਰ ਰਹਿ ਕੇ ਆਪਣੀ ਪੜ੍ਹਾਈ ਵੱਲ ਅਤੇ ਆਪਣੇ ਮਾਤਾ ਪਿਤਾ ਦਾ ਖਿਆਲ ਰੱਖਣਾ ਚਾਹੀਦਾ ਹੈ। ਖੇਡਾਂ ਨਾਲ ਸਰੀਰ ਨੂੰ ਤਾਕਤ ਮਿਲਦੀ ਹੈ। ਮੈਨ ਆਫ ਦਾ ਮੈਚ ਸੀਰੀਇਜ ਜੱਸੀ ਮੂਨਕਾ ਨੇ ਹਾਸਲ ਕੀਤਾ। ਇਸ ਮੌਕੇ ਕਮੇਟੀ ਦੇ ਪ੍ਰਧਾਨ ਰਵੀ,ਲਵ ਕਨੇਡਾ,ਵਿਕੀ ਜਪਾਨ ਤੋਂ,ਗਗੀ ਮਾਲਟਾ ,ਸਨਦੀਪ ਕਨੇਡਾ,ਮਾਨਵ ਦੜੋਚ, ਸੈਫੀ, ਸੁਰਜੀਤ ਸਿੰਘ,ਹਰਜੋਤ ਸਿੰਘ, ਅਵਿਨਾਸ਼ ਸਿੰਘ,ਅਮਰਜੀਤ ਸਿੰਘ,ਅਮਨ ,ਗੁਰਦੀਪ ਸਿੰਘ ਸਤਨਾਮ ਸਟੂਡੀਓ ਖੁੱਡਾ ,ਲਸ਼ਕਰ ਸਿੰਘ ਕੁਰਾਲਾ ਆਦਿ ਸ਼ਾਮਲ ਸਨ।

# ਕੰਧਾਲਾ ਜੱਟਾਂ ਵਿਖੇ ਸਜਾਇਆ ਨਗਰ ਕੀਰਤਨ



**ਅੱਡਾ ਸਰਾਂ (ਕਾਜਲ )**- ਪਿੰਡ ਕੰਧਾਲਾ ਜੱਟਾਂ ਦੇ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਚੜ੍ਹਦੀ ਪੱਤੀ ਵਿਖੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਨਾਏ ਗਏ ਪ੍ਰਕਾਸ਼ ਪੁਰਬ ਦੌਰਾਨ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹਜ਼ੂਰੀ ਰਾਗੀ ਕਾਕਾ ਮਨਰਾਜ ਸਿੰਘ ਧਾਲੀਵਾਲ, ਕਾਕਾ ਸਹਿਜਪਾਲ ਸਿੰਘ ਧਾਲੀਵਾਲ ਅਤੇ ਕਾਕਾ ਪ੍ਰਭਕੀਰਤ ਸਿੰਘ ਦੇ ਰਾਗੀ ਜੱਥੇ ਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਜਿਸ ਉਪਰੰਤ ਮਹਾਨ ਨਗਰ ਕੀਰਤਨ ਸਜਾਇਆ ਗਿਆ, ਜੋ ਕਿ ਅੱਡਾ ਸਰਾਂ ਤੋਂ ਪੱਤੀ ਚੱਕ ਰਾਹੀਂ ਹੁੰਦਾ ਹੋਇਆ ਨਗਰ ਦੀ ਪਰਿਕਰਮਾ ਕਰਦਾ ਹੋਇਆ ਗੁਰਦੁਆਰਾ ਸਾਹਿਬ ਪਹੁੰਚ ਕੇ ਸੰਪੰਨ ਹੋਇਆ। ਨਗਰ ਕੀਰਤਨ ਵਿੱਚ ਇੰਟਰਨੈਸ਼ਨਲ ਢਾਡੀ ਭਾਈ ਅਮਰਜੀਤ ਸਿੰਘ ਗੁਰਦਾਸਪੁਰੀ ਪ੍ਰੀਤ ਬੁਦਰਜ ਦੇ ਢਾਡੀ ਜੱਥੇ ਨੇ ਢਾਡੀ ਵਾਰਾਂ ਅਤੇ ਭਾਈ ਹਰਿੰਦਰਪਾਲ ਸਿੰਘ ਹਜੂਰ ਸਾਹਿਬ ਵਾਲਿਆਂ ਨੇ ਕਵੀਸ਼ਰੀ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਵਿਚ ਹੈੱਡ ਗ੍ਰੰਥੀ ਬਾਬਾ ਅਵਤਾਰ ਸਿੰਘ, ਪ੍ਰਧਾਨ ਗੁਰਵਿੰਦਰ ਸਿੰਘ ਗਿੱਤਾ , ਮਨਜੀਤ ਸਿੰਘ ਸੈਕਟਰੀ , ਮਨਜੀਤ ਸਿੰਘ ਧਾਲੀਵਾਲ , ਇੰਦਰਜੀਤ ਸਿੰਘ ਧਾਲੀਵਾਲ , ਜਸਵੀਰ ਸਿੰਘ ਧਾਲੀਵਾਲ , ਕੁਲਵਿੰਦਰ ਸਿੰਘ , ਕੁਲਵੰਤ ਸਿੰਘ , ਸੂਬੇਦਾਰ ਗੁਰਮੇਲ ਸਿੰਘ , ਕੁਲਦੀਪ ਸਿੰਘ ਕੀਪੀ , ਹਰਪ੍ਰੀਤ ਸਿੰਘ ਹੈਪੀ ਬਾਬਾ, ਜਸਪਾਲ ਸਿੰਘ ਭੱਟੀ , ਆਕਾਸ਼ਦੀਪ ਸਿੰਘ , ਰਸ਼ਪਾਲ ਸਿੰਘ ਪਾਲਾ, ਰੇਸ਼ਮ ਸਿੰਘ , ਇੰਦਰਜੀਤ ਸਿੰਘ , ਅਵਤਾਰ ਸਿੰਘ , ਹਰਵਿੰਦਰਪਾਲ ਸਿੰਘ , ਸਤਵਿੰਦਰ ਸਿੰਘ , ਇਕਬਾਲ ਸਿੰਘ ਬਾਲੀ ,ਗੁਰਜੋਤ ਸਿੰਘ ਜੋਤਾ , ਗੁਰਤੇਜ ਸਿੰਘ , ਅੰਮ੍ਰਿਤ ਸਿੰਘ , ਬਨੀਤ ਸਿੰਘ ਨੇ ਹਾਜ਼ਰੀ ਲੁਆਈ।

# ਜੀ ਡੀ ਗੋਇਨਕਾ ਸਕੂਲ 'ਚ ਪ੍ਰਕਾਸ਼ ਪੁਰਬ ਮਨਾਇਆ

**ਕਪੂਰਥਲਾ, ( ਹਨੀ )**-ਜੀ ਡੀ ਗੋਇਨਕਾ ਇੰਟਰਨੈਸ਼ਨਲ ਸਕੂਲ, ਕਪੂਰਥਲਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ 554ਵਾਂ ਪ੍ਰਕਾਸ਼ ਪੁਰਬ ਬੜੇ ਹੀ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ । ਪ੍ਰੋਗਰਾਮ ਦੀ ਸ਼ੁਰੂਆਤ ਜਪੁਜੀ ਸਾਹਿਬ ਦੇ ਪਾਠ ਨਾਲ ਕੀਤੀ ਗਈ। ਅਧਿਆਤਮਕ ਮਾਹੌਲ ਅਤੇ ਧਾਰਮਿਕ ਜਜਬੇ ਨੇ ਇੱਕ ਰੂਹਾਨੀ ਮਾਹੌਲ ਸਿਰਜਿਆ। ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਬਾਣੀ ਰਾਹੀਂ ਸਬਦ ਸਰਵਣ ਕੀਤੇ ਅਤੇ ਇਲਾਹੀ ਬਾਣੀ ਦਾ ਆਨੰਦ ਲਿਆ। ਛੋਟੇ ਬੱਚਿਆ ਨੇ ਕੰਠ ਕੀਤੇ ਮੂਲ ਮੰਤਰ ਅਤੇ ਗੁਰਬਾਣੀ ਦੇ ਸ਼ਬਦਾਂ ਦਾ ਕੀਰਤਨ ਕੀਤਾ । ਕੀਰਤਨ ਉਪਰੰਤ ਕੜਾਹ ਪ੍ਰਸ਼ਾਦ ਦੇ ਲੰਗਰ ਵਰਤਾਏ ਗਏ। ਸਕੂਲ ਦੇ ਚੇਅਰਮੈਨ ਸੁਖਦੇਵ ਸਿੰਘ ਨਾਨਕਪੁਰ, ਸਕੱਤਰ ਪਰਮਿੰਦਰ ਕੌਰ ਅਤੇ ਸਕੂਲ ਦੀ ਪ੍ਰਿੰਸੀਪਲ ਪਵਲਜੀਤ ਕੌਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਜੀ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਜੀਵਨ ਵਿੱਚ ਅਪਨਾਉਣ ਲਈ ਪ੍ਰੇਰਿਤ ਕੀਤਾ।



# ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਤੋਂ ਨਗਰ ਕੀਰਤਨ ਸਜਾਇਆ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**- ਪਿੰਡ ਰੁੜਕਾ ਖੁਰਦ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਆਗਮਨ ਪੁਰਬ ਦੀ ਖੁਸ਼ੀ ਵਿੱਚ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਤੋਂ ਮਹਾਨ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਹਿਬ ਜੀ ਦੀ ਅਗਵਾਈ, ਪੰਜ ਪਿਆਰੇ ਸਾਹਿਬਾਨ ਨਾਲ ਝੂਲ ਰਹੇ ਨਿਸ਼ਾਨ ਸਾਹਿਬ, ਵੱਜਦਾ ਨਗਾਰਾ ,ਬੈਂਡ ਵਾਜਾ,ਸੰਗਤ ਦਾ ਠਾਠਾਂ ਮਾਰਦਾ ਇਕੱਠ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਆ ਕੇ ਸੰਪੂਰਨ ਹੋਇਆ। ਇਸ ਨਗਰ ਕੀਰਤਨ ਵਿੱਚ ਗਿਆਨੀ ਬਲਵੀਰ ਸਿੰਘ ਭੁੱਲਾਰਾਈ ਦੇ ਢਾਡੀ ਜਥੇ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਇਤਿਹਾਸ ਸੰਗਤ ਨੂੰ ਸਰਵਣ ਕਰਵਾਇਆ। ਗਤਕਾ ਪਾਰਟੀ ਨੇ ਗਤਕੇ ਦੇ ਜੌਹਰ ਵੀ ਸੰਗਤ ਨੂੰ ਦਿਖਾਏ। ਹਰੇਕ ਪੜਾਅ 'ਤੇ ਸੰਗਤ ਦੇ ਛੱਕਣ ਵਾਸਤੇ ਲੰਗਰ-ਪ੍ਰਸ਼ਾਦ ਵੀ ਵਰਤਾਏ ਗਏ । ਨਗਰ ਕੀਰਤਨ ਵਿੱਚ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਤਰਲੋਚਨ ਸਿੰਘ, ਬਾਬਾ ਸਤਨਾਮ ਸਿੰਘ, ਅਮਰੀਕ ਸਿੰਘ ਮਦਹੋਸ਼, ਗੁਰਨਾਮ ਸਿੰਘ, ਤਰਨਜੀਤ ਸਿੰਘ ਅਤੇ ਸਮੂਹ ਪ੍ਰਬੰਧਕ ਕਮੇਟੀ ਨੇ ਵੀ ਹਾਜ਼ਰੀ ਭਰੀ।

# ਐਸ ਡੀ ਕਾਲਜ ਦੇ ਐਨ ਸੀ ਸੀ ਕੈਡਿਟਾਂ ਨੇ ਕੱਪੜਾ ਕੁਲੈਕਸ਼ਨ ਡਰਾਈਵ 'ਚ ਲਿਆ ਹਿੱਸਾ



**ਜਲੰਧਰ ( ਇਕਬਾਲ ਸਿੰਘ ਉੱਭੀ )** ਪੀ ਸੀ ਐਮ ਐਸ ਡੀ ਦੇ ਐਨ ਸੀ ਸੀ ਕੈਡਿਟਾਂ ਨੇ ਜਲੰਧਰ ਸਮਾਰਟ ਸਿਟੀ ਅਤੇ ਰੀਪ ਬੈਨੀਫਿਟ ਫਾਊਂਡੇਸ਼ਨ ਦੁਆਰਾ ਨਗਰ ਨਿਗਮ, ਜਲੰਧਰ ਦੇ ਸਹਿਯੋਗ ਨਾਲ ਆਯੋਜਿਤ ਕਲੌਥ ਕੁਲੈਕਸ਼ਨ ਡਰਾਈਵ 'ਚ ਉਤਸ਼ਾਹ ਨਾਲ ਭਾਗ ਲਿਆ। ਡਰਾਈਵ ਦਾ ਉਦੇਸ਼ ਨੌਜਵਾਨਾਂ ਨੂੰ ਪੁਰਾਣੇ ਕੱਪੜੇ ਦੇ ਕੇ ਟੈਕਸਟਾਈਲ ਵੇਸਟ ਲਈ ਇੱਕ ਸਰਕੂਲਰ ਆਰਥਿਕਤਾ ਬਣਾਉਣ ਵਿੱਚ ਸ਼ਾਮਲ ਕਰਨਾ ਸੀ। ਸਵੈ-ਸਹਾਇਤਾ ਸਮੂਹ ਜੇ ਐਸ ਸੀ ਐਲ ਦੁਆਰਾ ਪ੍ਰੋਜੈਕਟ ਨਵਜੀਵਨ ਦੇ ਹਿੱਸੇ ਵਜੋਂ ਉਪਯੋਗੀ ਉਤਪਾਦਾਂ ਜਿਵੇਂ ਕਿ ਕੱਪੜੇ ਦੇ ਥੈਲੇ ਅਤੇ ਹੋਰ ਉਤਪਾਦਕ ਵਸਤੂਆਂ ਬਣਾਉਣ ਲਈ ਇਹਨਾਂ ਇਕੱਤਰ ਕੀਤੇ ਕੱਪੜਿਆਂ ਨੂੰ ਅਪ-ਸਾਈਕਲ ਕਰਨ ਦੀ ਕੋਸ਼ਿਸ਼ ਕਰਦੇ ਹਨ। ਇਹ ਉਪਯੋਗਤਾ ਉਤਪਾਦਾਂ ਨੂੰ ਵੇਚ ਕੇ ਸਵੈ-ਸਹਾਇਤਾ ਸਮੂਹਾਂ ਲਈ ਆਮਦਨ ਕਮਾਉਣ ਵਿੱਚ ਮਦਦ ਕਰੇਗਾ ਅਤੇ ਵਾਤਾਵਰਣ ਨੂੰ ਸੁਰੱਖਿਅਤ ਰੱਖਣ ਲਈ ਟੈਕਸਟਾਈਲ ਦੇ ਕੂੜੇ ਨੂੰ ਡੰਪਸਾਈਟਾਂ ਵਿੱਚ ਜਾਣ ਤੋਂ ਵੀ ਘੱਟ ਕਰੇਗਾ। ਸਮਾਰਟ ਸਿਟੀ ਫੈਲੋ, ਜਲੰਧਰ ਸਮਾਰਟ ਸਿਟੀ ਲਿਮਟਿਡ ਤੋਂ ਸ੍ਰੀਮਤੀ ਪ੍ਰੀਤਕਿਰਨ ਕੌਰ ਅਤੇ ਭਰਤ ਬਾਂਸਲ, ਪ੍ਰੋਗਰਾਮ ਮੈਨੇਜਰ, ਰੀਪ ਬੈਨੀਫਿਟ ਫਾਊਂਡੇਸ਼ਨ ਅਤੇ ਐਸੋਸੀਏਟ ਐਨਸੀਸੀ ਅਫਸਰ ਕੈਪਟਨ ਪ੍ਰਿਆ ਮਹਾਜਨ ਨੇ ਕੈਡਿਟਾਂ ਅਤੇ ਕਾਲਜ ਦੇ ਵਿਦਿਆਰਥੀਆਂ ਨੂੰ ਇਸ ਨੇਕ ਕਾਰਜ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਡਰਾਈਵ ਲਈ 100 ਤੋਂ ਵੱਧ ਵਿਦਿਆਰਥੀਆਂ ਨੇ ਆਪਣੇ ਆਪ ਨੂੰ ਰਜਿਸਟਰ ਕੀਤਾ ਅਤੇ ਰੀਸਾਈਕਲਿੰਗ ਲਈ ਪੁਰਾਣੇ ਅਣਵਰਤੇ ਕੱਪੜਿਆਂ ਦਾ ਯੋਗਦਾਨ ਪਾਇਆ। ਉਨ੍ਹਾਂ ਨੇ ਆਪਣੇ-ਆਪਣੇ ਖੇਤਰ ਦੇ ਸਥਾਨਕ ਰਿਹਾਇਸ਼ਾਂ ਤੋਂ ਅਣਵਰਤੇ ਕੱਪੜੇ ਵੀ ਇਕੱਠੇ ਕੀਤੇ। ਡਰਾਈਵ ਦੇ ਪਿੱਛੇ ਪਿਛਲਾ ਮਨੋਰਥ ਵਾਤਾਵਰਣ ਨੂੰ ਮੁੜ ਵਰਤੋਂ, ਘਟਾਉਣ ਅਤੇ ਰੀਸਾਈਕਲ ਪ੍ਰਣਾਲੀ ਦੀ ਲੋੜ ਬਾਰੇ ਜਾਗਰੂਕਤਾ ਲਿਆਉਣਾ ਸੀ। ਇਸ ਮੌਕੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰਾਂ ਅਤੇ ਪ੍ਰਿੰਸੀਪਲ ਡਾ. ਪੂਜਾ ਪਰਾਸਰ ਨੇ ਐਨ.ਸੀ.ਸੀ ਕੈਡਿਟਾਂ ਅਤੇ ਐਸੋਸੀਏਟ ਐਨ ਸੀ ਸੀ ਅਫਸਰ ਕੈਪਟਨ ਪ੍ਰਿਆ ਮਹਾਜਨ ਦੇ ਯਤਨਾਂ ਦੀ ਸਲਾਘਾ ਕੀਤੀ।

# ਭਾਮ ਵਿਖੇ ਜੋੜ ਮੇਲੇ ਮੌਕੇ ਸਾਲਾਨਾ ਛਿੰਝ ਮੇਲਾ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਭਾਮ ਸਿੱਧੂ ਮੁਹੱਲੇ ਵਿਖੇ ਦਰਬਾਰ ਸਖੀ ਸਰਵਰ ਸੁਲਤਾਨ ਲੱਖ ਦਾਤਾ ਲਾਲਾਂ ਵਾਲੇ ਪੀਰ ਜੀ ਦੇ ਅਸਥਾਨ 'ਤੇ ਸਾਲਾਨਾ ਤਿੰਨ ਰੋਜਾ ਜੋੜ ਮੇਲਾ ਡੇਰੇ ਦੇ ਮੁੱਖ ਸੇਵਾਦਾਰ ਸਾਈਂ ਜੀਤੀ ਸ਼ਾਹ ਜੀ ਸਾਬਰੀ ਭਾਮ ਦੀ ਅਗਵਾਈ ਹੇਠ ਕਰਵਾਇਆ ਗਿਆ। ਸਾਬਰੀ ਭਾਮ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਅਤੇ ਨਗਰ ਦੀ ਸੁੱਖ ਸ਼ਾਂਤੀ ਲਈ ਸਾਲਾਨਾ ਛਿੰਝ ਮੇਲਾ ਕਰਵਾਇਆ ਗਿਆ। ਪ੍ਰਸਿੱਧ ਪਹਿਲਵਾਨ ਸਤਵੀਰ ਚੰਬਲਾ ਨੂੰ ਗੁਰਜ ਅਤੇ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਪਟਕੇ ਦੀ ਦੂਜੀ ਕੁਸ਼ਤੀ ਬਲਜੀਤ ਡੇਰਾ ਬਾਬਾ ਨਾਨਕ ਅਤੇ ਪੰਮਾ ਕੰਗਣੀਵਾਲ ਵਿਚਕਾਰ ਕਰਵਾਈ ਗਈ, ਜੋ ਕਿ ਅੰਤ ਸਮੇਂ ਬਰਾਬਰ ਰਹੀ। ਇਸੇ ਤਰ੍ਹਾਂ ਪਟਕੇ ਦੀ ਪਹਿਲੀ ਕੁਸ਼ਤੀ ਪੰਮਾ ਡੇਰਾ ਬਾਬਾ ਨਾਨਕ ਅਤੇ ਮੰਗੀ ਡੁਮੇਲੀ ਵਿਚਕਾਰ ਕਰਵਾਈ ਗਈ। ਜਿਸ ਵਿਚ ਪੰਮਾ ਡੇਰਾ ਬਾਬਾ ਨਾਨਕ ਪਹਿਲਵਾਨ ਜੇਤੂ ਰਿਹਾ। ਸਾਈਂ ਜੀਤੀ ਸ਼ਾਹ ਸਾਬਰੀ, ਸਾਈਂ ਬਿੱਲੇ ਸਾਹ ਕਾਦਰੀ ਵੱਲੋਂ ਜੇਤੂ ਪਹਿਲਵਾਨ ਪੰਮਾ ਡੇਰਾ ਬਾਬਾ ਨਾਨਕ ਨੂੰ ਇਕ ਗੁਰਜ, ਦੇਸੀ ਘਿਓ ਦਾ ਪੀਪਾ ਅਤੇ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਸੇਵਕ ਸਿੰਘ ਭਾਮ, ਗੁਰਵਿੰਦਰ ਸਿੰਘ ਸਿੱਧੂ, ਬਲਜੀਤ ਸਿੰਘ ਸੋਨੂੰ ਪੰਚ, ਸਰਪੰਚ ਪਰਮਿੰਦਰ ਸਿੰਘ ਜਸਵਾਲ, ਸਤਪਾਲ ਸਿੰਘ, ਰੋਹਿਤ ਕੁਮਾਰ, ਪਿੰਕੀ ਸਿੱਧੂ, ਹਰਜਿੰਦਰ ਸਿੱਧੂ, ਅਰਮਾਨ ਸਿੱਧੂ, ਸੰਨੀ ਸਿੱਧੂ, ਹੁਸਨ ਲਾਲ ਸੋਢੀ, ਨਾਨਕ ਸਿੰਘ, ਰੋਹਿਤ ਸਿੱਧੂ, ਪ੍ਰਧਾਨ ਜੀਤ ਰਾਮ, ਰਜਿੰਦਰ ਸਿੰਘ, ਵਿਜੈ ਕੁਮਾਰ, ਸੰਨੀ, ਬੋਬੀ, ਪ੍ਰਿੰਸ, ਕਮਲ, ਵਿੱਕੀ, ਪ੍ਰਿੰਸ, ਅਜੇ, ਪਵਨ, ਸਵਿੰਦਾ ਸੇਵਾਦਾਰ, ਸੋਹਣ ਸਿੰਘ ਸਿੱਧੂ, ਰੇਸ਼ਮ ਸਿੰਘ ਜੱਖੂ ਆਦਿ ਹਾਜਰ ਸਨ।



# ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

**ਚਮਕੌਰ ਸਾਹਿਬ, ( ਗੁਰਵਿੰਦਰਪਾਲ ਸਿੰਘ ਬੌਬੀ)** ਇੱਥੋਂ ਦੇ ਸਮੂਹ ਗੁਰਦੁਆਰਾ ਸਾਹਿਬ ਅਤੇ ਇਲਾਕੇ ਦੇ ਗੁਰਧਾਮਾਂ ਵਿਖੇ ਸ੍ਰੀ ਗੁਰੂ ਗੁਰੂ ਨਾਨਕ ਦੇਵ ਜੀ ਦਾ 545ਵੇਂ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ। ਗੁਰਧਾਮਾਂ 'ਚ ਸਵੇਰ ਤੋਂ ਹੀ ਸੰਗਤਾਂ ਨਤਮਸਤਕ ਹੋਣ ਲਈ ਆਉਣੀਆਂ ਸ਼ੁਰੂ ਹੋ ਗਈਆਂ ਸਨ।

ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ ਦੇ ਸੇਵਾਦਾਰ ਬਾਈ ਦੀਪ ਸਿੰਘ ਅਤੇ ਭਾਈ ਗੁਰਿੰਦਰ ਸਿੰਘ ਗੋਗੀ ਨੇ ਦੱਸਿਆ ਕਿ ਸੰਗਤਾਂ ਦੀ ਆਮਦ ਨੂੰ ਵੇਖਦਿਆਂ ਗੁਰੂ ਘਰ ਵਿਚ ਪੁਖਤਾ ਪ੍ਰਬੰਧ ਕੀਤੇ ਗਏ ਸਨ ਤਾਂ ਜੋ ਕਿ ਸੰਗਤਾਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਦੱਸਿਆ ਕਿ ਸਮੂਹ ਗੁਰਧਾਮਾਂ ਵਿੱਚ ਲੰਗਰ ਵੀ ਵਰਤਾਏ ਗਏ। ਇਸ ਮੌਕੇ ਮਲਾਗਰ ਸਿੰਘ ਖਮਾਣੋਂ, ਪ੍ਰਿੰਸੀਪਲ ਮੋਹਨ ਸਿੰਘ, ਗਿਆਨ ਸਿੰਘ, ਮਾਸਟਰ ਬਾਬੂ ਸਿੰਘ, ਮਾਸਟਰ ਰਤਨ ਸਿੰਘ, ਅਜਾਇਬ ਸਿੰਘ, ਲਾਭ ਸਿੰਘ ਅਤੇ ਗੁਰਿੰਦਰ ਸਿੰਘ ਆਦਿ ਹਾਜ਼ਰ ਸਨ।



## ਅਰਦਾਸ ਤੇ ਲੰਗਰ ਲਗਾ ਸੇਂਟ ਸੋਲਜ਼ਰ ਨੇ ਮਨਾਇਆ ਪ੍ਰਕਾਸ਼ ਪੁਰਬ



**ਜਲੰਧਰ ( ਇਕਬਾਲ ਸਿੰਘ ਉੱਭੀ)** ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦਾ ਸ਼ੁਭ ਦਿਹਾੜਾ ਸੇਂਟ ਸੋਲਜ਼ਰ ਗਰੁੱਪ ਆਫ ਇੰਸਟੀਚਿਊਸ਼ਨਜ਼ ਵੱਲੋਂ ਅਰਦਾਸ ਕਰਕੇ ਅਤੇ ਲੰਗਰ ਵਰਤਾ ਕੇ ਮਨਾਇਆ ਗਿਆ। ਜਿਸ ਵਿੱਚ ਚੇਅਰਮੈਨ ਅਨਿਲ ਚੋਪੜਾ, ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ, ਸੈਕਰਡ ਹਾਰਟ ਸਕੂਲ ਦੇ ਚੇਅਰਮੈਨ ਸੁਨੀਲ ਚੋਪੜਾ, ਪੀ ਪੀ ਆਰ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਰਾਜਨ ਚੋਪੜਾ, ਗੀਤੂ ਚੋਪੜਾ

ਨੇ ਲੰਗਰ ਵਰਤਾਇਆ ਅਤੇ ਸਾਰਿਆਂ ਦੀ ਤਰੱਕੀ ਦੀ ਕਾਮਨਾ ਕੀਤੀ। ਸਭ ਨੂੰ ਬੋਲੇ ਸੋ ਨੇਹਾਲ, ਸਤਿਸ਼੍ਰੀ ਅਕਾਲ ਦੇ ਜੈਕਾਰਿਆਂ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਭ ਨੂੰ ਵਧਾਈਆਂ ਦਿੱਤੀਆਂ। ਅੰਤ ਵਿੱਚ ਸੰਸਥਾ ਦੀ ਤਰੱਕੀ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਅਰਦਾਸ ਕੀਤੀ ਗਈ।

## ਮਨਜੀਤ ਕਰਤਾਰਪੁਰੀ ਦਾ ਧਾਰਮਿਕ ਗੀਤ 'ਬਾਬਾ ਨਾਨਕ' ਰਿਲੀਜ਼




**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਸਮਰਪਿਤ ਮਨਜੀਤ ਕਰਤਾਰਪੁਰੀ ਦਾ "ਬਾਬਾ ਨਾਨਕ" ਧਾਰਮਿਕ ਗੀਤ ਰਿਲੀਜ ਕੀਤਾ ਗਿਆ । ਜਿਸ ਨੂੰ ਫਤਿਹ ਪੋਵਾਤ ਵਲੋਂ ਬਹੁਤ ਹੀ ਵਧੀਆ ਕਲਮ ਨਾਲ ਸ਼ਿੰਗਾਰ ਕੇ ਪੇਸ਼ ਕੀਤਾ ਗਿਆ ਹੈ। ਸੰਗੀਤ ਲਵੀਸ਼ ਅਤੇ ਵੀਡੀਓ ਗ੍ਰਾਫੀ ਜੱਸੀ ਸੈਣੀ ਕੀਤੀ ਗਈ ਹੈ, ਨਿਰਦੇਸ਼ਕ ਹੈਪੀ ਸਿੰਘ ਵਲੋਂ ਸਖਤ ਮਿਹਨਤ ਕਰਕੇ ਸਰੋਤਿਆ ਦੀ ਕਚਿਹਰੀ ਅੱਗੇ ਪੇਸ਼ ਕੀਤਾ ਗਿਆ ਹੈ।

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਲੰਗਰ ਲਗਾਇਆ

**ਫਿਲੌਰ ( ਨਿਰਮਲ )** ਜੌਹਲ ਟਰੈਵਲ ਵੱਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦੀ ਖੁਸ਼ੀ ਵਿਚ ਲੰਗਰ ਲਗਾਇਆ ਗਿਆ ਪ੍ਰਬੰਧਕ ਸੇਵਾਦਾਰ ਤੀਰਥ ਸਿੰਘ ਜੌਹਲ ਨੇ ਦੱਸਿਆ ਕਿ ਸਾਰਾ ਦਿਨ ਲੰਗਰ ਚੱਲਦਾ ਰਿਹਾ, ਸੰਗਤਾਂ ਲਈ ਗੁਰੂ ਦੀ ਬਾਣੀ ਦੇ ਸ਼ਬਦ, ਕੀਰਤਨ ਵੀ ਲਗਾਏ ਗਏ। ਵੱਡੀ ਗਿਣਤੀ ਵਿੱਚ ਸੰਗਤਾਂ ਨੇ ਲੰਗਰ ਛਕਿਆ ਅਤੇ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਤੀਰਥ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ।

## ਰਾਸ਼ਟਰੀ ਸੰਵਿਧਾਨ ਦਿਵਸ ਮੌਕੇ ਕੁਇਜ਼ ਮੁਕਾਬਲੇ

**ਐਸ.ਏ.ਐਸ.ਨਗਰ, (ਗੁਰਜੀਤ ਬਿੱਲਾ)**- ਰਾਸ਼ਟਰੀ ਸੰਵਿਧਾਨ ਦਿਵਸ ਮਨਾਉਂਦੇ ਹੋਏ, ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ (ਏ.ਆਈ.ਐਮ.ਐਸ.) ਦੇ ਅੰਗ-ਵਿਗਿਆਨ ਵਿਭਾਗ ਦੁਆਰਾ "ਭਾਰਤ ਦੇ ਸੰਵਿਧਾਨ" 'ਤੇ ਇੱਕ ਅੰਤਰ-ਕਾਲਜ ਅੰਡਰਗ੍ਰੈਜੂਏਟ ਕੁਇਜ਼ ਮੁਕਾਬਲਾ ਕਰਵਾਇਆ ਗਿਆ। ਇਸ ਮੌਕੇ ਗੂਗਲ ਫਾਰਮ ਦੀ ਵਰਤੋਂ ਕਰਕੇ ਸਕਰੀਨਿੰਗ ਟੈਸਟ ਲਿਆ ਗਿਆ ਅਤੇ ਵੱਧ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 15 ਭਾਗੀਦਾਰਾਂ ਨੂੰ ਫਾਈਨਲ ਰਾਊਂਡ ਲਈ ਚੁਣਿਆ ਗਿਆ। ਕੁਇਜ਼ ਮੁਕਾਬਲੇ ਲਈ, ਭਾਗੀਦਾਰਾਂ ਨੂੰ 5 ਟੀਮਾਂ ਵਿੱਚ ਵੰਡਿਆ ਗਿਆ ਸੀ, ਹਰੇਕ ਟੀਮ ਵਿੱਚ 3 ਮੈਂਬਰ ਸਨ। ਸੈਲੇਸ ਅਗਰਵਾਲ (ਸਥਾਈ ਵਕੀਲ-ਕਾਨੂੰਨੀ ਰਿਟੇਨਰ ਏਆਈਐਮਐਸ, ਮੋਹਾਲੀ) ਕੁਇਜ਼ ਮਾਸਟਰ ਸਨ। ਜੇਤੂ ਟੀਮ ਦੇ ਮੈਂਬਰਾਂ ਵਿੱਚ ਅਜੇ, ਮੁਦੱਸਿਰ ਰਜਾ, ਧਰਮਪ੍ਰੀਤ ਸਾਮਲ ਹਨ। ਪਹਿਲੀ ਉਪ ਵਿਜੇਤਾ ਟੀਮ ਦੇ ਮੈਂਬਰ ਮੌਲਿਕ ਗਰਗ, ਗੁਰਕੀਰਤ ਸਿੰਘ, ਕ੍ਰਿਤੀ ਗੋਇਲ ਸਨ। ਪੁਨੀਤ ਮਸੰਦ, ਆਰੀਅਨ ਡਾਂਗੀ ਅਤੇ ਮਿਠਾਨ ਸਿੰਘ ਤੀਸਰੇ ਸਥਾਨ 'ਤੇ ਰਹੇ। ਸੰਸਥਾ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਨੇ ਸਾਰੇ ਪ੍ਰਤੀਯੋਗੀਆਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਅਤੇ ਜੇਤੂ ਟੀਮਾਂ ਅਤੇ ਪ੍ਰਤੀਯੋਗੀਆਂ ਨੂੰ ਸਰਟੀਫਿਕੇਟ ਦਿੱਤੇ।

## ਇੰਸਪੈਕਟਰ ਹਰਦੇਵ ਪ੍ਰੀਤ ਸਿੰਘ ਨੇ ਸੰਭਾਲਿਆ ਪੁਲਸ ਥਾਣੇ ਦਾ ਚਾਰਜ



**ਬਿਲਗਾ (ਵਿਜੇ ਕੁਮਾਰ)**-ਇੰਸਪੈਕਟਰ ਹਰਦੇਵ ਪ੍ਰੀਤ ਸਿੰਘ ਨੇ ਥਾਣਾ ਬਿਲਗਾ ਦੇ ਮੁੱਖ ਅਫਸਰ ਵਜੋਂ ਚਾਰਜ ਸੰਭਾਲਿਆ। ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਲਾਕੇ ਵਿੱਚ ਨਸ਼ੀਲੇ ਪਦਾਰਥਾਂ ਜਾਂ ਹੋਰ ਵੀ ਕਿਸਮ ਦਾ ਕੋਈ ਵੀ ਗੈਰ ਕਾਨੂੰਨੀ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਨੂੰ ਸਖਤ ਤਾੜਨਾਂ ਦਿੰਦੇ ਹੋਏ ਕਿਹਾ ਕਿ ਉਹ ਗੈਰ ਕਾਨੂੰਨੀ ਕਾਰੋਬਾਰ ਕਰਨਾ ਬੰਦ ਕਰ ਦੇਣ ਜਾਂ ਇਲਾਕਾ ਛੱਡ ਕੇ ਹੋਰ ਕਿਤੇ ਚਲੇ ਜਾਣ, ਫੜੇ ਜਾਣ ਤੇ ਉਨ੍ਹਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ, ਇਲਾਕੇ ਵਿੱਚ ਗਸ਼ਤ ਵਧਾਈ ਜਾਵੇਗੀ ਤਾਂ ਕਿ ਚੋਰੀ ਅਤੇ ਲੁੱਟ ਖੋਹ ਦੀਆਂ ਵਾਰਦਾਤਾਂ ਨਾ ਹੋ ਸਕਣ। ਇਲਾਕੇ ਵਿੱਚ ਵੱਖ ਵੱਖ ਥਾਵਾਂ 'ਤੇ ਨਾਕਾਬੰਦੀ ਕਰਕੇ ਵਾਹਨਾਂ ਦੀ ਚੈਕਿੰਗ ਕੀਤੀ ਜਾਵੇਗੀ। ਉਨ੍ਹਾਂ ਅਠਾਰਾਂ ਸਾਲਾਂ ਤੋਂ ਘੱਟ ਉਮਰ ਦੇ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਵ੍ਹੀਕਲ ਚਲਾਉਣ ਲਈ ਨਾ ਦੇਣ, ਅਗਰ ਅਠਾਰਾਂ ਸਾਲ ਤੋਂ ਘੱਟ ਉਮਰ ਦੇ ਬੱਚੇ ਬਾਈਕ/ਵ੍ਹੀਕਲ ਚਲਾਉਂਦੇ ਫੜੇ ਗਏ ਤਾਂ ਉਨ੍ਹਾਂ ਦੇ ਮਾਪਿਆਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ, ਇਲਾਕੇ ਵਿੱਚ ਅਮਨ ਸ਼ਾਤੀ ਨੂੰ ਹਰ ਹਾਲਤ ਵਿੱਚ ਕਇਮ ਰੱਖਿਆ ਜਾਵੇਗਾ ਤੇ ਥਾਣੇ ਵਿੱਚ ਆਉਣ ਵਾਲੇ ਹਰ ਇਕ ਪੀੜਤ ਵਿਅਕਤੀ ਨੂੰ ਇਨਸਾਫ ਦਿੱਤਾ ਜਾਵੇਗਾ, ਅਵਾਰਾਗਰਦੀ ਕਰਨ ਵਾਲਿਆਂ ਅਤੇ ਮੋਟਰਸਾਈਕਲ ਦੇ ਪਟਾਕੇ ਮਾਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਪਬਲਿਕ ਤੋਂ ਸਹਿਯੋਗ ਦੀ ਮੰਗ ਕਰਦੇ ਹੋਏ ਕਿਹਾ ਕਿਸੇ ਵੀ ਤਰ੍ਹਾਂ ਦੀ ਕੋਈ ਸੂਚਨਾਂ ਦੇਣ ਵਾਲੇ ਵਿਅਕਤੀ ਦਾ ਨਾਂਅ-ਪਤਾ ਗੁਪਤ ਰੱਖਿਆ ਜਾਵੇਗਾ ।

# ਸ੍ਰੀ ਗੁਰੂ ਨਾਨਕ ਦੇਵ ਜੀ ਦਾ 554ਵਾਂ ਪ੍ਰਗਟ ਦਿਵਸ ਮਨਾਇਆ



**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)**

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਤਖਤਗੜ ਪਿੰਡ ਵਾਸੀਆਂ ਵਲੋਂ ਪਿਛਲੇ ਕਈ ਰੋਜ ਤੋਂ ਪ੍ਰਭਾਤ ਫੇਰੀਆਂ ਕੱਢੀਆਂ ਗਈਆਂ, ਜਿਸ ਵਿਚ ਕੀਰਤਨ ਕਰਦੇ ਹੋਏ ਸੰਗਤਾਂ ਨੇ ਨਗਰ ਦੀ ਪਰਿਕਰਮਾ ਕੀਤੀ। ਉਸ ਤੋਂ ਬਾਅਦ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਸੰਗਤਾਂ ਲਈ ਚਾਹ ਪਕੌੜੇ ਦੇ ਲੰਗਰ ਅਤੁੱਟ ਵਰਤਾਏ ਗਏ। ਸਰਪੰਚ ਕੇਵਲ ਕ੍ਰਿਸ਼ਨ ਹੈਪੀ ਨੇ ਸੰਗਤਾਂ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਫੋਕੇ ਕਰਮ ਕਾਂਡਾਂ ਦਾ ਵਿਰੋਧ ਕਰਕੇ ਸਮੁੱਚੀ ਮਾਨਵਤਾ ਨੂੰ ਇਕ ਅਕਾਲ ਪੁਰਖ ਨਾਲ ਜੋੜਿਆ। ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ ਉਤੇ ਚੱਲ ਕੇ ਮਾਨਵਤਾ ਦੇ ਭਲੇ ਲਈ ਕੰਮ ਕਰਨਾ ਚਾਹੀਦਾ ਹੈ। ਇਸ ਮੌਕੇ ਗੁਰਪ੍ਰੀਤ ਸਿੰਘ, ਰਾਮ ਲਾਲ, ਸਗਲੀ ਰਾਮ, ਹਿੰਮਤ ਰਾਏ, ਪ੍ਰੇਮ ਚੰਦ, ਜਗਨ ਨਾਥ ਚਰਨਦਾਸ, ਸੁਰਿੰਦਰ ਸਿੰਘ, ਪਿੰਕੀ ਦੇਵੀ, ਮਨਜੀਤ ਕੌਰ, ਪਰਵਿੰਦਰ ਕੌਰ, ਅਮਰਜੀਤ ਕੌਰ, ਜਸਵਿੰਦਰ ਕੌਰ, ਸੋਮਾ ਦੇਵੀ, ਕਰਨ, ਜਸ਼ਨ, ਮਨਜੋਤ ਗੌਰਵ ਆਦਿ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਡਾ.ਸਤਵੀਰ ਸਿੰਘ ਨੇ ਜਾਪਾਨ ਰੇਡੀਏਸ਼ਨ ਰਿਸਰਚ ਸੋਸਾਇਟੀ ਦੀ 66ਵੀਂ ਮੀਟਿੰਗ 'ਚ ਗਲੋਬਲ ਸਟੇਜ ਨੂੰ ਰੋਸ਼ਨ ਕੀਤਾ

**ਜਲੰਧਰ ( ਸ਼ੈਲੀ ਐਲਬਰਟ)**-ਜਾਪਾਨ ਵਿੱਚ ਹੋਈ ਰੇਡੀਏਸ਼ਨ ਰਿਸਰਚ ਸੁਸਾਇਟੀ ਦੀ 66ਵੀਂ ਮੀਟਿੰਗ ਵਿੱਚ ਸੀਟੀ ਇੰਸਟੀਚਿਊਟ ਆਫ਼ ਇੰਜੀਨੀਅਰਿੰਗ, ਮੈਨੇਜਮੈਂਟ ਐਂਡ ਟੈਕਨੋਲੋਜੀ, ਸ਼ਾਹਪੁਰ, ਜਲੰਧਰ ਦੇ ਸਹਾਇਕ ਪ੍ਰੋਫੈਸਰ ਡਾ. ਸਤਵੀਰ ਸਿੰਘ ਪਹੁੰਚੇ । ਜਾਪਾਨ ਦੇ ਗ੍ਰੈਂਡ ਨਿਕੋ ਟੋਕੀਓ ਦਾਇਬਾ ਵਿੱਚ ਆਯੋਜਿਤ ਇਸ ਮਹੱਤਵਪੂਰਨ ਸਮਾਗਮ ਦੀ ਮੇਜ਼ਬਾਨੀ ਟੋਕੀਓ ਮੈਟਰੋਪੋਲੀਟਨ ਯੂਨੀਵਰਸਿਟੀ ਅਤੇ ਜਾਪਾਨ ਸੁਸਾਇਟੀ ਫਾਰ ਦਿ ਪ੍ਰਮੋਸ਼ਨ ਆਫ ਸਾਇੰਸ ਨੇ ਕੀਤੀ ਸੀ । ਡਾ. ਸਤਵੀਰ ਸਿੰਘ ਨੇ ਪੰਜਾਬ, ਭਾਰਤ ਦੇ ਦੋ ਖੇਤਰਾਂ ਵਿਚ ਧਰਤੀ ਹੇਠਲੇ ਪਾਣੀ ਵਿਚ ਯੂਰੇਨੀਅਮ ਦੀ ਸਥਾਨਕ ਅਤੇ ਡੂੰਘਾਈ ਅਨੁਸਾਰ ਵੰਡ ਦਾ ਤੁਲਨਾਤਮਕ ਅਧਿਐਨ ਸਿਰਲੇਖ ਨਾਲ ਆਪਣੇ ਤੁਲਨਾਤਮਕ ਅਧਿਐਨ ਨਾਲ ਕਾਨਫਰੰਸ ਵਿਚ ਅਸਾਧਾਰਣ ਯੋਗਦਾਨ ਪਾਇਆ । ਇਸ ਖੋਜ ਨੇ ਨਾ ਸਿਰਫ ਵਿਸ਼ੇ ਦੀ ਉਸਦੀ ਡੂੰਘੀ ਸਮਝ ਦਾ ਪ੍ਰਦਰਸ਼ਨ ਕੀਤਾ, ਬਲਕਿ ਰੇਡੀਏਸ਼ਨ ਸੁਰੱਖਿਆ ਵਿੱਚ ਅਧਿਐਨਾਂ ਦੇ ਵੀ ਪ੍ਰਦਰਸ਼ਨ ਕੀਤਾ।ਮੀਟਿੰਗ ਦੌਰਾਨ ਅਤਿ ਆਧੁਨਿਕ ਖੋਜ, ਸੁਰੱਖਿਆ ਪ੍ਰੋਟੋਕੋਲ ਅਤੇ ਰੇਡੀਏਸ਼ਨ ਨਿਗਰਾਨੀ ਵਿੱਚ ਉੱਭਰ ਰਹੀਆਂ ਤਕਨਾਲੋਜੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ।

ਡਾ .ਸਤਵੀਰ ਸਿੰਘ ਦੀ ਸਰਗਰਮ ਭਾਗੀਦਾਰੀ ਨੇ ਰੇਡੀਏਸ਼ਨ ਸੁਰੱਖਿਆ ਦੇ ਖੇਤਰ ਵਿੱਚ ਵਿਸ਼ਵ ਵਿਆਪੀ ਗਿਆਨ ਦੇ ਅਦਾਨ-ਪ੍ਰਦਾਨ ਅਤੇ ਸਹਿਯੋਗ ਨੂੰ ਉਤਸ਼ਾਹਤ ਕਰਨ ਲਈ ਉਨ੍ਹਾਂ ਦੇ ਸਮਰਪਣ ਨੂੰ ਦਰਸਾਇਆ । ਡਾ.ਸਤਵੀਰ ਸਿੰਘ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਜਾਪਾਨ ਰੇਡੀਏਸ਼ਨ ਰਿਸਰਚ ਸੋਸਾਇਟੀ ਦੀ ਮੀਟਿੰਗ ਵਿੱਚ ਸ਼ਾਮਲ ਹੋਣਾ ਇੱਕ ਗਿਆਨਭਰਪੂਰ ਤਜਰਬਾ ਸੀ। ਇਹ ਰੇਡੀਏਸ਼ਨ ਸੁਰੱਖਿਆ ਦੀਆਂ ਗੁੰਝਲਾਂ ਨੂੰ ਹੱਲ ਕਰਨ ਲਈ ਸਹਿਯੋਗੀ ਯਤਨਾਂ ਵਿੱਚੋਂ ਇੱਕ ਹੈ।

# ਮਾਨ ਸਰਕਾਰ ਨੇ ਟੋਲ ਪਲਾਜ਼ਾ ਦੇ ਰੇਟਾਂ 'ਚ ਬੇਤਹਾਸ਼ਾ ਵਾਧਾ ਕੀਤਾ : ਬੇਗਮਪੁਰਾ ਟਾਇਗਰ ਫੋਰਸ

**ਹੁਸ਼ਿਆਰਪੁਰ ( ਓ ਪੀ ਰਾਣਾ )** ਬੇਗਮਪੁਰਾ ਟਾਇਗਰ ਫੋਰਸ ਦੀ ਇੱਕ ਹੰਗਾਮੀ ਮੀਟਿੰਗ ਫੋਰਸ ਦੇ ਸਬ ਦਫਤਰ ਬਸੀ ਕਿੱਕਰਾਂ ਨੇੜੇ ਸੂਦ ਫਾਰਮ ਵਿਖੇ ਫੋਰਸ ਦੇ ਸਟੇਟ ਪ੍ਰਧਾਨ ਵੀਰਪਾਲ ਠਰੋਲੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ , ਦੋਆਬਾ ਪ੍ਰਧਾਨ ਨੇਕੂ ਅਜਨੋਹਾ ਤੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਵਿਸ਼ੇਸ਼ ਤੌਰ 'ਤੇ ਪਹੁੰਚੇ। ਆਗੂਆਂ ਵਲੋਂ ਲੁਧਿਆਣਾ ਦੇ ਲੋਢੂਵਾਲ ਟੋਲ ਪਲਾਜ਼ਾ ਦੇ ਰੇਟ ਵਿੱਚ ਬੇਤਹਾਸਾ ਕੀਤੇ ਵਾਧੇ ਦੀ ਸਖ਼ਤ ਨਿਖੇਧੀ ਕੀਤੀ ਗਈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਿਆਦ ਖਤਮ ਹੋ ਚੁੱਕੇ ਟੋਲ ਪਲਾਜ਼ਿਆਂ ਨੂੰ ਬੰਦ ਕਰਵਾ ਕੇ ਝੂਠੀ ਵਾਹ-ਵਾਹ ਲੁੱਟ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ, ਜੇਕਰ ਪੰਜਾਬ ਸਰਕਾਰ ਸੱਚਮੁੱਚ ਲੋਕਾਂ ਨੂੰ ਟੋਲ ਪਲਾਜ਼ਿਆਂ ਦੀ ਸਹੂਲਤ ਦੇਣਾ ਚਾਹੁੰਦੀ ਹੈ ਤਾਂ ਪੰਜਾਬ ਸਰਕਾਰ ਲੋਢੂਵਾਲ ਟੋਲ ਪਲਾਜ਼ਾ ਬੰਦ ਕਰਵਾ ਦੇ ਦਿਖਾਏ ਤਾਂ ਮੰਨਿਆ ਜਾਵੇਗਾ ਕਿ ਪੰਜਾਬ ਸਰਕਾਰ ਨੇ ਕੋਈ ਨੇਕ ਕੰਮ ਕੀਤਾ ਹੈ । ਉਹਨਾ ਕਿਹਾ ਕਿ ਆਮ ਆਦਮੀ ਪਾਰਟੀ ਨੇ ਖਾਸ ਕਰਕੇ ਇਲਾਜ ਲਈ ਲੁਧਿਆਣੇ ਜਾਣ ਵਾਲੇ ਮਰੀਜ਼ਾਂ ਬਾਰੇ ਕੁਝ ਨਹੀਂ ਸੋਚਿਆ। ਫੋਰਸ ਵਲੋ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਲੋਢੂਵਾਲ ਟੋਲ ਪਲਾਜ਼ਾ ਜੋ ਕਿ ਕਈ ਸਾਲਾਂ ਤੋਂ ਲੱਗਾ ਹੋਇਆ ਹੈ ਅਤੇ ਕਾਫੀ ਹੱਦ ਤੱਕ ਠੇਕੇਦਾਰਾਂ ਵੱਲੋਂ ਪੈਸੇ ਵਸੂਲੇ ਜਾ ਰਹੇ ਹਨ ਇਸ ਕਰਕੇ ਪੰਜਾਬ ਵਿੱਚ ਸਭ ਤੋਂ ਮਹਿੰਗੇ ਟੋਲ ਪਲਾਜੇ ਤੋ ਲੋਕਾਂ ਨੂੰ ਛੁਟਕਾਰਾ ਦਿਵਾਇਆ ਜਾਵੇ । ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਡੀਆ ਇੰਚਾਰਜ ਚੰਦਰ ਪਾਲ ਹੈਪੀ ,ਸਤੀਸ਼ ਕੁਮਾਰ ਸ਼ੇਰਗੜ੍ਹ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ,ਰਾਜ ਕੁਮਾਰ ਬੱਧਣ ਨਾਰਾ ਜ਼ਿਲ੍ਹਾ ਉੱਪ ਪ੍ਰਧਾਨ, ਰਾਜ ਰਾਜ ਕੁਮਾਰ ਬੱਧਣ ਸ਼ੇਰਗੜ੍ਹ ,ਵਿੱਕੀ ਸਿੰਘ ਪੁਰਹੀਰਾ , ਮੰਗਾ ਸ਼ੇਰਗੜ੍ਹ,ਭੁਪਿੰਦਰ ਮਾਨਾ,ਅਮਨਦੀਪ ,ਮੁਨੀਸ਼, ਗੁਰਪ੍ਰੀਤ ਕੁਮਾਰ,ਸਨੀ ਸੀਣਾ ,ਭਿੰਦਾ ਸੀਣਾ ,ਰਾਕੇਸ ਕੁਮਾਰ ਜੱਲੋਵਾਲ ,ਅਮਨਦੀਪ 'ਦੋਆਬਾ ਇੰਚਾਰਜ ਜੱਸਾ ਸਿੰਘ ਨੰਦਨ , ਚਰਨਜੀਤ ਸਿੰਘ ਡਾਡਾ, ਗੋਗਾ ਮਾਂਝੀ ,ਵਿਜੈ ਕੁਮਾਰ ਸੋਨੂੰ ,ਜਸਵਿੰਦਰ ਗਿਆਨੀ ਅਵਿਨਾਸ਼ ਸਿੰਘ ਬਿੱਟੂ ਵਿਰਦੀ ਪੰਚ ਸ਼ੇਰਗੜ੍ਹ ,ਕਮਲਜੀਤ ਸਿੰਘ, ਦਵਿੰਦਰ ਕੁਮਾਰ , ਨਰੇਸ਼ ਕੁਮਾਰ ਸਹਿਰੀ ਪ੍ਰਧਾਨ , ਬਾਲੀ , ਰਵੀ ਸੁੰਦਰ ਨਗਰ, ਗੁਰਪ੍ਰੀਤ ਗੋਪਾ , ਨਿੱਕਾ ਬਸੀ ਕਿੱਕਰਾ ,ਰਵੀ , ਭੁਪਿੰਦਰ ਕੁਮਾਰ ਬੱਧਣ ,ਅਵਤਾਰ ਡਿੰਪੀ,ਚਰਨਜੀਤ ਡਾਡਾ, ਕਮਲਜੀਤ ਡਾਡਾ,ਲਾਡੀ ਸ਼ੇਰਗੜ੍ਹ , ਸੋਨੂੰ ਛਾਉਣੀ ਕਲਾਂ ,ਕਿਸ਼ੋਰੀ ਸ਼ੇਰਗੜ੍ਹ , ਪਵਨ ਕੁਮਾਰ ਬੱਧਣ ,ਨਿਤੀਸ਼ ਕੁਮਾਰ ਸੈਣੀ, ਸਮੇਤ ਫੋਰਸ ਦੇ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

# ਐਨ ਸੀ ਸੀ ਦੀ 76ਵੀਂ ਵਰ੍ਹੇਗੰਢ 'ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ



**ਜਲੰਧਰ (ਸੁਰਿੰਦਰ ਕੁਮਾਰ)** "ਐਨ.ਸੀ.ਸੀ. ਦੀ 76ਵੀਂ ਵਰ੍ਹੇਗੰਢ ਦੇ ਸ਼ਾਨਦਾਰ ਜਸ਼ਨ ਦੀ ਸ਼ੁਰੂਆਤ ਦੂਜੀ ਪੰਜਾਬ ਐਨ.ਸੀ.ਸੀ. ਬਟਾਲੀਅਨ ਵੱਲੋਂ ਜੰਗੀ ਯਾਦਗਾਰ ਵਿਖੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ। ਐਨ.ਸੀ.ਸੀ. ਦੀ ਸ਼ੁਰੂਆਤ ਸਾਲ 1948 ਵਿੱਚ 'ਏਕਤਾ ਅਤੇ ਅਨੁਸ਼ਾਸ਼ਨ' ਦੇ ਪਵਿੱਤਰ ਉਦੇਸ਼ ਨਾਲ ਕੀਤੀ ਗਈ ਸੀ। ਸਭ ਤੋਂ ਪਹਿਲਾਂ ਕਰਨਲ ਵਿਨੋਦ ਜੋਸ਼ੀ, ਕਮਾਂਡਿੰਗ ਅਫਸਰ ਨੇ ਦੇਸ਼ ਲਈ ਮਹਾਨ ਕੁਰਬਾਨੀ ਦੇਣ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਤੋਂ ਬਾਅਦ ਕਾਰਜਕਾਰੀ ਸੂਬੇਦਾਰ ਮੇਜਰ, ਸੂਬੇਦਾਰ ਸੁਖਦੇਵ ਅਤੇ ਹੋਰ ਜੇ.ਸੀ., ਐਨ.ਸੀ.ਓਜ ਅਤੇ ਕੈਡਿਟਾਂ ਨੇ ਵੀ ਜੰਗੀ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਤੋਂ ਬਾਅਦ ਸਰਕਾਰੀ ਆਈ.ਟੀ.ਆਈ. ਮੇਹਰ ਚੰਦ ਕਾਲਜ ਜੇ.ਐਨ.ਵੀ ਵੱਲੋਂ ਲੋੜਵੰਦ ਲੋਕਾਂ ਨੂੰ ਕੱਪੜੇ ਵੰਡੇ ਗਏ। ਕੈਪਟਨ ਕੁਲਦੀਪ ਸ਼ਰਮਾ ਏ.ਐਨ.ਓ ਨੇ ਕੱਪੜੇ ਵੰਡਣ ਦੀ ਮੁਹਿੰਮ ਦਾ ਸੰਚਾਲਨ ਕੀਤਾ। ਜੇ.ਐਨ.ਵੀ ਤਲਵਾੜੀ ਦੇ ਕੈਡਿਟਾਂ ਵੱਲੋਂ ਸਵੱਛਤਾ ਮੁਹਿੰਮ ਵੀ ਚਲਾਈ ਗਈ ਅਤੇ 'ਸਵੱਛਤਾ ਤੋਂ ਸਿਹਤ' ਵਿਸ਼ੇ 'ਤੇ ਵੀ ਐਨ.ਸੀ.ਸੀ. ਦਿਵਸ। ਕੈਪਟਨ ਵਿਨੈ ਕੁਮਾਰ ਧਨੋਰੀਆ ਨੇ ਇਸ ਮੁਹਿੰਮ ਦਾ ਸੰਚਾਲਨ ਜਵਾਹਰ ਨਵੋਦਿਆ ਵਿਦਿਆਲਿਆ ਦੇ ਆਲੇ-ਦੁਆਲੇ ਝੌਂਪੜੀਆਂ ਵਿੱਚ ਕੀਤਾ। 76ਵੇਂ ਐਨ.ਸੀ.ਸੀ ਸਥਾਪਨਾ ਦਿਵਸ ਮੌਕੇ ਸੀ.ਟੀ.ਓ ਸੁਨੀਲ ਠਾਕੁਰ ਵੱਲੋਂ ਕੈਡਿਟਾਂ ਵੱਲੋਂ ਖੂਨਦਾਨ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿੱਚ 25 ਕੈਡਿਟਾਂ ਨੇ ਖੂਨਦਾਨ ਕੀਤਾ।'ਰਾਸ਼ਟਰ ਨਿਰਮਾਣ' ਵਿਸੇ 'ਤੇ ਚਰਚਾ ਕੀਤੀ ਗਈ ਅਤੇ ਨੌਜਵਾਨਾਂ ਵੱਲੋਂ ਯੋਗਦਾਨ ਦਾ ਸੰਚਾਲਨ ਲੈਫਟੀਨੈਂਟ ਵਿਪੁਲ ਸਿੰਘ ਵੱਲੋਂ ਕੀਤਾ ਗਿਆ।

ਕਮਾਂਡਿੰਗ ਅਫਸਰ ਕਰਨਲ ਜੋਸ਼ੀ ਨੇ ਕਿਹਾ ਕਿ ਐਨ.ਸੀ.ਸੀ. ਨੇ ਦੇਸ ਦੇ ਨੌਜਵਾਨਾਂ ਦੇ ਚਰਿੱਤਰ ਨਿਰਮਾਣ ਅਤੇ ਸ਼ਖਸੀਅਤ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਰਾਸ਼ਟਰ ਨਿਰਮਾਣ ਅਤੇ ਨੌਜਵਾਨਾਂ ਦੇ ਉੱਜਵਲ ਭਵਿੱਖ ਨੂੰ ਆਕਾਰ ਦੇਣ ਲਈ ਦ੍ਰਿੜ ਹੈ।

# ਨਵੇਂ ਆਏ ਐਸ ਐਸ ਪੀ ਨੂੰ ਕੀਤਾ ਸਨਮਾਨਤ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਦੋਆਬਾ ਜਨਰਲ ਕੈਟਗਰੀਜ ਫਰੰਟ ਪੰਜਾਬ ਅਤੇ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਤਰਨਾਦੱਲ ਬਜਵਾੜਾ ਵਲੋਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਨਵੇ ਆਏ ਐਸ ਐਸ ਪੀ ਸੁਰਿੰਦਰ ਲਾਂਬਾ ਨੂੰ ਬੁੱਕਾ ਅਤੇ ਸਿਰੋਪਾ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਬਲਵੀਰ ਸਿੰਘ ਫੁਗਲਾਣਾ ਪ੍ਰਧਾਨ ਦੋਆਬਾ ਜਨਰਲ ਕੈਟਗਰੀਜ ਫਰੰਟ ਪੰਜਾਬ, ਬਾਬਾ ਗੁਰਦੇਵ ਸਿੰਘ ਸਿੰਘ ਮੁਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਤਰਨਾਦੱਲ ਬਜਵਾੜਾ,ਡਾ. ਰਵਜੋਤ ਸਿੰਘ ਐਮ ਐਲ ਏ ਸ਼ਾਮ ਚੁਰਾਸੀ, ਜਗਤਾਰ ਸਿੰਘ ਭੁੰਗਰਨੀ ਜਨਰਲ ਸਕੱਤਰ, ਸੁਰਜੀਤ ਸਿੰਘ ਮਸੂਤਾ, ਜਸਪਾਲ ਸਿੰਘ ਮੰਡੇਰ, ਜਸਵਿੰਦਰ ਸਿੰਘ ਸੰਘਾ, ਬਲਵਿੰਦਰ ਸਿੰਘ ਗਿੱਲ ਅਤੇ ਜਥੇਬੰਦੀ ਦੇ ਹੋਰ ਸਾਥੀ ਵੀ ਹਾਜ਼ਰ ਸਨ।

# ਨਸ਼ਾ ਤੇ ਜ਼ਹਿਰੀਲੀ ਸ਼ਰਾਬ ਵੇਚਣ ਵਾਲਿਆਂ ਖਿਲਾਫ਼ ਪੁਲਸ ਸਖ਼ਤ ਕਾਰਵਾਈ ਕਰੇ : ਜਥੇਦਾਰ ਜੁਗਨੂੰ

**ਕਪੂਰਥਲਾ (ਮਨਜੀਤ ਮਾਨ)** ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਕੌਮੀ ਸਿਆਸੀ ਸਲਾਹਕਾਰ ਮੈਂਬਰ ਪੀ ਏ ਸੀ ਤੇ ਮੁੱਖ ਬੁਲਾਰੇ ਜਥੇਦਾਰ ਇੰਦਰਜੀਤ ਸਿੰਘ ਜੁਗਨੂੰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਪੂਰਥਲਾ ਦੇ ਆਸਪਾਸ ਦੇ ਪਿੰਡਾਂ 'ਤੇ ਮੁਹੱਲਿਆਂ ਵਿੱਚ ਸਰੇਆਮ ਨਸ਼ਾ ਤੇ ਨਜਾਇਜ ਜ਼ਹਿਰੀਲੀ ਸ਼ਰਾਬ ਵਿਕ ਰਹੀ ਹੈ ਜਿਸ ਨਾਲ ਸੈਂਕੜੇ ਨੌਜਵਾਨ ਮੌਤ ਦੇ ਮੂੰਹ ਵਿਚ ਜਾ ਚੁੱਕੇ ਹਨ ਤੇ ਕਈ ਪਰਵਾਰ ਤਬਾਹ ਹੋ ਚੁੱਕੇ ਹਨ। ਪੁਲਸ ਦੇ ਦਾਅਵਿਆਂ ਦੇ ਉਲਟ ਮੌਤ ਦੇ ਇਹ ਸਮੱਗਲਰ ਪਤਾ ਨਹੀ ਕਿਵੇਂ ਗੋਰਖ ਧੰਦਾ ਚਲਾ ਰਹੇ ਹਨ। ਜਥੇਦਾਰ ਜੁਗਨੂੰ ਨੇ ਕਿਹਾ ਕਿ ਗੋਇੰਦਵਾਲ ਸਾਹਿਬ ਰੋਡ 'ਤੇ ਵਸੇ ਕੁਝ ਪਿੰਡਾਂ ਵਿਚ ਸਵੇਰੇ ਨਸ਼ਾ ਲੈਣ ਤੇ ਜ਼ਹਿਰੀਲੀ ਸ਼ਰਾਬ ਲੈਣ ਲਈ ਨੌਜਵਾਨਾਂ ਦੀਆਂ ਲਾਈਨਾਂ ਲੱਗ ਜਾਂਦੀਆਂ ਹਨ ਤੇ ਨਸ਼ੇ ਨਾਲ ਕਈ ਨੌਜਵਾਨ ਇਸ ਰੋਡ 'ਤੇ ਬੇਹਾਲ ਤੇ ਬੇਸੁਰਤ ਆਮ ਦੇਖੇ ਜਾ ਸਕਦੇ ਹਨ। ਜਥੇਦਾਰ ਜੁਗਨੂੰ ਨੇ ਐਸ ਐਸ ਪੀ ਕਪੂਰਥਲਾ ਨੂੰ ਜ਼ੋਰਦਾਰ ਅਪੀਲ ਕਰਦਿਆਂ ਕਿਹਾ ਕਿ ਇਨ੍ਹਾਂ ਨਸ਼ਾ ਤਸਕਰਾਂ ਨੂੰ ਨੱਥ ਪਾਉਣ ਲਈ ਗੁਪਤ ਤੌਰ 'ਤੇ ਪੁਲਸ ਦੀ ਵਿਸ਼ੇਸ ਟੀਮ ਬਣਾਈ ਜਾਵੇ ਤੇ ਨਸ਼ੀਲੇ ਕੈਪਸਲ ਚਿੱਟਾ ਤੇ ਜ਼ਹਿਰੀਲੀ ਸ਼ਰਾਬ ਵੇਚਣ ਵਾਲਿਆਂ ਖਿਲਾਫ ਪੁਲਸ ਬਿਨਾਂ ਕਿਸੇ ਦੀ ਸਿਫਾਰਸ਼ ਮੰਨਿਆ ਸਖ਼ਤ ਕਾਰਵਾਈ ਕਰੇ।

ਜਥੇਦਾਰ ਜੁਗਨੂੰ ਨੇ ਕਿਹਾ ਕਿ ਸੋਸ਼ਲ ਮੀਡਿਆ 'ਤੇ ਨਸ਼ੇ ਨੂੰ ਬੜਾਵਾ ਦੇਣ ਵਾਲੀਆਂ ਪੋਸਟਾਂ ਗੀਤਾਂ 'ਤੇ ਇਸ਼ਤਿਹਾਰਬਾਜੀ ਜਿਸ ਨਾਲ ਕਿਸੇ ਵੀ ਵਰਗ ਦਾ ਨੌਜਵਾਨ ਜਾਂ ਲੋਕ ਗਲਤ ਰਸਤੇ ਪੈਣ ਸਰਕਾਰ ਸਖ਼ਤੀ ਨਾਲ ਰੋਕ ਲਗਾਵੇ । ਉਨ੍ਹਾਂ ਨੇ ਕਿਹਾ ਕੇ ਗੰਨ ਕਲਚਰ ਨੂੰ ਬੜ੍ਹਾਵਾ ਦੇਣ ਵਾਲੇ ਗੀਤ ਗਾਉਣ ਵਾਲਿਆਂ ਤੇ ਵਿਆਹ ਸ਼ਾਦੀਆਂ ਵਿਚ ਐਵੇਂ ਗੋਲੀਆਂ ਚਲਾ ਕੇ ਜਾਂ ਸੋਸ਼ਲ ਮੀਡਿਆ ਤੇ ਧਾਰਮਿਕ ਪ੍ਰੋਗਰਾਮਾਂ ਅਤੇ ਸਥਾਨਾਂ ਤੇ ਹਥਿਆਰ ਲਹਿਰਾ ਕੇ ਦਹਿਸ਼ਤ ਫੈਲਾਉਣ ਵਾਲਿਆਂ ਖਿਲਾਫ਼ ਵੀ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ।

# ਰੰਗਲਾ ਪੰਜਾਬ ਬਣਾਉਣ ਲਈ ਸਾਰਿਆਂ ਨੂੰ ਆਪਣਾ ਯੋਗਦਾਨ ਪਾਉਣ ਦੀ ਜ਼ਰੂਰਤ : ਪ੍ਰਦੀਪ ਥਿੰਦ



**ਕਾਲਾ ਸੰਘਿਆਂ (ਮਨਜੀਤ ਮਾਨ)**-ਆਮ ਆਦਮੀ ਪਾਰਟੀ ਦੀ ਮੀਟਿੰਗ ਬਲਾਕ ਪ੍ਰਬੰਧਕ ਪ੍ਰਦੀਪ ਥਿੰਦ ਦੀ ਅਗਵਾਈ ਵਿੱਚ ਪਿੰਡ ਸੰਧੂ ਚੱਠਾ ਵਿਖੇ ਕੀਤੀ ਗਈ, ਜਿਸ ਵਿੱਚ ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ ਕਾਲਾ ਸੰਘਿਆਂ,ਪਰਮਜੀਤ ਸਿੰਘ ਖਾਲਸਾ ਸੰਧੂ ਚੱਠਾ,ਦਲਵੀਰ ਸਿੰਘ ਰਾਣਾ ਸੁੰਨੜਵਾਲ ,ਗੁਰਮੇਲ ਸਿੰਘ ਸਿੱਧਵਾਂ ਦੋਨਾਂ,ਲਖਵੀਰ ਸਿੰਘ ਗੋਪੀ ਭਾਣੋਲੰਗਾ,ਹਰਜੀਤ ਸਿੰਘ ਅਤੇ ਸੀਨੀਅਰ ਆਗੂ ਸੰਜੀਵ ਕੌਂਡਲ,ਮੇਜਰ ਸਿੰਘ ਸ਼ਾਮਿਲ ਹੋਏ। ਮੀਟਿੰਗ ਦਾ ਮੁੱਖ ਅਜੰਡਾ ਪਿੰਡਾਂ ਵਿੱਚ ਜਾ ਕੇ ਡੋਰ ਟੂ ਡੋਰ ਪਾਰਟੀ ਵਲੋਂ ਕੀਤੇ ਜਾ ਰਹੇ ਕੰਮਾਂ ਬਾਰੇ ਲੋਕਾਂ ਨਾਲ ਜਾਣਕਾਰੀ ਸਾਂਝੀ ਕਰਨੀ ਹੈ। ਸਰਕਾਰ ਵੱਲੋਂ ਹਰੇਕ ਵਰਗ ਨੂੰ 600 ਯੂਨਿਟ ਬਿਜਲੀ ਦੇ ਬਿੱਲ ਮੁਆਫ, 38 ਹਜਾਰ ਦੇ ਕਰੀਬ ਨਵੀਆਂ ਨੌਕਰੀਆਂ ,18 ਹਜਾਰ ਦੇ ਕਰੀਬ ਕੱਚੇ ਕਾਮੇ ਰੈਗੂਲਰ ਕੀਤੇ, 580 ਭ੍ਰਿਸ਼ਟ ਮੁਲਾਜਮਾਂ 'ਤੇ ਕੇਸ ਦਰਜ ਕੀਤੇ, ਸ਼ਹੀਦ ਫੌਜੀ ਤੇ ਪੁਲਸ ਮੁਲਾਜਮ ਦੇ ਪਰਵਾਰ ਨੂੰ 1 ਕਰੋੜ ਸਹਾਇਤਾ ਰਾਸ਼ੀ ਦੇਣਾ, 659 ਮੁਹੱਲਾ ਕਲਿਨਿਕ ਬਣਾਏ, 2600 ਕਰੋੜ ਦਾ ਟਾਟਾ ਸਟੀਲ ਪਲਾਂਟ ਸ਼ੁਰੂ ਕੀਤਾ ਆਦਿ ਕੰਮ ਪਾਰਟੀ ਵਲੋਂ ਕੀਤੇ ਜਾ ਚੁੱਕੇ ਹਨ। ਇਸ ਦੇ ਨਾਲ ਹੀ ਪਿੰਡਾਂ ਵਿੱਚ ਲੋਕਾਂ ਨੂੰ ਆ ਰਹੀਆਂ ਮੁਸ਼ਕਿਲਾਂ ਦੀ ਜਾਣਕਾਰੀ ਲੈਣੀ ਅਤੇ ਉਨ੍ਹਾਂ ਨੂੰ ਸਰਕਾਰ ਤੱਕ ਪਹੁੰਚਾ ਕੇ ਉਨ੍ਹਾਂ ਦਾ ਹੱਲ ਕਰਨਾ ਹੈ । ਬਲਾਕ ਪ੍ਰਬੰਧਕ ਪ੍ਰਦੀਪ ਥਿੰਦ ਨੇ ਸਾਰੇ ਬਲਾਕ ਪ੍ਰਧਾਨਾਂ ਨੂੰ ਪ੍ਰੇਰਿਤ ਕੀਤਾ ਕਿ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਸਾਡਾ ਸਾਰਿਆਂ ਦਾ ਫਰਜ ਹੈ ਕਿ ਪਿੰਡਾਂ ਵਿੱਚ ਜਾ ਕੇ ਸਾਰੇ ਇਮਾਨਦਾਰ ਤੇ ਚੰਗੇ ਲੋਕਾਂ ਨੂੰ ਪਾਰਟੀ ਦਾ ਹਿੱਸਾ ਬਣਾਓ ਅਤੇ ਪੰਜਾਬ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਓ ਫੇਰ ਹੀ ਸਾਡਾ ਪੰਜਾਬ ਰੰਗਲਾ ਬਣ ਸਕਦਾ ਹੈ।

# ਜਿੰਪਾ ਨੇ ਸਹਿਕਾਰੀ ਸਭਾ ਦੇ 52 ਮੈਂਬਰਾਂ ਨੂੰ ਵੰਡੇ 7 ਲੱਖ ਦੇ ਬੋਨਸ ਚੈੱਕ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਦਿ ਸ੍ਰੀ ਗੁਰੂ ਰਵਿਦਾਸ ਨਗਰ ਦੁੱਧ ਉਤਪਾਦਕ ਸਹਿਕਾਰੀ ਸਭਾ ਵੱਲੋਂ ਕਰਵਾਏ ਗਏ ਸਮਾਗਮ ਦੌਰਾਨ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਸੁਸਾਇਟੀ ਦੇ ਦੁੱਧ ਉਤਪਾਦਕ ਮੈਂਬਰਾਂ ਨੂੰ ਬੋਨਸ ਦੇ ਚੈੱਕ ਵੰਡ ਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਹੋਰ ਦੁੱਧ ਉਤਪਾਦਕਾਂ ਨੂੰ ਵੀ ਵੇਰਕਾ ਦੀਆਂ ਸਹਿਕਾਰੀ ਸਭਾਵਾਂ ਨਾਲ ਜੁੜ ਕੇ ਅਜਿਹੇ ਲਾਭ ਲੈਣੇ ਚਾਹੀਦੇ ਹਨ। ਇਸ ਦੌਰਾਨ ਉਨ੍ਹਾਂ ਦੇ ਨਾਲ ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤਾ ਚੌਧਰੀ, ਦਿ ਹੁਸ਼ਿਆਰਪੁਰ ਸੈਂਟਰਲ ਕੋਆਪ੍ਰੇਟਿਵ ਬੈਂਕ ਦੇ ਚੇਅਰਮੈਨ ਵਿਕਰਮ ਸ਼ਰਮਾ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਮਿਲਕ ਪਲਾਂਟ ਹੁਸ਼ਿਆਰਪੁਰ ਦੇ ਜੀ.ਐਮ ਰੁਪਿੰਦਰ ਸਿੰਘ ਸੇਖੋਂ ਦੀ ਅਗਵਾਈ ਹੇਠ ਮਿਲਕ ਪਲਾਂਟ ਵੱਲੋਂ ਦੁੱਧ ਉਤਪਾਦਕ ਸਹਿਕਾਰੀ ਸਭਾਵਾਂ ਦੇ ਮੈਂਬਰਾਂ ਨੂੰ ਸੁਸਾਇਟੀ ਦੇ ਉਪ-ਨਿਯਮਾਂ ਅਨੁਸਾਰ ਸ਼ੁੱਧ ਲਾਭ ਵਜੋਂ ਲੱਖਾਂ ਰੁਪਏ ਦੇ ਬੋਨਸ ਦੇ ਚੈੱਕ ਦਿੱਤੇ ਗਏ ਹਨ, ਜਿਸ ਤਹਿਤ ਅੱਜ ਸੁਸਾਇਟੀ ਦੇ 52 ਮੈਂਬਰਾਂ ਨੂੰ ਕਰੀਬ 7 ਲੱਖ ਰੁਪਏ ਦੇ ਚੈੱਕ ਬੋਨਸ ਦੇ ਤੌਰ 'ਤੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਬ੍ਰਮ ਸ਼ੰਕਰ ਜਿੰਪਾ ਨੇ ਦੁੱਧ ਉਤਪਾਦਕਾਂ ਨੂੰ ਸਾਫ-ਸੁਥਰਾ ਦੁੱਧ ਪੈਦਾ ਕਰਕੇ ਵੇਰਕਾ ਦੁੱਧ ਉਤਪਾਦਕ ਸਹਿਕਾਰੀ ਸਭਾ ਨੂੰ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਵੇਰਕਾ ਮਿਲਕ ਪਲਾਂਟ ਵੱਲੋਂ ਦੁੱਧ ਉਤਪਾਦਕਾਂ ਨੂੰ ਉਤਸ਼ਾਹਿਤ ਕਰਨ ਲਈ ਕੀਤਾ ਗਿਆ ਇਹ ਕੰਮ ਸ਼ਲਾਘਾਯੋਗ ਹੈ, ਜਿਸ ਸਦਕਾ ਭਵਿੱਖ ਵਿਚ ਹੋਰ ਵੀ ਦੁੱਧ ਉਤਪਾਦਕ ਵੇਰਕਾ ਨਾਲ ਜੁੜਨਗੇ। ਇਸ ਮੌਕੇ ਸੁਸਾਇਟੀ ਪ੍ਰਧਾਨ ਦੇਸਰਾਜ, ਵਿਵੇਕ, ਕੌਂਸਲਰ ਮੁਖੀ ਰਾਮ, ਕੌਂਸਲਰ ਪ੍ਰਦੀਪ ਬਿੱਟੂ, ਸੰਦੀਪ ਚੇਚੀ ਅਤੇ ਹੋਰ ਪਤਵੰਤੇ ਵੀ ਹਾਜਰ ਸਨ।

# ਪੀ ਐਸ ਪੀ ਸੀ ਐਲ ਦੇ ਕਰਮਚਾਰੀਆਂ ਨੇ ਸਰਕਾਰ ਦੀ ਅਰਥੀ ਫੂਕੀ



**ਬਹਿਰਾਮ (ਅਵਤਾਰ ਕਲੇਰ)**- ਸਾਂਝੇ ਫੋਰਮ ਦੇ ਸੱਦੇ 'ਤੇ ਉਪ ਮੰਡਲ ਬਹਿਰਾਮ -1 ਅਤੇ ਉਪ ਮੰਡਲ ਬਹਿਰਾਮ - 2 ਪੀ ਐਸ ਪੀ ਸੀ ਐਲ ਦੇ ਕਰਮਚਾਰੀਆਂ ਨੇ ਸਕੱਤਰੇਤ ਪੰਜਾਬ ਚੰਡੀਗੜ੍ਹ ਦੇ ਕਰਮਚਾਰੀਆਂ ਵਲੋਂ ਕੀਤੀ ਜਾ ਰਹੀ ਕਲਮਛੋੜ ਹੜਤਾਲ ਦੀ ਹਮਾਇਤ ਵਿੱਚ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ। ਸਮੂਹ ਮੁਲਾਜਮਾਂ ਨੇ ਰਹਿੰਦੀਆਂ ਡੀ ਏ ਦੀਆਂ ਕਿਸ਼ਤਾਂ ਜਾਰੀ ਕਰਨ , ਪੁਰਾਣੀ ਪੈਨਸ਼ਨ ਬਹਾਲ ਕਰਨ , ਕੱਚੇ ਮੁਲਾਜਮ ਪੱਕੇ ਕਰਨ ਅਤੇ ਛੇਵੇਂ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਲਾਗੂ ਕਰਨ ਲਈ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ । ਮੰਨੀਆਂ ਹੋਈਆਂ ਮੰਗਾਂ ਨਾ ਮੰਨਣ ਕਰਕੇ ਪੰਜਾਬ ਸਰਕਾਰ ਵਿਰੁੱਧ ਕੰਮ ਕਰਕੇ ਨਾਹਰੇਬਾਜੀ ਕੀਤੀ । ਇਸ ਮੌਕੇ ਸੁਰਿੰਦਰ ਪਾਲ , ਇੰਜ. ਜਸਵੀਰ ਸਿੰਘ, ਇੰਜ. ਸੰਤੋਖ ਕੁਮਾਰ ਜੇ ਈ, ਇੰਜ. ਮਲਕੀਤ ਚੰਦ ਜੇ ਈ , ਇੰਜ. ਰਾਜਵਿੰਦਰ ਸਿੰਘ ਜੇ ਈ, ਇੰਜ. ਤਜਿੰਦਰ ਸਿੰਘ ਜੇ ਈ, ਪਰਮਜੀਤ ਸਿੰਘ, ਸੁਖਦੀਪ ਸਿੰਘ, ਰਾਮ ਪਾਲ , ਰਾਜਵਿੰਦਰ ਸਿੰਘ, ਅਰੁਣ ਕੁਮਾਰ ਆਦਿ ਸ਼ਾਮਲ ਹੋਏ।

# ਸੁੰਨੜ ਕਲਾਂ 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਪਿੰਡ ਸੁੰਨੜ ਕਲਾਂ ਵਿਖੇ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਹਿਲੀ ਪਾਤਿਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਪੰਜ ਪਿਆਰਿਆਂ ਦੀ ਅਗਵਾਈ 'ਚ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਗੁਰਦੁਆਰਾ ਸਿੰਘ ਸਭਾ ਤੋਂ ਆਰੰਭ ਹੋਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਪਾਲਕੀ 'ਚ ਸੁਸ਼ੋਭਿਤ ਕੀਤਾ ਗਿਆ ਸੀ। ਇਸ ਦੌਰਾਨ ਵੱਡੀ ਗਿਣਤੀ 'ਚ ਸੰਗਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋਈਆਂ। ਨਗਰ ਕੀਰਤਨ ਦੇ ਅੱਗੇ-ਅੱਗੇ ਸੇਵਾਦਾਰ ਸਫਾਈ ਕਰ ਰਹੇ ਸਨ ਤੇ ਸੰਗਤਾਂ ਨਾਲ-ਨਾਲ ਸਤਿਨਾਮ-ਵਾਹਿਗੁਰੂ ਦਾ ਜਾਪ ਕਰਦੀਆਂ ਹੋਈਆਂ ਚਲ ਰਹੀਆਂ ਸਨ। ਢਾਡੀ ਜਥੇ ਵੱਲੋਂ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਨਿਹੰਗ ਸਿੰਘਾਂ ਵੱਲੋਂ ਗੱਤਕੇ ਦੇ ਵਿਲੱਖਣ ਜੌਹਰ ਦਿਖਾਏ ਗਏ। ਇਸ ਦੌਰਾਨ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਨਿੱਘਾ ਸਵਾਗਤ ਕਰਦਿਆਂ ਜਗ੍ਹਾ-ਜਗ੍ਹਾ 'ਤੇ ਚਾਹ ਕੌਫੀ ਤੇ ਫਲ ਫਰੂਟਾਂ ਦੇ ਅਤੁੱਟ ਲੰਗਰ ਸੰਗਤ 'ਚ ਵਰਤਾਏ ਗਏ। ਇਹ ਨਗਰ ਕੀਰਤਨ ਪਿੰਡ ਦੀਆਂ ਵੱਖ-ਵੱਖ ਗਲੀਆਂ'ਚੋਂ ਹੁੰਦਾ ਹੋਇਆ ਦੇਰ ਸ਼ਾਮ ਨੂੰ ਵਾਪਸ ਗੁਰਦੁਆਰਾ ਸਿੰਘ ਸਭਾ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਸਮਾਪਤ ਹੋਇਆ। ਗੁਰਦੁਆਰਾ ਸਾਹਿਬ ਨੂੰ ਸੁੰਦਰ ਬਿਜਲਈ ਲੜੀਆਂ ਨਾਲ ਸਜਾਇਆ ਗਿਆ ਸੀ ਜੋ ਕਿ ਬੜਾ ਮਨਮੋਹਕ ਲੱਗ ਰਿਹਾ ਸੀ।

# ਲਾਲ ਸਿੰਘ ਦਸੂਹਾ ਤੇ ਜਸਪਾਲ ਜ਼ੀਰਵੀ ਨੂੰ ਦਿੱਤਾ 'ਸ਼ਬਦ- ਸਿਰਜਣਹਾਰੇ' ਸਨਮਾਨ

**ਫਗਵਾੜਾ ( ਡਾ. ਰਮਨ )** ਸਕੇਪ ਸਾਹਿਤਕ ਸੰਸਥਾ (ਰਜਿ:) ਫਗਵਾੜਾ ਵੱਲੋਂ ਬਲੱਡ ਬੈਂਕ ਹਰਗੋਬਿੰਦ ਨਗਰ ਵਿਖੇ ਸਲਾਨਾ "ਸਬਦ- ਸਿਰਜਣਹਾਰੇ" ਸਨਮਾਨ ਸਮਾਰੋਹ ਅਤੇ ਕਵੀ ਦਰਬਾਰ ਕਰਵਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਉੱਘੀਆਂ ਸ਼ਖ਼ਸੀਅਤਾਂ ਸਕੇਪ ਸਾਹਿਤਕ ਸੰਸਥਾ ਦੇ ਪ੍ਰਧਾਨ ਪਰਵਿੰਦਰਜੀਤ ਸਿੰਘ ,ਸੰਸਥਾ ਦੇ ਸਰਪ੍ਰਸਤ ਪ੍ਰਿੰ. ਗੁਰਮੀਤ ਸਿੰਘ ਪਲਾਹੀ,ਮੁੱਖ ਮਹਿਮਾਨ ਨਰਪਾਲ ਸਿੰਘ ਸੇਰਗਿੱਲ ,ਕਹਾਣੀਕਾਰ, ਲਾਲ ਸਿੰਘ ਦਸੂਹਾ, ਗਜਲਗੋ ਜਸਪਾਲ ਜੀਰਵੀ, ਅਮਰੀਕ ਡੋਗਰਾ, ਨਛੱਤਰ ਸਿੰਘ ਭੋਗਲ, ਰਾਮ ਪਾਲ ਮੱਲ ਸ਼ਾਮਲ ਹੋਏ। ਉੱਘੇ ਕਹਾਣੀਕਾਰ ਰਵਿੰਦਰ ਚੋਟ ਨੇ ਗਜਲਗੋ ਜਸਪਾਲ ਜੀਰਵੀ ਦਾ ਸਨਮਾਨ ਪੱਤਰ ਅਤੇ ਗਜਲਗੋ ਬਲਦੇਵ ਰਾਜ ਕੋਮਲ ਨੇ ਕਹਾਣੀਕਾਰ ਲਾਲ ਸਿੰਘ ਦਸੂਹਾ ਦਾ ਸਨਮਾਨ ਪੱਤਰ ਪੜ੍ਹ ਕੇ ਸੁਣਾਇਆ। ਇਸ ਉਪਰੰਤ ਸੰਸਥਾ ਵੱਲੋਂ ਉੱਘੇ ਕਹਾਣੀਕਾਰ ਲਾਲ ਸਿੰਘ ਦਸੂਹਾ ਅਤੇ ਪ੍ਰਸਿੱਧ ਗਜ਼ਲਗੋ ਜਸਪਾਲ ਜੀਰਵੀ ਨੂੰ "ਸ਼ਬਦ-ਸਿਰਜਣਹਾਰੇ" ਸਨਮਾਨ ਨਾਲ ਨਿਵਾਜ਼ਿਆ ਗਿਆ। ਸਕੇਪ ਸਾਹਿਤਕ ਸੰਸਥਾ ਦੇ ਸਰਪ੍ਰਸਤ ਪ੍ਰਿੰ. ਗੁਰਮੀਤ ਸਿੰਘ ਪਲਾਹੀ ਨੇ ਸਰੋਤਿਆਂ ਨੂੰ ਲਾਲ ਸਿੰਘ ਅਤੇ ਜਸਪਾਲ ਜੀਰਵੀ ਦੇ ਸੰਘਰਸ਼ਾਂ ਭਰੇ ਅਤੇ ਔਕੜਾਂ ਭਰੇ ਜੀਵਨ ਸਫਰ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਧਰਤੀ ਨਾਲ ਜੁੜੇ ਇਹਨਾਂ ਦੋਵਾਂ ਲੇਖਕਾਂ ਨੇ ਆਪਣੀ ਸਾਰੀ ਉਮਰ ਸਾਹਿਤਕ ਕੰਮਾਂ ਦੇ ਲੇਖੇ ਲਗਾ ਦਿੱਤੀ। ਲੋਕਾਂ ਨਾਲ ਜੁੜੇ ਲੋਕ ਅਕਸਰ ਸਰਕਾਰਾਂ ਦੀਆਂ ਅੱਖਾਂ ਵਿੱਚ ਰੜਕਦੇ ਹਨ ਅਤੇ ਅਣਦੇਖੀ ਦਾ ਸ਼ਿਕਾਰ ਹੁੰਦੇ ਹਨ। ਇਹ ਦੋਵੇਂ ਯੋਧੇ ਨਿਰ-ਸੁਆਰਥ ਢੰਗ ਨਾਲ ਸਰੀਰਕ ਲੜਾਈ ਲੜਦਿਆਂ, ਮਾਨਸਿਕ ਤੌਰ 'ਤੇ ਔਖੇ ਹੋ ਕੇ ਵੀ ਸਾਹਿਤ ਲਈ ਕਾਰਜ ਕਰ ਰਹੇ ਹਨ। ਧਰਤੀ ਨਾਲ ਜੁੜੇ ਇਹਨਾਂ ਦੋਵਾਂ ਸਾਹਿਤਕਾਰਾਂ ਦੀ ਜ਼ਿੰਦਗੀ ਭਰ ਦੀ ਕਮਾਈ ਲਈ ਇਹਨਾਂ ਨੂੰ "ਸ਼ਬਦ- ਸਿਰਜਣਹਾਰੇ" ਸਨਮਾਨ ਦਿੰਦਿਆਂ ਸੰਸਥਾ ਮਾਣ ਮਹਿਸੂਸ ਕਰ ਰਹੀ ਹੈ। ਜਸਪਾਲ ਜੀਰਵੀ ਨੇ ਆਪਣੇ ਜਜ਼ਬਾਤ ਸਰੋਤਿਆਂ ਨਾਲ ਸਾਂਝੇ ਕਰਦਿਆਂ ਆਪਣੀਆਂ ਕੁਝ ਰਚਨਾਵਾਂ ਵੀ ਸਾਂਝੀਆਂ ਕੀਤੀਆਂ ਅਤੇ ਸੰਸਥਾ ਦਾ ਧੰਨਵਾਦ ਕਰਦਿਆ ਕਿਹਾ ਕਿ ਉਹ ਹਮੇਸ਼ਾ ਸਾਹਿਤਕ ਸੇਵਾ ਲਈ ਹਾਜਰ ਰਹਿਣਗੇ। ਕਹਾਣੀਕਾਰ ਲਾਲ ਸਿੰਘ ਦਸੂਹਾ ਨੇ ਵੀ ਸਰੋਤਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹਨਾ ਜ਼ਿੰਦਗੀ ਭਰ ਲੋਕਾਂ ਸੰਗ ਖੜਨ ਦਾ ਯਤਨ ਕੀਤਾ ਹੈ। ਕਵੀ ਦਰਬਾਰ ਦਾ ਅਰੰਭ ਸੁਖਦੇਵ ਸਿੰਘ ਗੰਡਵਾਂ ਦੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਧਾਰਮਿਕ ਗੀਤ ਨਾਲ ਕੀਤਾ ਗਿਆ। ਇਸ ਉਪਰੰਤ ਸਮਾਗਮ ਵਿੱਚ ਹਾਜਰ 50 ਤੋਂ ਵੱਧ ਕਵੀਆਂ, ਸ਼ਾਇਰਾਂ,ਗਜ਼ਲਕਾਰਾਂ ਨੇ ਆਪਣੀਆਂ ਗ਼ਜ਼ਲਾਂ,ਨਜ਼ਮਾਂ,ਰਚਨਾਵਾਂ ਨਾਲ ਖੂਬ ਰੰਗ ਬੰਨ੍ਹਿਆ। ਇਸ ਮੌਕੇ ਬਚਨ ਗੁੜਾ, ਸੋਢੀ ਸੱਤੋਵਾਲੀ, ਸੁਰਜੀਤ ਸਿੰਘ ਬੁਲਾੜ੍ਹੀ ਕਲਾਂ,ਸੀਤਲ ਰਾਮ ਬੰਗਾ,ਸਿਮਰਤ ਕੌਰ,ਜਸਵੰਤ ਸਿੰਘ ਮਜਬੂਰ,ਅਸੀਸ ਗਾਂਧੀ, ਮੋਨਿਕਾ ਬੇਦੀ, ਬਲਬੀਰ ਕੌਰ ਬੱਬੂ ਸੈਣੀ, ਉਰਮਲਜੀਤ ਸਿੰਘ ਵਾਲੀਆ, ਨਗੀਨਾ ਸਿੰਘ ਬਲੱਗਣ,ਅਸ਼ੋਕ ਮਹਿਰਾ, ਮਨਮੀਤ ਮੇਵੀ, ਅਸ਼ੋਕ ਸ਼ਰਮਾ, ਸ਼ਾਮ ਸਰਗੂੰਦੀ, ਮਨੋਜ ਫਗਵਾੜਵੀ, ਉਰਮਲਜੀਤ ਸਿੰਘ ਵਾਲੀਆ,ਓਮ ਪ੍ਰਕਾਸ਼ ਸੰਦਲ,ਬਲਦੇਵ ਰਾਜ ਕੋਮਲ, ਦੇਵ ਰਾਜ ਦਾਦਰ , ਲਸ਼ਕਰ ਢੰਡਵਾੜਵੀ, ਹਰਚਰਨ ਭਾਰਤੀ, ਗੁਰਦੀਪ ਸਿੰਘ ਭੰਮਰਾ,ਕਰਮਜੀਤ ਸਿੰਘ ਸੰਧੂ, ਜਰਨੈਲ ਸਿੰਘ ਸਾਖੀ, ਗੁਰਨੂਰ ਕੌਰ, ਸੁਬੇਗ ਸਿੰਘ ਹੰਜਰਾਅ, ਦਲਜੀਤ ਮਹਿਮੀ, ਰਵਿੰਦਰ ਚੋਟ ਆਦਿ ਕਵੀਆਂ ਨੇ ਆਪਣੀਆਂ ਰਚਨਾਵਾਂ ਨਾਲ ਖੂਬ ਰੰਗ ਬੰਨ੍ਹਿਆ। ਮੁੱਖ ਮਹਿਮਾਨ ਉੱਘੇ ਪੱਤਰਕਾਰ ਨਰਪਾਲ ਸਿੰਘ ਸ਼ੇਰਗਿੱਲ ਨੇ ਸਰੋਤਿਆਂ ਨੂੰ ਸੰਬੋਧਨ ਕਰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਹ ਆਪਣੇ ਦੇਸ਼, ਆਪਣੀ ਧਰਤੀ 'ਤੇ ਰਹਿੰਦਿਆਂ, ਕਿਰਤ ਕਮਾਈ ਕਰਦਿਆਂ ਆਪਣਾ ਨਾਂਅ ਬਣਾਉਣ। ਉਹਨਾਂ ਸੁਨੇਹਾ ਦਿੱਤਾ ਕਿ ਨੌਜਵਾਨ ਆਪਣੀ ਧਰਤੀ, ਆਪਣਾ ਘਰ-ਬਾਰ ਵੇਚ ਕੇ ਵਿਦੇਸ਼ ਜਾਣ ਦੀ ਥਾਂ ਇਸੇ ਧਰਤੀ 'ਤੇ ਰਹਿ ਕੇ ਕਾਮਯਾਬੀ ਹਾਸਲ ਕਰਨ ਲਈ ਮਿਹਨਤ ਕਰਨ। ਸਮਾਗਮ ਦੇ ਅਖੀਰ ਵਿੱਚ ਪ੍ਰਸਿੱਧ ਗਾਇਕ ਸੁਖਦੇਵ ਸਾਹਿਲੀ ਨੇ ਆਪਣੀ ਗਾਇਕੀ ਨਾਲ ਸਰੋਤਿਆਂ ਨੂੰ ਨਿਹਾਲ ਕੀਤਾ। ਸਮਾਗਮ ਵਿੱਚ ਸੁਖਵਿੰਦਰ ਸਿੰਘ,ਐਡਵੋਕੇਟ ਐੱਸ.ਐਲ.ਵਿਰਦੀ ,ਮਨਦੀਪ ਸਿੰਘ, ਸੁਸ਼ੀਲ ਸ਼ਰਮਾ,ਅਨਮੋਲ ਜੀਰਵੀ, ਹਰਸ਼ ਮੱਲ, ਚੈਨ ਮੱਥਫੱਲੂ, ਗਿਆਨ ਕੌਰ, ਅਰਵਿੰਦਰ ਪਾਂਡੇ,ਨਰਿੰਦਰ ਸਿੰਘ ਸੈਣੀ, ਅਮਰਿੰਦਰ ਸਿੰਘ, ਕਸ਼ਮੀਰ ਸਿੰਘ, ਸੁਰਿੰਦਰ ਸਿੰਘ ਨੇਕੀ, ਬਲਵਿੰਦਰ ਕੁਮਾਰ, ਰਾਜਨ ਕੁਮਾਰ, ਮੋਹਨ ਸਾਹਿਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਰੋਤਿਆਂ ਨੇ ਸ਼ਿਰਕਤ ਕੀਤੀ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਕਮਲੇਸ਼ ਸੰਧੂ ਨੇ ਨਿਭਾਈ। ਇਸ ਤਰ੍ਹਾਂ ਸਕੇਪ ਸਾਹਿਤਕ ਸੰਸਥਾ ਦਾ ਇਹ ਸਾਲਾਨਾ ਸਨਮਾਨ ਸਮਾਰੋਹ ਸਮਾਗਮ ਯਾਦਗਾਰੀ ਹੋ ਨਿਬੜਿਆ।

# ਮਹਿਸਮਪੁਰ ਵਿਖੇ ਗਿਆਰ੍ਹਵਾਂ ਖ਼ੂਨ ਦਾਨ ਤੇ ਅੱਖਾਂ ਦਾ ਚੈੱਕਅੱਪ ਕੈਂਪ

**ਫਿਲੌਰ, (ਨਿਰਮਲ)**-ਨਜਦੀਕੀ ਪਿੰਡ ਮਹਿਸਮਪੁਰ ਵਿਖੇ ਗਿਆਰਵਾਂ ਖ਼ੂਨਦਾਨ ਕੈਂਪ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ਼ਹੀਦ ਬਾਬਾ ਬਿੰਡਾ ਸਿੰਘ ਪਿੰਡ ਮਹਿਸਮਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਸੋਸ਼ਲ ਐਂਡ ਵੈਲਫੇਅਰ ਸੁਸਾਇਟੀ ਰਜਿ ਵੱਲੋਂ ਲਗਾਇਆ ਗਿਆ। ਜਿਸ ਦਾ ਉਦਘਾਟਨ ਭਾਰਤ ਕੇਸਰੀ ਭਾਰਤ ਪ੍ਰਸਿੱਧ ਪਹਿਲਵਾਨ ਪ੍ਰੀਤਪਾਲ ਸਿੰਘ ਫਗਵਾੜਾ ਨੇ ਕੀਤਾ। ਇਸੇ ਦੌਰਾਨ ਜਰੂਰਤਮੰਦ ਵਿਅਕਤੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਤੇ ਐਨਕਾਂ ਅਤੇ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ। ਖ਼ੂਨਦਾਨ ਕੈਂਪ 'ਚ ਵਿਸ਼ੇਸ਼ ਸਹਿਯੋਗ ਪਹਿਲਵਾਨ ਹੁਕਮਾਂ ਸਿੰਘ ਸਪੋਰਟਸ ਐਂਡ ਯੂਥ ਕਲੱਬ ਵੱਲੋਂ ਦਿੱਤਾ ਗਿਆ । ਇਸ ਮੌਕੇ ਰਮਨ ਕੁਮਾਰ ਨੰਬਰਦਾਰ, ਜਥੇਦਾਰ ਬਲਵੀਰ ਸਿੰਘ, ਸਤਨਾਮ ਪਾਰੀ, ਗੁਰਜੀਤ ਸਾਬਕਾ ਪੰਚ, ਗਿਆਨ ਸਿੰਘ, ਬੂਟਾ ਰਾਮ, ਟੋਨੀ ਮਾਸਟਰ, ਅਵਤਾਰ ਲਾਲ, ਸੋਨੂੰ ਮਾਨ, ਸੰਤੋਖ ਸਿੰਘ, ਸੁਰਿੰਦਰ ਸਿੰਘ ਸਰਪੰਚ ਰੁਪੋਵਾਲ ਛਿੰਝ ਕਮੇਟੀ , ਅਜਮੇਰ ਸਿੰਘ, ਹਰਕਮਲ ਸਿੰਘ ਬੇਗਮਪੁਰ, ਮੋਹਣ ਸਿੰਘ ਢੇਸੀ, ਜਸਵਿੰਦਰ ਸਿੰਘ ਨੰਬਰਦਾਰ, ਰਾਜਨ ਸ਼ਰਮਾ, ਮਾਸਟਰ ਜਗਦੀਸ਼ ਮਹਿਮੀ ਅਤੇ ਹੋਰ ਹਾਜ਼ਰ ਸਨ।



# ਲਾਈਨਾਂ ਪਾਰ ਕਰਦੇ ਸਮੇਂ ਵਾਪਰੇ ਹਾਦਸੇ 'ਚ ਪਿਓ-ਪੁੱਤਰ ਦੀ ਮੌਤ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੋਮਵਾਰ ਸਵੇਰੇ ਸਰਹਿੰਦ ਨੇੜਲੇ ਪਿੰਡ ਕੋਟਲਾ ਭਾਈ ਕਾ ਵਿਖੇ ਰੇਲ ਲਾਈਨਾਂ ਪਾਰ ਕਰਦੇ ਸਮੇਂ ਪਿੰਡ ਦੇ ਹੀ ਰਹਿਣ ਵਾਲੇ ਪਿਓ-ਪੁੱਤਰ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ। ਘਟਨਾ ਸਥਾਨ 'ਤੇ ਮਾਮਲੇ ਦੀ ਜਾਂਚ ਕਰ ਰਹੇ ਜੀ.ਆਰ.ਪੀ. ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਕਰਮਜੀਤ ਸਿੰਘ ਨੇ ਦੱਸਿਆ ਕਿ ਪਿੰਡ ਕੋਟਲਾ ਭਾਈ ਕਾ ਦਾ ਵਸਨੀਕ ਹੁਕਮ ਚੰਦ (42) ਤੇ ਉਸ ਦਾ ਪੁੱਤਰ ਸਾਹਿਬਜੋਤ ਸਿੰਘ (12), ਜਿਨ੍ਹਾਂ ਦਾ ਘਰ ਪਿੰਡ ਨੇੜਿਓਂ ਲੰਘਦੀਆਂ ਰੇਲਵੇ ਲਾਈਨਾਂ ਦੇ ਨਾਲ ਹੀ ਹੈ, ਰੇਲਵੇ ਲਾਈਨਾਂ ਪਾਰ ਕਰ ਰਹੇ ਸਨ ਤਾਂ ਉਹ ਸਰਹਿੰਦ ਤੋਂ ਰਾਜਪੁਰਾ ਵੱਲ ਜਾ ਰਹੇ ਇੱਕ ਰੇਲ ਇੰਜਣ ਦੀ ਲਪੇਟ 'ਚ ਆ ਗਏ, ਜਿਸ ਕਾਰਨ ਦੋਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮੌਕੇ 'ਤੇ ਹੋਰਨਾਂ ਰਿਸ਼ਤੇਦਾਰਾਂ ਨਾਲ ਮੌਜੂਦ ਗੁਰਪ੍ਰੀਤ ਸਿੰਘ ਵਾਸੀ ਪਿੰਡ ਬਲਾੜ੍ਹਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪਿੰਡ 'ਚ ਹੀ ਚੱਲ ਰਹੇ ਇੱਕ ਵਿਆਹ ਸਮਾਗਮ 'ਚ ਸ਼ਾਮਲ ਹੋਣ ਲਈ ਉਸ ਦਾ ਮਾਸੜ ਹੁਕਮ ਚੰਦ ਤੇ ਮਾਸੀ ਦਾ ਇਕਲੌਤਾ ਪੁੱਤਰ ਸਾਹਿਬਜੋਤ ਸਿੰਘ ਲਾਈਨਾਂ ਪਾਰ ਕਰ ਰਹੇ ਸਨ ਤਾਂ ਉਕਤ ਰੇਲ ਲਾਈਨ, ਜੋ ਕਿ ਨਾਨ-ਐਕਟਿਵ ਹੈ 'ਤੇ ਅਚਾਨਕ ਆਏ ਇੱਕ ਰੇਲ ਇੰਜਣ ਨੇ ਦੋਵਾਂ ਨੂੰ ਆਪਣੀ ਲਪੇਟ 'ਚ ਲੈ ਲਿਆ। ਉਨ੍ਹਾਂ ਮੰਗ ਕੀਤੀ ਕਿ ਨਾਨ-ਐਕਟਿਵ ਲਾਈਨ 'ਤੇ ਰੇਲ ਇੰਜਣ ਕਿਸ ਤਰ੍ਹਾਂ ਆ ਗਿਆ, ਇਸ ਦੀ ਜਾਂਚ ਹੋਣੀ ਚਾਹੀਦੀ ਹੈ ਤੇ ਮਾਮਲੇ 'ਚ ਪਰਿਵਾਰ ਨੂੰ ਇਨਸਾਫ ਮਿਲਣਾ ਚਾਹੀਦਾ ਹੈ। ਮ੍ਰਿਤਕਾਂ ਦੀਆਂ ਲਾਸ਼ਾਂ ਦਾ ਪੋਸਟਮਾਰਟਮ ਕਰਵਾ ਕੇ ਵਾਰਿਸਾਂ ਹਵਾਲੇ ਕਰਨ ਉਪਰੰਤ ਜੀ.ਆਰ.ਪੀ. ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਡੀ ਟੀ ਐੱਫ ਵੱਲੋਂ ਰੋਸ ਪ੍ਰਦਰਸ਼ਨ 11 ਨੂੰ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਬਲਾਕ ਚੀਮਾ ਦੇ ਪ੍ਰਾਇਮਰੀ ਅਧਿਆਪਕਾਂ ਦੀਆਂ ਮੰਗਾਂ ਨਾ ਮੰਨਣ ਦੇ ਰੋਸ ਵਜੋਂ ਬੀ.ਪੀ.ਈ.ਓ. ਚੀਮਾ ਦੇ ਦਫ਼ਤਰ ਵਿਖੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਜਥੇਬੰਦੀ ਬਲਾਕ ਚੀਮਾ ਦੇ ਪ੍ਰਧਾਨ ਜਸਬੀਰ ਨਮੋਲ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਇੱਕ ਪੱਤਰ ਲਿਖ ਕੇ ਇਸ ਅਧਿਕਾਰੀ ਨੂੰ 20 ਨਵੰਬਰ ਤੱਕ ਮੰਗਾਂ ਪੂਰੀਆਂ ਕਰਨ ਦਾ ਅਲਟੀਮੇਟਮ ਦਿੱਤਾ ਗਿਆ ਸੀ ਅਤੇ ਕਿਹਾ ਸੀ ਕਿ ਜੇਕਰ ਇਸ ਮਿਤੀ ਤੱਕ ਇਹ ਏ.ਸੀ.ਆਰ. ਅਧਿਆਪਕਾਂ ਨੂੰ ਨਹੀਂ ਦਿੱਤੀਆਂ ਜਾਂਦੀਆਂ ਤਾਂ ਜਥੇਬੰਦੀ ਇਸ ਵਿਰੁੱਧ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਵੇਗੀ।

ਇਸ ਲਈ ਬਲਾਕ ਚੀਮਾ ਇਕਾਈ ਨੇ ਮੀਟਿੰਗ ਕਰਕੇ 11 ਦਸੰਬਰ ਨੂੰ ਇਸ ਅਧਿਕਾਰੀ ਦੇ ਦਫਤਰ ਵਿਖੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ। ਇਸ ਮੌਕੇ ਬਲਾਕ ਆਗੂਆਂ ਚੰਦਰ ਸ਼ੇਖਰ, ਜਗਤਾਰ ਲੌਂਗੋਵਾਲ ਤੇ ਜਸਵਿੰਦਰ ਸ਼ਾਹਪੁਰ ਨੇ ਦੱਸਿਆ ਕਿ ਅਧਿਆਪਕਾਂ ਦੀਆਂ ਮੰਗਾਂ ਪ੍ਰਤੀ ਇਸ ਅਧਿਕਾਰੀ ਦਾ ਵਤੀਰਾ ਗੈਰ-ਜ਼ਿੰਮੇਵਾਰ ਤੇ ਗੈਰ-ਪੇਸ਼ੇਵਰ ਹੈ। ਜੇਕਰ ਰੋਸ ਪ੍ਰਦਰਸ਼ਨ ਤੋਂ ਬਾਅਦ ਵੀ ਅਧਿਆਪਕਾਂ ਦੀਆਂ ਮੰਗਾਂ ਪੂਰੀਆਂ ਨਹੀਂ ਕੀਤੀਆਂ ਜਾਂਦੀਆਂ ਤਾਂ ਜਥੇਬੰਦੀ ਹੋਰ ਕਰੜੇ ਐਕਸ਼ਨ ਕਰਨ ਤੇ ਉੱਚ ਅਧਿਕਾਰੀਆਂ ਤੱਕ ਪਹੁੰਚ ਕਰਨ ਲਈ ਮਜਬੂਰ ਹੋਵੇਗੀ।

# ਸਰਕਾਰੀ ਬੱਸਾਂ ਨੂੰ 'ਆਪ' ਦੀ ਰੈਲੀ 'ਚ ਵਰਤਣਾ ਵੱਡਾ ਘੁਟਾਲਾ : ਵਿਨਰਜੀਤ ਗੋਲਡੀ



**ਸੰਗਰੂਰ (ਪ੍ਰਵੀਨ ਸਿੰਘ)**

ਸ਼੍ਰੋਮਣੀ ਅਕਾਲੀ ਦਲ ਸੰਗਰੂਰ ਹਲਕਾ ਇੰਚਾਰਜ ਵਿਨਰਜੀਤ ਗੋਲਡੀ ਨੇ ਸੰਗਰੂਰ ਬੱਸ ਸਟੈਂਡ 'ਚ ਦੱਸਿਆ ਕਿ ਅੱਜ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਨ ਹੋਣ ਦੇ ਬਾਵਜੂਦ ਸੰਗਤ ਬੱਸ ਅੱਡਿਆਂ 'ਤੇ ਰੁਲ ਰਹੀ ਹੈ। ਇਸ ਦਾ ਇਹੀ ਕਾਰਨ ਹੈ ਕਿ ਅੱਜ ਆਮ ਆਦਮੀ ਪਾਰਟੀ ਦੀ ਧੂਰੀ ਵਿਖੇ ਰੈਲੀ ਹੈ ਸੰਗਰੂਰ ਡਿੱਪੂ ਵਿੱਚ ਸਵਾ ਸੌ ਬੱਸ ਹੈ, ਜੋ 95 ਬੱਸਾਂ ਧੂਰੀ ਵਿਖੇ ਹੋ ਰਹੀ ਆਮ ਆਦਮੀ ਪਾਰਟੀ ਦੀ ਰੈਲੀ 'ਚ ਭੇਜੀਆਂ ਗਈਆਂ। ਇਹ ਇੱਕ ਬਹੁਤ ਵੱਡਾ ਘੁਟਾਲਾ ਇੱਕ ਸਕੈਂਡਲ ਹੈ ਤੇ ਸਮਾਂ ਆਉਣ 'ਤੇ ਇਸ ਦੀ ਜਾਂਚ ਜ਼ਰੂਰ ਹੋਵੇਗੀ, ਕਿਉਂਕਿ ਇਨ੍ਹਾਂ ਬੱਸਾਂ ਦਾ ਖਰਚਾ ਆਪ ਲੀਡਰ ਨਹੀਂ ਦਿੰਦੇ, ਸਗੋਂ ਲੋਕਾਂ ਦਾ ਪੈਸਾ ਸਰਕਾਰੀ ਖਾਤਿਆਂ ਵਿੱਚੋਂ ਦਿੱਤਾ ਜਾਂਦਾ ਹੈ। ਅੰਮ੍ਰਿਤਸਰ ਜਲੰਧਰ ਹੁਸ਼ਿ?ਆਰ ਵਿੱਚ ਆਮ ਆਦਮੀ ਪਾਰਟੀ ਦੀਆਂ ਰੈਲੀਆਂ ਹੋਈਆਂ ਤੇ ਇਨ੍ਹਾਂ ਵਿੱਚ ਸਰਕਾਰੀ ਬੱਸਾਂ ਕਿਉਂ ਵਰਤੀਆਂ ਗਈਆਂ ਹਨ, ਜਿੰਨੀਆਂ ਰੈਲੀਆਂ ਆਮ ਆਦਮੀ ਪਾਰਟੀ ਦੀਆਂ ਹੋਈਆਂ ਸਰਕਾਰੀ ਬੱਸਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਸਰਕਾਰੀ ਬੱਸਾਂ ਹੀ ਕਿਉਂ? ਮੈਂ ਪੁੱਛਣਾ ਚਾਹੁੰਦਾ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੱਡੇ ਵੱਡੇ ਦਾਅਵੇ ਕਰਦੇ ਸੀ, ਉਹ ਕਿੱਥੇ ਗਏ ਅੱਜ। ਸੰਗਤ ਬੱਸ ਅੱਡਿਆਂ 'ਤੇ ਖੜ੍ਹੀ ਖੱਜਲ-ਖੁਆਰ ਹੋ ਰਹੀ ਹੈ। ਇਨ੍ਹਾਂ ਲੋਕਾਂ ਦਾ ਕੀ ਕਸੂਰ ਹੈ? ਅੱਜ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ 'ਤੇ ਅੱਜ ਦੇ ਦਿਨ ਤੁਸੀਂ ਨਿੱਜੀ ਰੈਲੀਆਂ ਨੂੰ ਸਰਕਾਰੀ ਬਣਾ ਕੇ ਲੋਕਾਂ ਨੂੰ ਖੱਜਲ ਖੁਆਰ ਕਰ ਰਹੇ ਹੋ। ਇਹੀ ਪੰਜਾਬ ਸਰਕਾਰ ਦਾ ਬਦਲਾਅ ਹੈ, ਕੇਜਰੀਵਾਲ ਕੌਣ ਹੈ?

ਕੇਜਰੀਵਾਲ ਦਿੱਲੀ ਦਾ ਮੁੱਖ ਮੰਤਰੀ ਹੈ, ਨਾ ਕਿ ਪੰਜਾਬ ਦਾ ਮੁੱਖ ਮੰਤਰੀ, ਉਹ ਪੰਜਾਬ ਦਾ ਲੀਡਰ ਨਹੀਂ, ਉਹ ਦਿੱਲੀ ਦਾ ਲੀਡਰ ਹੈ। ਅੱਜ ਤੱਕ 70 ਸਾਲਾਂ ਵਿਚ ਇਹੋ ਜਿਹਾ ਬਦਲਾਅ ਨਹੀਂ ਹੋਇਆ, ਦੂਜਿਆਂ ਦੇ ਤੰਜ਼ ਕੱਸਣ ਵਾਲੇ ਅੱਜ ਬਦਲਾਅ ਭਾਲਦੇ ਹਨ। 2015 ਤੋਂ 2017 ਤੱਕ ਇਨ੍ਹਾਂ ਪੀ.ਆਰ.ਟੀ.ਸੀ. ਦੇ ਬਤੌਰ ਉੱਪ-ਚੇਅਰਮੈਨ ਹੁੰਦਿਆਂ ਪੀ.ਆਰ.ਟੀ.ਸੀ. ਨੂੰ ਮੁਨਾਫੇ ਵਿੱਚ ਲਿਆਂਦਾ ਸੀ, ਦੁੱਖ ਹੁੰਦਾ ਕਿ ਅੱਜ ਪੀ ਆਰ ਟੀ ਸੀ ਦਾ ਨਾ ਕੋਈ ਐੱਮ ਡੀ ਹੈ, ਨਾ ਕੋਈ ਏ ਐੱਮ ਡੀ ਹੈ, ਪਿਛਲੇ ਲੰਮੇ ਸਮੇਂ ਤੋਂ ਜੀ ਐੱਮ ਸਾਹਿਬਾਨ ਦੀ ਰਿਟਾਇਰਮੈਂਟ ਹੋਣ ਕਾਰਨ ਖਾਲੀ ਪੋਸਟਾਂ ਲਈ ਕੋਈ ਭਰਤੀ ਨਹੀਂ ਕੀਤੀ ਗਈ। ਇਸ ਬੌਂਦਲੇ ਹੋਏ ਬਦਲਾਅ ਨੇ ਪੰਜਾਬ ਨੂੰ ਕੰਗਾਲੀ ਦੇ ਰਾਹ 'ਤੇ ਖੜਾ ਕਰ ਦਿੱਤਾ ਹੈ। ਸੱਤਾ ਦੀ ਭੁੱਖ ਏਨੀ ਵੱਧ ਗਈ ਹੈ ਕਿ ਭਗਵੰਤ ਮਾਨ ਨੇ ਪੰਜਾਬ ਨੂੰ ਵੇਚ ਕੇ ਕੇਜਰੀਵਾਲ ਨੂੰ ਦੇਸ਼ ਭਰ ਚਮਕਾਉਣ ਕੰਮ ਫੜ ਲਿਆ ਹੈ। ਬਹੁਤ ਦੁੱਖ ਹੁੰਦਾ ਹੈ, ਜਦੋਂ ਲੋਕਾਂ ਦੀਆਂ ਉਮੀਦਾਂ ਦਾ ਗਲਾ ਘੋਟ ਕੇ ਰਾਜਨੀਤੀ ਦੇ ਸਿੰਘਾਸਨ 'ਤੇ ਇਹੋ ਜਿਹੇ ਲੋਕ ਬੈਠਦੇ ਹਨ।

# ਤਰਕਸ਼ੀਲ ਸੁਸਾਇਟੀ ਵੱਲੋਂ ਚੇਤਨਾ ਪਰਖ ਪ੍ਰੀਖਿਆ ਦੇਣ ਵਾਲੇ ਬੱਚੇ ਸਨਮਾਨਤ

**ਮਾਨਸਾ (ਆਤਮਾ ਸਿੰਘ ਪਮਾਰ)**

ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਪਿਛਲੇ ਦਿਨੀਂ ਲਈ ਗਈ ਸਾਲ-2023 ਦੀ ਪੰਜਵੀਂ ਚੇਤਨਾ ਪਰਖ ਪ੍ਰੀਖਿਆ 'ਚ ਮੋਹਰੀ ਵਿਦਿਆਰਥੀਆਂ ਨੂੰ ਸਥਾਨਕ ਪੈਨਸ਼ਨਰ ਭਵਨ ਵਿਖੇ ਸਨਮਾਨਤ ਕੀਤਾ ਗਿਆ, ਜਿਸ ਵਿੱਚ ਮਾਨਸਾ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਵਿੱਚੋਂ ਲਗਭਗ ਸਤਾਰਾਂ ਸੌ ਵਿਦਆਰਿਥੀਆਂ ਨੇ ਭਾਗ ਲਿਆ ਸੀ। ਛੇਵੀਂ ਤੋਂ ਬਾਰਵੀਂ ਦੀ ਹਰ ਕਲਾਸ ਵਿੱਚੋਂ ਪੁਜ਼ੀਸ਼ਨਾਂ ਕੱਢੀਆਂ ਗਈਆਂ। ਜ਼ਿਲ੍ਹੇ ਭਰ ਵਿੱਚੋਂ 23 ਵਿਦਿਆਰਥੀਆਂ ਨੇ ਇਸ ਪ੍ਰੀਖਿਆ ਵਿੱਚ ਮੱਲਾਂ ਮਾਰੀਆਂ ਹਨ। ਇਸ ਮੌਕੇ ਸੂਬਾ ਜਥੇਬੰਦਕ ਮੁਖੀ ਮਾ. ਰਾਜਿੰਦਰ ਭਦੌੜ ਨੇ ਕਿਹਾ ਕਿ ਤਰਕਸ਼ੀਲ ਸੁਸਾਇਟੀ ਦਾ ਮੰਤਵ, ਇੱਕ ਚੰਗੇ ਸਮਾਜ ਦੀ ਸਿਰਜਣਾ ਕਰਨਾ ਹੈ। ਚੇਤਨਾ ਪਰਖ ਪ੍ਰੀਖਿਆ ਜ਼ਰੀਏ ਵਿਦਿਆਰਥੀ ਵਰਗ ਨੂੰ ਸਾਹਿਤ ਨਾਲ਼ ਜੋੜਨਾ, ਵਿਗਆਨਕ ਸੋਚ ਦੇ ਧਾਰਨੀ ਬਣਾਉਣ, ਅੰਧਵਿਸ਼ਵਾਸ ਤੋਂ ਦੂਰ ਕਰਨਾ ਤੇ ਉਨ੍ਹਾਂ ਦਾ ਬੌਧਿਕ ਪੱਧਰ ਉੱਚਾ ਚੁੱਕਣ ਲਈ ਤਰਕਸ਼ੀਲ ਸੁਸਾਇਟੀ ਵੱਲੋਂ ਹਰ ਸਾਲ ਸਕੂਲਾਂ ਵਿੱਚ ਚੇਤਨਾ ਪਰਖ ਪ੍ਰੀਖਿਆ ਲਈ ਜਾਂਦੀ ਹੈ, ਜਿਸ ਨਾਲ਼ ਬੱਚੇ ਬਹੁਤ ਕੁੱਝ ਸਿੱਖਦੇ ਹਨ। ਉਨ੍ਹਾਂ ਦੇ ਗਿਆਨ ਵਿੱਚ ਵਾਧਾ ਹੁੰਦਾ ਹੈ। ਮਾ. ਲੱਖਾ ਸਿੰਘ ਸਹਾਰਨਾ ਨੇ ਦੱਸਿਆ ਕਿ ਪ੍ਰੀਖਿਆ ਲਈ ਮਿਡਲ ਵਰਗ ਤੇ ਸੈਕੰਡਰੀ ਵਗਰ ਬਣਾਏ ਗਏ ਹਨ, ਜਿਸ ਵਿੱਚ ਖੁਸ਼ੀ ਤੇ ਮਾਣ ਵਾਲੀ ਗੱਲ ਇਹ ਹੈ ਕਿ ਮਾਨਸਾ ਜ਼ਿਲ੍ਹੇ ਦੇ ਦੋ ਬੱਚੇ ਸੂਬੇ ਪੱਧਰ 'ਤੇ ਚੁਣੇ ਗਏ ਹਨ। ਮਿਡਲ ਵਰਗ ਵਿੱਚੋਂ ਸਰਕਾਰੀ ਸੰ. ਸੀ. ਸਕੂਲ ਜੌੜਕੀਆਂ ਦੀ ਵਿਦਿਆਰਥਣ ਰਾਜਨਦੀਪ ਕੌਰ ਪੁੱਤਰੀ ਮਦਨ ਸਿੰਘ ਸ਼੍ਰੇਣੀ ਅੱਠਵੀਂ, ਸੈਕੰਡਰੀ ਵਰਗ ਵਿੱਚੋਂ ਸਰਕਾਰੀ ਸੀ.ਸੰ.ਸਕੂਲ਼ ਬਾਜੇਵਾਲਾ ਦੀ ਹੁਸਨਪ੍ਰੀਤ ਕੌਰ ਪੁੱਤਰੀ ਬਾਰਾ ਸਿੰਘ ਕਲਾਸ ਗਿਆਰਵੀਂ ਨੇ ਸੂਬੇ ਪੱਧਰ 'ਤੇ ਮਾਨਸਾ ਜ਼ਿਲ੍ਹੇ ਦਾ ਨਾਂਅ ਚਮਕਾਇਆ ਹੈ, ਓਥੇ ਹੀ ਜ਼ਿਲ੍ਹਾ ਪੱਧਰ 'ਤੇ ਕ੍ਰਮਵਾਰ ਮਿਡਲ ਵਰਗ ਵਿੱਚ ਨਵਜੋਤ ਕੌਰ, ਅਨਸੀਤਾ, ਆਕਾਸ਼ਦੀਪ ਕੌਰ, ਰਾਜਵੀਰ ਕੌਰ, ਜਸਮੀਨ ਕੌਰ, ਜਸ਼ਨਦੀਪ ਕੌਰ, ਅਰਸ਼ਦੀਪ ਕੌਰ, ਮਨਵੀਰ ਕੌਰ ਤੇ ਸੈਕੰਡਰੀ ਵਰਗ ਵਿੱਚੋਂ ਹਰਪਰੀਤ ਕੌਰ, ਪ੍ਰਭਸਿਮਰਨ ਕੌਰ, ਮਨਜਿੰਦਰਪ੍ਰੀਤ ਕੌਰ, ਲਵਪਰੀਤ ਸਿੰਘ, ਧਰਮਵੀਰ ਸ਼ਰਮਾ, ਰੂਬੀ ਕੌਰ, ਮਿਨਾਕਸ਼ੀ ਸ਼ਰਮਾ ਤੇ ਵੀਰਪਾਲ ਕੌਰ ਨੇ ਪੁਜ਼ੀਸ਼ਨਾਂ ਲੈ ਕੇ ਜ਼ਿਲ੍ਹੇ ਵਿੱਚ ਆਪਣਾ ਨਾਂਅ ਚਮਕਾਇਆ ਹੈ। ਇਸ ਮੌਕੇ ਜ਼ੋਨ ਕ੍ਰਿਸ਼ਨ ਇੰਚਾਰਜ ਮਾਨਬੀਬੜੀਆਂ, ਗੁਰਦੀਪ ਸਿੰਘ, ਭੁਪਿੰਦਰ ਫ਼ੌਜੀ, ਕਹਾਣੀਕਾਰ ਜਸਬੀਰ ਢੰਡ, ਮਾ. ਮਹਿੰਦਰ ਪਾਲ, ਅਜੈਬ ਸਿੰਘ, ਹਰਬੰਸ ਸਿੰਘ, ਐੱਚ. ਟੀ. ਭੁਵੇਸ਼ ਕੁਮਾਰ ਗੋਇਲ, ਮਾ. ਹੰਸਾ ਸਿੰਘ, ਉਮੇਸ਼ ਕੁਮਾਰ, ਮਨਦੀਪ ਸਿੰਘ ਆਦਿ ਹਾਜ਼ਰ ਸਨ।

## ਕਾਤਰਾਂ

### ਸਿਪਾਹੀ ਦਰਸ਼ਨ ਸਿੰਘ ਸਕੂਲ ਸੇਰੋਂ 'ਚ ਬਿਜ਼ਨੈੱਸ ਬਲਾਸਟ ਪ੍ਰੋਗਰਾਮ ਕਰਾਇਆ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸਿਪਾਹੀ ਦਰਸ਼ਨ ਸਿੰਘ ਸੀਨੀਅਰ ਸੈਕੰਡਰੀ ਸਕੂਲ ਸੇਰੋਂ ਵਿਖੇ ਸ੍ਰ. ਜਰਨੈਲ ਸਿੰਘ ਸਕੂਲ ਇੰਚਾਰਜ ਤੇ ਬਲਾਕ ਇੰਚਾਰਜ ਯਾਦਵਿੰਦਰ ਸਿੰਘ ਨੋਡਲ ਅਫਸਰ ਚੀਮਾ ਤੇ ਸੁਨਾਮ ਦੀ ਅਗਵਾਹੀ ਹੇਠ ਸ੍ਰੀ ਨਰੇਸ਼ ਸੰਗਲਾ ਨੋਡਲ ਅਫਸਰ ਅਧੀਨ ਬਿਜ਼ਨੈੱਸ ਬਲਾਸਟ ਪ੍ਰੋਗਰਾਮ ਗਿਆਰਵੀਂ ਤੇ ਬਾਰਵੀਂ ਦੇ ਵਿਦਿਆਰਥੀਆਂ ਲਈ ਕਰਵਾਇਆ ਗਿਆ। ਇਸ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਖਾਣ ਵਾਲੀਆਂ ਵਸਤੂਆਂ ਪੈਟੀ, ਸਮੋਸੇ, ਕੇਕ ਆਦਿ ਬਣਾਏ ਗਏ ਤੇ ਵਿਦਿਆਰਥੀਆਂ ਵੱਲੋਂ ਕੁਝ ਅਨਮੋਲ ਵਸਤੂਆਂ ਵੀ ਤਿਆਰ ਕਰਵਾਈਆਂ ਗਈਆਂ। ਇਸ ਪ੍ਰੋਗਰਾਮ ਵਿੱਚ ਵੀਨਾ ਰਾਣੀ, ਜਗਸੀਰ ਸਿੰਘ, ਗਗਨਦੀਪ ਕੌਰ, ਅਮਨਜੋਤ ਅਤੇ ਸਾਰੇ ਅਧਿਆਪਕ ਸ਼ਾਮਲ ਸਨ।

### ਕੇਂਦਰੀ ਵਿਦਿਆਲਿਆ ਸਲਾਈਟ ਵਿਖੇ ਪ੍ਰੋਗਰਾਮ ਆਯੋਜਿਤ




**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਕੇਂਦਰੀ ਵਿਦਿਆਲਿਆ ਸਲਾਈਟ ਲੌਂਗੋਵਾਲ ਵਿਖੇ ਦਾਦਾ-ਦਾਦੀ, ਨਾਨਾ-ਨਾਨੀ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ 'ਚ ਮੁੱਖ ਮਹਿਮਾਨ ਸੁਨੀਤਾ ਪਾਸਵਾਨ, ਵਿਸ਼ੇਸ਼ ਮਹਿਮਾਨ ਮਨੀਕਾਂਤ ਪਾਸਵਾਨ (ਸਲਾਈਟ ਡਾਇਰੈਕਟਰ) ਸਨ। ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਸੁਨੀਤਾ ਪਾਸਵਾਨ, ਮਨੀਕਾਂਤ ਪਾਸਵਾਨ, ਸਕੂਲ ਪ੍ਰਿੰਸੀਪਲ ਹਰੀਹਰ ਯਾਦਵ ਅਤੇ ਦਾਦਾ ਜੀ/ਦਾਦੀ ਜੀ ਨੇ ਦੀਪ ਜਲਾ ਕੇ ਕੀਤੀ। ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਵੱਲੋਂ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਖੇਡ ਗਤੀਵਿਧੀਆਂ ਵੀ ਕਰਵਾਈਆਂ ਗਈਆਂ ਜਿਸ ਵਿੱਚ ਵਿਦਿਆਰਥੀਆਂ ਦੇ ਦਾਦਾ-ਦਾਦੀ ਅਤੇ ਨਾਨਾ-ਨਾਨੀ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਮਹਿਮਾਨਾਂ ਵੱਲੋਂ ਜੇਤੂਆਂ ਨੂੰ ਇਨਾਮ ਦਿੱਤੇ ਗਏ । ਪ੍ਰੋਗਰਾਮ ਦੇ ਅੰਤ 'ਚ ਸਲਾਈਟ ਡਾਇਰੈਕਟਰ ਅਤੇ ਦਾਦਾ-ਦਾਦੀ ਵੱਲੋਂ ਆਪਣੇ ਅਨੁਭਵ ਸਾਂਝੇ ਕੀਤੇ।

### ਪੈਰਾਡਾਈਜ਼ ਅਕੈਡਮੀ 'ਚ ਪ੍ਰਕਾਸ਼ ਪੁਰਬ ਮਨਾਇਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੈਰਾਡਾਈਜ਼ ਅਕੈਡਮੀ ਸੀਨੀਅਰ ਸੈਕੰਡਰੀ ਵਜੀਦਕੇ ਖੁਰਦ (ਹਮੀਦੀ-ਅਮਲਾ ਸਿੰਘ ਵਾਲਾ ਰੋਡ ) ਵਿਖੇ ਪ੍ਰਿੰਸੀਪਲ ਜਸਵਿੰਦਰ ਸਿੰਘ ਚਹਿਲ ਦੀ ਅਗਵਾਈ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਆਗਮਨ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਬੱਚਿਆਂ ਦੁਆਰਾ ਸ਼ਬਦ ਕੀਰਤਨ ਕੀਤਾ ਗਿਆ। ਸੰਸਥਾ ਦੇ ਪ੍ਰਿੰਸੀਪਲ ਜਸਵਿੰਦਰ ਸਿੰਘ ਚਹਿਲ, ਚੇਅਰਮੈਨ ਸੁਰਿੰਦਰ ਬਾਵਾ ਨੇ ਪਹਿਲੇ ਪਾਤਿਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਵਿਦਿਆਰਥੀਆਂ ਦੁਆਰਾ ਧਾਰਮਿਕ ਗੀਤ, ਕਵੀਸ਼ਰੀ ਪੇਸ਼ ਕੀਤੀ ਗਈ । ਇਸ ਮੌਕੇ ਸਕੂਲ ਦੀ ਮੈਨੇਜਮੈਂਟ ਕਮੇਟੀ ਮੈਂਬਰ ਰਣਜੀਤ ਸਿੰਘ ਟੱਲੇਵਾਲ, (ਰਿਟਾਇਰ ਮੁੱਖ ਅਧਿਆਪਕ) ਚੇਅਰਮੈਨ ਸੁਰਿੰਦਰ ਬਾਵਾ, ਅਲੋਕ ਸਿੰਗਲਾ, ਸੰਜੀਵ ਸਿੰਗਲਾ, ਵਿਸ਼ਾਲ ਕੁਮਾਰ, ਮੁਨੀਸ਼ ਕੁਮਾਰ, ਬਲਜਿੰਦਰ ਕੁਮਾਰ ਅਤੇ ਸਮੂਹ ਸਟਾਫ ਵੱਲੋਂ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।

# ਵਿਜ਼ਡਮ ਵਰਲਡ ਸਕੂਲ ਥਾਂਦੇਵਾਲਾ 'ਚ ਇੰਟਰ-ਹਾਊਸ ਖੇਡਾਂ ਕਰਵਾਈਆਂ

**ਮੁਕਤਸਰ (ਸ਼ਮਿੰਦਰਪਾਲ, ਪੂਜਾ)**




ਵਿਜ਼ਡਮ ਵਰਲਡ ਸਕੂਲ ਥਾਂਦੇਵਾਲਾ ਵਿਖੇ ਸ੍ਰ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਦੋ ਦਿਨਾ ਇੰਟਰ-ਹਾਊਸ ਖੇਡਾਂ ਕਰਵਾਈਆਂ ਗਈਆਂ। ਇਸ ਮੌਕੇ ਸਕੂਲ ਦੇ ਚੇਅਰਮੈਨ ਸਰਦਾਰ ਜਸਵਿੰਦਰ ਸਿੰਘ ਤੇ ਡਾਇਰੈਕਟਰ ਡਾ. ਦਲਜੀਤ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਕੂਲ ਦੇ ਸਪੋਰਟਸ ਕਪਤਾਨਾਂ, ਸਰਨਜੀਤ ਕੌਰ, ਦਿਲਜਾਨ ਸਿੰਘ ਵੱਲੋਂ ਮਸ਼ਾਲ ਜਗਾ ਕੇ ਤੇ ਗੁਬਾਰਿਆਂ ਨੂੰ ਆਕਾਸ਼ ਵਿੱਚ ਉਡਾ ਕੇ ਖੇਡ ਸਮਾਰੋਹ ਨੂੰ ਆਰੰਭ ਕੀਤਾ। ਸ਼ੁਰੂਆਤ ਵਿੱਚ ਵਿਦਿਆਰਥੀਆਂ ਵੱਲੋਂ ਬਹੁਤ ਹੀ ਆਕਰਸ਼ਤ ਆਕ੍ਰਿਤੀਆਂ ਬਣਾ ਕੇ ਸ਼ੋਅ ਪੇਸ਼ ਕੀਤਾ ਗਿਆ। ਖੇਡ ਦਿਵਸ ਮੌਕੇ ਬੱਚਿਆਂ ਵੱਲੋਂ ਮਾਰਚ ਪਾਸਟ ਵੀ ਕੀਤਾ ਗਿਆ। ਇਸ ਤੋਂ ਇਲਾਵਾ ਬੱਚਿਆਂ ਨੇ ਡਾਂਸ ਵੀ ਪੇਸ਼ ਕੀਤਾ।

ਖੇਡ ਦਿਵਸ ਦੇ ਪਹਿਲੇ ਦਿਨ ਪ੍ਰਾਇਮਰੀ ਵਿਭਾਗ ਦੀਆਂ ਖੇਡਾਂ ਸ਼ੁਰੂ ਹੋਈਆਂ। ਇਸ ਮੌਕੇ ਛੋਟੇ ਬੱਚਿਆਂ ਦੀਆਂ ਵੱਖ-ਵੱਖ ਦੌੜਾਂ ਜਿਵੇਂ ਡੱਡੂ ਦੌੜ, ਬੈਕ ਰੇਸ, ਹਰਡਲ ਰੇਸ ਆਦਿ ਨੇ ਦਰਸ਼ਕਾਂ ਦਾ ਮਨ ਮੋਹਿਆ। ਦੂਜੇ ਦਿਨ ਸੈਕੰਡਰੀ ਵਿਭਾਗ ਦੀਆਂ ਖੇਡਾਂ ਸ਼ੁਰੂ ਹੋਈਆਂ। ਇਸ ਦਿਨ ਵੱਖ-ਵੱਖ ਖੇਡਾਂ ਜਿਵੇਂ 100 ਮੀਟਰ, 200 ਮੀਟਰ ਰੇਸ, 400 ਮੀਟਰ, 800 ਮੀਟਰ, ਲੰਬੀ ਛਾਲ, ਉੱਚੀ ਛਾਲ, ਸ਼ੈਕ ਰੇਸ, ਥ੍ਰੀ-ਲੈੱਗ ਰੇਸ ਆਦਿ ਖੇਡਾਂ ਵੱਖ-ਵੱਖ ਵਰਗਾਂ ਵਿੱਚ ਕਰਵਾਈਆਂ ਗਈਆਂ। ਇਸ ਤੋਂ ਇਲਾਵਾ ਬੱਚਿਆਂ ਨੇ ਤਾਈਕਵਾਂਡੋ ਦੀ ਅਨੋਖੀ ਝਲਕ ਪੇਸ਼ ਕੀਤੀ। ਖੇਡਾਂ ਵਿੱਚ ਨਾ ਕੇਵਲ ਬੱਚਿਆਂ ਨੇ ਹਿੱਸਾ ਲਿਆ, ਬਲਕਿ ਅਧਿਆਪਕ ਵੀ ਦੌੜ ਕੇ ਆਪਣੇ ਬੱਚਿਆਂ ਲਈ ਪ੍ਰੇਰਨਾ ਸਰੋਤ ਬਣੇ। ਸਕੂਲ ਦੇ ਸੇਵਾ ਕਰਮੀਆਂ ਤੇ ਅਧਿਆਪਕਾਂ ਦੀਆਂ ਖੇਡਾਂ ਵੀ ਕਰਵਾਈਆਂ ਗਈਆਂ। ਮੁੱਖ ਮਹਿਮਾਨ ਨੇ ਜੇਤੂ ਵਿਦਿਆਰਥੀਆਂ, ਅਧਿਆਪਕਾਂ ਤੇ ਸੇਵਾ ਕਰਮੀਆਂ ਨੂੰ ਤਮਗਿਆਂ ਨਾਲ ਸਨਮਾਨਤ ਕਰਨ ਮਗਰੋਂ ਝੰਡਾ ਉਤਾਰਨ ਦੀ ਰਸਮ ਕੀਤੀ। ਸਕੂਲ ਦੇ ਹੈੱਡ ਬੋਆਏ ਮਨਪ੍ਰੀਤ ਸਿੰਘ ਤੇ ਹੈੱਡ ਗਰਲ ਗੁਰਸੀਰਤ ਕੌਰ ਨੇ ਝੰਡਾ ਪ੍ਰਿੰਸੀਪਲ ਸੁਚੇਨਾ ਗੋਸਵਾਮੀ ਨੂੰ ਸੌਂਪਿਆ। ਇਸ ਤੋਂ ਇਲਾਵਾ ਹਾਊਸ ਵਾਈਜ਼ ਖੋ-ਖੋ ਗੇਮ, ਰਿਲੇਅ ਤੇ ਰੱਸਾਕਸੀ ਮੁਕਾਬਲੇ ਕਰਵਾਏ ਗਏ। ਪ੍ਰਿੰਸੀਪਲ ਮੈਡਮ ਵੱਲੋਂ ਬੈਸਟ ਹਾਊਸ ਇਨ ਸਪੋਰਟਸ ਦੀ ਟ੍ਰਾਫ਼ੀ, ਜੇਤੂ ਹਾਊਸ, ਰਾਵੀ ਦੇ ਹਾਊਸ ਮਾਸਟਰਾਂ ਨੂੰ ਪ੍ਰਦਾਨ ਕੀਤੀ ਗਈ। ਸਕੂਲ ਵੱਲੋਂ ਬੈਸਟ ਐਥਲੀਟ ਜੂਨੀਅਰ ਤੇ ਸੀਨੀਅਰ, ਲੜਕਾ ਤੇ ਲੜਕੀ ਚੁਣੇ ਗਏ। ਜੂਨੀਅਰ ਵਿੰਗ ਵਿੱਚੋਂ ਬੈਸਟ ਐਥਲੀਟ ਲੜਕਾ ਅੰਸ਼ੁਮਨ ਸਿੰਘ ਜਮਾਤ ਚੌਥੀ ਤੇ ਲੜਕੀ ਜੈਸਮੀਨ ਅਰੋੜਾ ਜਮਾਤ ਛੇਵੀਂ ਚੁਣੀ ਗਈ। ਸੀਨੀਅਰ ਵਿੰਗ ਵਿੱਚੋਂ ਬੈਸਟ ਅਥਲੀਟ ਲੜਕਾ ਗੁਰਨੂਰ ਸਿੰਘ ਜਮਾਤ ਦਸਵੀਂ ਤੇ ਸੀਆ ਬਾਂਸਲ ਜਮਾਤ ਅੱਠਵੀਂ ਚੁਣੇ ਗਏ। ਪ੍ਰੋਗਰਾਮ ਦੇ ਅਖੀਰ ਵਿੱਚ ਪ੍ਰਿੰਸੀਪਲ ਨੇ ਜੇਤੂਆਂ ਨੂੰ ਵਧਾਈ ਤੇ ਮੈਡਲ ਦੇਖ ਕੇ ਸਨਮਾਨਤ ਕੀਤਾ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਮੈਡਮ ਸੋਨੀਆ, ਮੈਡਮ ਪੂਨਮ ਸ਼ਰਮਾ ਤੇ ਸਮੂਹ ਸਟਾਫ ਨੇ ਆਪਣੀ ਅਹਿਮ ਭੂਮਿਕਾ ਨਿਭਾਈ।

# ਚੇਅਰਮੈਨ ਜੱਸੀ ਸੋਹੀਆਂ ਵਾਲਾ ਵੱਲੋਂ ਡਾ. ਗੁਰਪ੍ਰੀਤ ਕੌਰ ਦਾ ਨਾਭਾ ਪੁੱਜਣ 'ਤੇ ਸਵਾਗਤ

**ਨਾਭਾ (ਵਰਿੰਦਰ ਵਰਮਾ)**-ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਧਰਮਪਤਨੀ ਡਾ. ਗੁਰਪ੍ਰੀਤ ਕੌਰ ਦਾ ਨਾਭਾ ਪੁੱਜਣ 'ਤੇ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਰ ਵਰਗ ਨੂੰ ਬਨਦੀਆਂ ਬੁਨਿਆਦੀ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਤੇ ਨੌਜਵਾਨ ਵਰਗ ਨੂੰ 37 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਅਤੇ ਸੂਬੇ ਵਿੱਚ ਸਿੱਖਿਆ ਤੇ ਸਿਹਤ ਵਿੱਚ ਵੱਡੀ ਕ੍ਰਾਂਤੀ ਲਿਆ ਕੇ ਉਨ੍ਹਾਂ ਨੂੰ ਵਧੀਆ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਆਪ ਦੇ ਵਲੰਟੀਅਰ ਪਾਰਟੀ ਦੀ ਗੀੜ ਦੀ ਹੱਡੀ ਹਨ ਤੇ ਹਰ ਵਰਕਰ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾ ਰਿਹਾ ਹੈ ਅਤੇ ਸਰਕਾਰ ਵਿੱਚ ਲੋਕਾਂ ਦੇ ਕੰਮ ਬਿਨਾਂ ਕਿਸੇ ਪੱਖਪਾਤ ਤੋਂ ਪਹਿਲ ਦੇ ਆਧਾਰ 'ਤੇ ਕੀਤੇ ਜਾ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਯੂਥ ਆਗੂ ਗੋਬਿੰਦ ਸਿੰਘ ਜੰਡੂ, ਲਾਲੀ ਫਤਹਿਪੁਰ, ਲਾਡੀ ਖਹਿਰਾ, ਜਸਕਰਨਵੀਰ ਸਿੰਘ ਤੇਜੇ, ਕੁਲਬੀਰ ਸਿੰਘ ਦੀਵਾਨਗੜ੍ਹ, ਮਨਜੋਤ ਸਿੰਘ ਲੱਧਾਹੇੜੀ, ਜੱਸਾ ਗੁਣੀਕੇ, ਬੰਟੀ ਧੀਮਾਨ, ਰਾਜਨ ਭੰਮ, ਅੰਮ੍ਰਿਤਪਾਲ ਸਿੰਘ ਮੌਜੂਦ ਸਨ।



ਨਾਭਾ ਵਿਖੇ ਪੁੱਜਣ 'ਤੇ ਡਾ. ਗੁਰਪ੍ਰੀਤ ਕੌਰ ਦਾ ਸਵਾਗਤ ਕਰਦੇ ਹੋਏ ਚੇਅਰਮੈਨ ਜੱਸੀ ਸੋਹੀਆਂ ਵਾਲਾ।

# ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਸੰਗਤਾਂ ਹੋਈਆਂ ਨਤਮਸਤਕ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਗੁਰਬਖ਼ਸ਼ ਸਿੰਘ ਬਚੀਵਿੰਡ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਵੇਰੇ 9 ਵਜੇ ਦੇ ਕਰੀਬ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਹਜ਼ੂਰੀ ਰਾਗੀ ਜੱਥੇ ਭਾਈ ਭੁਪਿੰਦਰ ਸਿੰਘ, ਮਨਜੋਤ ਸਿੰਘ ਤੇ ਗੁਰਜੰਟ ਸਿੰਘ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਗੁਰਪੁਰਬ ਨੂੰ ਸਮਰਪਤ ਪਿਛਲੇ ਕਈ ਦਿਨਾਂ ਤੋਂ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਚਲਾਈ ਜਾ ਰਹੀ ਸੁਖਮਨੀ ਸਾਹਿਬ ਪਾਠਾਂ ਦੀ ਲੜੀ ਦੇ ਵੀ ਭੋਗ ਪਾਏ ਗਏ। ਇਸ ਉਪਰੰਤ ਕਵੀਸ਼ਰ ਹਰਨੇਕ ਸਿੰਘ ਤੇ ਢਾਡੀ ਲਖਵਿੰਦਰ ਸਿੰਘ ਕੁਟਾਲਾ ਵਾਲਿਆਂ ਦੇ ਜਥੇ ਵੱਲੋਂ ਇਤਿਹਾਸਕ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਜੋੜਿਆ ਗਿਆ। ਵਿਸ਼ੇਸ਼ ਤੌਰ 'ਤੇ ਪਹੁੰਚੇ ਪ੍ਰਸਿੱਧ ਕਥਾਵਾਚਕ ਭਾਈ ਗੁਰਮੀਤ ਸਿੰਘ ਗੌਰਵ ਇੰਗਲੈਂਡ ਵਾਲਿਆਂ ਵੱਲੋਂ, ਸਿੱਖ ਪ੍ਰਚਾਰਕ ਭਾਈ ਮਨਜੀਤ ਸਿੰਘ ਤੇ ਹਜ਼ੂਰੀ ਕਥਾਵਾਚਕ ਭਾਈ ਇਕਨਾਮ ਸਿੰਘ ਵੱਲੋਂ ਵੀ ਕਥਾ ਦਾ ਪ੍ਰਵਾਹ ਚਲਾਇਆ ਗਿਆ। ਇਹ ਧਾਰਮਿਕ ਸਮਾਗਮ ਸ਼ਾਮ ਦੇਰ ਤੱਕ ਚੱਲਦਾ ਰਿਹਾ। ਗੁਰੂ ਘਰ ਵਿੱਚ ਸਵੇਰ ਤੋਂ ਲੈ ਕੇ ਸ਼ਾਮ ਤੱਕ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਨਤਮਸਤਕ ਹੋਣ ਲਈ ਆਉਂਦੀਆਂ ਰਹੀਆਂ। ਇਸੇ ਤਰ੍ਹਾਂ ਮਾਛੀਵਾੜਾ ਦੇ ਗੁਰਦੁਆਰਾ ਕ੍ਰਿਪਾਨ ਭੇਟ ਸਾਹਿਬ, ਗੁਰਦੁਆਰਾ ਸ੍ਰੀ ਗਨੀ ਖਾਂ ਨਬੀ ਖਾਂ ਸਾਹਿਬ ਤੇ ਗੁਰਦੁਆਰਾ ਸ੍ਰੀ ਚੁਬਾਰਾ ਸਾਹਿਬ ਵਿਖੇ ਭਾਰੀ ਗਿਣਤੀ 'ਚ ਸੰਗਤਾਂ ਨਤਮਸਤਕ ਹੋਈਆਂ। ਇਸ ਮੌਕੇ ਗੁਰੂ ਘਰ ਦੇ ਨਿਸ਼ਕਾਮ ਸੇਵਕ ਬਾਬਾ ਮੋਹਣ ਸਿੰਘ, ਹਰਜਤਿੰਦਰ ਸਿੰਘ ਬਾਜਵਾ, ਸਾਬਕਾ ਚੇਅਰਮੈਨ ਅਜਮੇਰ ਸਿੰਘ ਭਾਗਪੁਰ, ਜਥੇਦਾਰ ਕਰਮਜੀਤ ਸਿੰਘ ਆਸੀ, ਸੀਨੀਅਰ ਅਕਾਲੀ ਆਗੂ ਸੁਸ਼ੀਲ ਕੁਮਾਰ ਲੂਥਰਾ, ਹੈੱਡ ਗ੍ਰੰਥੀ ਭਾਈ ਹਰਪਾਲ ਸਿੰਘ ਗੁਰਮੁੱਖ, ਸਮਾਜ ਸੇਵੀ ਜਸਵੀਰ ਸਿੰਘ ਢਿੱਲੋਂ, ਅਕਾਊਂਟੈਂਟ ਸੁਖਦੇਵ ਸਿੰਘ, ਖਜ਼ਾਨਚੀ ਜਸਪਿੰਦਰ ਸਿੰਘ ਧੁੱਲੇਵਾਲ, ਰਿਕਾਰਡ ਕੀਪਰ ਭੁਪਿੰਦਰ ਸਿੰਘ, ਸਟੋਰ ਕੀਪਰ ਗੁਲਜ਼ਾਰ ਸਿੰਘ, ਗ੍ਰੰਥੀ ਗੁਰਪ੍ਰੀਤ ਸਿੰਘ, ਕਰਨੈਲ ਸਿੰਘ, ਦਰਸ਼ਨ ਸਿੰਘ ਮੌਜੂਦ ਸਨ।

# ਗੁਰਦੁਆਰਾ ਸਿੱਧਸਰ ਅਲੌਹਰਾਂ ਵਿਖੇ ਮਨਾਇਆ ਪ੍ਰਕਾਸ਼ ਦਿਹਾੜਾ

**ਨਾਭਾ (ਵਰਿੰਦਰ ਵਰਮਾ)**

ਪਹਿਲੇ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਇਤਿਹਾਸਕ ਗੁਰਦੁਆਰਾ ਸਿੱਧਸਰ ਅਲੌਹਰਾਂ ਸਾਹਿਬ ਵਿਖੇ ਮਨਾਇਆ ਗਿਆ। ਇਸ ਮੌਕੇ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਨੇ 554ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸੈਂਕੜਿਆਂ ਦੀ ਤਾਦਾਦ ਵਿੱਚ ਸੰਗਤਾਂ ਨੂੰ ਬੂਟੇ ਵੰਡੇ ਤੇ ਬੂਟੇ ਲਗਾਏ। ਇਸ ਮੌਕੇ ਦੀਵਾਨ ਸਜ਼ਾ ਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਤੇ ਸੰਗਤਾਂ ਨੂੰ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ। ਇਸ ਮੌਕੇ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਜੀ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ ਨਾਲ ਜੋੜਨ ਦੀ ਲੋੜ ਹੈ। ਉਨ੍ਹਾਂ ਵਾਤਾਵਰਨ 'ਤੇ ਬੋਲਦੇ ਹੋਏ ਕਿਹਾ ਕਿ ਹਰ ਸਿੱਖ ਨੂੰ ਦੋ ਤੋਂ ਚਾਰ ਬੂਟੇ ਲਗਾਉਣੇ ਜ਼ਰੂਰੀ ਹਨ, ਜਿਸ ਨਾਲ ਆਪਣਾ ਵਾਤਾਵਰਨ ਸਾਫ ਸੁਥਰਾ ਹੋ ਸਕੇ। ਇਸ ਮੌਕੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਾਦਸੋਂ ਤੋਂ ਪਰਮਜੀਤ ਸਿੰਘ ਖੱਟੜਾ, ਸੁਰਜੀਤ ਸਿੰਘ ਬਿਰੜਵਾਲ, ਗੱਜਣ ਸਿੰਘ ਕੌਲੀ, ਬਾਬਾ ਹਰਦੇਵ ਸਿੰਘ, ਬਾਬਾ ਹਰਦੇਵ ਸਿੰਘ, ਬਾਬਾ ਤਰਲੋਚਨਪਾਲ ਸਿੰਘ ਹੈੱਡ ਗ੍ਰੰਥੀ, ਬਾਬਾ ਬਲਦੇਵ ਸਿੰਘ, ਬਾਬਾ ਗੁਰਦੇਵ ਸਿੰਘ ਬਾਬਾ ਗੁਰਬੰਤ ਸਿੰਘ, ਮਾਸਟਰ ਸੁਖਵਿੰਦਰਜੀਤ ਸਿੰਘ, ਡਾਕਟਰ ਹਰਪਾਲ ਸਿੰਘ, ਸਰਬਜੀਤ ਸਿੰਘ ਬੇਨੜਾ, ਗੁਰਵਿੰਦਰ ਸਿੰਘ ਅਜਨੌਦਾ, ਭੁਪਿੰਦਰ ਸਿੰਘ ਭਿੰਦੂ ਖੋਖ, ਦਰਸ਼ਨ ਸਿੰਘ, ਤੀਰਥ ਸਿੰਘ ਅਮਲੋਹ, ਦਲਜੀਤ ਸਿੰਘ ਬਾਰਨ, ਗੁਰਵਿੰਦਰ ਸਿੰਘ, ਪਾਖਰ ਸਹੋਲੀ, ਪ੍ਰੈੱਸ ਕਲੱਬ ਨਾਭਾ ਦੇ ਪ੍ਰਧਾਨ ਹਰਮੀਤ ਸਿੰਘ ਮਾਨ ਆਦਿ ਹਾਜ਼ਰ ਸਨ।

### ■ ਸੰਗਤਾਂ ਨੂੰ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਨੇ ਵੰਡੇ ਬੂਟੇ



## ਆਪ ਸਰਕਾਰ ਦੀਆਂ ਨੀਤੀਆਂ ਨੂੰ ਹਰ ਘਰ ਤੱਕ ਪਹੁੰਚਾਇਆ ਜਾਵੇਗਾ : ਮਨਿੰਦਰ ਭੱਟੋ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਮਨਿੰਦਰ ਸਿੰਘ ਭੱਟੋ ਤੇ ਹਰਜੀਤ ਸਿੰਘ ਬੈਣਾ ਵੱਲੋਂ ਹਲਕਾ ਅਮਲੋਹ ਦੇ ਪਿੰਡ ਮਾਨਗੜ੍ਹ ਵਿਖੇ ਪਾਰਟੀ ਵਰਕਰਾਂ ਨਾਲ ਮੀਟਿੰਗ ਕਰਕੇ ਅਹਿਮ ਵਿਚਾਰਾਂ ਕੀਤੀਆਂ ਗਈਆਂ, ਉਥੇ ਹੀ ਯਾਦਵਿੰਦਰ ਸਿੰਘ ਦੀ ਅਗਵਾਈ ਵਿੱਚ ਪਿੰਡ ਵਾਸੀਆਂ ਵੱਲੋਂ ਆਪ ਆਗੂਆਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਗੱਲਬਾਤ ਕਰਦਿਆਂ ਪ੍ਰਧਾਨ ਭੱਟੋ ਨੇ ਕਿਹਾ ਕਿ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੇ ਹੱਥ ਹੋਰ ਜ਼ਿਆਦਾ ਮਜ਼ਬੂਤ ਕਰਨ ਲਈ 21 ਮੈਂਬਰੀ ਕਮੇਟੀ ਵੀ ਬਣਾਈ ਗਈ ਤੇ ਆਉਣ ਵਾਲੇ ਦਿਨਾਂ ਵਿੱਚ ਹੋਰਨਾਂ ਪਿੰਡਾਂ ਵਿੱਚ ਵੀ ਕਮੇਟੀਆਂ ਬਣਾਈਆਂ ਜਾਣਗੀਆਂ। ਇਸ ਮੌਕੇ ਯਾਦਵਿੰਦਰ ਸਿੰਘ ਮਾਨਗੜ੍ਹ, ਜਸਮੇਲ ਸਿੰਘ ਬਬਲੀ, ਹਰਜਿੰਦਰ ਸਿੰਘ, ਰਾਜਿੰਦਰ ਸਿੰਘ ਬੌਬੀ, ਯਾਦਵਿੰਦਰ ਯਾਦੂ, ਬਲਦੇਵ ਫੋਰਮੈਨ, ਕਰਮ ਸਿੰਘ, ਅਵਤਾਰ ਸਿੰਘ, ਬਲਵਿੰਦਰ ਸਿੰਘ, ਪ੍ਰਦੀਪ ਸਿੰਘ, ਗੁਰਦੀਪ ਸਿੰਘ, ਗੁਰਵਿੰਦਰ ਸਿੰਘ, ਗੁਰਜੀਤ ਸਿੰਘ ਹਾਜ਼ਰ ਸਨ।

# ਫੇਰੂਰਾਈ 'ਚ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ

**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**



ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਦੁਆਰਾ ਰਾਏ ਪੱਤੀ ਪਿੰਡ ਫੇਰੂਰਾਈ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਰਪ੍ਰਸਤੀ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਅੱਗੇ ਫੌਜੀ ਬੈਂਡ ਤੇ ਗੱਤਕਾ ਟੀਮਾਂ ਆਪਣੀ ਕਲਾ ਦੇ ਜੌਹਰ ਦਿਖਾ ਰਹੀਆਂ ਸਨ। ਨੌਜਵਾਨ ਕਲੱਬ ਨੇ ਰਾਸਤੇ ਸਾਫ ਕਰਕੇ ਸਜਾਵਟਾਂ ਕੀਤੀਆਂ ਤੇ ਨਗਰ ਕੀਰਤਨ ਦੌਰਾਨ ਸੰਗਤਾਂ ਦਾ ਵਿਸ਼ਾਲ ਕਾਫ਼ਿਲਾ ਗੁਰਬਾਣੀ ਦਾ ਜਾਪ ਕਰਦਾ ਜਾ ਰਿਹਾ ਸੀ ਅਤੇ ਨਗਰ ਕੀਰਤਨ ਦੀ ਸ਼ੋਭਾ ਵਧਾ ਰਿਹਾ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਨੂੰ ਬਹੁਤ ਹੀ ਖੂਬਸੂਰਤ ਫੁੱਲਾਂ ਨਾਲ ਸਜਾਇਆ ਗਿਆ। ਨਗਰ ਕੀਰਤਨ ਦੇ ਸਵਾਗਤ ਲਈ ਸੰਗਤਾਂ ਵੱਲੋਂ ਜਗ੍ਹਾ ਜਗ੍ਹਾ ਚਾਹ ਤੇ ਬ੍ਰੈੱਡ ਪਕੌੜਿਆਂ ਦੇ ਲੰਗਰ ਲਗਾਏ ਗਏ। ਇਸ ਮੌਕੇ ਦੀਵਾਨਾਂ ਦੌਰਾਨ ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ ਕਲੇਰਾਂ ਵਾਲਿਆਂ ਤੇ ਕਥਾ ਵਾਚਕ ਭਾਈ ਸੁਰਿੰਦਰ ਸਿੰਘ ਵੱਲੋਂ ਵਿਸ਼ੇਸ਼ ਤੌਰ ਤੇ ਹਾਜ਼ਰੀ ਲਗਵਾਈ ਗਈ। ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਹੋਏ ਉਪਦੇਸ਼ਾਂ 'ਤੇ ਪਹਿਰਾ ਦਿੰਦੇ ਹੋਏ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦੇ ਸਿਧਾਂਤ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਅਤੇ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਲਈ ਵਧਾਈ ਦਿੱਤੀ। ਨਗਰ ਕੀਰਤਨ ਦੌਰਾਨ ਬਾਬਾ ਭੋਲਾ ਸਿੰਘ ਵੱਲੋਂ ਗੁਰਬਾਣੀ ਕੀਰਤਨ ਤੇ ਪ੍ਰਸਿੱਧ ਢਾਡੀ ਭਾਈ ਜਸਵੰਤ ਸਿੰਘ ਦੀਵਾਨਾ ਦੇ ਜਥੇ ਵੱਲੋਂ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ ਗਿਆ। ਗੁਰਦੁਆਰਾ ਕਮੇਟੀ ਦੇ ਪ੍ਰਧਾਨ ਗੁਰਦੀਪ ਸਿੰਘ ਰਾਏ ਤੇ ਬਾਬਾ ਦਰਸ਼ਨ ਸਿੰਘ ਅਤੇ ਸਮੂਹ ਕਮੇਟੀ ਮੈਂਬਰਾਂ ਵੱਲੋਂ ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ ਵਾਲਿਆਂ ਅਤੇ ਦਾਨੀ ਸੱਜਣਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਗੁਰਦੀਪ ਸਿੰਘ ਰਾਏ, ਬਾਬਾ ਦਰਸ਼ਨ ਸਿੰਘ, ਖਜ਼ਾਨਚੀ ਗੁਰਮੀਤ ਸਿੰਘ, ਰਘਵੀਰ ਸਿੰਘ, ਇਕਬਾਲ ਸਿੰਘ, ਹਾਕਮ ਸਿੰਘ, ਬੇਅੰਤ ਸਿੰਘ, ਬਲਵਿੰਦਰ ਸਿੰਘ, ਪਰਮਜੀਤ ਸਿੰਘ, ਬਲਜੀਤ ਸਿੰਘ, ਰਛਪਾਲ ਸਿੰਘ, ਦਲਜੀਤ ਸਿੰਘ, ਹਰਦੇਵ ਸਿੰਘ, ਜੱਗਾ ਸਿੰਘ, ਹਰਦੀਪ ਸਿੰਘ, ਜਗਰਾਜ ਸਿੰਘ, ਕੁਲਜੀਤ ਸਿੰਘ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਰਾਣਾ ਹੈਰੀਟੇਜ ਵਿਖੇ ਪ੍ਰਕਾਸ਼ ਪੁਰਬ ਦੀ ਖੁਸ਼ੀ 'ਚ ਲੰਗਰ ਲਗਾਇਆ




**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਰਾਣਾ ਹੈਰੀਟੇਜ ਤੇ ਰਿਆਸਤ-ਏ-ਰਾਣਾ ਦੀ ਮੈਨੇਜਿੰਗ ਡਾਇਰੈਕਟਰ ਡਾ. ਦੀਪਿਕਾ ਸੂਰੀ ਦੀ ਅਗਵਾਈ ਵਿੱਚ, ਲੰਗਰ ਸੇਵਾ ਦਾ ਉਦਘਾਟਨ ਕਰਕੇ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਇਹ ਉਪਰਾਲਾ ਗੁਰੂ ਨਾਨਕ ਦੇਵ ਜੀ ਦੁਆਰਾ ਨਿਰਸਵਾਰਥ ਸੇਵਾ ਤੇ ਭਾਈਚਾਰੇ ਦੀ ਵਕਾਲਤ ਦੀ ਭਾਵਨਾ ਨੂੰ ਦਰਸਾਉਂਦਾ ਹੈ। ਡਾ: ਦੀਪਿਕਾ ਸੂਰੀ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਪਿਆਰ ਤੇ ਸੇਵਾ ਦੀਆਂ ਅਸੀਸਾਂ ਸਾਂਝੀਆਂ ਕਰਨ ਦਾ ਸਮਾਂ ਹੈ। ਰਾਣਾ ਹੈਰੀਟੇਜ ਤੇ ਰਿਆਸਤ-ਏ-ਰਾਣਾ ਵਿਖੇ ਸਾਡੀ ਲੰਗਰ ਸੇਵਾ ਸਮਾਨਤਾ ਤੇ ਹਮਦਰਦੀ ਦੀਆਂ ਕਦਰਾਂ-ਕੀਮਤਾਂ ਨੂੰ ਦਰਸਾਉਂਦੀ ਹੈ, ਹਰ ਕਿਸੇ ਨੂੰ ਇਸ ਭਾਵਨਾ ਨਾਲ ਹਿੱਸਾ ਲੈਣ ਦਾ ਸੱਦਾ ਦਿੰਦੀ ਹੈ।

ਡਾ: ਗੁਰਜੀਤ, ਕਰਨ ਗੁਪਤਾ, ਤੀਰਥ ਰਾਜ, ਨਿਰਮਲ ਸਿੰਘ, ਵਿਨੋਦ ਕੁਮਾਰ, ਮਾਈਕਲ, ਈਸਵਰ ਸੈੱਫ, ਗੁਰਜਿੰਦਰ, ਜਗਜੀਤ ਸਿੰਘ, ਸਮੀਰ, ਰਮੇਸ਼, ਜੌਹਨ, ਨਿਤਿਸ, ਵਿਜੇ ਤੇ ਸਮੁੱਚੇ ਸਟਾਫ ਨੇ ਇਸ ਸੇਵਾ ਵਿੱਚ ਯੋਗਦਾਨ ਪਾਇਆ।

# ਗੁਰੂ ਨਾਨਕ ਦੇਵ ਜੀ ਦੀ ਜੀਵਨੀ ਨਾਲ ਸੰਬੰਧਤ ਸੌ ਸਵਾਲ-ਸੌ ਜਵਾਬ ਦਾ ਸਿਲਸਿਲਾ ਜਾਰੀ

### ■ ਲਾਈਵ ਕੁਇੱਜ਼ ਪ੍ਰੋਗਰਾਮ ਤਹਿਤ ਜੇਤੂਆਂ ਨੂੰ ਮੌਕੇ 'ਤੇ ਹੀ ਕੀਤਾ ਸਨਮਾਨਤ



**ਕੋਟਕਪੂਰਾ (ਰਛਪਾਲ ਭੁੱਲਰ)**-ਗੁਰੂ ਨਾਨਕ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ 'ਚ ਕੱਢੇ ਗਏ ਨਗਰ ਕੀਰਤਨ ਦੇ ਮੂਹਰੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਹਿਰ ਕੋਟਕਪੂਰਾ ਦੇ ਗਲੀ-ਮੁਹੱਲਿਆਂ ਤੇ ਬਜ਼ਾਰਾਂ 'ਚ ਜੈਕਾਰਾ ਮੂਵਮੈਂਟ ਸੋਸ਼ਲ ਆਰਗੇਨਾਈਜ਼ੇਸ਼ਨ ਵੱਲੋਂ ਨਿਵੇਕਲੇ ਢੰਗ ਨਾਲ ਗੁਰੂ ਨਾਨਕ ਸਾਹਿਬ ਜੀ ਦੀ ਜੀਵਨੀ ਨਾਲ ਸਬੰਧਤ ਸੌ ਸਵਾਲ-ਸੌ ਜਵਾਬ (ਲਾਈਵ ਕੁਇੱਜ਼) ਦਾ ਪ੍ਰੋਗਰਾਮ ਚਲਾਇਆ ਗਿਆ। ਇਸ ਵਾਰ 'ਗੁਰਬਾਣੀ ਸੁਣਾਓ-ਇਨਾਮ ਪਾਓ' ਨਾਮ ਦਾ ਨਵਾਂ ਪ੍ਰੋਗਰਾਮ ਵੀ ਸ਼ਾਮਲ ਕੀਤਾ ਗਿਆ ਸੀ, ਜਿਸ ਦੀ ਭਰਪੂਰ ਸ਼ਲਾਘਾ ਹੋਈ, ਕਿਉਂਕਿ ਇਲਾਕੇ ਦੀ ਸੰਗਤ ਨੇ ਉਕਤ ਪ੍ਰੋਗਰਾਮ ਨੂੰ ਭਰਪੂਰ ਹੁੰਗਾਰਾ ਦਿੱਤਾ ਅਤੇ ਇਸ ਵਿੱਚ ਬੜੇ ਉਤਸ਼ਾਹ ਨਾਲ ਹਿਸਾ ਲਿਆ। ਜਥੇਬੰਦੀ ਦੇ ਸੰਸਥਾਪਕ ਅਮਰਦੀਪ ਸਿੰਘ ਦੀਪਾ ਤੇ ਚੇਅਰਮੈਨ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਦੱਸਿਆ ਕਿ ਭਾਵੇਂ ਪਿਛਲੇ ਲੰਮੇ ਸਮੇਂ ਤੋਂ ਨਗਰ ਕੀਰਤਨ ਦਾ ਸਿਲਸਿਲਾ ਚੱਲਦਾ ਆ ਰਿਹਾ ਹੈ, ਪਰ ਜਥੇਬੰਦੀ ਨੇ ਉਕਤ ਰਵਾਇਤ ਤੋਂ ਹੱਟ ਕੇ ਕੋਈ ਨਿਵੇਕਲਾ ਉਪਰਾਲਾ ਕਰਨ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾ ਦੱਸਿਆ ਕਿ ਲਾਈਵ ਕੁਇੱਜ਼ ਪ੍ਰੋਗਰਾਮ ਰਾਹੀਂ ਰਸਤੇ 'ਚ ਆਉਂਦੇ ਮਾਰਗ ਅਰਥਾਤ ਗਲੀ-ਮੁਹੱਲਿਆਂ ਤੇ ਬਜ਼ਾਰਾਂ 'ਚ ਵੀਰ/ਭੈਣਾਂ, ਨੌਜਵਾਨਾਂ, ਬੱਚਿਆਂ ਤੇ ਬਜ਼ੁਰਗਾਂ ਨੂੰ ਗੁਰੂ ਜੀ ਦੀ ਜੀਵਨੀ ਨਾਲ ਸਬੰਧਤ ਸਵਾਲ ਪੁੱਛੇ ਜਾਂਦੇ ਹਨ ਅਤੇ ਸਹੀ ਜਵਾਬ ਦੇਣ ਵਾਲੇ ਨੂੰ ਇਸ ਵਾਰ ਮਨਪ੍ਰੀਤ ਸਿੰਘ ਮਨੀ ਧਾਲੀਵਾਲ ਪੀ.ਆਰ.ਓ. ਸਪੀਕਰ ਸੰਧਵਾਂ, ਗੁਰਮੀਤ ਸਿੰਘ ਆਰੇਵਾਲਾ ਚੇਅਰਮੈਨ ਮਾਰਕਿਟ ਕਮੇਟੀ ਕੋਟਕਪੂਰਾ, ਸੁਖਵਿੰਦਰ ਸਿੰਘ ਬੱਬੂ ਐੱਮ.ਡੀ. ਗੋਬਿੰਦ ਐਗਰੀਕਲਚਰ ਵਰਕਸ ਪੰਜਗਰਾਈਂ ਕਲਾਂ/ਕੋਟਕਪੂਰਾ, ਅਜੈਪਾਲ ਸਿੰਘ ਸੰਧੂ ਸੀਨੀਅਰ ਕਾਂਗਰਸੀ ਆਗੂ, ਕੁਲਤਾਰ ਸਿੰਘ ਬਰਾੜ ਸੀਨੀਅਰ ਅਕਾਲੀ ਆਗੂ ਤੇ ਇੰਜੀ. ਇੰਦਰਜੀਤ ਸਿੰਘ ਨਿਆਮੀਵਾਲਾ ਆਦਿ ਵੱਲੋਂ ਸਾਂਝੇ ਤੌਰ 'ਤੇ ਸਨਮਾਨਤ ਕੀਤਾ ਗਿਆ। ਵਿਸ਼ੇਸ਼ ਮਹਿਮਾਨਾਂ ਜਥੇਦਾਰ ਬਾਬਾ ਕੁਲਵੰਤ ਸਿੰਘ ਚਾਣਕੀਆ, ਬਾਬ ਪੂਰਨ ਸਿੰਘ, ਇੰਸ. ਸੰਗਤ ਸਿੰਘ ਮੱਕੜ, ਜਸਕਰਨ ਸਿੰਘ ਗੇਰਾ, ਸੁਖਚੈਨ ਸਿੰਘ ਸੁੱਖ ਬਰਾੜ ਤੇ ਹਰਵਿੰਦਰ ਸਿੰਘ ਬਿੱਟਾ ਆਦਿ ਮੁਤਾਬਿਕ ਗੁਰੂ ਨਾਨਕ ਜੀ ਨੇ ਰੱਬ ਦਾ ਸੁਨੇਹਾ ਦੇਣ ਲਈ ਉਦਾਸੀਆਂ, ਪ੍ਰਚਾਰਕ ਦੌਰੇ ਜਾਂ ਕਿਹੜਾ ਰਸਤਾ ਚੁਣਿਆ? ਗੁਰੂ ਨਾਨਕ ਜੀ ਨੇ ਕਰਮਕਾਂਡਾਂ ਖਿਲਾਫ਼ ਕਿਹੜਾ ਤਰਕ ਦਿੱਤਾ? ਆਦਿਕ ਅਜਿਹੇ ਵਰਤਮਾਨ ਸਮੇਂ 'ਚ ਅਹਿਮੀਅਤ ਰੱਖਣ ਵਾਲੇ ਸਵਾਲਾਂ ਦਾ ਜਵਾਬ ਦੇਣ ਵਾਲਿਆਂ ਨੂੰ ਮੌਕੇ 'ਤੇ ਸਨਮਾਨਤ ਕਰਨ ਦੇ ਨਾਲ-ਨਾਲ ਗੁਰੂ ਨਾਨਕ ਦਾ ਫਲਸਫਾ ਆਪਣੇ ਜੀਵਨ 'ਤੇ ਲਾਗੂ ਕਰਨ ਦਾ ਵੀ ਸੁਨੇਹਾ ਦਿੱਤਾ ਗਿਆ। ਸਵਾਲ-ਜਵਾਬ ਦੀ ਲੜੀ 'ਚ ਗੁਰੂ ਨਾਨਕ ਜੀ ਦੇ ਘਰੇਲੂ ਜੀਵਨ, ਵਪਾਰ, ਖੇਤੀਬਾੜੀ, ਮਨੁੱਖਤਾ ਨੂੰ ਸੁਨੇਹਾ, ਵਿਰੋਧੀਆਂ ਨਾਲ ਵਿਵੇਕਸ਼ੀਲ ਵਿਚਾਰਾਂ, ਤਰਕ ਤੇ ਦਲੀਲ ਵਾਲੀ ਚਰਚਾ ਬਾਰੇ ਵੀ ਸਵਾਲ-ਜਵਾਬ ਦੀ ਦਿਲਚਸਪੀ ਤੇ ਉਤਸੁਕਤਾ ਬਰਕਰਾਰ ਰਹੀ। ਗੁਰਬਾਣੀ ਸੁਣਨ ਤੇ ਹੋਰ ਸੇਵਾ ਕਾਰਜਾਂ 'ਚ ਯੋਗਦਾਨ ਪਾਉਣ ਵਾਲੀਆਂ ਭੈਣਾਂ 'ਚ ਸ਼ਾਮਲ ਬੀਬੀ ਰਾਜਵਿੰਦਰ ਕੌਰ, ਬੀਬੀ ਅਜੀਤ ਕੌਰ, ਬੀਬੀ ਗੁਰਮੀਤ ਕੌਰ ਤੇ ਬੀਬਾ ਬੱਬੂ ਗੁਲਾਟੀ ਨੇ ਦੱਸਿਆ ਕਿ ਨਗਰ ਕੀਰਤਨ ਦੀ ਸਮਾਪਤੀ ਮੌਕੇ ਸਾਰੇ ਰਸਤੇ ਸੇਵਾਵਾਂ ਦੇਣ ਵਾਲਿਆਂ ਦਾ ਵੀ ਵਿਸ਼ੇਸ਼ ਸਨਮਾਨ ਹੋਇਆ। ਇਸ ਮੌਕੇ ਉਪਰੋਕਤ ਤੋਂ ਇਲਾਵਾ ਸ਼ਮਸ਼ੇਰ ਸਿੰਘ ਸ਼ੇਰਗਿੱਲ ਡੀ.ਐੱਸ.ਪੀ. ਕੋਟਕਪੂਰਾ, ਇੰਸ. ਗੁਰਮੇਹਰ ਸਿੰਘ ਸਿੱਧੂ ਐੱਸ.ਐੱਚ.ਓ., ਮਨਦੀਪ ਸਿੰਘ ਮਿੰਟੂ ਗਿੱਲ, ਮਨਜੀਤ ਸ਼ਰਮਾ, ਸ਼ਮਸ਼ੇਰ ਸਿੰਘ ਭਾਨਾ, ਸੁਖਦੇਵ ਸਿੰਘ ਪਦਮ, ਡਿੰਪਲ ਸਿੰਘ ਘੁਲਿਆਣੀ ਤੇ ਗੁਰਮੀਤ ਸਿੰਘ ਮੀਤਾ ਆਦਿ ਹਾਜ਼ਰ ਸਨ।

# ਰੋੜੀਕਪੂਰਾ ਵਿਖੇ 'ਮੇਲਾ ਖੂਨਦਾਨੀਆਂ ਦਾ' ਮੌਕੇ 240 ਯੂਨਿਟ ਖੂਨ ਦਾਨ

### ■ ਮੁਫਤ ਫਿਜ਼ਿਓਥਰੈਪੀ ਚੈੱਕਅਪ ਕੈਂਪ 'ਚ 60 ਮਰੀਜ਼ਾਂ ਦਾ ਕੀਤਾ ਇਲਾਜ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਸਾਂਝ ਵੈੱਲਫੇਅਰ ਬਲੱਡ ਕਲੱਬ ਫਰੀਦਕੋਟ ਵੱਲੋਂ ਕਲੱਬ ਦੇ ਸਰਪ੍ਰਸਤ ਰਾਜਨ ਦੂਆ ਤੇ ਪ੍ਰਧਾਨ ਪੰਕਜ ਦਿਓੜਾ ਅਤੇ ਵਾਇਸ ਪ੍ਰਧਾਨ ਰਾਜਵਿੰਦਰ ਸਿੰਘ ਕਾਬਲ ਵਾਲਾ ਦੀ ਅਗਵਾਈ ਵਿੱਚ ਰੋੜੀਕਪੂਰਾ ਦੇ ਤਿੰਨਾਂ ਪਿੰਡਾਂ ਦੀਆਂ ਪੰਚਾਇਤਾਂ, ਨਗਰ ਨਿਵਾਸੀਆਂ, ਦਾਨੀ ਸੱਜਣ ਨਰਿੰਦਰ ਆਸਟ੍ਰੇਲੀਆ, ਸੁਖਵੰਤ ਸਿੰਘ ਬਰਾੜ ਰੋੜੀਕਪੂਰਾ (ਕੈਨੇਡਾ), ਗਲੋਬਲ ਐਜੂਕੇਅਰ ਫਰੀਦਕੋਟ, ਹਰਪ੍ਰੀਤ ਵਿਰਕ ਅਰਾਈਆਂ ਵਾਲਾ, ਲਾਲੀ ਪ੍ਰੀਤ ਕਮਰਾਏ ਖੇਡ ਪ੍ਰਮੋਟਰ, ਅਰਸ ਵਾੜਾ ਦਰਾਕਾ ਤੇ ਐੱਚ ਡੀ ਐੱਫ ਸੀ ਬੈਂਕ ਮੱਲਾਂਵਾਲਾ ਦੇ ਸਹਿਯੋਗ ਨਾਲ ਪਿੰਡ ਰੋੜੀਕਪੂਰਾ ਤਹਿਸੀਲ ਜੈਤੋ ਵਿਖੇ ਵਿਸ਼ਾਲ ਖੂਨਦਾਨ ਕੈਂਪ 'ਮੇਲਾ ਖੂਨਦਾਨੀਆਂ ਦਾ' ਤੇ ਮੁਫਤ ਫਿਜ਼ੀਓਥਰੈਪੀ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ 240 ਯੂਨਿਟ ਖੂਨ ਦਾਨ ਕੀਤਾ ਗਿਆ ਤੇ ਮੁਫਤ ਫਿਜ਼ਿਓਥਰੈਪੀ ਚੈੱਕਅਪ ਕੈਂਪ ਵਿੱਚ 60 ਮਰੀਜ਼ਾਂ ਦਾ ਡਾਕਟਰ ਸਿਕੰਦਰ ਸੇਠੀ ਜੈਤੋ ਵੱਲੋਂ ਮੁਫਤ ਇਲਾਜ ਕੀਤਾ ਗਿਆ। ਇਸ ਸਮਾਗਮ ਵਿੱਚ ਸਟੇਟ ਐਵਾਰਡੀ ਮੁੱਖ ਅਧਿਆਪਕ ਕੁਲਵਿੰਦਰ ਕਟਾਰੀਆ ਰੋੜੀਕਪੂਰਾ ਤੇ ਸਮਾਜ ਸੇਵੀ ਕੰਪਿਊਟਰ ਅਧਿਆਪਕ ਲੇਖਕ ਪ੍ਰਮੋਦ ਧੀਰ ਜੈਤੋਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਮਾਤਾ ਖੀਵੀ ਟਰੱਸਟ ਫਰੀਦਕੋਟ ਦੇ ਆਗੂ ਕੈਪਟਨ ਧਰਮ ਸਿੰਘ ਗਿੱਲ, ਵਿਧਾਇਕ ਜੈਤੋ ਅਮੋਲਕ ਸਿੰਘ, ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ ਦੀ ਧਰਮ ਪਤਨੀ, ਸੀਨੀਅਰ ਕਾਂਗਰਸੀ ਆਗੂ ਸੂਰਜ ਭਾਰਦਵਾਜ, ਸੀਨੀਅਰ ਅਕਾਲੀ ਆਗੂ ਕੁਲਤਾਰ ਸਿੰਘ ਬਰਾੜ, ਆਮ ਆਦਮੀ ਪਾਰਟੀ ਦੇ ਸੂਬਾ ਸੰਯੁਕਤ ਸਕੱਤਰ ਗੁਰਭੇਜ ਸਿੰਘ ਰੋਮਾਣਾ ਅਲਬੇਲ ਸਿੰਘ ਆਦਿ ਨੇ ਪਹੁੰਚ ਕੇ ਸਮੂਹ ਖੂਨਦਾਨੀਆਂ ਨੂੰ ਸਰਟੀਫਿਕੇਟ ਤੇ ਮੋਮੈਂਟੋ ਦੇ ਕੇ ਸਨਮਾਨਤ ਕੀਤਾ। ਸਮਾਗਮ ਦਾ ਮੰਚ ਸੰਚਾਲਨ ਜਸਵੰਤ ਬਿੱਟੂ ਨੇ ਬਾਖੂਬੀ ਨਿਭਾਇਆ। ਇਸ ਪ੍ਰੋਗਰਾਮ ਨੂੰ ਸਫਤਾਪੂਰਵਕ ਕਰਵਾਉਣ ਲਈ ਰੋੜੀਕਪੂਰਾ ਦੇ ਨਗਰ ਨਿਵਾਸੀਆਂ, ਤਿੰਨੇ ਪੰਚਾਇਤਾਂ, ਸਾਂਝ ਵੈੱਲਫੇਅਰ ਬਲੱਡ ਕਲੱਬ ਫਰੀਦਕੋਟ ਦੇ ਆਗੂਆਂ ਗੁਰਜੀਤ ਸਿੰਘ (ਹੈਰੀ ਢਿੱਲੋਂ), ਮੌਂਟੀ ਦਿਓੜਾ, ਪ੍ਰਦੀਪ ਕੁਮਾਰ, ਮਨੀਸ਼ ਕੁਮਾਰ, ਗੁਰਵਿੰਦਰ ਸਿੰਘ ਬਰਾੜ ਰੋੜੀਕਪੂਰਾ, ਧਰਮਿੰਦਰ ਸਿੰਘ, ਸ਼ਿਵਾਜ ਬੱਬਰ, ਦੀਪਕ ਵਧਵਾ, ਧਰਮਪਾਲ ਸਿੰਘ, ਅੰਮ੍ਰਿਤਪਾਲ ਸਿੰਘ ਖਾਲਸਾ, ਸੰਦੀਪ ਨੰਬਰਦਾਰ, ਜਸਪਾਲ ਬਰਾੜ ਨੰਬਰਦਾਰ, ਓਮ ਪ੍ਰਕਾਸ਼, ਅੰਦਰਲੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਗਿਆਨੀ ਰਣਜੀਤ ਸਿੰਘ, ਡਾ. ਜਲੰਧਰ ਸਿੰਘ, ਬਾਹਰਲੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਗਿਆਨੀ ਮੇਜਰ ਸਿੰਘ, ਰਮਨ ਰੋੜੀਕਪੂਰਾ, ਜਸਵਿੰਦਰ ਸਿੰਘ ਮੈਂਬਰ, ਸੁਰਜੀਤ ਅਰੋੜਾ, ਅਮਨ ਸਪੋਰਟਸ ਕਲੱਬ ਰੋੜੀਕਪੂਰਾ, ਗੁਰੂ ਨਾਨਕ ਸੇਵਾ ਸੁਸਾਇਟੀ ਰੋੜੀਕਪੂਰਾ ਤੇ ਸਮਾਜ ਸੇਵੀ ਹੈਪੀ ਸ਼ਰਮਾ ਦੀ ਟੀਮ, ਪ੍ਰਧਾਨ, ਚੇਅਰਮੈਨ ਬਰਿੰਦਰ ਸਰਾਂ ਕਲਮਾਂ ਦੇ ਰੰਗ ਸਾਹਿਤ ਸਭਾ ਫਰੀਦਕੋਟ, ਅਵਤਾਰ ਸਿੰਘ ਜੈਤੋ ਆਦਿ ਨੇ ਵਿਸੇਸ ਸਹਿਯੋਗ ਦਿੱਤਾ।

29-Nov-PAGE-11.qxd 11/28/2023 10:37 PM Page 1



# ਮਾਮੂਲੀ ਤਕਰਾਰ ਹੋਣ 'ਤੇ ਘਰ 'ਚ ਵੜ ਕੇ ਕੀਤੀ ਭੰਨਤੋੜ, ਲੱਖਾਂ ਦਾ ਨੁਕਸਾਨ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਥਾਣਾ ਝਬਾਲ ਅਧੀਨ ਆਉਂਦੇ ਪਿੰਡ ਭੁੱਚਰ ਖੁਰਦ ਵਿਖੇ ਬੀਤੀ ਰਾਤ ਘਰ ਵਿੱਚ ਦਾਖਲ ਹੋ ਕੇ ਘਰੇਲੂ ਸਮਾਨ ਦੀ ਭੰਨਤੋੜ ਕਰਨ ਸਬੰਧੀ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਸਵਿੰਦਰ ਸਿੰਘ, ਸਕੰਦਰ ਸਿੰਘ ਪੁੱਤਰਾਨ ਮਹਾਂਬੀਰ ਸਿੰਘ ਅਤੇ ਲਸ਼ਮਣ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਭੁੱਚਰ ਖੁਰਦ ਨੇ ਦੱਸਿਆ ਕਿ ਅਸੀਂ ਸ਼ਾਮ ਨੂੰ ਕਿਸੇ ਵਿਆਹ ਸਮਾਗਮ ਤੋਂ ਆਪਣੇ ਘਰ ਵਾਪਸ ਆ ਰਹੇ ਸੀ। ਜਦੋਂ ਅਸੀਂ ਗੱਗੋਬੂਹਾ ਤੋਂ ਪਿੰਡ ਭੁੱਚਰ ਸੜਕ 'ਤੇ ਆਏ ਤਾਂ ਹਰਮਨਦੀਪ ਸਿੰਘ ਪੁੱਤਰ ਰਣਬੀਰ ਸਿੰਘ ਵਾਸੀ ਭੁੱਚਰ ਨੇ ਰਸਤੇ ਵਿੱਚ ਗੱਡੀ ਖੜੀ ਕੀਤੀ ਹੋਈ ਸੀ। ਅਸੀਂ ਇਸ ਨੂੰ ਗੱਡੀ ਪਾਸੇ ਕਰਨ ਲਈ ਕਿਹਾ ਤਾ ਉਲਟਾ ਸਾਡੇ ਨਾਲ ਗਾਲੀ-ਗਲੋਚ ਕਰਨ ਲੱਗਾ ਤੇ ਸਾਡੀ ਗੱਡੀ ਦੇ ਬਾਹਰ ਵਾਲੇ ਸ਼ੀਸ਼ੇ 'ਤੇ ਮੁੱਕੀ ਮਾਰ ਕੇ ਤੋੜ ਦਿੱਤਾ ਤੇ ਉਥੋਂ ਘਰ ਆ ਗਿਆ। ਲਸ਼ਮਣ ਸਿੰਘ ਨੇ ਦੱਸਿਆ ਕਿ ਬਾਅਦ ਵਿੱਚ ਰਾਤ ਵਕਤ 7:30 ਦੇ ਕਰੀਬ ਹਰਮਨਦੀਪ ਸਿੰਘ ਅਤੇ ਇਸ ਦੇ ਸਾਲੇ, ਜੱਗੀ ਪੁੱਤਰਾਨ ਹਰਜੀਤ ਸਿੰਘ ਵਾਸੀ ਗੱਗੋਬੂਹਾ ਨੇ ਆਪਣੇ ਨਾਲ 35-40 ਅਣਪਛਾਤੇ ਵਿਅਕਤੀਆਂ ਨੂੰ ਲੈ ਕੇ ਮੇਰੇ ਘਰ ਦੇ ਬਾਹਰ ਫਾਈਰਿੰਗ ਕਰਨੀ ਸ਼ੁਰੂ ਕਰ ਦਿੱਤੀ। ਮੈਂ ਭੱਜ ਕੇ ਆਪਣੀ ਜਾਨ ਬਚਾਈ। ਇਨ੍ਹਾਂ ਨੇ ਮੇਰੇ ਘਰ ਦਾ ਸਾਮਾਨ ਏ ਸੀ, ਐੱਲਸੀਡੀ, ਵਾਸ਼ਿੰਗ ਮਸ਼ੀਨ, ਘਰ ਦੇ ਸ਼ੀਸ਼ੇ, ਵਾਸ਼ਵੇਸਨ, ਮੰਜਾ, ਬੈੱਡ, ਗੀਜ਼ਰ, ਪਾਣੀ ਵਾਲੀ ਟੈਂਕੀ, ਟਾਇਲਟ ਸੀਟ ਆਦਿ ਦੀ ਭੰਨਤੋੜ ਕੀਤੀ ਜਿਸ ਨਾਲ ਮੇਰਾ ਲੱਖਾਂ ਰੁਪਏ ਦਾ ਨੁਕਸਾਨ ਕੀਤਾ ਗਿਆ ਅਤੇ ਮੇਰੀ ਮਾਤਾ ਰਣਜੀਤ ਕੌਰ ਨਾਲ ਵੀ ਧੱਕਾ-ਮੁੱਕੀ ਕੀਤੀ ਅਤੇ ਮੈਨੂੰ ਅਤੇ ਮੇਰੀ ਮਾਤਾ ਨੂੰ ਜਾਤੀ ਸੂਚਕ ਸ਼ਬਦ ਵੀ ਬੋਲੇ। ਅਲਮਾਰੀ ਵਿਚ ਪਏ 45 ਹਜ਼ਾਰ ਰੁਪਏ ਅਤੇ ਦੋ ਸੋਨੇ ਦੀਆਂ ਛਾਪਾਂ ਵੀ ਨਾਲ ਲੈ ਗਏ। ਉਨ੍ਹਾਂ ਪ੍ਰਸ਼ਾਸਨਿਕ ਅਧਿਕਾਰੀ ਤੋਂ ਮੰਗ ਕੀਤੀ ਕਿ ਦੋਸ਼ੀਆਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਸਾਨੂੰ ਇਨਸਾਫ ਦਿਵਾਇਆ ਜਾਵੇ। ਇਸ ਸਬੰਧੀ ਜਦੋਂ ਦੂਜੀ ਧਿਰ ਦੇ ਹਰਮਨਦੀਪ ਸਿੰਘ ਪੁੱਤਰ ਰਣਜੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਆਪਣੇ ਤੇ ਲੱਗੇ ਦੋਸ਼ਾਂ ਨੂੰ ਨਕਾਰਿਆ ਅਤੇ ਕਿਹਾ ਕਿ ਮੇਰੇ 'ਤੇ ਲੱਗੇ ਦੋਸ਼ ਬੇਬੁਨਿਆਦ ਅਤੇ ਝੂਠੇ ਹਨ। ਇਸ ਸਬੰਧੀ ਜਦੋਂ ਥਾਣਾ ਝਬਾਲ ਦੇ ਐੱਸਐੱਚਓ ਇੰਸਪੈਕਟਰ ਰਜਿੰਦਰ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜੋ ਵੀ ਦੋਸ਼ੀ ਪਾਇਆ ਗਿਆ ਉਸ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



# ਅਧਿਆਪਕਾਂ ਵੱਲੋਂ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਵਿਰੁੱਧ ਧਰਨਾ ਅੱਜ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਸਾਂਝਾ ਅਧਿਆਪਕ ਮੋਰਚਾ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਸੱਦੇ ਤੇ ਇਕੱਤਰ ਹੋਏ ਅਧਿਆਪਕਾਂ ਨੇ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਗੁਰਦਾਸਪੁਰ ਵਿਰੁੱਧ ਤਰੱਕੀਆਂ ਨਾ ਕਰਨ ਦੇ ਰੋਸ ਵਜੋਂ ਪ੍ਰਦਰਸ਼ਨ ਕੀਤਾ। ਅਧਿਆਪਕ ਆਗੂਆਂ ਕੁਲਦੀਪ ਪੁਰੇਵਾਲ, ਅਸ਼ਵਨੀ ਫੱਜੂਪੁਰ, ਓਂਕਾਰ ਸਿੰਘ, ਗੁਰਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਅਧਿਆਪਕਾਂ ਦੀਆਂ ਤਰੱਕੀਆਂ ਸਬੰਧੀ ਸਿੱਖਿਆ ਮੰਤਰੀ ਦੇ ਹੁਕਮਾਂ ਦੇ ਬਾਵਜੂਦ ਵੀ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਗੁਰਦਾਸਪੁਰ ਸ੍ਰੀ ਮਤੀ ਮਮਤਾ ਸੇਠੀ ਵਲੋਂ ਟਾਲਮਟੋਲ ਦੀ ਨੀਤੀ ਅਪਨਾ ਕੇ ਅਧਿਆਪਕਾਂ ਦੀਆਂ ਤਰੱਕੀਆਂ ਨਹੀਂ ਕੀਤੀਆਂ ਜਾ ਰਹੀਆਂ। ਉਪ ਜ਼ਿਲ੍ਹਾ ਸਿੱਖਿਆ ਅਫਸਰ ਅਤੇ ਵਿਭਾਗੀ ਪ੍ਰਮੋਸਨ ਕਮੇਟੀ ਵੱਲੋਂ ਫਾਈਲ ਕਲੀਅਰ ਕਰ ਜਾਣ ਦੇ ਬਾਵਜੂਦ ਵੀ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਣ ਬੁੱਝ ਕੇ ਪ੍ਰਮੋਸਨਾਂ ਨਹੀਂ ਕੀਤੀਆਂ ਜਾ ਰਹੀਆਂ।



ਅਧਿਆਪਕ ਜਥੇਬੰਦੀਆਂ ਨੇ ਫੈਸਲਾ ਕੀਤਾ ਕਿ ਕੱਲ੍ਹ 29 ਨਵੰਬਰ ਨੂੰ ਜ਼ਿਲ੍ਹਾ ਸਿੱਖਿਆ ਅਫਸਰ ਦਫਤਰ ਧਰਨਾ ਦਿੱਤਾ ਜਾਵੇਗਾ। ਅੱਜ ਦੇ ਪ੍ਰਦਰਸ਼ਨ ਵਿੱਚ ਦਿਲਦਾਰ ਭੰਡਾਲ, ਅਨਿਲ ਕੁਮਾਰ, ਜਗਦੀਸ ਰਾਜ ਬੈਂਸ, ਸੁਭਾਸ ਚੰਦਰ, ਨਿਸਾਨ ਸਿੰਘ, ਸਤਨਾਮ ਸਿੰਘ, ਰਾਜ ਦਵਿੰਦਰ ਸਿੰਘ ਕਲੇਰ, ਰਵੀ ਸੰਕਰ, ਰਾਜੇਸ ਕੁਮਾਰ, ਗੁਰਪ੍ਰੀਤ ਸਿੰਘ ਬਾਜਵਾ, ਗੁਰਪ੍ਰੀਤ ਸਿੰਘ ਮਾਨ, ਹਰਪ੍ਰੀਤ ਸਿੰਘ ਪਰਮਾਰ, ਨਿਸ਼ਾਨ ਸਿੰਘ ਸੇਖਵਾਂ, ਜਸਪਾਲ ਸਿੰਘ, ਨਿਸ਼ਾਨ ਸਿੰਘ, ਗੁਰਪ੍ਰਤਾਪ ਸਿੰਘ, ਜਗਦੀਸ਼ ਸਿੰਘ, ਰਘਬੀਰ ਸਿੰਘ, ਅਰਜੁਨ ਸਿੰਘ, ਰਘਵੀਰ ਸਿੰਘ, ਕੁਲਵੰਤ ਸਿਘ ਆਦਿ ਹਾਜ਼ਰ ਸਨ।

# ਕਿਸਾਨ ਮੋਰਚੇ ਦੇ ਤੀਜੇ ਦਿਨ ਵੀ ਮੁਫਤ ਮੈਡੀਕਲ ਸੇਵਾਵਾਂ ਰਹੀਆਂ ਜਾਰੀ

**ਮਾਨਸਾ (ਆਤਮਾ ਸਿੰਘ ਪਮਾਰ)**

ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਦੇ ਬਾਰਡਰ 'ਤੇ ਸ਼ੁਰੂ ਕੀਤੇ ਗਏ ਤਿੰਨ ਰੋਜ਼ਾ ਕਿਸਾਨ ਮੋਰਚੇ ਵਿਚ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਵੱਲੋਂ ਮੁਫਤ ਮੈਡੀਕਲ ਸਹੂਲਤਾਂ ਲਈ ਲਗਾਇਆ ਕੈਂਪ ਧਰਨੇ ਦੇ ਤੀਸਰੇ ਦਿਨ ਵੀ ਜਾਰੀ ਰਿਹਾ। ਸੂਬਾ ਪ੍ਰਧਾਨ ਧੰਨਾ ਮਲ ਗੋਇਲ ਨੇ ਸਾਡੇ ਇਸ ਪ੍ਰਤੀਨਿਧੀ ਨਾਲ ਧਰਨੇ ਵਾਲੀ ਜਗ੍ਹਾ ਤੋਂ ਫੋਨ ਤੇ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਅਗਵਾਈ ਵਿੱਚ ਚੱਲ ਰਹੇ ਇਸ ਮੈਡੀਕਲ ਕੈਂਪ ਵਿੱਚ ਅੱਜ ਤੀਜੇ ਦਿਨ ਇਹ ਸੇਵਾ ਪਟਿਆਲਾ ਜ਼ਿਲ੍ਹੇ ਦੀ ਟੀਮ ਵੱਲੋਂ ਨਿਭਾਈ ਗਈ। ਪਹਿਲੇ ਦਿਨ ਜ਼ਿਲ੍ਹਾ ਮਾਨਸਾ ਅਤੇ ਦੂਜੇ ਦਿਨ ਜ਼ਿਲ੍ਹਾ ਮੋਹਾਲੀ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ ਆਗੂਆਂ ਤੇ ਵਰਕਰਾਂ ਵੱਲੋਂ ਵੱਲੋਂ ਇਹ ਸੇਵਾ ਨਿਭਾਈ ਗਈ ਸੀ। ਅੱਜ ਤੀਸਰੇ ਦਿਨ ਪਟਿਆਲਾ ਜ਼ਿਲ੍ਹੇ ਦੇ ਪ੍ਰਧਾਨ ਆਨੰਦ ਵਾਲੀਆ, ਸਕੱਤਰ ਸਤੀਸ਼ ਕੁਮਾਰ, ਬਲਾਕ ਸਕੱਤਰ ਸ: ਮਹਿੰਦਰ ਸਿੰਘ ਅਤੇ ਸਰਗਰਮ ਮੈਂਬਰ ਹੈਪੀ ਸਿੰਘ ਆਦਿ ਵੱਲੋਂ ਇਹ ਜ਼ਿੰਮੇਵਾਰੀ ਬੜੀ ਸੁਹਿਰਦਤਾ ਨਾਲ ਬਾਖੂਬੀ ਨਿਭਾਈ ਗਈ। ਇਸ ਤੋਂ ਇਲਾਵਾ ਅੱਜ ਦੇ ਇਸ ਕੈਂਪ ਅਤੇ ਧਰਨੇ ਵਿੱਚ ਮੋਹਾਲੀ ਜ਼ਿਲ੍ਹੇ ਦੇ ਪ੍ਰਧਾਨ ਬਲਬੀਰ ਸਿੰਘ, ਸਕੱਤਰ ਸਖਬੀਰ ਸਿੰਘ ,ਖ਼ਜ਼ਾਨਚੀ ਸੁਖਦੇਵ ਸਿੰਘ, ਅਨੂਪ ਮੋਹਲੀ, ਸੋਮਲ, ਗਿਆਨ ਚੰਦ, ਬਲਵਿੰਦਰ ਸਿੰਘ, ਰਾਜੇਸ਼ ਕੁਮਾਰ, ਗੁਰਦੀਪ ਸਿੰਘ ਅਤੇ ਹਰਸ਼ ਵਰਮਾ ਵੀ ਹਾਜ਼ਰ ਸਨ। ਇਸ ਨਿਸ਼ਕਾਮ ਸੇਵਾ ਨੂੰ ਧਿਆਨ ਹਿਤ ਰੱਖਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦਾ ਸਟੇਜ ਤੋਂ ਵਿਸੇਸ ਤੌਰ ਤੇ ਧੰਨਵਾਦ ਵੀ ਕੀਤਾ। ਇਸ ਮੁਫਤ ਮੈਡੀਕਲ ਸੇਵਾ ਨੇ 2020-21 ਦੇ ਮਹਾਨ ਕਿਸਾਨ ਅੰਦੋਲਨ ਦੀ ਯਾਦ ਮੁੜ ਤੋਂ ਤਾਜ਼ਾ ਕਰਵਾ ਦਿੱਤੀ ਜਿਸ ਦੌਰਾਨ ਟਿਕਰੀ ਬਾਰਡਰ ਮੋਰਚੇ 'ਤੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਵੱਲੋਂ ਮਹੀਨਿਆਂ ਬੱਧੀ ਮੁਫਤ ਮੈਡੀਕਲ ਸੇਵਾ ਨਿਭਾਈ ਗਈ ਸੀ। ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਗੋਇਲ ਨੇ ਦੱਸਿਆ ਕਿ ਪਿੰਡਾਂ ਅਤੇ ਸ਼ਹਿਰਾਂ ਦੀਆਂ ਗਰੀਬ ਬਸਤੀਆਂ ਅੰਦਰ ਕਿਸਾਨਾਂ ਮਜ਼ਦੂਰਾਂ ਅਤੇ ਆਮ ਲੋਕਾਂ ਨੂੰ ਰਾਤ ਦਿਨ ਮੁੱਢਲੀ ਮੈਡੀਕਲ ਸਹਾਇਤਾ ਪ੍ਰਦਾਨ ਕਰਨ ਵਾਲੇ ਸਾਡੇ ਪੇਂਡੂ ਡਾਕਟਰਾਂ ਦਾ ਮਿਹਨਤਕਸ਼ ਲੋਕਾਂ ਨਾਲ ਨਹੁੰ ਮਾਸ ਦਾ ਰਿਸ਼ਤਾ ਹੈ। ਸਾਡਾ ਸੰਘਰਸ਼ ਸਮੁੱਚੇ ਲੋਕ ਸੰਘਰਸ਼ ਦਾ ਹੀ ਅੰਗ ਹੈ। ਸੋ ਸਾਡੀ ਜਥੇਬੰਦੀ ਸੰਘਰਸ਼ਸ਼ੀਲ ਲੋਕਾਂ ਲਈ ਹਮੇਸ਼ਾ ਆਪਣੀਆਂ ਸੇਵਾਵਾਂ ਲੈ ਕੇ ਹਾਜ਼ਰ ਹੁੰਦੀ ਰਹੇਗੀ।

## ਬੱਚਿਆਂ ਦੇ ਇੰਟਰ ਹਾਊਸ ਮੁਕਾਬਲੇ ਕਰਵਾਏ

**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਠੱਕਰਪੁਰਾ ਵਿਖੇ ਵੱਖ-ਵੱਖ ਇੰਟਰ ਹਾਊਸ ਮੁਕਾਬਲੇ ਕਰਵਾਏ ਗਏ। ਸਕੂਲ ਦੇ ਹਾਊਸ ਨੂੰ ਵਿਦਿਆਰਥੀਆਂ 'ਚ ਚਾਰ ਹਾਊਸਾਂ ਰਾਵੀ, ਬਿਆਸ, ਸਤਲੁਜ ਤੇ ਝਨਾਬ 'ਚ ਵੰਡਿਆ ਗਿਆ।



ਵਿਦਿਆਰਥੀਆਂ ਨੇ ਆਪਣੇ-ਆਪਣੇ ਹਾਊਸ ਵੱਲੋਂ ਅਥਲੈਟਿਕਸ, ਭਾਸ਼ਣ, ਕਵਿਤਾ ਅਤੇ ਕੁਇਜ਼ ਆਦਿ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ। ਖੇਡਾਂ ਦੀ ਸ਼ੁਰੂਆਤ ਤੋਂ ਪਹਿਲਾਂ ਗੁਬਾਰੇ ਛੱਡੇ ਗਏ। ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਹਰਬੀਰ ਸਿੰਘ ਗਿੱਲ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਸਕੂਲ ਮੈਨੇਜਮੈਂਟ ਤੇ ਪ੍ਰਿੰਸੀਪਲ ਮੈਡਮ ਰਾਜਬੀਰ ਕੌਰ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਇਨਾਮ ਤਕਸੀਮ ਕੀਤੇ ਤੇ ਹਾਰੇ ਖਿਡਾਰੀਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

# ਡੀਸੀ ਨੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਕੇ ਲਿਆ ਸਫਾਈ ਦਾ ਜਾਇਜ਼ਾ

**ਪਠਾਨਕੋਟ, (ਦਵਿੰਦਰ ਸਿੰਘ)**

ਸਿਟੀ ਪਠਾਨਕੋਟ ਦੇ ਕੁਝ ਵਾਰਡਾਂ ਦਾ ਦੌਰਾ ਕੀਤਾ ਗਿਆ ਅਤੇ ਸਾਫ ਸਫਾਈ ਦਾ ਜਾਇਜ਼ਾ ਲਿਆ ਗਿਆ। ਇਸ ਤੋਂ ਇਲਾਵਾ ਲੋਕਾਂ ਨਾਲ ਗੱਲਬਾਤ ਕੀਤੀ ਗਈ ਅਤੇ ਜੋ ਵੀ ਵਾਰਡ ਵਿੱਚ ਸਮੱਸਿਆਵਾਂ ਆ ਰਹੀਆਂ ਸਨ ਉਸ ਸਬੰਧੀ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਗਏ ਕਿ ਘੱਟ ਸਮੇਂ ਅੰਦਰ ਵਾਰਡ ਅੰਦਰ ਸਮੱਸਿਆਵਾਂ ਦਾ ਹੱਲ ਕੀਤਾ ਜਾਵੇ। ਇਹ ਪ੍ਰਗਟਾਵਾ ਅੱਜ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਸ਼ਹਿਰ ਦੇ ਵੱਖ ਵੱਖ ਵਾਰਡਾਂ ਦਾ ਦੌਰਾ ਕਰਨ ਮਗਰੋਂ ਜਾਣਕਾਰੀ ਦਿੰਦਿਆਂ ਕੀਤਾ। ਜ਼ਿਕਰਯੋਗ ਹੈ ਕਿ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ-ਕਮ-ਕਮਿਸ਼ਨਰ ਨਗਰ ਨਿਗਮ ਵੱਲੋਂ ਸਿਟੀ ਪਠਾਨਕੋਟ ਦੇ ਸ਼ੰਕਰ ਦਾ ਅਖਾੜਾ, ਓਲਡ ਸ਼ਾਹਪੁਰ ਰੋਡ, ਸਿੰਘਪੁਰਾ ਮੁਹੱਲਾ ਅਤੇ ਕਾਜ਼ੀਪੁਰ ਮੁਹੱਲਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਰਾਹੁਲ ਕੁਮਾਰ ਸਹਾਇਕ ਕਮਿਸ਼ਨਰ ਨਗਰ ਨਿਗਮ ਪਠਾਨਕੋਟ, ਡਾ. ਐਨ. ਕੇ. ਸਿੰਘ ਸਹਾਇਕ ਸਿਹਤ ਅਧਿਕਾਰੀ, ਸਮਾਜ ਸੇਵਕ ਸਮੀਰ ਸ਼ਾਰਧਾ ਅਤੇ ਹੋਰ ਵੱਖ-ਵੱਖ ਨਗਰ ਨਿਗਮ ਦੇ ਅਧਿਕਾਰੀ ਵੀ ਹਾਜ਼ਰ ਸਨ। ਇਸ ਮੌਕੇ ਜਾਣਕਾਰੀ ਦਿੰਦਿਆਂ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਹਨ ਕਿ ਸ਼ਹਿਰ ਨੂੰ ਸਾਫ-ਸੁਥਰਾ ਰੱਖਿਆ ਜਾਵੇ ਜਿਸ ਅਧੀਨ ਨਗਰ ਨਿਗਮ ਕਰਮਚਾਰੀਆਂ ਦੀਆਂ ਵੀ ਵਿਸ਼ੇਸ਼ ਤੌਰ 'ਤੇ ਡਿਊਟੀਆਂ ਲਗਾਈਆਂ ਹੋਈਆਂ ਹਨ। ਉਨ੍ਹਾਂ ਦੱਸਿਆ ਕਿ ਅੱਜ ਉਨ੍ਹਾਂ ਵੱਲੋਂ ਸ਼ਹਿਰ ਦੇ ਵੱਖ ਵੱਖ ਵਾਰਡਾਂ ਅਤੇ ਮੁਹੱਲਿਆਂ ਦਾ ਦੌਰਾ ਕੀਤਾ ਗਿਆ ਹੈ ਅਤੇ ਸਾਫ ਸਫਾਈ ਵਿਵਸਥਾ ਨੂੰ ਦੇਖਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਉਪਰਾਲਾ ਹੈ ਕਿ ਸ਼ਹਿਰ ਸਾਫ-ਸੁਥਰਾ ਰਹੇ ਅਤੇ ਕਿਸੇ ਤਰ੍ਹਾਂ ਦੀ ਕੋਈ ਟ੍ਰੈਫਿਕ ਦੇ ਕਾਰਨ ਲੋਕਾਂ ਨੂੰ ਪ੍ਰੇਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਸਹਿਰ ਅੰਦਰ ਜਾਮ ਟ੍ਰੈਫਿਕ ਦੀ ਵਿਵਸਥਾ ਨੂੰ ਦਰੁਸਤ ਕਰਨ ਦੇ ਲਈ ਪਹਿਲਾਂ ਵੀ ਦੁਕਾਨਦਾਰਾਂ ਅੱਗੇ ਅਪੀਲ ਕੀਤੀ ਗਈ ਸੀ ਕਿ ਉਨ੍ਹਾਂ ਦੇ ਸਹਿਯੋਗ ਤੋਂ ਬਿਨਾਂ ਕੋਈ ਵੀ ਕੰਮ ਨਹੀਂ ਕੀਤਾ ਜਾ ਸਕਦਾ। ਇਸ ਲਈ ਦੁਕਾਨਦਾਰਾਂ ਨੂੰ ਅਪੀਲ ਹੈ ਕਿ ਸਾਮਾਨ ਬਾਹਰ ਸੜਕ ਤੇ ਨਾ ਲਗਾਇਆ ਜਾਵੇ, ਇਸ ਨਾਲ ਹੋਰ ਰਾਹਗੀਰਾਂ ਨੂੰ ਪ੍ਰੇਸ਼ਾਨੀ ਹੁੰਦੀ ਹੈ ਅਤੇ ਟ੍ਰੈਫਿਕ ਵੀ ਜਾਮ ਹੁੰਦਾ ਹੈ। ਇਸ ਮੌਕੇ ਤੇ ਉਨ੍ਹਾਂ ਮੁਹੱਲਾ ਵਾਸੀਆਂ ਨਾਲ ਗੱਲਬਾਤ ਵੀ ਕੀਤੀ। ਧਿਆਨ ਵਿੱਚ ਆਈਆਂ ਗਲੀਆਂ ਦੇ ਟੁੱਟੇ ਹੋਣ ਦੀ ਸਮੱਸਿਆ ਅਤੇ ਪੀਣ ਵਾਲੇ ਪਾਣੀ ਦੀ ਪ੍ਰੇਸ਼ਾਨੀ ਨੂੰ ਧਿਆਨ ਵਿੱਚ ਰੱਖਦਿਆਂ ਮੌਕੇ ਤੇ ਹੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਲਦੀ ਹੀ ਇਨ੍ਹਾਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।



# ਦਰਿਆਈ ਮਾਲਕਾਨਾ ਜ਼ਮੀਨਾਂ 'ਚੋਂ ਰੇਤਾ ਕੱਢਣ ਦਾ ਹੱਕ ਕਿਸਾਨਾਂ ਨੂੰ ਦਿੱਤਾ ਜਾਵੇ : ਸਭਰਾਂ

**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**

ਪਿੰਡ ਸਭਰਾਂ 'ਚ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਰੇਤਾ ਦੀ ਖੱਡ ਸ਼ੁਰੂ ਕੀਤੀ ਗਈ। ਇਸ ਬਾਰੇ ਜਦੋਂ ਇਲਾਕਾ ਵਾਸੀਆਂ ਨੂੰ ਪਤਾ ਲੱਗਾ ਤਾਂ ਇਲਾਕਾ ਵਾਸੀ ਕਿਸਾਨ ਮਜ਼ਦੂਰ ਸੰਘਰਸ ਕਮੇਟੀ ਪੰਜਾਬ ਦੇ ਝੰਡੇ ਹੇਠ ਖੱਡ ਵਾਲੀ ਥਾਂ 'ਤੇ ਪਹੁੰਚ ਗਏ। ਪੰਜਾਬ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਪ੍ਰੈੱਸ ਨੋਟ ਜਾਰੀ ਕਰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾਂ ਨੇ ਕਿਹਾ ਕਿ ਦਰਿਆ ਦੇ ਪਾਣੀ ਨੇ ਇਸ ਵਾਰ ਲੋਕਾਂ ਦੀ ਫਸਲ ਅਤੇ ਜ਼ਮੀਨ ਪੂਰੀ ਤਰ੍ਹਾਂ ਖਰਾਬ ਕਰ ਦਿੱਤੀ ਅਤੇ ਪੰਜਾਬ ਸਰਕਾਰ ਹੜ੍ਹ ਪੀੜਤਾਂ ਦੀ ਮਦਦ ਕਰਨ ਦੀ ਥਾਂ ਕਿਸਾਨਾਂ ਵੱਲੋਂ ਲੰਮੇ ਸਮੇਂ ਤੋਂ ਅਬਾਦ ਕੀਤੀਆਂ ਜ਼ਮੀਨਾਂ ਦਾ ਮਾਲਕੀ ਹੱਕ ਦੇਣ ਦੀ ਥਾਂ ਆਬਾਦ ਕੀਤੀਆਂ ਜ਼ਮੀਨਾਂ ਨੂੰ ਪੰਚਾਇਤੀ ਜ਼ਮੀਨਾਂ ਦਾ ਰੂਪ ਦੇ ਕੇ ਕਾਬਜ਼ ਹੋਣਾ ਚਾਹੁੰਦੀ ਹੈ। ਕਿਸਾਨ ਆਗੂਆਂ ਨੇ ਮੰਗ ਕਰਦੇ ਹੋਏ ਕਿਹਾ ਕਿ ਮਿਹਨਤਕਸ਼ ਲੋਕਾਂ ਨੇ ਮਿਹਨਤ ਕਰਕੇ ਇਹ ਜ਼ਮੀਨਾਂ ਆਬਾਦ ਕੀਤੀਆਂ ਹਨ। ਜੇਕਰ ਪੰਜਾਬ ਸਰਕਾਰ ਇਹ ਜ਼ਮੀਨਾਂ ਐਕਵਾਇਰ ਕਰਨਾ ਚਾਹੁੰਦੀ ਹੈ ਤਾਂ ਜ਼ਮੀਨ ਮਾਲਕਾਂ ਨੂੰ ਛੇ ਗੁਣਾ ਬਾਜ਼ਾਰੀ ਰੇਟ ਦੇਵੇ ਨਹੀਂ ਤਾਂ ਆਬਾਦ ਕੀਤੀਆਂ ਜ਼ਮੀਨਾਂ ਦਾ ਪੱਕਾ ਮਾਲਕੀ ਹੱਕ ਕਿਸਾਨ ਨੂੰ ਦੇਵੇ, ਰੇਤਾ, ਮੱਛੀ ਵੇਚਣ ਦਾ ਹੱਕ ਕਿਸਾਨ ਨੂੰ ਹੀ ਦੇਵੇ। ਕਿਸਾਨ ਆਗੂਆਂ ਨੇ ਕਿਹਾ ਕਿ ਪਿੰਡ ਸਭਰਾਂ ਨੇੜੇ ਰੇਤਾ ਦੀ ਖੱਡ ਬਣਾਈ ਜਾ ਰਹੀ ਜੋ ਕਿਸੇ ਹਾਲ ਵਿਚ ਇਲਾਕਾ ਵਾਸੀਆਂ ਨੂੰ ਮਨਜ਼ੂਰ ਨਹੀਂ ਹੈ। ਕਿਸਾਨ ਆਗੂਆਂ ਨੇ ਦੱਸਿਆ ਕਿ ਰੇਤ ਦੀ ਡਾਫ ਲੱਗਣ ਕਰਕੇ ਪੱਟੀ ਵਾਲੀ ਰੋਹੀ ਨੇ ਪਿੰਡ ਸੀਤੋ ਨੋ ਆਬਾਦ ਪਿੰਡ ਜੱਲੋਕੇ ਕੋਲ ਸੈਂਕੜੇ ਕਿੱਲੇ ਫਸਲ ਖਰਾਬ ਕੀਤੀ। ਫਸਲ ਦੇ ਮੁਆਵਜ਼ੇ ਦੀ ਮੰਗ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਇਲਾਕਾ ਵਾਸੀਆਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਅਮਰਜੀਤ ਸਿੰਘ ਸਭਰਾਂ, ਗੁਰਦਿਆਲ ਸਿੰਘ, ਬਲਕਾਰ ਸਿੰਘ ਸਭਰਾਂ, ਗੁਰਦਿਆਲ ਸਿੰਘ, ਪ੍ਰਕਾਸ਼ ਸਿੰਘ ਸਭਰਾਂ, ਦਲੇਰ ਸਿੰਘ ਸਭਰਾਂ, ਹਰਬੀਰ ਸਿੰਘ, ਮੁਖਤਿਆਰ ਸਿੰਘ, ਅਵਤਾਰ ਸਿੰਘ, ਜਗੀਰ ਸਿੰਘ, ਬਲਜਿੰਦਰ ਸਿੰਘ, ਸਤਨਾਮ ਸਿੰਘ, ਬਲਵਿੰਦਰ ਸਿੰਘ, ਬਾਜ ਸਿੰਘ ਅਤੇ ਹੋਰ ਸੰਘਰਸ਼ਸ਼ੀਲ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।



## ਅਕਾਲ ਗਲੈਕਸੀ ਕਾਨਵੈਂਟ ਸਕੂਲ ਦੀ ਅਧਿਆਪਕਾ ਨੂੰ ਮਿਲਿਆ ਬੈਸਟ ਟੀਚਰ ਐਵਾਰਡ



**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**- ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਪੰਜਾਬ ਰਾਜ ਦੇ ਸਾਰੇ ਪ੍ਰਾਈਵੇਟ ਸਕੂਲਾਂ ਵਿੱਚੋਂ ਬੈਸਟ ਟੀਚਰ ਅਵਾਰਡ ਸੈਰੇਮਨੀ , ਚੰਡੀਗੜ੍ਹ ਯੂਨੀਵਰਸਿਟੀ ਵਿਖੇ ਆਯੋਜਿਤ ਕੀਤੀ ਗਈ, ਜਿਸ ਵਿੱਚ ਅਕਾਲ ਗਲੈਕਸੀ ਕਾਨਵੈਂਟ ਸਕੂਲ, ਸਿੱਧੂਪੁਰ ਲੋਹੀਆਂ ਖਾਸ ਦੀ ਅਧਿਆਪਕਾ ਮੈਡਮ ਰਜਨੀ ਬਾਲਾ ਨੂੰ ਇਸ ਸਮਾਰੋਹ ਵਿੱਚ ਫੈਡਰੇਸ਼ਨ ਦੇ ਚੇਅਰਮੈਨ ਡਾਕਟਰ ਜਗਜੀਤ ਸਿੰਘ ਧੂਰੀ, ਸੈਕਰੇਟਰੀ ਪੰਜਾਬ ਸਕੂਲ ਐਜੂਕੇਸ਼ਨ ਬੋਰਡ ਅਤੇ ਵਾਈਸ ਚਾਂਸਲਰ ਚੰਡੀਗੜ੍ਹ ਯੂਨੀਵਰਸਿਟੀ ਵੱਲੋਂ ਬੈਸਟ ਟੀਚਰ ਦਾ ਐਵਾਰਡ ਦਿੱਤਾ ਗਿਆ। ਸਕੂਲ ਲਈ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਅਜਿਹੇ ਮਾਹਰ ਅਧਿਆਪਕ ਬੱਚਿਆਂ ਨੂੰ ਸਿੱਖਿਆ ਦੇ ਰਹੇ ਹਨ ਤਾਂ ਨਿਸੰਦੇਹ ਬੱਚਿਆਂ ਦਾ ਭਵਿੱਖ ਬਹੁਤ ਹੀ ਸ਼ਾਨਦਾਰ ਹੋਵੇਗਾ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਜੱਜ, ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਅਤੇ ਸਮੂਹ ਸਟਾਫ ਵੱਲੋਂ ਸਕੂਲ ਦੇ ਬੈਸਟ ਟੀਚਰ ਅਵਾਰਡ ਹਾਸਲ ਕਰਨ ਵਾਲੀ ਅਧਿਆਪਕਾ ਰਜਨੀ ਬਾਲਾ ਨੂੰ ਉਹਨਾਂ ਦੀ ਇਸ ਵਿਸ਼ੇਸ਼ ਉਪਲਬਧੀ 'ਤੇ ਬਹੁਤ ਬਹੁਤ ਵਧਾਈ ਦਿੱਤੀ ਗਈ।

# ਤਿੰਨ ਰੋਜ਼ਾ 19ਵੀਆਂ ਸਾਲਾਨਾ ਖੇਡਾਂ ਦਾ ਸ਼ਾਨਦਾਰ ਆਗਾਜ਼

**ਸਰਹਾਲੀ ਕਲਾਂ, ਚੋਹਲਾ ਸਾਹਿਬ (ਹਰਪ੍ਰੀਤ ਸਿੰਘ ਚੰਬਾ/ਰਮਨ ਚੱਢਾ)**

ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ਼ਾਹ ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਰਾਣੀ ਵਲਾਹ ਵਿਖੇ ਅੱਜ ਸਾਲਾਨਾ ਖੇਡਾਂ ਦੀ ਸ਼ੁਰੂਆਤ ਸਮੇਂ ਬੱਚਿਆਂ ਵਲੋਂ ਮਾਰਚ ਪਾਸਟ ਕਰਨ ਉਪਰੰਤ ਰੰਗ-ਬਿਰੰਗੇ ਗੁਬਾਰੇ ਨੂੰ ਅਸਮਾਨ ਵਿੱਚ ਛੱਡ ਕੇ ਸ਼ੁਰੂਆਤ ਕੀਤੀ ਗਈ। ਖੇਡਾਂ ਦਾ ਉਦਘਾਟਨ ਕਰਨ ਅਤੇ ਬੱਚਿਆਂ ਨੂੰ ਖੇਡਾਂ ਲਈ ਪ੍ਰੇਰਿਤ ਕਰਨ ਲਈ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਅੰਤਰਰਾਸ਼ਟਰੀ ਵੇਟ ਲਿਫਟਰ ਮੈਡਮ ਮੀਨਾ ਕੁਮਾਰੀ ਪਵਾਰ ਇੰਸਪੈਕਟਰ ਪੰਜਾਬ ਪੁਲਸ ਵੱਲੋਂ ਸ਼ਿਰਕਤ ਕੀਤੀ ਗਈ ਜਿਨ੍ਹਾਂ ਨੇ ਆਪਣੀ ਸਖਤ ਮਿਹਨਤ ਨਾਲ ਵੇਟ ਲਿਫਟਿੰਗ ਵਿਚ ਅਨੇਕਾਂ ਰਿਕਾਰਡ ਕਾਇਮ ਕੀਤੇ ਹਨ। ਅਨੇਕਾਂ ਵਾਰ ਸੀਨੀਅਰ ਨੈਸ਼ਨਲ ਚੈਂਪੀਅਨਸ਼ਿਪ, ਪੰਜਾਬ ਵਰਲਡ ਚੈਂਪੀਅਨਸ਼ਿਪ, ਕਾਮਨਵੈਲਥ ਖੇਡਾਂ ਵਿਚ ਜੇਤੂ ਰਹਿ ਕੇ ਆਪਣੀ ਕਾਮਯਾਬੀ ਦੀਆਂ ਬੁਲੰਦੀਆਂ ਹਾਸਲ ਕਰਕੇ ਪਾਰਾਟਰੋਪਰ ਅਤੇ ਮਾਊਂਟ ਐਵਰੈਸਟ ਲਈ ਚੋਣ ਵਰਗੇ ਅਨੇਕਾਂ ਰਿਕਾਰਡ ਕਾਇਮ ਕੀਤੇ ਹਨ ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਕਿਸੇ ਵੀ ਕੰਮ ਵਿਚ ਸਫਲਤਾ ਲਈ ਸਹੀ ਨਿਸ਼ਾਨਾ ਅਤੇ ਸਖਤ ਮਿਹਨਤ ਦੀ ਜ਼ਰੂਰਤ ਹੁੰਦੀ ਹੈ। ਪਹਿਲਾਂ ਟੀਚਾ ਨਿਰਧਾਰਤ ਕਰੋ ਫਿਰ ਸਖਤ ਮਿਹਨਤ ਕਰੋ, ਸਫਲਤਾ ਜ਼ਰੂਰ ਮਿਲੇਗੀ। ਉਨ੍ਹਾਂ ਦੇ ਨਾਲ ਗੈਸਟ ਆਫ ਆਨਰ ਸਬ ਇੰਸਪੈਕਟਰ ਸੁਖਜਿੰਦਰ ਸਿੰਘ ਖਹਿਰਾ, ਸਕੂਲ ਦੇ ਮੈਨੇਜਿੰਗ ਡਾਇਰੈਕਟਰ ਗੁਲਵਿੰਦਰ ਸਿੰਘ ਸੰਧੂ, ਐਜੂਕੇਸ਼ਨ ਡਾਇਰੈਕਟਰ ਮੈਡਮ ਨਵਦੀਪ ਕੌਰ ਸੰਧੂ, ਪੰਜਾਬ ਸਕੂਲ ਸਿੱਖਿਆ ਬੋਰਡ ਦੇ ਪ੍ਰਿੰਸੀਪਲ ਨਿਰਭੈ ਸਿੰਘ ਸੰਧੂ ਅਤੇ ਸੀਬੀਐੱਸਈ ਦੇ ਪ੍ਰਿੰਸੀਪਲ ਸੁਮਨ ਡਡਵਾਲ ਨੇ ਮੁੱਖ ਮਹਿਮਾਨ ਦਾ ਸਵਾਗਤ ਅਤੇ ਧੰਨਵਾਦ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀ ਜੀਵਨ ਦਾ ਅਨਿੱਖੜਵਾਂ ਅੰਗ ਹਨ ਜੋ ਸਰੀਰਕ ਤੰਦਰੁਸਤੀ ਤੋਂ ਇਲਾਵਾ ਵਿਦਿਆਰਥੀਆਂ ਵਿਚ ਸਵੈ-ਮਾਣ ਅਤੇ ਸਵੈ-ਵਿਸ਼ਵਾਸ ਪੈਦਾ ਕਰਦੀਆਂ ਹਨ। ਸਾਰੇ ਬੱਚਿਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗੀਦਾਰੀ ਕਰਨੀ ਚਾਹੀਦੀ ਹੈ। ਲਗਾਤਾਰ 28, 29 ਅਤੇ 30 ਨਵੰਬਰ ਨੂੰ ਤਿੰਨ ਦਿਨ ਹੋਣ ਵਾਲੀਆਂ ਖੇਡਾਂ ਵਿਚ ਅੱਜ ਪਹਿਲੇ ਦਿਨ ਦੀਆਂ ਖੇਡਾਂ ਵਿਚ 100 ਮੀਟਰ, 200 ਮੀਟਰ, ਨਰਸਰੀ ਦੀ ਰੱਸਾਕਸ਼ੀ, ਰਿਲੇਅ, ਰੱਸੀ ਟੱਪਣਾ, ਬੋਰੀ ਰੇਸ ਦੇ ਆਦਿ ਛੋਟੇ ਬੱਚਿਆਂ ਦੀਆਂ ਖੇਡਾਂ ਕਰਵਾਈਆਂ ਗਈਆਂ। ਬਾਕੀ ਰਹਿੰਦੀਆਂ ਖੇਡਾਂ 29 ਅਤੇ 30 ਨਵੰਬਰ ਨੂੰ ਕਰਵਾਈਆਂ ਜਾਣਗੀਆਂ।

**ਪਹਿਲਾਂ ਟੀਚਾ ਨਿਰਧਾਰਤ ਕਰੋ ਫਿਰ ਸਖਤ ਮਿਹਨਤ ਕਰੋ, ਸਫਲਤਾ ਪੱਕੀ : ਮੀਨਾ ਕੁਮਾਰੀ**



# ਭਾਸ਼ਾ ਵਿਭਾਗ ਪੰਜਾਬ ਵੱਲੋਂ ਸੂਬਾ ਪੱਧਰੀ ਸਮਾਗਮ 'ਚ ਸੁਲੱਖਣ ਸਰਹੱਦੀ ਦਾ ਵਿਸ਼ੇਸ਼ ਸਨਮਾਨ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਭਾਸ਼ਾ ਵਿਭਾਗ ਪੰਜਾਬ ਵਲੋਂ ਵਿਭਾਗ ਦੇ ਡਾਇਰੈਕਟਰ ਡਾ: ਵੀਰਪਾਲ ਕੌਰ, ਸਹਾਇਕ ਡਾਇਰੈਕਟਰ ਹਰਪ੍ਰੀਤ ਕੌਰ ਅਤੇ ਡਿਪਟੀ ਡਾਇਰੈਕਟਰ ਸਤਨਾਮ ਸਿੰਘ ਦੀ ਅਗਵਾਈ ਵਿੱਚ ਪੰਜਾਬੀ ਮਾਹ-2023, ਪਰੰਪਰਾਗਤ ਅਤੇ ਅਜੋਕੀ ਗਾਇਕੀ ਦੀ ਸੁਰਮਈ ਸ਼ਾਮ, ਸੂਬਾ ਪੱਧਰੀ ਸਮਾਗਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਰਾਸਤ-ਏ-ਖਾਲਸਾ ਆਡੀਟੋਰੀਅਮ ਵਿੱਚ ਕਰਵਾਇਆ ਗਿਆ। ਸ਼੍ਰੋਮਣੀ ਪੰਜਾਬੀ ਕਵੀ ਗੁਰਭਜਨ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਏ ਇਸ ਸਮਾਗਮ ਵਿੱਚ ਪੰਜਾਬ ਦੇ ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਸ਼੍ਰੋਮਣੀ ਪੰਜਾਬੀ ਸਾਹਿਤਕਾਰ ਬਲਦੇਵ ਸਿੰਘ ਸੜਕਨਾਮਾ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਸਮਾਗਮ ਦੌਰਾਨ ਭਾਸ਼ਾ ਵਿਭਾਗ ਪੰਜਾਬ ਵਲੋਂ ਮੁੱਖ ਮਹਿਮਾਨ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਭਾਸ਼ਾ ਵਿਭਾਗ ਦੇ ਉਕਤ ਅਧਿਕਾਰੀਆਂ ਦੁਆਰਾ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਕੋਹਾੜ ਦੇ ਰਹਿਣ ਵਾਲੇ ਉਸਤਾਦ ਗ਼ਜ਼ਲਗੋ ਸੰਸਾਰ ਪ੍ਰਸਿੱਧ ਸ਼ਾਇਰ ਸੁਲੱਖਣ ਸਰਹੱਦੀ ਨੂੰ ਵਿਸ਼ੇਸ਼ ਗਲਜ਼ਕਾਰ ਸਨਮਾਨ ਨਿਵਾਜਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਗੁਰਦਾਸਪੁਰ ਦੇ ਭਾਸ਼ਾ ਅਫਸਰ ਡਾ: ਪਰਮਜੀਤ ਸਿੰਘ ਕਲਸੀ ਨੇ ਦੱਸਿਆ ਕਿ ਪ੍ਰਸਿੱਧ ਸ਼ਾਇਰ 'ਸੁਲੱਖਣ ਸਰਹੱਦੀ' ਨੇ ਕਾਵਿ-ਤਕਨੀਕ ਉੱਤੇ ਸਿਰਜੇ ਵੱਡ ਅਕਾਰੀ ਗ੍ਰੰਥ ਪਿੰਗਲ ਅਤੇ ਅਰੂਜ਼ ਸੰਦਰਭ ਕੋਸ਼, ਜੋ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਛਾਪਿਆ ਸੀ, ਸਮੇਤ ਹੁਣ ਤੱਕ 77 ਪੁਸਤਕਾਂ ਪੰਜਾਬੀ ਸਾਹਿਤ ਜਗਤ ਦੀ ਝੋਲੀ ਪਾਈਆਂ ਹਨ। ਇਨ੍ਹਾਂ ਪੁਸਤਕਾਂ ਵਿੱਚੋਂ 'ਸਾਡਾ ਆਸਟਰੇਲੀਆ, ਦਰਦ ਬੋਲਦਾ ਹੈ (ਗਜ਼ਲ ਸੰਗ੍ਰਹਿ), ਸੁਲਤਾਨ ਬਾਹੂ ਅਸਲ ਕਲਾਮ ਜੀਵਨ ਤੇ ਰਚਨਾ (ਸੂਫ਼ੀ ਮੱਤ) ਸਮੇਤ ਅਨੇਕਾਂ ਪੁਸਤਕਾਂ 'ਤੇ ਸੁਲੱਖਣ ਸਰਹੱਦੀ ਨੂੰ ਪੁਰਸ਼ਕਾਰ ਮਿਲ ਚੁੱਕੇ ਹਨ। ਹੁਣ ਭਾਸ਼ਾ ਵਿਭਾਗ ਵਲੋਂ ਸੂਬਾ ਪੱਧਰੀ ਸਮਾਗਮ ਵਿੱਚ ਸੁਲੱਖਣ ਸਰਹੱਦੀ ਦਾ ਵਿਸ਼ੇਸ਼ ਗਜ਼ਲਕਾਰ ਸਨਮਾਨ ਹੋਣਾ ਜ਼ਿਲ੍ਹਾ ਗੁਰਦਾਸਪੁਰ ਲਈ ਬੜੇ ਮਾਣ ਵਾਲੀ ਗੱਲ ਹੈ। ਇਸ ਸਮਾਗਮ ਵਿੱਚ ਸੂਬਾ ਭਰ ਤੋਂ ਸਾਹਿਤਕਾਰ, ਗੀਤਕਾਰ ਅਤੇ ਪੰਜਾਬੀ ਹਿਤੈਸ਼ੀ ਸ਼ਖ਼ਸੀਅਤਾਂ ਵੱਡੀ ਗਿਣਤੀ ਵਿੱਚ ਸਾਮਲ ਸਨ।



## ਹੋਣਹਾਰ ਅਨੂੰ ਦਾ ਸਕੂਲ ਪਹੁੰਚਣ 'ਤੇ ਨਿੱਘਾ ਸਨਮਾਨ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਡੇਰਾ ਬਾਬਾ ਨਾਨਕ ਬਲਾਕ 1 ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦਰਮਿਆਨ ਬਲਾਕ ਪੱਧਰੀ ਬਰੀਲੀਐਂਟ ਸਟੂਡੈਂਟ ਟੈਸਟ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਡੇਰਾ ਬਾਬਾ ਨਾਨਕ ਵਿਖੇ ਕਰਵਾਏ ਗਏ ਜਿਸ ਵਿੱਚ ਸਰਕਾਰੀ ਹਾਈ ਸਕੂਲ ਮਨਸੂਰਕੇ ਦੀ 10ਵੀਂ ਜਮਾਤ ਦੀ ਵਿਦਿਆਰਥਣ ਅਨੂੰ ਨੇ ਬਲਾਕ ਡੇਰਾ ਬਾਬਾ ਨਾਨਕ 1 ਵਿੱਚੋਂ ਦੂਸਰਾ ਸਥਾਨ ਹਾਸਲ ਕੀਤਾ। ਆਪਣੇ ਸਕੂਲ ਵਿਖੇ ਪਹੁੰਚਣ 'ਤੇ ਅਨੂੰ ਦਾ ਸਕੂਲ ਦੇ ਸਮੂਹ ਸਟਾਫ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸਕੂਲ ਇੰਚਾਰਜ ਖੁਸ਼ਬੀਰ ਸਿੰਘ ਅਤੇ ਸਮੂਹ ਸਕੂਲ ਸਟਾਫ ਵੱਲੋਂ ਵਿਦਿਆਰਥਣ ਨੂੰ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਧਿਆਪਿਕ ਸਤਿੰਦਰਪਾਲ ਸਿੰਘ, ਗੁਰਮੀਤ ਸਿੰਘ, ਕਸ਼ਮੀਰ ਮਸੀਹ, ਜੌਹਨੀ, ਤਰਸੇਮ ਮਸੀਹ, ਜਸਵੰਤ ਸਿੰਘ, ਕਸ਼ਮੀਰ ਚੰਦ, ਮੈਡਮ ਨਿਸ਼ਾ ਕੁਮਾਰੀ, ਮੈਡਮ ਮਨਿੰਦਰਪਾਲ ਕੌਰ ਆਦਿ ਸਟਾਫ ਮੈਂਬਰ ਹਾਜ਼ਰ ਸਨ।



## ਪ੍ਰਕਾਸ਼ ਪੁਰਬ 'ਤੇ ਗੁਰੂ ਕਾ ਲੰਗਰ ਲਗਾਇਆ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਸਾਨੂੰ ਸਾਰਿਆ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਏ ਪੂਰਨਿਆਂ 'ਤੇ ਚੱਲਣਾ ਚਾਹੀਦਾ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਅਜਨਾਲਾ ਤੋਂ ਆਮ ਆਦਮੀ ਪਾਰਟੀ ਦੇ ਅਜਨਾਲਾ ਦੇ ਵਾਰਡ ਨੰ. 8 ਦੇ ਇੰਚਾਰਜ ਹੇਮਕੁੰਟ ਸਾਹਿਬ ਲੰਗਰ ਸੇਵਾ ਸੁਸਾਇਟੀ ਦੇ ਸੇਵਾਦਾਰ ਰਸ਼ਪਾਲ ਸਿੰਘ ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਜਨਮ ਦਿਹਾੜੇ 'ਤੇ ਗੁਰੂ ਕਾ ਲੰਗਰ ਲਗਾਇਆ ਅਤੇ ਸੰਗਤਾਂ ਨੂੰ ਰਲ ਮਿਲ ਕੇ ਬਿਨਾਂ ਕਿਸੇ ਭੇਦਭਾਵ ਤੋਂ ਜੀਵਨ ਬਤੀਤ ਕਰਨ ਦੀ ਬੇਨਤੀ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਸ਼ਹਿਰੀ ਪ੍ਰਧਾਨ ਦੀਪਕ ਕੁਮਾਰ ਚੈਨਪੁਰੀਆ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਸੀਨੀਅਰ ਆਗੂ ਪਵਿੱਤਰ ਸਿੰਘ, ਅਜਨਾਲਾ ਦੇ ਕਣਕ ਵੰਡ ਦੇ ਇੰਚਾਰਜ ਅਮਿਤ ਪੁਰੀ, ਅਜੈ ਕੁਮਾਰ, ਗੁਰਿੰਦਰ ਸਿੰਘ ਗੁੱਜਰਪੁਰਾ, ਸ਼ਮਸ਼ੇਰ ਸਿੰਘ ਸ਼ੇਰਾ, ਦੀਪਕ ਭੱਟੀ, ਗੋਰਾ ਸੱਗੂ, ਗੁਰਨਾਮ ਸਿੰਘ, ਸੁਖਦਿਆਲ ਸਿੰਘ ਭੱਖਾ, ਮੈਡਮ ਗੀਤਾ ਗਿੱਲ, ਅਮਿਤ ਔਲ, ਰਾਣਾ ਸਿੰਘ, ਰਮਨਦੀਪ ਸਿੰਘ ਨੀਟਾ, ਵਿੱਕੀ ਲਕਸ਼ਮੀ ਆਦਿ ਹਾਜ਼ਰ ਸਨ।

# ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਸਾਲਾਨਾ ਅੰਤਰ-ਹਾਊਸ ਐਥਲੈਟਿਕਸ ਮੀਟ ਦਾ ਆਯੋਜਨ

**ਨਾਭਾ (ਵਰਿੰਦਰ ਵਰਮਾ)**

ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਸਾਲਾਨਾ ਅੰਤਰ-ਹਾਊਸ ਐਥਲੈਟਿਕਸ ਮੀਟ ਮੰਗਲਵਾਰ ਨੂੰ ਸਮਾਪਤ ਹੋਈ। ਤਰਸੇਮ ਚੰਦ, ਪੀਸੀਐਸ., ਐਸਡੀਐਮ, ਨਾਭਾ ਅਤੇ ਦਵਿੰਦਰ ਕੁਮਾਰ ਅੱਤਰੀ, ਡੀਐਸਪੀ, ਸਬ-ਡਵੀਜ਼ਨ, ਨਾਭਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਜੇਤੂਆ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਨਾਲ ਨਿਵਾਜਿਆ। ਸੈਕਸ਼ਨ-ਏ, ਬੀ ਅਤੇ ਸੀ (ਲੜਕੇ) ਵਿੱਚੋਂ ਜਪਕੀਰਤ ਸਿੰਘ ਬਰਾੜ, ਏਕਮਜੀਤ ਸਿੰਘ ਅਤੇ ਅਰਮਾਨਪ੍ਰੀਤ ਸਿੰਘ ਨੂੰ ਕ੍ਰਮਵਾਰ ਸਰਵੋਤਮ ਅਥਲੀਟ ਚੁਣਿਆ ਗਿਆ। ਸੈਕਸ਼ਨ-ਏ (ਲੜਕੀਆਂ) ਵਿੱਚੋਂ ਅਰਵਿੰਦਰ ਕੌਰ ਅਤੇ ਪ੍ਰਵਲੀਨ ਕੌਰ ਨੂੰ ਸਰਵੋਤਮ ਅਥਲੀਟ ਅਤੇ ਸੈਕਸ਼ਨ-ਬੀ (ਲੜਕੀਆਂ) ਵਿੱਚੋਂ ਰਹਿਮਤ ਕੌਰ ਅਤੇ ਆਸ਼ਿਤਾ ਸਿੰਘ ਠਾਕੁਰ ਨੂੰ ਸਰਵੋਤਮ ਅਥਲੀਟ ਐਲਾਨਿਆ ਗਿਆ। ਜੂਨੀਅਰ ਅਤੇ ਸੀਨੀਅਰ ਲੜਕੀਆਂ ਲਈ ਅੰਤਰ-ਹਾਊਸ ਅਥਲੈਟਿਕਸ ਟਰਾਫੀਆਂ ਕ੍ਰਮਵਾਰ ਜਮਨਾ ਅਤੇ ਸਤਲੁਜ ਹਾਊਸ ਨੇ ਹਾਸਿਲ ਕੀਤੀਆਂ। ਦੂਜੇ ਪਾਸੇ ਲੜਕਿਆਂ ਦੇ ਵਰਗ ਵਿੱਚ ਜੂਨੀਅਰ ਹਾਊਸ ਲਈ ਇੰਟਰ ਹਾਊਸ ਅਥਲੈਟਿਕਸ ਟਰਾਫੀ ਬਿਆਸ ਹਾਊਸ ਨੇ ਹਾਸਿਲ ਕੀਤੀ। ਮਿਡਲ ਅਤੇ ਸੀਨੀਅਰ ਹਾਊਸ ਲਈ ਇੰਟਰ ਹਾਊਸ ਐਥਲੈਟਿਕਸ ਟਰਾਫੀਆਂ ਵਿੱਚ ਬਿਆਸ ਹਾਊਸ ਨੇ ਬਾਜ਼ੀ ਮਾਰੀ। ਜ਼ਿਕਰਯੋਗ ਹੈ ਕਿ ਬਿਆਸ ਹਾਊਸ ਨੇ ਲਗਾਤਾਰ ਛੇਵੇਂ ਸਾਲ ਇਹ ਟਰਾਫੀ ਆਪਣੇ ਨਾਂਅ ਕੀਤੀ ਹੈ। ਬਿਆਸ ਹਾਊਸ ਵੱਲੋਂ ਲੜਕਿਆਂ ਦੀ ਓਵਰਆਲ ਅਥਲੈਟਿਕਸ ਚੈਂਪੀਅਨਸ਼ਿਪ ਟਰਾਫੀ ਵੀ ਜਿੱਤੀ ਗਈ। ਮਾਰਚ ਪਾਸਟ ਦੀ ਟਰਾਫੀ ਗਰਲਜ਼ ਸਕੁਐਡ ਨੇ ਜਿੱਤੀ। ਅਥਲੈਟਿਕਸ ਮੀਟ ਦੇ ਅੰਤ ਵਿੱਚ ਹੈਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।



# ਕਰਾਂਪਟਨ ਨੇ ਨਵਾਂ ਉਤਪਾਦ 'ਡੇਕੋ ਬੈਟਨ' ਮਾਰਕੀਟ 'ਚ ਉਤਾਰਿਆ

**ਜਲੰਧਰ:** ਭਾਰਤ ਦੇ ਵਿਰਾਸਤੀ ਬ੍ਰਾਂਡ, ਕਰਾਂਪਟਨ ਗ੍ਰੀਵਜ ਕੰਜ਼ਿਊਮਰ ਇਲੈਕਟ੍ਰੀਕਲਜ਼ ਲਿਮਟਿਡ ਨੇ ਆਪਣਾ ਨਵਾਂ ਉਤਪਾਦ 'ਡੇਕੋ ਬੈਟਨ' ਲਾਈਟਸ ਲਾਂਚ ਕੀਤਾ ਹੈ। ਕੰਪਨੀ ਗੁਣਵੱਤਾ ਅਤੇ ਭਰੋਸੇਯੋਗਤਾ ਪ੍ਰਤੀ ਆਪਣੀ ਵਚਨਬੱਧਤਾ ਲਈ ਜਾਣੀ ਜਾਂਦੀ ਹੈ ਅਤੇ ਇਸ ਦੀਆਂ ਨਵੀਆਂ ਕਰਾਂਪਟਨ ਡੇਕੋ ਬੈਟਨ ਲਾਈਟਾਂ ਤੁਹਾਡੀ ਸ਼ੈਲੀ, ਡਿਜ਼ਾਈਨ ਅਤੇ ਸ਼ਾਨਦਾਰ ਕਾਰਜਸ਼ੀਲਤਾ ਨਾਲ ਤੁਹਾਡੀ ਰਹਿਣ ਵਾਲੀ ਥਾਂ ਨੂੰ ਬਦਲਣ ਲਈ ਤਿਆਰ ਹਨ। ਡੇਕੋ ਬੈਟਨ 'ਫੈਂਸੀ ਲਾਈਟਿੰਗ' ਪ੍ਰਦਾਨ ਕਰਦਾ ਹੈ ਅਤੇ ਘਰ ਦੀ ਸਜਾਵਟ ਵਿਚ ਵਾਧਾ ਕਰਦਾ ਹੈ। ਕ੍ਰੋਮਪਟਨ ਪਿਛਲੇ 80 ਸਾਲਾਂ ਤੋਂ ਰੋਸ਼ਨੀ ਦੇ ਖੇਤਰ ਵਿੱਚ ਆਪਣੀ ਮੁਹਾਰਤ ਦਾ ਸਬੂਤ ਦੇ ਰਿਹਾ ਹੈ। ਲਿਵਿੰਗ ਸਪੇਸ ਲਈ ਨਵੇਂ ਲਾਂਚ ਕੀਤੇ ਗਏ ਲਾਈਟਿੰਗ ਉਤਪਾਦਾਂ ਬਾਰੇ ਬੋਲਦਿਆਂ ਸਾਲਿਨ ਨਾਇਕ ਵਾਈਸ ਪ੍ਰੈਜ਼ੀਡੈਂਟ ਅਤੇ ਬਿਜ਼ਨੈੱਸ ਹੈੱਡ, ਲਾਈਟਿੰਗ ਕਰਾਂਪਟਨ ਗ੍ਰੀਵਜ਼ ਕੰਜ਼ਿਊਮਰ ਇਲੈਕਟ੍ਰੀਕਲਜ਼ ਲਿਮਟਿਡ ਨੇ ਕਿਹਾ ਕਿ ਅੱਜ ਦੇ ਆਧੁਨਿਕ ਘਰਾਂ ਵਿੱਚ ਰੌਸ਼ਨੀ ਨਵੀਨੀਕਰਨ ਦਾ ਇੱਕ ਮਹੱਤਵਪੂਰਨ ਹਿੱਸਾ ਬਣ ਗਈ ਹੈ। ਇਹ ਸਿਰਫ ਸਥਾਨ ਨੂੰ ਜਗਾਉਣ ਤੱਕ ਹੀ ਸੀਮਤ ਨਹੀਂ ਹੈ; ਇਹ ਇੱਕ ਅਜਿਹਾ ਮਾਹੌਲ ਬਣਾਉਂਦਾ ਹੈ ਜਿਸ ਵਿੱਚ ਨਿੱਜੀ ਤਰਜੀਹਾਂ ਪ੍ਰਤੀਬਿੰਬਤ ਹੁੰਦੀਆਂ ਹਨ ਅਤੇ ਘਰ ਦੀ ਪੂਰੀ ਸਜਾਵਟ ਵਿੱਚ ਵਾਧਾ ਹੁੰਦਾ ਹੈ। ਅਸੀਂ ਸਮਝਦੇ ਹਾਂ ਕਿ ਖਪਤਕਾਰ ਸਿਰਫ ਲਾਈਟ ਫਿਕਸਚਰ ਤੋਂ ਕੁਝ ਵੱਧ ਚਾਹੁੰਦੇ ਹਨ, ਉਹ ਇੱਕ ਰੌਸ਼ਨੀ ਅਨੁਭਵ ਚਾਹੁੰਦੇ ਹਨ ਜੋ ਨਾ ਸਿਰਫ ਉਨ੍ਹਾਂ ਦੇ ਰਹਿਣ ਵਾਲੇ ਸਥਾਨਾਂ ਦੀ ਸੁੰਦਰਤਾ ਨੂੰ ਵਧਾਉਂਦਾ ਹੈ, ਸਗੋਂ ਉਨ੍ਹਾਂ ਲਈ ਮੁੱਲ ਵੀ ਵਧਾਉਂਦਾ ਹੈ। ਸਾਡਾ ਉਤਪਾਦ ਚਮਕ 'ਤੇ ਕੋਈ ਸਮਝੌਤਾ ਕੀਤੇ ਬਿਨਾਂ ਸ਼ੈਲੀ ਅਤੇ ਚਮਕ-ਮੁਕਤ ਰੌਸ਼ਨੀ ਪ੍ਰਦਾਨ ਕਰਦਾ ਹੈ।

# ਭੁੱਲ ਕੇ ਵੀ ਤਰਸਿੱਕਾ ਤੋਂ ਖੁਜਾਲਾ ਨੂੰ ਜਾਂਦੀ ਸੜਕ 'ਤੇ ਨਾ ਜਾਇਓ!

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੀ ਸੜਕ ਤਰਸਿੱਕਾ ਤੋਂ ਖੁਜਾਲਾ ਜਿਸਦੀ ਹਾਲਤ ਏਨੀ ਮਾੜੀ ਹੈ ਕਿ ਬਦਕਿਸਮਤੀ ਨਾਲ ਜਿਹੜਾ ਇਸ ਸੜਕ ਲੰਘਣ ਲਈ ਚੱਲ ਪੈਂਦਾ ਹੈ ਉਸਨੂੰ ਇੱਕ ਵਾਰ ਨਾਨੀ ਚੇਤੇ ਆ ਜਾਂਦੀ ਹੈ ਕਿਉਂਕਿ ਇਸ ਵਿੱਚ ਪਏ ਹੋਏ ਟੋਏ ਰਾਹਗੀਰ ਦਾ ਇਸ ਤਰ੍ਹਾਂ ਸਵਾਗਤ ਕਰਦੇ ਹਨ ਜਿਵੇਂ ਮਾਂ ਆਪਣੇ ਬੱਚੇ ਨੂੰ ਝੂਟੇ ਦਿੰਦੀ ਹੈ ਭਾਵ ਕਿ ਇੱਕ ਵਾਰ ਟੋਇਆਂ ਦੇ ਚੱਕਰ ਵਿੱਚ ਪਿਆ ਬੰਦਾ ਵਾਰ-ਵਾਰ ਕਸਮਾਂ ਖਾਂਦਾ ਹੈ ਕਿ ਉਹ ਮੁੜ ਕਦੇ ਵੀ ਇਸ ਸੜਕ ਤੋਂ ਦੀ ਨਹੀਂ ਲੰਘੇਗਾ। ਤਰਸਿੱਕਾ ਬਲਾਕ ਜਿਸ ਵਿੱਚੋਂ ਹਮੇਸ਼ਾ ਚੋਣਾਂ ਵੇਲੇ ਲੋਕਾਂ ਨੂੰ ਕਈ ਸਬਜ਼ਬਾਗ ਵੇਖਣ ਨੂੰ ਮਿਲਦੇ ਰਹੇ ਪਰ ਵੋਟਾਂ ਤੋਂ ਬਾਅਦ ਫਿਰ ਕਿਸੇ ਨੇ ਬਹੁਤਾ ਧਿਆਨ ਤਰਸਿੱਕਾ ਬਲਾਕ ਦੇ ਲੋਕਾਂ ਵੱਲ ਨਹੀਂ ਦਿੱਤਾ। ਅੱਜ ਹਾਲਾਤ ਅਜਿਹੇ ਹਨ ਕਿ ਤਰਸਿੱਕਾ ਬਲਾਕ ਮੁਸੀਬਤਾਂ ਵਿੱਚ ਘਿਰਿਆ ਹੋਇਆ ਹੈ ਪਰ ਸਰਕਾਰ ਦੇ ਨੁਮਾਇੰਦੇ ਝੂਠੇ ਵਾਅਦੇ ਕਰਨ ਵਿੱਚ ਕੋਈ ਕਸਰ ਨਹੀ ਛੱਡਦੇ ਅਤੇ ਇਹ ਵਾਅਦੇ ਅੱਜ ਤੱਕ ਸੱਚ ਸਾਬਤ ਨਹੀਂ ਹੋਏ। ਬਲਾਕ ਤਰਸਿੱਕਾ ਦੀ ਅਹਿਮ ਸੜਕ ਖੁਜਾਲਾ ਤੋਂ ਤਰਸਿੱਕਾ ਜੋ ਅੰਮ੍ਰਿਤਸਰ ਮਹਿਤਾ ਰੋਡ ਤੋਂ ਨਿਕਲਦੀ ਹੈ, ਨੂੰ ਚੌੜੀ ਕਰਕੇ ਅਕਾਲੀ ਸਰਕਾਰ ਵੇਲੇ ਬਣਾਇਆ ਗਿਆ ਸੀ। ਇਸ ਸੜਕ ਦੀ ਰਿਪੇਅਰ ਹੋਈ ਨੂੰ ਕਰੀਬ 7 ਸਾਲ ਹੋ ਗਏ ਹਨ। ਸਮੇਂ ਦੇ ਲਿਹਾਜ਼ ਨਾਲ ਇਹ ਸੜਕ ਆਪਣੀ ਮਿਆਦ ਹੰਢਾ ਚੁੱਕੀ ਹੈ। ਸੜਕ ਤੋਂ ਜਦ ਕੋਈ ਲੰਘਦਾ ਹੈ ਤਾਂ ਮਿੱਟੀ ਘੱਟੇ ਨਾਲ ਲੱਥ-ਪੱਥ ਹੋ ਕੇ ਹੀ ਅੱਗੇ ਜਾਂਦਾ ਹੈ ਅਤੇ ਮੁਸੀਬਤਾਂ ਨਾਲ ਜੂਝਦਾ ਹੋਇਆ ਸੜਕ ਤੋਂ ਦੀ ਸਫਰ ਕਰਦਾ ਹੈ। ਇਸੇ ਤਰ੍ਹਾ ਤਰਸਿੱਕਾ ਦੇ ਦੁਕਾਨਦਾਰਾਂ ਨੇ ਰਲ ਕੇ ਕੁੱਝ ਚਿਰ ਪਹਿਲਾਂ ਇਸ ਸੜਕ ਵਿੱਚ ਮਿੱਟੀ ਅਤੇ ਰੋੜੇ ਪਾ ਕੇ ਸੜਕ ਵਿਚਲੇ ਟੋਏ ਪੂਰਨ ਦੀ ਕੋਸ਼ਿਸ਼ ਤਾਂ ਕੀਤੀ ਸੀ ਪਰ ਇਹ ਕੋਈ ਪੱਕਾ ਹੱਲ ਨਹੀ ਹੈ ਬਲਕਿ ਇਸ ਵਿੱਚ ਪਏ ਹੋਏ ਟੋਇਆਂ ਦੇ ਕਾਰਣ ਕਿਸੇ ਵੇਲੇ ਵੀ ਕੋਈ ਹਾਦਸਾ ਵਾਪਰ ਸਕਦਾ ਹੈ ਜਿਸ ਵੱਲ ਵੀ ਸਰਕਾਰ ਦਾ ਕੋਈ ਧਿਆਨ ਨਹੀਂ ਹੈ। ਇਲਾਕੇ ਦੇ ਲੋਕਾਂ ਨੇ ਹਲਕਾ ਵਿਧਾਇਕ ਅਤੇ ਕੈਬਨਿਟ ਮੰਤਰੀ ਪੰਜਾਬ ਹਰਭਜਨ ਸਿੰਘ ਈਟੀਓ ਤੋਂ ਮੰਗ ਕੀਤੀ ਹੈ ਕਿ ਖੁਜਾਲਾ ਤੋਂ ਤਰਸਿੱਕਾ ਸੜਕ ਨੂੰ ਪਹਿਲ ਦੇ ਆਧਾਰ ਤੇ ਬਣਾਇਆ ਜਾਵੇ।

# ਸਕੂਲ ਮੈਨੇਜਮੈਂਟ ਕਮੇਟੀ ਦੀ ਅਹਿਮ ਮੀਟਿੰਗ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਬਲਾਕ ਕਾਦੀਆਂ-1ਵਿਖੇ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ ਹੇਠ ਸਕੂਲ ਮੈਨੇਜਮੈਂਟ ਕਮੇਟੀ ਮੈਂਬਰਾਂ ਦੀ ਮੀਟਿੰਗ ਸਕੂਲ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਅਤੇ ਚੇਅਰਮੈਨ ਵਿਪਨ ਕੁਮਾਰ ਦੀ ਅਗਵਾਈ ਹੇਠ ਕੀਤੀ ਗਈ। ਮੀਟਿੰਗ ਦੌਰਾਨ ਕਮੇਟੀ ਦੇ ਸਕੱਤਰ ਨੇ ਕਮੇਟੀ ਮੈਂਬਰਾਂ ਨੂੰ ਵਿਭਾਗ ਵੱਲੋਂ ਮਿਲੀਆਂ ਵੱਖ-ਵੱਖ ਗ੍ਰਾਂਟਾਂ ਅਤੇ ਉਨ੍ਹਾਂ ਨੂੰ ਖਰਚਣ ਦੇ ਬਾਰੇ ਜਾਣੂ ਕਰਵਾਇਆ ਅਤੇ ਕਮੇਟੀ ਮੈਂਬਰਾਂ ਵੱਲੋਂ ਲੋੜਵੰਦ ਵਿਦਿਆਰਥੀਆਂ ਨੂੰ ਵਰਦੀਆਂ ਵੀ ਵੰਡੀਆਂ ਗਈਆਂ। ਇਸ ਮੌਕੇ ਸਿੱਖਿਆ ਸ਼ਾਸਤਰੀ ਵਜੋਂ ਕਮੇਟੀ ਮੈਂਬਰ ਨਰਿੰਦਰ ਭਾਟੀਆ ਅਤੇ ਪ੍ਰਵੇਸ਼ ਚੰਦਰ ਦੁਆਰਾ ਪ੍ਰਿੰਸੀਪਲ ਵੱਲੋਂ ਕਰਵਾਏ ਗਏ ਵਿਕਾਸ ਕਾਰਜਾਂ ਨੂੰ ਬਹੁਤ ਸਰਾਹਿਆ ਗਿਆ। ਨਰਿੰਦਰ ਭਾਟੀਆ ਅਤੇ ਪ੍ਰਵੇਸ਼ ਚੰਦਰ ਨੂੰ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਦੁਆਰਾ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਮੇਟੀ ਮੈਂਬਰ ਵਰਿੰਦਰ ਸੂਰੀ, ਹਰਦੀਪ ਕੌਰ, ਸਮੇਤ ਸਮੂਹ ਸਟਾਫ ਹਾਜ਼ਰ ਸੀ।

# ਪੰਜਾਬ ਰਾਜ ਯੁਵਕ ਮੇਲੇ ਦੇ ਤੀਜੇ ਦਿਨ ਕਲਾਸੀਕਲ ਨਾਚਾਂ ਨੇ ਛੱਡੀ ਗੂੜ੍ਹੀ ਛਾਪ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**

ਯੁਵਕ ਸੇਵਾਵਾਂ ਵਿਭਾਗ ਪੰਜਾਬ ਮੰਤਰੀ ਮੀਤ ਹੇਅਰ ਦੇ ਦਿਸ਼ਾ-ਨਿਰਦੇਸ਼ਾਂ ਤੇ ਵਿਸ਼ੇਸ਼ ਮੁੱਖ ਸਕੱਤਰ, ਖੇਡਾਂ ਤੇ ਯੁਵਕ ਸੇਵਾਵਾਂ ਵਿਭਾਗ ਪੰਜਾਬ ਸਰਬਜੀਤ ਸਿੰਘ, ਆਈਏਐੱਸ ਦੀ ਰਹਿਨੁਮਾਈ ਹੇਠ ਡਾਇਰੈਕਟਰ, ਯੁਵਕ ਸੇਵਾਵਾਂ ਪੰਜਾਬ ਹਰਪ੍ਰੀਤ ਸਿੰਘ ਸੂਦਨ, ਆਈਏਐੱਸ ਦੀ ਅਗਵਾਈ ਵਿੱਚ ਯੁਵਕ ਸੇਵਾਵਾਂ ਵਿਭਾਗ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਕਰਵਾਏ ਜਾ ਰਹੇ 4 ਰੋਜ਼ਾ ਅੰਤਰ-ਵਰਸਿਟੀ ਯੁਵਕ ਮੇਲੇ ਦੇ ਤੀਜੇ ਦਿਨ ਦਸ਼ਮੇਸ਼ ਆਡੀਟੋਰੀਅਮ ਵਿੱਚ ਲੋਕ-ਨਾਚਾਂ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਵਿੱਚ ਝੂਮਰ ਤੇ ਲੁੱਡੀ ਨਾਚਾਂ ਨੇ ਪੂਰੇ ਆਡੀਟੋਰੀਅਮ ਨੂੰ ਝੂਮਣ ਲਈ ਮਜ਼ਬੂਰ ਕਰ ਦਿੱਤਾ। ਦਰਸ਼ਕਾਂ ਦੇ ਉਤਸ਼ਾਹ ਦਾ ਠਾਠਾਂ ਮਾਰਦਾ ਸਮੁੰਦਰ ਸੋਚਣ ਲਈ ਮਜਬੂਰ ਕਰਦਾ ਸੀ ਕਿ ਜੇਕਰ ਸੱਭਿਆਚਾਰ ਨੂੰ ਸਹੀ ਤਰੀਕੇ ਨਾਲ ਸਾਂਭਿਆ ਜਾਵੇ ਤਾਂ ਯੁਵਾ ਪੀੜ੍ਹੀ ਆਪਣੇ ਪੂਰੇ ਜੋਸ਼ ਨਾਲ ਇਸ ਨੂੰ ਅਪਣਾਉਂਦੀ ਹੈ। ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ ਵਿੱਚ ਕਵੀਸ਼ਰੀ, ਵਾਰ-ਗਾਇਨ ਅਤੇ ਕਲੀ ਦੇ ਮੁਕਾਬਲੇ ਕਰਵਾਏ ਗਏ। ਵੱਖ-ਵੱਖ ਯੂਨੀਵਰਸਿਟੀਆਂ ਵੱਲੋਂ ਆਈਆਂ ਹੋਈਆਂ ਟੀਮਾਂ ਨੇ ਆਪਣੀਆਂ ਪੇਸ਼ਕਾਰੀਆਂ ਕੀਤੀਆਂ। ਇਨ੍ਹਾਂ ਪੇਸ਼ਕਾਰੀਆਂ ਵਿੱਚ ਪੰਜਾਬੀਆਂ ਦੇ ਬਹਾਦੁਰੀ ਭਰੇ ਸ਼ਾਨਾਮੱਤੀ ਇਤਿਹਾਸ ਨੂੰ ਗਾਇਆ ਗਿਆ। ਢੱਡ ਤੇ ਸਰੰਗੀ ਪੇਸ਼ ਕਰਦੇ ਕਲਾਕਾਰ ਕਿਤੇ ਗਵਾਚ ਚੁੱਕੇ ਪੰਜਾਬ ਨੂੰ ਸਾਰਿਆਂ ਦੇ ਸਾਹਮਣੇ ਪੇਸ਼ ਕਰ ਰਹੇ ਸਨ। ਦਰਸ਼ਕਾਂ ਨਾਲ ਖਚਾ-ਖਚ ਭਰਿਆ ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ ਇਸ ਗੱਲ ਦਾ ਗਵਾਹ ਬਣਿਆ ਕਿ ਯੁਵਕ ਸੇਵਾਵਾਂ ਵਿਭਾਗ ਪੰਜਾਬ ਦੀ ਇਹ ਪਹਿਲ ਯੁਵਾ ਪੀੜ੍ਹੀ ਨੂੰ ਜੜ੍ਹਾਂ ਨਾਲ ਜੋੜਨ ਵਿੱਚ ਕਾਮਯਾਬ ਰਹੀ ਹੈ। ਤੀਸਰੀ ਸਟੇਜ ਤੇ ਕਲਾਸੀਕਲ ਨਾਚ (ਕੱਥਕ, ਭਾਰਤ ਨਾਟਿਅਮ, ਉੜੀਸੀ ਅਤੇ ਕੱਥਕ-ਕਲੀ ਕਰਵਾਏ ਗਏ। ਟੀਮਾਂ ਵੱਲੋਂ ਭਾਰਤ ਦੇ ਅਮੀਰ ਕਲਾਸੀਕਲ ਵਿਰਸੇ ਨੂੰ ਦਰਸ਼ਕਾਂ ਦੇ ਰੂਬਰੂ ਕਰਵਾਇ ਗਿਆ। ਭਾਰਤੀ ਨਾਚਾਂ ਦੇ ਅਮੀਰ ਵਿਰਸੇ ਨਾਲ ਯੁਵਾ ਪੀੜ੍ਹੀ ਨੂੰ ਜੋੜਨ ਦਾ ਜੋ ਬੀੜਾ ਵਿਭਾਗ ਵੱਲੋਂ ਚੁੱਕਿਆ ਗਿਆ ਹੈ, ਦਰਸ਼ਕਾਂ ਦੀ ਭਰਪੂਰ ਹਾਜ਼ਰੀ ਇਸ ਉੱਦਮ ਦੀ ਸਫਲਤਾ ਦਾ ਪ੍ਰਮਾਣ ਸੀ। ਕਾਨਫਰੰਸ ਹਾਲ ਵਿੱਚ ਭਾਸ਼ਣ ਅਤੇ ਵਾਦ-ਵਿਵਾਦ ਦੇ ਮੁਕਾਬਲੇ ਕਰਵਾਏ ਗਏ। ਬਹੁਤ ਹੀ ਸ਼ਾਨਦਾਰ ਤਰੀਕੇ ਨਾਲ ਉਲੀਕੇ ਗਏ ਇਨ੍ਹਾਂ ਮੁਕਾਬਲਿਆਂ ਦੌਰਾਨ ਰਾਜ-ਭਰ ਤੋਂ ਆਈਆਂ 17 ਟੀਮਾਂ ਨੇ ਹਿੱਸਾ ਲਿਆ। ਆਪਣੇ-ਆਪਣੇ ਵਿਚਾਰਾਂ ਰਾਹੀਂ ਜੱਜਾਂ ਨੂੰ ਪ੍ਰਭਾਵਿਤ ਕਰਨ ਲਈ ਕੋਸ਼ਿਸ਼ ਕੀਤੀ। ਇਨ੍ਹਾਂ ਮੁਕਾਬਲਿਆਂ ਵਿੱਚ ਯੁਵਾ ਪੀੜ੍ਹੀ ਦੇ ਸੂਖਮ ਦਿਮਾਗ ਨੇ ਦਰਸ਼ਕਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਕਿ ਅਸੀਂ ਆਪਣੀ ਸੋਚ ਦਾ ਦਾਇਰਾ ਕਿੰਨਾ ਜ਼ਿਆਦਾ ਵਿਕਸਿਤ ਕਰ ਸਕਦੇ ਹਾਂ।

ਵਿਦਿਆਰਥੀ ਕਲਾਕਾਰਾਂ ਵੱਲੋਂ ਜਿੱਥੇ ਖੁਦ ਪੇਸ਼ਕਾਰੀਆਂ ਦਿੱਤੀਆਂ ਜਾ ਰਹੀਆਂ, ਅੱਜ ਉਨ੍ਹਾਂ ਦੇ ਮਨੋਰੰਜਨ ਵਾਸਤੇ ਯੁਵਕ ਸੇਵਾਵਾਂ ਵਿਭਾਗ ਵੱਲੋਂ ਮਸ਼ਹੂਰ ਅਦਾਕਾਰ ਅੰਮ੍ਰਿਤ ਮਾਨ ਨੂੰ ਬੁਲਾਇਆ ਗਿਆ ਸੀ। ਤੀਜੇ ਦਿਨ ਦੇ ਯੁਵਕ ਮੇਲੇ ਦਾ ਸਿਖਰ ਉਦੋਂ ਹੋ ਗਿਆ ਜਦੋਂ ਦਸ਼ਮੇਸ਼ ਆਡੀਟੋਰੀਅਮ ਦੀ ਸਟੇਜ ਤੇ ਮਸ਼ਹੂਰ ਗਾਇਕ ਤੇ ਅਦਾਕਾਰ ਅੰਮ੍ਰਿਤ ਮਾਨ ਵੱਲੋਂ ਦਰਸ਼ਕਾਂ ਦੇ ਠਾਠਾਂ ਮਾਰਦੇ ਇਕੱਠ ਵਿੱਚ ਆਪਣੀ ਪੇਸ਼ਕਾਰੀ ਦਿੱਤੀ। ਲਗਾਤਾਰ 2 ਘੰਟੇ ਤੋਂ ਵੱਧ ਚੱਲੇ ਇਸ ਪੇਸ਼ਕਾਰੀ ਦੌਰਾਨ ਗੀਤ-ਸੰਗੀਤ ਦਰਸ਼ਕਾਂ ਦੇ ਸਿਰ ਚੜ੍ਹ ਬੋਲਿਆ। ਰਾਜ-ਭਰ ਤੋਂ ਆਏ ਹੋਏ ਸਮੂਹ ਵਿਦਿਆਰਥੀ ਕਲਾਕਾਰਾਂ ਵੱਲੋਂ ਇਸ ਪੇਸ਼ਕਾਰੀ ਦਾ ਭਰਪੂਰ ਅਨੰਦ ਮਾਣਿਆ ਗਿਆ।

**ਅੰਮ੍ਰਿਤ ਮਾਨ ਦਾ ਜਾਦੂ ਸਰੋਤਿਆਂ ਦੇ ਸਿਰ ਚੜ੍ਹ ਬੋਲਿਆ**



# ਸੰਗਤ ਨੇ ਬਾਬਾ ਸਬਲੀ ਗਿਰੀ ਨੂੰ ਸਜਾਈ ਦਸਤਾਰ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**

ਧੰਨ-ਧੰਨ ਬਾਬਾ ਬੋਧੀ ਵਾਲਾ ਡੇਰਾ ਪਿੰਡ ਆਸਲ ਉਤਾੜ ਵਿਖੇ ਚੇਲਾ ਬਾਬਾ ਕਿਰਪਾਲ ਗਿਰੀ ਜੀ ਦੀ ਸੇਵਾ ਕਰ ਰਹੇ ਬਾਬਾ ਸਬਲੀ ਗਿਰੀ ਜੀ ਨੂੰ ਪਿੰਡ ਵਾਸੀਆਂ ਨੇ ਨਵਾਂ ਮੁੱਖ ਸੇਵਾਦਾਰ ਥਾਪਦਿਆਂ ਬੜੇ ਉਤਸ਼ਾਹ ਨਾਲ ਡੇਰਾ ਬਾਬਾ ਬੋਧੀ ਵਾਲੇ ਦੀ ਦਸਤਾਰਬੰਦੀ ਕੀਤੀ ਗਈ। ਇਸ ਮੌਕੇ ਸਰਪੰਚ ਗੁਰਮੀਤ ਸਿੰਘ, ਸਰਪੰਚ ਸੁਖਵਿੰਦਰ ਸਿੰਘ ਬੱਬੂ, ਸਾਬਕਾ ਸਰਪੰਚ ਜਥੇਦਾਰ ਤਾਰਾ ਸਿੰਘ, ਲੱਖਾ ਸਿੰਘ ਮੈਂਬਰ, ਮਿਲਖਾ ਸਿੰਘ, ਚਾਨਣ ਸਿੰਘ, ਤਾਰਾ ਸਿੰਘ ਪ੍ਰਧਾਨ, ਗੁਰਜੰਟ ਸਿੰਘ, ਹਰਪ੍ਰੀਤ ਸਿੰਘ ਹੈਪੀ, ਹਰਦੇਵ ਸਿੰਘ ਮਹਿਲ, ਦਿੱਤਿਆ ਪ੍ਰਕਾਸ਼, ਸੁਰਜੀਤ ਸਿੰਘ, ਜਸਵਿੰਦਰ ਸਿੰਘ ਜੱਸ, ਕਰਤਾਰ ਸਿੰਘ, ਜੋਗਿੰਦਰ ਪਾਲ, ਰੇਸ਼ਮ ਸ਼ਰਮਾ, ਭਗਤ ਰਾਮ, ਪ੍ਰਿਥਵੀ ਪਾਲ, ਸ਼ਿੰਗਾਰਾ ਸਿੰਘ, ਅਨੂਪ ਸਿੰਘ ਮੈਂਬਰ, ਸੁਖਵਿੰਦਰ ਸਿੰਘ, ਬਲਵਿੰਦਰ ਸਿੰਘ ਫੌਜੀ, ਮੁਖਤਿਆਰ ਸਿੰਘ ਮੈਂਬਰ, ਚਾਨਣ ਸਿੰਘ ਮੈਂਬਰ, ਮੰਗਤਾ ਸਿੰਘ ਮਿੱਠੂ, ਗੁਰਤਾਰ ਸਿੰਘ, ਧਰਮਵੀਰ ਸਿੰਘ, ਹਰਚੰਦ ਸਿੰਘ ਦੋਧੀ, ਬਲਦੇਵ ਰਾਜ ਸ਼ਰਮਾ, ਰਵਿੰਦਰ ਸਿੰਘ, ਪ੍ਰਤਾਪ ਸਿੰਘ, ਗੁਰਸੇਵਕ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ ਰੂਪਾ ਮੈਂਬਰ, ਹਰਪ੍ਰੀਤ ਸਿੰਘ, ਸੰਜੀਵ ਕੁਮਾਰ, ਕੁਲਦੀਪ ਕੁਮਾਰ ਆਦਿ ਹਾਜ਼ਰ ਸਨ।



